17-NOV-PAGE-1.qxd 11/16/2023 10:32 PM Page 1

ਸ਼ੁੱਕਰਵਾਰ, 17 ਨਵੰਬਰ, 2023
2 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 167

# ਨਵਾਂ ਜ਼ਮਾਨਾ

DAILY NAWAN ZAMANA • FRIDAY, 17 NOVEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਮਜ਼ਦੂਰ ਕੱਢਣ ਲਈ ਅਮਰੀਕੀ ਵਰਮੇ ਦੀ ਵਰਤੋਂ

**ਉੱਤਰਕਾਸ਼ੀ** : ਉੱਤਰਾਖੰਡ ਵਿਚ ਚਾਰ ਧਾਮ ਰੂਟ 'ਤੇ ਸੁਰੰਗ ਵਿਚ ਫਸੇ 40 ਮਜ਼ਦੂਰਾਂ ਨੂੰ ਕੱਢਣ ਲਈ ਹਵਾਈ ਫੌਜ ਵੱਲੋਂ ਦਿੱਲੀ ਤੋਂ ਲਿਆਂਦੀ ਡ੍ਰਿਲਿੰਗ ਮਸ਼ੀਨ ਨਾਲ ਮਲਬੇ ਵਿਚ ਛੇਕ ਪਾਉਣ ਦੀ ਕੋਸ਼ਿਸ਼ ਸ਼ੁਰੂ ਕੀਤੀ ਗਈ। ਅਮਰੀਕੀ ਬਰਮੇ ਵੱਲੋਂ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਸਿਲਕਿਆਰਾ ਸੁਰੰਗ ਦੇ ਮੂੰਹ ਕੋਲ ਪੂਜਾ ਕੀਤੀ। ਰੋਡ ਟਰਾਂਸਪੋਰਟ ਐਂਡ ਹਾਈਵੇਜ਼ ਦੇ ਕੇਂਦਰੀ ਰਾਜ ਮੰਤਰੀ ਵੀ ਕੇ ਸਿੰਘ ਵੀ ਮੌਕੇ 'ਤੇ ਮੌਜੂਦ ਸਨ।

ਮੁੱਖ ਮੰਤਰੀ ਪੁਸ਼ਕਰ ਧਾਮੀ ਨੇ ਦੇਹਰਾਦੂਨ ਵਿਚ ਪੱਤਰਕਾਰਾਂ ਨੂੰ ਦੱਸਿਆ ਕਿ ਨਵਾਂ ਬਰਮਾ 5-7 ਮੀਟਰ ਅੰਦਰ ਚਲੇ ਗਿਆ ਹੈ। ਉਹ ਇਕ ਘੰਟੇ ਵਿਚ 5-10 ਮੀਟਰ ਦੇ ਹਿਸਾਬ ਨਾਲ ਅੱਗੇ ਵਧੇਗਾ।

ਨਿਰਮਾਣ ਅਧੀਨ ਸੁਰੰਗ ਦਾ 30-40 ਮੀਟਰ ਹਿੱਸਾ ਐਤਵਾਰ ਡਿੱਗ ਗਿਆ ਸੀ। ਇਹ ਸਿਲਕਿਆਰਾ ਵਾਲੇ ਪਾਸਿਓਂ 270 ਮੀਟਰ ਦੂਰ ਹੈ। ਸੁਰੰਗ ਬਣਾ ਰਹੀ ਨਵਯੁਗ ਇੰਜੀਨੀਅਰਿੰਗ ਕੰਪਨੀ ਦੇ ਬੁਲਾਰੇ ਜੀ ਐੱਲ ਨਾਥ ਨੇ ਦੱਸਿਆ ਕਿ ਮਜ਼ਦੂਰ ਮਲਬੇ ਦੇ ਦੂਜੇ ਪਾਸੇ ਫਸੇ ਹੋਏ ਹਨ। ਉਹ ਸਲਾਮਤ ਹਨ ਤੇ ਉਨ੍ਹਾਂ ਨੂੰ ਪਾਈਪਾਂ ਨਾਲ ਆਕਸੀਜਨ, ਦਵਾਈਆਂ, ਖਾਣ ਵਾਲੀਆਂ



ਚੀਜ਼ਾਂ ਤੇ ਪਾਣੀ ਘੱਲਿਆ ਜਾ ਰਿਹਾ ਹੈ। ਬਰਮੇ ਵੱਲੋਂ ਛੇਕ ਪਾਉਣ ਤੋਂ ਬਾਅਦ 800-900 ਮਿਲੀਮੀਟਰ ਡਾਇਆਮੀਟਰ ਦੇ ਸਟੀਲ ਦੇ ਪਾਈਪ ਵਾੜੇ ਜਾਣਗੇ, ਜਿਨ੍ਹਾਂ ਰਾਹੀਂ ਮਜ਼ਦੂਰ ਬਾਹਰ ਆ ਸਕਦੇ ਹਨ। ਫੌਰੀ ਡਾਕਟਰੀ ਰਾਹਤ ਦੇਣ ਲਈ ਸੁਰੰਗ ਦੇ ਬਾਹਰ ਛੇ ਬੈੱਡਾਂ ਅਤੇ 10 ਐਂਬਲੈਂਸਾਂ ਦਾ ਪ੍ਰਬੰਧ ਕੀਤਾ ਹੋਇਆ ਹੈ।

ਮੁੱਖ ਮੰਤਰੀ ਨੇ ਕਿਹਾ ਹੈ ਕਿ ਇਸ ਹਾਦਸੇ ਤੋਂ ਬਾਅਦ ਸੂਬੇ ਵਿਚ ਚੱਲ ਰਹੇ ਅਜਿਹੇ ਸਾਰੇ ਪ੍ਰੋਜੈਕਟਾਂ 'ਤੇ ਨਜ਼ਰਸਾਨੀ ਕੀਤੀ ਜਾਵੇਗੀ।

## ਲੁਟੇਰਿਆਂ ਵੱਲੋਂ ਵਪਾਰੀ ਦੀ ਪਤਨੀ ਨਾਲ ਬਲਾਤਕਾਰ

**ਬਿਜਨੌਰ** : ਯੂ ਪੀ ਦੇ ਬਿਜਨੌਰ ਜ਼ਿਲ੍ਹੇ 'ਚ ਲੁਟੇਰਿਆਂ ਨੇ ਘਰ 'ਚ ਦਾਖਲ ਹੋ ਕੇ ਵਪਾਰੀ ਦੀ ਪਤਨੀ ਨਾਲ ਸਮੂਹਕ ਬਲਾਤਕਾਰ ਤੇ ਲੁੱਟਮਾਰ ਕੀਤੀ। ਵਪਾਰੀ ਮਾਂ ਅਤੇ ਦੋ ਬੱਚਿਆਂ ਨਾਲ ਡਾਕਟਰ ਕੋਲ ਗਿਆ ਹੋਇਆ ਸੀ ਕਿ ਪੰਜ ਵਿਅਕਤੀ ਘਰ 'ਚ ਦਾਖਲ ਹੋਏ ਤੇ ਉਸ ਦੀ ਪਤਨੀ ਨੂੰ ਬੰਨ੍ਹ ਕੇ ਸਮੂਹਕ ਬਲਾਤਕਾਰ ਕੀਤਾ। ਵਪਾਰੀ ਨੇ ਇਹ ਵੀ ਦੋਸ਼ ਲਾਇਆ ਕਿ ਲੁਟੇਰਿਆਂ ਨੇ ਸ਼ਰਾਬ ਪੀਤੀ ਅਤੇ ਉਸ ਦੀ ਪਤਨੀ ਨੂੰ ਸਿਗਰਟ ਨਾਲ ਸਾੜਿਆ।

ਇਸ ਤੋਂ ਇਲਾਵਾ ਉਹ ਸੋਨੇ ਦੇ ਗਹਿਣੇ, 2 ਕਿਲੋ ਚਾਂਦੀ ਦਾ ਸਾਮਾਨ, ਡੇਢ ਲੱਖ ਰੁਪਏ ਦੀ ਨਕਦੀ, ਸਕੂਟਰ ਅਤੇ ਐੱਲ ਈ ਡੀ ਟੀ ਵੀ ਵੀ ਲੈ ਗਏ।

ਪੁਲਸ ਨੇ ਪਹਿਲਾਂ ਤਾਂ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ, ਪਰ ਮਾਮਲਾ ਮੀਡੀਆ 'ਚ ਆਉਣ ਤੋਂ ਬਾਅਦ ਸ਼ਿਕਾਇਤ ਦਰਜ ਕਰ ਲਈ। ਇਸ ਤੋਂ ਇਲਾਵਾ ਵਪਾਰੀ ਨੇ ਦਾਅਵਾ ਕੀਤਾ ਕਿ ਉਸ ਨੂੰ 19 ਅਕਤੂਬਰ ਨੂੰ ਵੀ ਲੁਟੇਰਿਆਂ ਨੇ ਬੰਦੀ ਬਣਾ ਕੇ 80 ਹਜ਼ਾਰ ਰੁਪਏ ਦੀ ਨਕਦੀ ਖੋਹ ਲਈ ਸੀ।

ਸ਼ਿਕਾਇਤ ਕਰਨ 'ਤੇ ਪੁਲਸ ਨੇ ਭਰੋਸਾ ਦਿਵਾਇਆ ਸੀ ਕਿ ਲੁੱਟ-ਖੋਹ ਕਰਨ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਦੌਰਾਨ ਐੱਸ ਪੀ ਨੀਰਜ ਜਾਦੌਨ ਨੇ ਥਾਣੇਦਾਰ ਵਿਕਾਸ ਕੁਮਾਰ ਨੂੰ ਹਟਾ ਦਿੱਤਾ ਹੈ, ਕਿਉਂਕਿ ਉਸ ਨੇ 19 ਅਕਤੂਬਰ ਦੇ ਮਾਮਲੇ 'ਚ ਸ਼ਿਕਾਇਤ ਦਰਜ ਕਰਨ ਦੀ ਬਜਾਇ ਵਪਾਰੀਆਂ ਨੂੰ ਸਿਰਫ ਭਰੋਸਾ ਦਿੱਤਾ ਸੀ। ਪੁਲਸ ਵੱਲੋਂ ਹੁਣ ਲੁੱਟ-ਖੋਹ ਤੇ ਬਲਾਤਕਾਰ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਮੁੱਖ ਮੰਤਰੀ ਦੀ ਅਗਵਾਈ 'ਚ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ

### 25000 ਤੋਂ ਵੱਧ ਨੌਜਵਾਨਾਂ ਨੇ ਦਿੱਤਾ ਨਸ਼ਿਆਂ ਖਿਲਾਫ ਸੁਨੇਹਾ



**ਲੁਧਿਆਣਾ (ਰਾਜ ਸਿੰਗਲਾ)**

ਇਕ ਇਤਿਹਾਸਕ ਉਪਰਾਲਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹਜ਼ਾਰਾਂ ਨੌਜਵਾਨਾਂ ਨੇ ਵੀਰਵਾਰ ਪੰਜਾਬ ਪੁਲਸ ਵੱਲੋਂ ਇੱਥੇ ਕੱਢੀ ਗਈ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ ਵਿੱਚ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਜਾਗਰੂਕ ਕਰਕੇ ਨਸ਼ਿਆਂ ਦਾ ਲੱਕ ਤੋੜਨ ਦਾ ਸੁਨੇਹਾ ਦਿੱਤਾ।

ਇਸ ਰੈਲੀ ਵਿੱਚ ਹਰੇਕ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਤਾਂ ਕਿ ਪੰਜਾਬ ਨੂੰ ਮੁਕੰਮਲ ਤੌਰ 'ਤੇ ਨਸ਼ਾ ਮੁਕਤ ਸੂਬਾ

● ਬਾਕੀ ਸਫ਼ਾ 2 'ਤੇ

# ਰਾਜਪਾਲ ਵੱਲੋਂ ਇਕ ਹੋਰ ਬਿੱਲ ਨੂੰ ਮਨਜ਼ੂਰੀ, 4 ਰੋਕੇ

**ਚੰਡੀਗੜ੍ਹ** : ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਚਾਲੇ ਰੇੜਕੇ ਦਾ ਮਾਮਲਾ ਸੁਪਰੀਮ ਕੋਰਟ ਵਿਚ ਜਾਣ ਤੋਂ ਬਾਅਦ ਰਾਜਪਾਲ ਨੇ ਪੰਜਾਬ ਅਸੰਬਲੀ ਦਾ ਬਜਟ ਸੈਸ਼ਨ ਵੀਰਵਾਰ ਅਣਮਿੱਥੇ ਸਮੇਂ ਲਈ ਉਠਾਉਣ ਨੂੰ ਪ੍ਰਵਾਨਗੀ ਦੇ ਦਿੱਤੀ।



ਰਾਜਪਾਲ ਨੇ ਪੰਜਾਬ ਫਿਸਕਲ ਰਿਸਪੌਂਸੀਬਿਲਿਟੀ ਐਂਡ ਬਜਟ ਮੈਨੇਜਮੈਂਟ (ਸੋਧ) ਬਿੱਲ 2023 ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਇਹ ਬਿੱਲ ਹੁਣ ਨਵੰਬਰ ਦੇ ਆਖਰੀ ਹਫਤੇ ਅਸੰਬਲੀ ਦੇ ਸਰਦ ਰੁੱਤ ਸੈਸ਼ਨ ਵਿਚ ਪੇਸ਼ ਕੀਤਾ ਜਾਵੇਗਾ। ਇਸ ਨਾਲ ਰਾਜਪਾਲ ਨੇ ਸਾਰੇ ਤਿੰਨ ਮਨੀ ਬਿੱਲਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਹੜੀ ਸਰਕਾਰ ਅਸੰਬਲੀ ਵਿਚ ਪੇਸ਼ ਕਰਨਾ ਚਾਹੁੰਦੀ ਸੀ। ਦੂਜੇ ਦੋ ਮਨੀ ਬਿੱਲਾਂ—ਪੰਜਾਬ ਗੁਡਜ਼ ਐਂਡ ਸਰਵਿਸਿਜ਼ ਟੈਕਸ (ਸੋਧ) ਬਿੱਲ ਤੇ ਇੰਡੀਅਨ ਸਟੈਂਪ (ਪੰਜਾਬ ਸੋਧ) ਬਿੱਲ 2023 ਨੂੰ ਰਾਜਪਾਲ ਨੇ 31 ਅਕਤੂਬਰ ਨੂੰ ਮਨਜ਼ੂਰੀ ਦੇ ਦਿੱਤੀ ਸੀ। ਤਾਂ ਵੀ, ਰਾਜਪਾਲ ਨੇ ਅਸੰਬਲੀ ਵੱਲੋਂ 19-20 ਦੇ ਸਪੈਸ਼ਲ ਸੈਸ਼ਨ ਵਿਚ ਪਾਸ ਕੀਤੇ ਗਏ ਚਾਰ ਬਿੱਲਾਂ ਬਾਰੇ ਫੈਸਲਾ ਨਹੀਂ ਕੀਤਾ। ਇਹ ਬਿੱਲ ਹਨ—ਸਿੱਖ ਗੁਰਦੁਆਰਾ ਸੋਧ ਬਿੱਲ, ਪੰਜਾਬ ਯੂਨੀਵਰਸਿਟੀਜ਼ ਕਾਨੂੰਨ ਸੋਧ ਬਿੱਲ, ਪੰਜਾਬ ਪੁਲਸ ਸੋਧ ਬਿੱਲ ਤੇ ਪੰਜਾਬ ਨਾਲ ਮੁਲਹਿਕ ਕਾਲਜਾਂ ਬਾਰੇ ਸੋਧ ਬਿੱਲ। ਰਾਜਪਾਲ ਨੇ ਜੂਨ ਦੇ ਸੈਸ਼ਨ ਨੂੰ ਗੈਰਕਾਨੂੰਨੀ ਦੱਸਿਆ ਸੀ, ਪਰ ਸੁਪਰੀਮ ਕੋਰਟ ਨੇ 10 ਨਵੰਬਰ ਨੂੰ ਸੈਸ਼ਨ ਨੂੰ ਜਾਇਜ਼ ਦੱਸਦਿਆਂ ਰਾਜਪਾਲ ਨੂੰ ਬਿੱਲਾਂ ਬਾਰੇ ਫੈਸਲਾ ਲੈਣ ਲਈ ਕਿਹਾ ਸੀ। ਰਾਜਪਾਲ ਵੱਲੋਂ 20 ਅਕਤੂਬਰ ਦੇ ਸਪੈਸ਼ਲ ਸੈਸ਼ਨ ਨੂੰ ਗੈਰਕਾਨੂੰਨੀ ਗਰਦਾਨਣ ਅਤੇ ਮਨੀ ਬਿੱਲਾਂ ਨੂੰ ਮਨਜ਼ੂਰੀ ਨਾ ਦੇਣ 'ਤੇ ਪੰਜਾਬ ਸਰਕਾਰ ਸੁਪਰੀਮ ਕੋਰਟ ਪਹੁੰਚ ਗਈ ਸੀ। ਰਾਜਪਾਲ ਦਾ ਇਤਰਾਜ਼ ਇਹ ਸੀ ਕਿ ਸੈਸ਼ਨ ਨੂੰ ਅਣਮਿੱਥੇ ਸਮੇਂ ਉਠਾਏ ਬਿਨਾਂ ਉਸ ਨੂੰ ਵਿਸਤਾਰ ਦੇ ਕੇ ਸੈਸ਼ਨ ਬੁਲਾਇਆ ਗਿਆ।

# ਜਿਨਪਿੰਗ ਵੱਲੋਂ ਬਾਇਡਨ ਨੂੰ ਗਲਤ ਫਹਿਮੀ ਦੂਰ ਕਰਨ ਦਾ ਮਸ਼ਵਰਾ

**ਕੈਲੀਫੋਰਨੀਆ** : ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਉਨ੍ਹਾ ਨੇ ਚੀਨ ਦੇ ਰਾਸ਼ਟਰਪਤੀ ਬਾਰੇ ਆਪਣਾ ਨਜ਼ਰੀਆ ਨਹੀਂ ਬਦਲਿਆ ਤੇ ਸ਼ੀ ਜਿਨਪਿੰਗ ਅੱਜ ਵੀ ਉਨ੍ਹਾ ਦੀ ਨਜ਼ਰ 'ਚ ਤਾਨਾਸ਼ਾਹ ਹਨ। ਬਾਇਡਨ ਨੇ ਸਾਨ ਫਰਾਂਸਿਸਕੋ ਦੇ ਬਾਹਰਵਾਰ ਜਿਨਪਿੰਗ ਨਾਲ ਚਾਰ ਘੰਟੇ ਦੀ ਗੱਲਬਾਤ ਤੋਂ ਬਾਅਦ ਇਕੱਲੇ ਪ੍ਰੈੱਸ ਕਾਨਫਰੰਸ ਕੀਤੀ। ਕਾਨਫਰੰਸ ਦੇ ਅੰਤ 'ਚ ਉਨ੍ਹਾ ਨੂੰ ਪੁੱਛਿਆ ਗਿਆ ਕਿ ਕੀ ਉਹ ਹਾਲੇ ਵੀ ਇਹ ਵਿਚਾਰ ਰੱਖਦੇ ਹਨ ਕਿ ਜਿਨਪਿੰਗ ਤਾਨਾਸ਼ਾਹ ਹੈ। ਅਮਰੀਕੀ ਰਾਸ਼ਟਰਪਤੀ ਨੇ ਕਿਹਾ-ਉਹ ਹੈ। ਉਹ ਇੱਕ ਅਜਿਹਾ ਆਦਮੀ ਹੈ, ਜੋ ਇੱਕ ਕਮਿਊਨਿਸਟ ਦੇਸ਼ ਨੂੰ ਚਲਾ ਰਿਹਾ ਹੈ, ਜੋ ਸਾਡੇ ਨਾਲੋਂ ਬਿਲਕੁਲ ਵੱਖਰੀ ਸਰਕਾਰ 'ਤੇ ਆਧਾਰਤ ਹੈ। ਛੇ ਸਾਲਾਂ ਬਾਅਦ



ਜਿਨਪਿੰਗ ਅਮਰੀਕਾ ਪਹੁੰਚੇ। ਉਨ੍ਹਾ ਏਸ਼ੀਆ-ਪ੍ਰਸ਼ਾਂਤ ਆਰਥਿਕ ਸਹਿਯੋਗ ਦੇ ਨੇਤਾਵਾਂ ਦੀ ਬੈਠਕ 'ਚ ਵੀ ਹਿੱਸਾ ਲਿਆ। ਦੋਵੇਂ ਦੇਸ਼ ਆਪਣੇ ਸੰਬੰਧਾਂ ਨੂੰ ਸੁਧਾਰਨ, ਫੌਜੀ ਸੰਚਾਰ ਨੂੰ ਮੁੜ ਸਥਾਪਤ ਕਰਨ ਲਈ ਸਹਿਮਤ ਹੋਏ।

ਦੋਵਾਂ ਨੇਤਾਵਾਂ ਵਿਚਾਲੇ ਰੂਸ-ਯੂਕਰੇਨ ਯੁੱਧ, ਤਾਈਵਾਨ, ਚੀਨੀ ਜਾਸੂਸੀ ਗੁਬਾਰਿਆਂ ਸਮੇਤ ਕਈ ਮੁੱਦਿਆਂ 'ਤੇ ਚਰਚਾ ਹੋਈ। ਬਾਇਡਨ ਨਾਲ ਗੱਲਬਾਤ ਦੌਰਾਨ ਜਿਨਪਿੰਗ ਨੇ ਕਿਹਾ-ਮੈਨੂੰ ਲੱਗਦਾ ਹੈ ਕਿ ਇਹ ਸਭ ਤੋਂ ਮਹੱਤਵਪੂਰਨ ਹੈ ਕਿ ਅਸੀਂ ਬਿਨਾਂ ਕਿਸੇ ਗਲਤਫਹਿਮੀ ਦੇ, ਇਕ-ਦੂਜੇ ਨੂੰ ਸਪੱਸ਼ਟ ਤੌਰ 'ਤੇ ਸਮਝੀਏ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਮੁਕਾਬਲਾ ਟਕਰਾਅ 'ਚ ਨਾ ਬਦਲ ਜਾਵੇ।

## ਪ੍ਰਧਾਨ ਮੰਤਰੀ ਦੀ ਕਾਰ ਅੱਗੇ ਮਹਿਲਾ ਆਉਣ 'ਤੇ ਤਿੰਨ ਪੁਲਸ ਮੁਲਾਜ਼ਮ ਮੁਅੱਤਲ

**ਰਾਂਚੀ** : ਝਾਰਖੰਡ ਦੀ ਰਾਜਧਾਨੀ ਰਾਂਚੀ 'ਚ ਬੁੱਧਵਾਰ ਸਵੇਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਫਲੇ ਨੇੜੇ ਮਹਿਲਾ ਦੇ ਆਉਣ ਤੋਂ ਬਾਅਦ ਕੁਤਾਹੀ ਦੇ ਦੋਸ਼ 'ਚ ਏ ਐੱਸ ਆਈ ਤੇ ਦੋ ਸਿਪਾਹੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਦੇਵਘਰ ਦੀ ਸੰਗੀਤਾ ਝਾਅ ਪ੍ਰਧਾਨ ਮੰਤਰੀ ਕੋਲ ਆਪਣੇ ਪਤੀ ਦੀ ਸ਼ਿਕਾਇਤ ਕਰਨਾ ਚਾਹੁੰਦੀ ਸੀ। ਪੁਲਸ ਨੇ ਪੁੱਛਗਿੱਛ ਕਰਨ ਤੋਂ ਬਾਅਦ ਉਸ ਨੂੰ ਛੱਡ ਦਿੱਤਾ।

ਮੋਦੀ ਰਾਜ ਭਵਨ ਤੋਂ ਜੇਲ੍ਹ ਚੌਕ ਸਥਿਤ ਬਿਰਸਾ ਮੁੰਡਾ ਮੈਮੋਰੀਅਲ ਜਾ ਰਹੇ ਸਨ। ਕਾਫਲੇ ਦੀਆਂ 3 ਗੱਡੀਆਂ ਲੰਘਣ ਤੋਂ ਬਾਅਦ ਜਦੋਂ ਪ੍ਰਧਾਨ ਮੰਤਰੀ ਦੀ ਕਾਰ ਪਹੁੰਚੀ ਤਾਂ ਮਹਿਲਾ ਦੌੜ ਕੇ ਅੱਗੇ ਆ ਕੇ ਖੜ੍ਹੀ ਹੋ ਗਈ। ਇਸ ਕਾਰਨ ਕੁਝ ਸਮੇਂ ਲਈ ਸੁਰੱਖਿਆ ਮੁਲਾਜ਼ਮਾਂ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ। ਮਹਿਲਾ ਨੇ ਦੱਸਿਆ ਕਿ ਉਹ ਪਿਛਲੇ ਮਹੀਨੇ ਪ੍ਰਧਾਨ ਮੰਤਰੀ ਨੂੰ ਸ਼ਿਕਾਇਤ ਕਰਨ ਦਿੱਲੀ ਵੀ ਗਈ ਸੀ। ਜਦੋਂ ਪਤਾ ਲੱਗਾ ਕਿ ਪ੍ਰਧਾਨ ਮੰਤਰੀ ਰੇਡੀਅਮ ਰੋਡ ਤੋਂ ਲੰਘਣ ਵਾਲੇ ਹਨ ਤਾਂ ਉਹ ਉੱਥੇ ਪੁੱਜ ਗਈ।

## ਵਧਦੀ ਮਹਿੰਗਾਈ ਦਰਮਿਆਨ ਕਣਕ ਤੇ ਚੌਲ ਦੀ ਨਿਲਾਮੀ



**ਨਵੀਂ ਦਿੱਲੀ** : ਸਰਕਾਰ ਨੇ ਵੀਰਵਾਰ ਕਿਹਾ ਕਿ ਉਸ ਨੇ ਆਪਣੇ ਬਫਰ ਸਟਾਕ 'ਚੋਂ 2.84 ਲੱਖ ਟਨ ਕਣਕ ਅਤੇ 5,830 ਟਨ ਚੌਲ ਈ-ਨਿਲਾਮੀ ਰਾਹੀਂ ਖੁੱਲ੍ਹੀ ਮੰਡੀ 'ਚ 2,334 ਬੋਲੀਕਾਰਾਂ ਨੂੰ ਵੇਚੇ ਹਨ। ਖੁਰਾਕ ਮੰਤਰਾਲੇ ਨੇ ਕਿਹਾ ਕਿ 21ਵੀਂ ਈ-ਨਿਲਾਮੀ 15 ਨਵੰਬਰ ਨੂੰ ਹੋਈ ਸੀ, ਜਿਸ 'ਚ ਓਪਨ ਮਾਰਕੀਟ ਸੇਲ ਸਕੀਮ ਘਰੇਲੂ ਤਹਿਤ 3 ਲੱਖ ਟਨ ਕਣਕ ਅਤੇ 1.79 ਲੱਖ ਟਨ ਚੌਲ ਦੀ ਪੇਸ਼ਕਸ਼ ਕੀਤੀ ਗਈ ਸੀ। ਮੰਤਰਾਲੇ ਨੇ ਕਿਹਾ ਕਿ 2.84 ਲੱਖ ਟਨ ਕਣਕ ਅਤੇ 5,830 ਟਨ ਚੌਲ 2,334 ਬੋਲੀਕਾਰਾਂ ਨੂੰ ਵੇਚੇ ਗਏ। ਚੌਲਾਂ, ਕਣਕ ਅਤੇ ਆਟੇ ਦੀਆਂ ਪ੍ਰਚੂਨ ਕੀਮਤਾਂ ਨੂੰ ਨਿਯੰਤਰਤ ਕਰਨ ਲਈ ਈ-ਨਿਲਾਮੀ ਕੀਤੀ ਜਾਂਦੀ ਹੈ।

## ਦਿੱਲੀ ਦੇ ਪ੍ਰਦੂਸ਼ਣ 'ਚ ਵਾਹਨਾਂ ਦਾ ਵੱਡਾ ਰੋਲ

**ਨਵੀਂ ਦਿੱਲੀ** : ਦਿੱਲੀ ਦਾ ਹਵਾ ਪ੍ਰਦੂਸ਼ਣ ਵੀਰਵਾਰ ਬਹੁਤ ਖਰਾਬ ਅਤੇ ਗੰਭੀਰ ਸ਼੍ਰੇਣੀ ਵਿਚਕਾਰ ਰਿਹਾ। ਦਿੱਲੀ ਸਰਕਾਰ ਅਤੇ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ-ਕਾਨਪੁਰ ਦੇ ਸਾਂਝੇ ਪ੍ਰਾਜੈਕਟ ਦੀਆਂ ਤਾਜ਼ਾ ਖੋਜਾਂ ਤੋਂ ਪਤਾ ਲੱਗਿਆ ਹੈ ਕਿ ਬੁੱਧਵਾਰ ਨੂੰ ਰਾਜਧਾਨੀ ਦੇ ਹਵਾ ਪ੍ਰਦੂਸ਼ਣ 'ਚ ਵਾਹਨਾਂ ਵੱਲੋਂ ਫੈਲਾਏ ਪ੍ਰਦੂਸ਼ਣ ਨੇ 38 ਫੀਸਦੀ ਯੋਗਦਾਨ ਪਾਇਆ। ਵੀਰਵਾਰ ਇਹ ਅੰਕੜਾ ਵਧ ਕੇ 40 ਫੀਸਦੀ ਤੱਕ ਜਾ ਸਕਦਾ ਸੀ।

## ਕੌਮੀ ਹਾਕੀ ਚੈਂਪੀਅਨਸ਼ਿਪ ਅੱਜ ਤੋਂ

**ਚੇਨਈ** : 13ਵੀਂ ਹਾਕੀ ਇੰਡੀਆ ਸੀਨੀਅਰ ਪੁਰਸ਼ ਕੌਮੀ ਚੈਂਪੀਅਨਸ਼ਿਪ ਸ਼ੁੱਕਰਵਾਰ ਨੂੰ ਚੇਨਈ 'ਚ ਸ਼ੁਰੂ ਹੋਵੇਗੀ। ਟੂਰਨਾਮੈਂਟ 'ਚ 29 ਟੀਮਾਂ ਹਿੱਸਾ ਲੈਣਗੀਆਂ, ਜਿਨ੍ਹਾਂ ਨੂੰ ਅੱਠ ਗਰੁੱਪਾਂ 'ਚ ਵੰਡਿਆ ਗਿਆ ਹੈ। ਫਾਈਨਲ 28 ਨਵੰਬਰ ਨੂੰ ਖੇਡਿਆ ਜਾਵੇਗਾ। ਚੈਂਪੀਅਨਸ਼ਿਪ ਉਸੇ ਸਥਾਨ 'ਤੇ ਹੋ ਰਹੀ ਹੈ, ਜਿੱਥੇ ਭਾਰਤੀ ਪੁਰਸ਼ ਹਾਕੀ ਟੀਮ ਨੇ ਇਸ ਸਾਲ ਦੇ ਸ਼ੁਰੂ 'ਚ ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ ਜਿੱਤੀ ਸੀ।

# ਆਸਟ੍ਰੇਲੀਆ 'ਚ ਜਿੰਮੀ ਸਿੰਘ ਨਸਲੀ ਸਲੂਕ ਦਾ ਸ਼ਿਕਾਰ

**ਸਿਡਨੀ** : ਆਸਟਰੇਲੀਆ 'ਚ ਤਸਮਾਨੀਆ ਦੇ ਹੋਬਾਰਟ ਵਿਚ 'ਦਾਅਵਤ-ਦ ਇਨਵੀਟੇਸ਼ਨ' ਰੈਸਟੋਰੈਂਟ ਚਲਾਉਂਦੇ ਜਰਨੈਲ ਜਿੰਮੀ ਸਿੰਘ ਨੂੰ ਦੋ-ਤਿੰਨ ਮਹੀਨਿਆਂ ਤੋਂ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਕਈ ਦਿਨਾਂ ਤੱਕ ਉਸ ਨੂੰ ਲਗਾਤਾਰ ਆਪਣੀ ਕਾਰ 'ਤੇ ਮਲ-ਮੂਤਰ ਲੱਗਿਆ ਮਿਲਿਆ ਅਤੇ ਨਾਲ ਹੀ ਨਸਲੀ ਚਿੱਠੀਆਂ ਮਿਲੀਆਂ, ਜਿਸ ਵਿਚ ਲਿਖਿਆ ਗਿਆ ਸੀ, 'ਭਾਰਤੀ, ਘਰ ਜਾਓ'।



ਤਸਮਾਨੀਆ ਪੁਲਸ ਦੇ ਕਮਾਂਡਰ ਜੇਸਨ ਐਲਮਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਤਸਮਾਨੀਆ ਦੀ ਬਹੁ-ਸੱਭਿਆਚਾਰਕ ਪ੍ਰੀਸ਼ਦ ਦੀ ਚੇਅਰਮੈਨ ਜਾਫਰੀ ਨੇ ਦੱਸਿਆ ਕਿ ਜਿੰਮੀ ਵੱਲੋਂ ਅਨੁਭਵ ਕੀਤੀਆਂ ਘਟਨਾਵਾਂ ਬਹੁਤ ਆਮ ਹਨ ਅਤੇ ਵਧ ਰਹੀਆਂ ਹਨ। ਪੁਲਸ ਦੀ ਜਾਂਚ ਸ਼ੁਰੂ ਹੋਣ ਮਗਰੋਂ ਜਿੰਮੀ ਸਿੰਘ ਨੇ ਆਪਣੇ ਸੋਸ਼ਲ ਮੀਡੀਆ ਪੇਜ 'ਤੇ ਲਿਖਿਆ-ਸਾਡੇ ਸੁੰਦਰ ਦੇਸ਼ ਆਸਟਰੇਲੀਆ ਵਿਚ ਨਸਲਵਾਦ ਲਈ ਕੋਈ ਥਾਂ ਨਹੀਂ ਹੈ। ਉਸ ਨੇ ਆਪਣੇ ਸਮਰਥਕਾਂ ਅਤੇ ਗਾਹਕਾਂ ਦਾ ਵੀ ਧੰਨਵਾਦ ਕੀਤਾ, ਜੋ ਮੁਸ਼ਕਲ ਸਮੇਂ ਵਿਚ ਉਸ ਨਾਲ ਖੜ੍ਹੇ।

## ਭਾਰਤੀ ਪਿਓ-ਪੁੱਤ 'ਤੇ ਕੌਫੀ ਦਾ ਕੱਪ ਸੁੱਟਣ ਵਾਲੀ ਦੀ ਪਛਾਣ

**ਨਿਊਯਾਰਕ** : ਪੁਲਸ ਨੇ ਪਿਛਲੇ ਹਫਤੇ ਨਿਊਯਾਰਕ 'ਚ ਖੇਡ ਦੇ ਮੈਦਾਨ 'ਚ ਫਲਸਤੀਨੀ ਸਕਾਰਫ ਪਹਿਨੇ ਭਾਰਤੀ-ਅਮਰੀਕੀ ਵਿਅਕਤੀ ਤੇ ਉਸ ਦੇ 18 ਮਹੀਨਿਆਂ ਦੇ ਪੁੱਤ ਉੱਤੇ ਗਰਮ ਕੌਫੀ ਦਾ ਕੱਪ ਸੁੱਟਣ ਵਾਲੀ ਔਰਤ ਦੀ ਪਛਾਣ ਕਰ ਲਈ ਹੈ। 7 ਨਵੰਬਰ ਨੂੰ ਆਸ਼ੀਸ਼ ਪਰਾਸ਼ਰ (40) ਆਪਣੇ ਬੇਟੇ ਨਾਲ ਬਰੁਕਲਿਨ ਦੇ ਐਡਮੰਡਸ ਮੈਦਾਨ 'ਚ ਖੇਡ ਰਿਹਾ ਸੀ।

ਪਰਾਸ਼ਰ ਨੇ ਸੋਸ਼ਲ ਮੀਡੀਆ 'ਤੇ ਦੱਸਿਆ ਕਿ ਮਹਿਲਾ ਦੇ ਗ੍ਰਿਫਤਾਰੀ ਵਾਰੰਟ ਜਾਰੀ ਕੀਤੇ ਗਏ ਹਨ। ਹੁਣ ਉਸ ਦੀ ਗ੍ਰਿਫਤਾਰੀ ਦੀ ਉਡੀਕ ਹੈ।

# ਜਾਂਚ ਲਈ ਤਿਆਰ ਹਾਂ, ਪਰ ਕੈਨੇਡਾ ਸਬੂਤ ਤਾਂ ਦੇਵੇ : ਜੈਸ਼ੰਕਰ



**ਲੰਡਨ** : ਖਾਲਿਸਤਾਨੀ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੀ ਹੱਤਿਆ 'ਚ ਭਾਰਤ ਦੀ ਸ਼ਮੂਲੀਅਤ ਦੇ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਦੋਸ਼ਾਂ ਦੇ ਜਵਾਬ 'ਚ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਦਾਅਵਿਆਂ ਦੇ ਸਮਰਥਨ ਲਈ ਸਬੂਤ ਮੰਗੇ ਹਨ। ਇੱਥੇ ਗੱਲਬਾਤ ਦੌਰਾਨ ਉਨ੍ਹਾ ਭਰੋਸੇਯੋਗ ਸਬੂਤਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਹ ਪੁੱਛੇ ਜਾਣ 'ਤੇ ਕਿ ਕੀ ਇਸ ਹੱਤਿਆ ਵਿਚ ਭਾਰਤ ਸਰਕਾਰ ਦੀ ਸ਼ਮੂਲੀਅਤ ਦਾ ਕੋਈ ਸਬੂਤ ਹੈ ਤਾਂ ਉਨ੍ਹਾ ਸਪੱਸ਼ਟ ਤੌਰ 'ਤੇ ਨਹੀਂ ਕਿਹਾ। ਟਰੂਡੋ ਦੇ ਦੋਸ਼ਾਂ ਬਾਰੇ ਬੋਲਦੇ ਹੋਏ ਜੈਸ਼ੰਕਰ ਨੇ ਖੁਲਾਸਾ ਕੀਤਾ ਕਿ ਉਨ੍ਹਾ ਨੇ ਇਸ ਮਾਮਲੇ 'ਤੇ ਆਪਣੀ ਕੈਨੇਡੀਅਨ ਹਮਰੁਤਬਾ ਮੇਲਾਨੀਆ ਜੌਲੀ ਨਾਲ ਗੱਲਬਾਤ ਕੀਤੀ ਹੈ। ਕੈਨੇਡੀਅਨ ਸਰਕਾਰ ਨੂੰ ਉਨ੍ਹਾ ਨਾਲ ਕੋਈ ਵੀ ਸਬੂਤ ਸਾਂਝਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਭਾਰਤ ਜਾਂਚ ਕਰਾਉਣ ਲਈ ਤਿਆਰ ਹੈ, ਬਸ਼ਰਤੇ ਇਸ ਬਾਰੇ ਸਬੂਤ ਪੇਸ਼ ਕੀਤੇ ਜਾਣ, ਪਰ ਹਾਲੇ ਤੱਕ ਕੋਈ ਸਬੂਤ ਨਹੀਂ ਦਿੱਤਾ ਗਿਆ ਹੈ।

## ਬਰਤਾਨੀਆ ਕੋਲ ਖਾਲਿਸਤਾਨੀਆਂ ਦਾ ਮੁੱਦਾ ਉਠਾਇਆ

ਵਿਦੇਸ਼ ਮੰਤਰੀ ਜੈਸ਼ੰਕਰ ਨੇ ਆਪਣੀ ਬਰਤਾਨੀਆ ਫੇਰੀ ਦੌਰਾਨ ਉਥੇ ਖਾਲਿਸਤਾਨੀ ਕੱਟੜਪੰਥ ਦਾ ਮੁੱਦਾ ਆਗੂਆਂ ਕੋਲ ਉਠਾਇਆ। ਉਨ੍ਹਾ ਇਹ ਵੀ ਕਿਹਾ ਕਿ ਨੇਤਾਵਾਂ ਨੂੰ ਪ੍ਰਗਟਾਵੇ ਅਤੇ ਬੋਲਣ ਦੀ ਆਜ਼ਾਦੀ ਦੀ ਦੁਰਵਰਤੋਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾ ਬਰਤਾਨੀਆ ਦੀ ਪੰਜ ਦਿਨਾਂ ਯਾਤਰਾ ਦੀ ਸਮਾਪਤੀ ਮੌਕੇ ਦੱਸਿਆ ਕਿ ਦੋਵਾਂ ਮੁਲਕਾਂ ਵਿਚਾਲੇ ਮੁਕਤ ਵਪਾਰ ਸਮਝੌਤੇ (ਐੱਫ ਟੀ ਏ) ਲਈ ਗੱਲਬਾਤ ਚੱਲ ਰਹੀ ਹੈ ਤੇ ਇਸ 'ਚ ਦੋਵੇਂ ਮੁਲਕ ਅੱਗੇ ਵਧੇ ਹਨ।

# ਚੰਦਰਯਾਨ-3 ਦੇ ਰਾਕਟ ਦਾ ਇੱਕ ਹਿੱਸਾ ਬੇਕਾਬੂ

**ਬੇਂਗਲੁਰੂ** : ਚੰਦਰਯਾਨ-3 ਦੇ ਲਾਂਚ ਵਹੀਕਲ ਐੱਲ ਵੀ ਐੱਮ 3 ਐੱਮ-4 ਦਾ ਇਕ ਹਿੱਸਾ ਕੰਟਰੋਲ ਤੋਂ ਬਾਹਰ ਹੋ ਗਿਆ ਹੈ। ਇਹ ਧਰਤੀ ਦੇ ਵਾਤਾਵਰਣ ਵਿਚ ਦਾਖਲ ਹੋ ਚੁੱਕਾ ਹੈ। ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੇ ਦੱਸਿਆ ਕਿ ਬੇਕਾਬੂ ਹੋਣ ਵਾਲਾ ਹਿੱਸਾ ਲਾਂਚ ਵਹੀਕਲ ਦੀ ਉਤਲੀ ਸਟੇਜ ਸੀ, ਜਿਸ ਨੇ ਚੰਦਰਯਾਨ-3 ਨੂੰ 14 ਜੁਲਾਈ ਨੂੰ ਤੈਅ ਪੰਧ 'ਤੇ ਸਥਾਪਤ ਕੀਤਾ ਸੀ। ਇਸਰੋ ਮੁਤਾਬਕ ਇਹ ਹਿੱਸਾ 15 ਨਵੰਬਰ ਬਾਅਦ ਦੁਪਹਿਰ 2.42 ਵਜੇ ਧਰਤੀ ਦੇ ਵਾਤਾਵਰਣ ਵਿਚ ਦਾਖਲ ਹੋਇਆ। ਇਸ ਦੇ ਬੇਕਾਬੂ ਹੋਣ ਦਾ ਕਾਰਨ ਅਜੇ ਸਾਫ ਨਹੀਂ ਹੋਇਆ। ਖਦਸ਼ਾ ਹੈ ਕਿ ਇਹ ਉੱਤਰ ਪ੍ਰਸ਼ਾਂਤ ਮਹਾਸਾਗਰ ਵਿਚ ਡਿੱਗੇਗਾ। ਇਹ ਆਖਰੀ ਵਾਰ ਭਾਰਤ ਉੱਪਰੋਂ ਨਹੀਂ ਲੰਘਿਆ।



ਆਖਰੀ ਵਾਰ ਰਾਕਟ ਨੂੰ ਉੱਤਰ ਪ੍ਰਸ਼ਾਂਤ ਮਹਾਸਾਗਰ ਦੇ ਉੱਪਰ ਦੇਖਿਆ ਗਿਆ।

ਚੰਦਰਯਾਨ-3 ਨੇ ਲਾਂਚਿੰਗ ਤੋਂ 41ਵੇਂ ਦਿਨ 23 ਅਗਸਤ ਨੂੰ ਚੰਨ 'ਤੇ ਲੈਂਡਿੰਗ ਕੀਤੀ ਸੀ। ਇਸ ਦੇ ਨਾਲ ਭਾਰਤ ਚੰਨ ਦੇ ਦੱਖਣੀ ਧਰੁਵ 'ਤੇ ਉਤਰਨ ਵਾਲਾ ਪਹਿਲਾ ਦੇਸ਼ ਬਣ ਗਿਆ ਸੀ।

## ਸ਼ੂਟਰ ਗੁਰਪਾਲ ਯੂ ਪੀ ਤੋਂ ਫੜਿਆ

**ਮੁਹਾਲੀ (ਗੁਰਜੀਤ ਬਿੱਲਾ)**

ਐੱਸ ਐੱਸ ਪੀ ਡਾ. ਸੰਦੀਪ ਗਰਗ ਨੇ ਦੱਸਿਆ ਕਿ ਗੋਲਡੀ ਬਰਾੜ ਅਤੇ ਸਾਬਾ ਅਮਰੀਕਾ ਦੇ ਇੱਕ ਸਾਥੀ ਸ਼ੂਟਰ ਗੁਰਪਾਲ ਸਿੰਘ ਵਾਸੀ ਡੇਰਾਬੱਸੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਬੀਤੀ 6 ਨਵੰਬਰ ਨੂੰ ਜ਼ੀਰਕਪੁਰ ਵਿਖੇ ਇੱਕ ਸੰਖੇਪ ਮੁਕਾਬਲੇ 'ਚ ਮਨਜੀਤ ਗੁਰੀ ਨੂੰ ਫੜ ਲਿਆ ਸੀ ਤੇ ਗੁਰਪਾਲ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ ਸੀ। ਗੁਰਪਾਲ ਸਿੰਘ ਨੂੰ ਵੀਰਵਾਰ ਤੜਕੇ ਪਿੰਡ ਰਣਖੰਡੀ, ਜ਼ਿਲ੍ਹਾ ਸਹਾਰਨਪੁਰ ਤੋਂ ਗ੍ਰਿਫਤਾਰ ਕੀਤਾ ਗਿਆ।

## ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਕਾਨਫਰੰਸ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਨੂੰ ਸਮਰਪਤ

### ਨਵੇਂ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ : ਅਰਸ਼ੀ, ਗੋਰੀਆ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਪੰਜਾਬ ਖੇਤ ਮਜ਼ਦੂਰ ਸਭਾ ਦੀ ਫਰੀਦਕੋਟ ਵਿਖੇ 25-26 ਨਵੰਬਰ ਨੂੰ ਹੋ ਰਹੀ 33ਵੀਂ ਸੂਬਾਈ ਕਾਨਫਰੰਸ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਦੀ ਯਾਦ ਨੂੰ ਸਮਰਪਿਤ ਕੀਤੀ ਜਾਵੇਗੀ, ਜਿਸ ਵਿੱਚ ਪੇਂਡੂ ਅਤੇ ਖੇਤ ਮਜ਼ਦੂਰਾਂ ਦੇ ਹੱਕਾਂ ਲਈ ਨਵੇਂ ਸੰਘਰਸ਼ਾਂ ਦਾ ਮੁੱਢ ਬੰਨ੍ਹਿਆ ਜਾਵੇਗਾ। ਇਹ ਸ਼ਬਦ ਵੀਰਵਾਰ ਸਥਾਨਕ ਸ਼ਹੀਦ ਅਮੋਲਕ ਭਵਨ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੀ ਸਾਂਝੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਹੇ। ਉਨ੍ਹਾ ਦੱਸਿਆ ਕਿ ਇਸ ਕਾਨਫਰੰਸ ਦੀ ਅਹਿਮੀਅਤ ਨੂੰ ਵੇਖਦੇ ਹੋਏ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਜਨਰਲ ਸਕੱਤਰ ਡੀ ਰਾਜਾ ਅਤੇ ਸੂਬਾਈ ਆਗੂ ਬੰਤ ਸਿੰਘ ਬਰਾੜ ਅਤੇ ਨਿਰਮਲ ਸਿੰਘ ਧਾਲੀਵਾਲ ਸਮੇਤ ਹੋਰ ਆਗੂ ਵੀ ਇਸ ਕਾਨਫਰੰਸ ਨੂੰ ਸੰਬੋਧਨ ਕਰਨ ਲਈ ਫਰੀਦਕੋਟ ਪਹੁੰਚ ਰਹੇ ਹਨ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਗੋਰੀਆ ਨੇ ਦੱਸਿਆ ਕਿ ਇਸ ਕਾਨਫਰੰਸ ਵਿੱਚ ਮੰਗ ਕੀਤੀ ਜਾਵੇਗੀ ਕਿ ਮਨਰੇਗਾ ਸਕੀਮ ਤਹਿਤ ਮਿਲਣ ਵਾਲੀ ਦਿਹਾੜੀ 700 ਰੁਪਏ ਕੀਤੀ ਜਾਵੇ ਅਤੇ ਸਾਲ ਵਿੱਚ 200 ਦਿਨ ਕੰਮ ਦਿੱਤਾ ਜਾਵੇ। ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਦੇਵੀ ਕੁਮਾਰੀ ਨੇ ਦੱਸਿਆ ਕਿ ਕਾਨਫਰੰਸ ਵਿੱਚ ਬੇਘਰਿਆਂ ਲਈ ਘਰ ਬਣਾਉਣ ਲਈ 10 ਮਰਲੇ ਦੇ ਪਲਾਟ ਦੇਣ, ਖੇਤ ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨ ਅਤੇ ਸਮਾਜਿਕ ਜਬਰ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਵੀ ਉਭਾਰਿਆ ਜਾਵੇਗਾ। ਮੀਟਿੰਗ ਨੂੰ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ, ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਮਾਨੀਵਾਲਾ, ਜਗਤਾਰ ਸਿੰਘ ਭਾਣਾ ਅਤੇ ਦਰਸ਼ਨ ਸਿੰਘ ਜਿਊਣਵਾਲਾ ਨੇ ਵੀ ਸੰਬੋਧਨ ਕਰਦੇ ਹੋਏ ਕਾਨਫਰੰਸ ਦੀ ਸਫਲਤਾ ਲਈ ਇਲਾਕਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਆਗੂਆਂ ਨੇ ਦੱਸਿਆ ਕਿ ਕਾਨਫਰੰਸ ਦੇ ਪਹਿਲੇ ਦਿਨ 25 ਨਵੰਬਰ ਨੂੰ ਫਰੀਦਕੋਟ ਦੇ ਅਮਰ ਪੈਲੇਸ ਵਿਖੇ 11:00 ਵਜੇ ਖੁੱਲ੍ਹੀ ਪਬਲਿਕ ਰੈਲੀ ਕੀਤੀ ਜਾਵੇਗੀ। ਇਸ ਮੌਕੇ ਪੰਜਾਬ ਇਸਤਰੀ ਸਭਾ ਦੀਆਂ ਪ੍ਰਮੁੱਖ ਆਗੂਆਂ ਸ਼ਸ਼ੀ ਸ਼ਰਮਾ, ਮਨਜੀਤ ਕੌਰ, ਸ਼ੀਲਾ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮਾੜੀ ਨੀਤ ਦੀ ਹੱਦ ਜਿਹੀ ਨਹੀਂ ਰਹਿੰਦੀ,
ਸਕਦਾ ਆਦਮੀ ਕਿਤੇ ਵੀ ਥਿੜਕ ਮੀਆਂ।
ਫਸਿਆ ਵੱਲ ਕਰਨਾਟਕ ਦੇ ਬੜਾ ਲੀਡਰ,
ਬਿਜਲੀ ਚੋਰੀ ਦੀ ਸੁਣੀਂਦੀ ਬਿੜਕ ਮੀਆਂ।
ਮੁੱਖ ਮੰਤਰੀ ਉਹ ਰਾਜ ਦਾ ਰਹਿ ਚੁੱਕਿਆ,
ਚੋਰੀ ਮੱਖਣ ਉਹ ਰਿਹਾ ਹੈ ਰਿੜਕ ਮੀਆਂ।
ਉਸ ਤੋਂ ਬੜਾ ਆਗੂ ਉਸ ਦਾ ਬਾਪ ਮੀਆਂ,
ਸਕਿਆ ਪੁੱਤ ਨੂੰ ਨਹੀਂ ਸੀ ਝਿੜਕ ਮੀਆਂ।
ਕੁਮਾਰਾਸਵਾਮੀ ਦੀ ਬੇਇੱਜ਼ਤੀ ਪਈ ਹੁੰਦੀ,
ਬਿਜਲੀ ਚੋਰੀ ਦੇ ਬੋਰਡ ਗਏ ਲੱਗ ਮੀਆਂ।
ਸਾਰੀ ਉਮਰ ਦੀ ਖੱਟੀ ਆ ਰੁਲੀ ਫਿਰਦੀ,
ਦਿੱਤੀ ਉਸ ਰੋਲ ਹੈ ਬਾਪ ਦੀ ਪੱਗ ਮੀਆਂ।

-ਤੀਸ ਮਾਰ ਖਾਂ

# ਕਾਰਪੋਰੇਟ-ਫਿਰਕੂ ਗੱਠਜੋੜ ਖਿਲਾਫ ਇਕਜੁੱਟ ਹੋਣ ਦਾ ਸੱਦਾ

### ਗ਼ਦਰ ਲਹਿਰ ਦੇ ਪਹਿਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਨੂੰ ਭਰਪੂਰ ਸ਼ਰਧਾਂਜਲੀਆਂ





**ਜਲੰਧਰ (ਕੇਸਰ)**-ਸੀ ਪੀ ਆਈ (ਐੱਮ) ਵੱਲੋਂ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਗ਼ਦਰ ਲਹਿਰ ਦੇ ਪਹਿਲੇ 7 ਸ਼ਹੀਦਾਂ ਸ਼ਹੀਦ ਕਰਤਾਰ ਸਿੰਘ ਸਰਾਭਾ, ਵਿਸ਼ਣੂ ਗਣੇਸ਼ ਪਿੰਗਲੇ, ਜਗਤ ਸਿੰਘ ਸੁਰਸਿੰਘ, ਹਰਨਾਮ ਸਿੰਘ ਸਿਆਲਕੋਟੀ, ਬਖਸ਼ੀਸ਼ ਸਿੰਘ, ਸ਼ਹੀਦ ਸੁਰੈਣ ਸਿੰਘ (ਵੱਡਾ) ਤੇ ਸ਼ਹੀਦ ਸੁਰੈਣ ਸਿੰਘ (ਛੋਟਾ) ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਮਾਗਮ ਦੀ ਸਵਾਗਤੀ ਕਮੇਟੀ ਦੇ ਚੇਅਰਮੈਨ ਸੀਤਲ ਸਿੰਘ ਸੰਘਾ ਵੱਲੋਂ ਸਵਾਗਤੀ ਭਾਸ਼ਣ ਦਿੱਤਾ ਗਿਆ। ਉਪਰੰਤ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਸਮਾਗਮ ਵਿੱਚ ਪਾਰਟੀ ਦੇ ਪੋਲਿਟ ਬਿਊਰੋ ਮੈਂਬਰ ਨਿਲੋਤਪਾਲ ਬਾਸੂ ਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਮਾਗਮ ਨੂੰ ਸੰਬੋਧਨ ਕਰਦਿਆਂ ਨਿਲੋਤਪਾਲ ਬਾਸੂ ਅਤੇ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਅੱਜ ਅਸੀਂ ਜੋ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਉਹ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਹੋਰ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੈ। ਇਹ 7 ਗ਼ਦਰ ਲਹਿਰ ਦੇ ਪਹਿਲੇ ਸ਼ਹੀਦ ਸਨ। ਇਹਨਾਂ ਸ਼ਹੀਦਾਂ ਨੇ ਜਿਹੜੇ ਸਮਾਜ ਦਾ ਸੁਫ਼ਨਾ ਲਿਆ ਸੀ, ਉਹ ਅੱਜ ਵੀ ਅਧੂਰਾ ਹੈ। ਉਹਨਾਂ ਰੂਸ-ਯੂਕਰੇਨ ਜੰਗ ਬਾਰੇ ਕਿਹਾ ਕਿ ਅਮਰੀਕਾ ਸਣੇ ਸਾਰੇ ਨਾਟੋ ਮੁਲਕ ਯੂਕਰੇਨ 'ਚ ਨਾਟੋ ਦਾ ਅੱਡਾ ਬਣਾਉਣਾ ਚਾਹੁੰਦੇ ਸਨ ਤਾਂ ਜੋ ਕੁਦਰਤੀ ਸਰੋਤਾਂ 'ਤੇ ਕਬਜ਼ਾ ਕੀਤਾ ਜਾ ਸਕੇ।

● ਬਾਕੀ ਸਫ਼ਾ 2 'ਤੇ

## ਵੀਜ਼ਨ ਐਜੂਕੇਸ਼ਨ ਨੇ ਕੈਨੇਡਾ ਦਾ ਸਟੱਡੀ ਵੀਜ਼ਾ ਲਵਾਇਆ



**ਬਾਘਾ ਪੁਰਾਣਾ (ਮਨੀ ਸਿਗਲਾ)**-ਸਥਾਨਕ ਮੇਨ ਬੱਸ ਸਟੈਂਡ ਵਿਖੇ ਸਥਿਤ ਇਲਾਕੇ ਦੀ ਨਾਮਵਰ ਸੰਸਥਾ ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਨੇ ਸੁਖਮਨਜੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਸਮਾਧ ਭਾਈ (ਮੋਗਾ) ਦਾ ਕੈਨੇਡਾ ਦਾ ਸਟੂਡੈਂਟ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕਿ ਵਿਦੇਸ਼ ਪੜ੍ਹਾਈ ਕਰਨ ਦਾ ਸੁਪਨਾ ਸਾਕਾਰ ਕੀਤਾ। ਇਸ ਮੌਕੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ ਤੇ ਇਕਬਾਲ ਸਿੰਘ ਢਿੱਲੋਂ ਅਤੇ ਨੇਹਾ ਸਿੰਘ ਬਰਾੜ ਐੱਮ ਜੀ ਨੇ ਸੁਖਮਨਜੀਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਦੱਸਿਆ ਕਿ ਸੰਸਥਾ ਵੱਲੋਂ ਬੱਚਿਆਂ ਦੇ ਵਿਦੇਸ਼ ਜਾਣ ਦੇ ਸੁਪਨੇ ਪੂਰੇ ਕੀਤੇ ਜਾਂਦੇ ਹਨ।

## ਸੁਪਰੀਮ ਇੰਟਰਨੈਸ਼ਨਲ ਸਕੂਲ 'ਚ ਬਾਲ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਬਾਲ ਦਿਵਸ ਮੌਕੇ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਸ਼ਿਆਮਾ ਨਾਇਰ ਦੀ ਅਗਵਾਈ ਹੇਠ ਇੱਕ ਸ਼ਾਨਦਾਰ ਸਮਾਰੋਹ ਕਰਵਾਇਆ ਗਿਆ, ਜਿਸ ਦੀ ਮੇਜ਼ਬਾਨੀ, ਅਯੋਜਨ ਤੇ ਸੰਚਾਲਨ ਅਧਿਆਪਕਾਂ ਵੱਲੋਂ ਕੀਤਾ ਗਿਆ। ਅਧਿਆਪਕਾਂ ਨੇ ਵਿਦਿਆਰਥੀਆਂ ਲਈ ਗੀਤ ਕਵਿਤਾਵਾਂ, ਬਾਲ ਗੀਤ ਤੇ ਡਾਂਸ ਪੇਸ਼ ਕੀਤਾ। ਇਸ ਮੌਕੇ ਵੱਖ-ਵੱਖ ਖੇਡਾਂ ਦਾ ਆਯੋਜਨ ਵੀ ਕੀਤਾ ਗਿਆ। ਸੰਸਥਾ ਦੇ ਮੈਨੇਜਮੈਂਟ ਡਾਇਰੈਕਟਰ ਚਰਨ ਸਿੰਘ ਤੇ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਸ਼ਿਆਮਾ ਨਾਇਰ ਨੇ ਬਾਲ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਵਧਾਈ ਦਿੱਤੀ। ਪ੍ਰਬੰਧਕਾਂ ਨੇ ਖੇਡਾਂ 'ਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਸਹੀ ਮਾਰਗ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

## ਨਿਰਮਾਣ ਮਜ਼ਦੂਰਾਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਕੀਤਾ ਯਾਦ, ਗੁਰਤੇਜ ਸਿੰਘ ਬਣੇ ਪ੍ਰਧਾਨ



**ਜਗਰਾਓਂ (ਅਮਿਤ ਖੰਨਾ)**-ਸਥਾਨਕ ਅੱਡਾ ਰਾਏਕੋਟ ਜਗਰਾਓਂ ਸਥਿਤ ਰਾਜ ਮਜ਼ਦੂਰਾਂ ਤੇ ਮਿਸਤਰੀਆਂ ਦੇ ਯੂਨੀਅਨ ਅੱਡੇ 'ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ 'ਤੇ ਸਮੂਹ ਮਜ਼ਦੂਰਾਂ ਨੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਨਾਲ ਫਾਂਸੀ ਚੜ੍ਹਨ ਵਾਲੇ ਪੰਜ ਹੋਰ ਗਦਰੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਸਮੇਂ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਦੱਸਿਆ ਕਿ ਅੰਗਰੇਜ਼ਾਂ ਦੀ ਗੁਲਾਮੀ ਖਿਲਾਫ ਅਮਰੀਕਾ ਦੀ ਧਰਤੀ 'ਤੇ ਉਸਰੀ ਗਦਰ ਪਾਰਟੀ ਨੇ ਦੇਸ਼ 'ਚੋਂ ਸਾਮਰਾਜੀ ਰਾਜ ਖਤਮ ਕਰਨ ਲਈ ਲਾਮਿਸਾਲ ਕੁਰਬਾਨੀਆਂ ਦਾ ਇਤਿਹਾਸ ਸਿਰਜਿਆ ਹੈ। ਗਦਰ ਪਾਰਟੀ ਦੇਸ਼ 'ਚ ਗਦਰ ਕਰਕੇ ਮੁਲਕ 'ਚ ਕਿਰਤੀਆਂ ਦਾ ਰਾਜ ਲਿਆਉਣਾ ਚਾਹੁੰਦੀ ਸੀ। ਉਨ੍ਹਾਂ ਦੇ ਇਕ ਸਮਾਜਵਾਦੀ ਰਾਜ, ਮਜ਼ਦੂਰਾਂ ਦੀ ਪੁੱਗਤ ਵਾਲਾ ਰਾਜ ਪ੍ਰਬੰਧ ਉਸਾਰਣ ਦੇ ਸੁਪਨੇ ਨੂੰ ਪੂਰਾ ਕਰਨ ਲਈ ਅੱਜ ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਕਾਰਪੋਰੇਟ ਰਾਜ ਖਿਲਾਫ ਲੜਨਾ ਸ਼ਹੀਦ ਸਰਾਭਾ ਨੂੰ ਸੱਚੀ ਸ਼ਰਧਾਂਜਲੀ ਹੈ। ਇਸ ਸਮੇਂ ਰਾਜ ਮਜ਼ਦੂਰਾਂ ਤੇ ਮਿਸਤਰੀਆਂ ਨੇ ਸਰਬਸੰਮਤੀ ਨਾਲ ਪੰਜ ਮੈਂਬਰੀ ਯੂਨੀਅਨ ਦੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਗੁਰਤੇਜ ਸਿੰਘ ਗੇਜਾ ਨੂੰ ਪ੍ਰਧਾਨ, ਜਸਪਾਲ ਸਿੰਘ ਗੇਰਾ ਨੂੰ ਸਕੱਤਰ, ਰਾਮ ਸਿੰਘ ਬਾਬਾ ਨੂੰ ਖਜ਼ਾਨਚੀ, ਅਵਤਾਰ ਸਿੰਘ ਰਾਜਾ ਤੇ ਸ਼ਿੰਗਾਰਾ ਸਿੰਘ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਇਸ ਸਮੇਂ ਕੁਲਵੰਤ ਸਿੰਘ ਸਹੋਤਾ, ਅਰੁਣ ਕੁਮਾਰ ਪ੍ਰਧਾਨ ਸਫਾਈ ਵਰਕਰ ਯੂਨੀਅਨ, ਅਮਿਤ ਕਲਿਆਣ ਸਕੱਤਰ ਸ਼ਹੀਦ ਉਧਮ ਸਿੰਘ ਟੈਕਸੀ ਅਪ੍ਰੇਟਰ ਯੂਨੀਅਨ ਹਾਜ਼ਰ ਸਨ।

# ਮਾਨ ਵੱਲੋਂ ਕਰਤਾਰ ਸਿੰਘ ਸਰਾਭਾ ਨੂੰ ਸ਼ਹੀਦੀ ਦਿਹਾੜੇ 'ਤੇ ਸ਼ਰਧਾ ਦੇ ਫੁੱਲ ਭੇਟ

### ਸ਼ਹੀਦ ਦੇ ਜੱਦੀ ਪਿੰਡ 'ਚ ਰਾਜ ਪੱਧਰੀ ਸਮਾਗਮ



**ਸਰਾਭਾ (ਰਾਜ ਸਿੰਗਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬੇ ਭਰ ਦੇ ਲੋਕਾਂ ਨੇ ਆਜ਼ਾਦੀ ਸੰਘਰਸ਼ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇੱਥੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਭਾਰਤ ਦੇ ਸਭ ਤੋਂ ਨੌਜਵਾਨ ਕ੍ਰਾਂਤੀਕਾਰੀ ਸਨ, ਜਿਨ੍ਹਾਂ ਨੇ ਮਹਿਜ਼ 19 ਸਾਲ ਦੀ ਉਮਰ 'ਚ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾਂ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਸ਼ਹੀਦ ਹੋਣ ਵਾਲੇ ਕਰਤਾਰ ਸਿੰਘ ਸਰਾਭਾ ਆਪਣੇ ਦੇਸ ਲਈ ਨਿਰਸਵਾਰਥ ਸੇਵਾ ਨਿਭਾਉਣ ਵਾਸਤੇ ਨੌਜਵਾਨ ਪੀੜ੍ਹੀਆਂ ਲਈ ਸਦੀਆਂ ਤੋਂ ਪ੍ਰੇਰਣਾ ਦਾ ਸਰੋਤ ਬਣੇ ਹੋਏ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਗਦਰ ਪਾਰਟੀ ਦੇ ਸਰਗਰਮ ਆਗੂ ਵਜੋਂ ਉਨ੍ਹਾਂ ਨੇ ਪਹਿਲਾਂ ਵਿਦੇਸਾਂ ਵਿੱਚ ਤੇ ਫਿਰ ਦੇਸ ਦੀ ਆਜ਼ਾਦੀ ਲਈ ਅਣਥੱਕ ਮਿਹਨਤ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇੰਡੀਅਨ ਏਅਰ ਫੋਰਸ ਸਟੇਸ਼ਨ ਹਲਵਾਰਾ, ਲੁਧਿਆਣਾ ਵਿਖੇ ਬਣ ਰਹੇ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ ਰੱਖੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦਾ 80 ਫੀਸਦ ਕੰਮ ਮੁਕੰਮਲ ਹੋ ਚੁੱਕਾ ਹੈ ਤੇ ਇਹ ਜਲਦੀ ਹੀ ਚਾਲੂ ਹੋ ਜਾਵੇਗਾ। ਸ਼ਹੀਦ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਹੋਰ ਮਹਾਨ ਸ਼ਹੀਦਾਂ ਨੂੰ ਭਾਰਤ ਰਤਨ ਐਵਾਰਡ ਦੇਣ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਭਾਰਤ ਰਤਨ ਐਵਾਰਡ ਦੇਣ ਨਾਲ ਇਸ ਪੁਰਸਕਾਰ ਦਾ ਮਾਣ ਵਧੇਗਾ। ਉਨ੍ਹਾਂ ਕਿਹਾ ਕਿ ਇਹ ਮਹਾਨ ਸ਼ਹੀਦ ਅਸਲ ਵਿੱਚ ਇਸ ਪੁਰਸਕਾਰ ਦੇ ਹੱਕਦਾਰ ਹਨ, ਕਿਉਂਕਿ ਉਨ੍ਹਾਂ ਨੇ ਦੇਸ਼ ਨੂੰ ਅੰਗਰੇਜ਼ਾਂ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਮਹਾਨ ਕੁਰਬਾਨੀਆਂ ਦਿੱਤੀਆਂ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਘਰ ਜਾ ਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ।

## ਪਿਸਤੌਲ ਦੀ ਨੋਕ 'ਤੇ ਦਿਨ ਦਿਹਾੜੇ ਲੁੱਟ ਕੈਮਰੇ 'ਚ ਕੈਦ

**ਬਰੇਟਾ (ਰੀਤਵਾਲ)**-ਸ਼ਹਿਰ 'ਚ ਲੁੱਟ-ਖੋਹ ਕਰਨ ਵਾਲਿਆਂ ਦੇ ਹੌਸਲੇ ਏਨੇ ਵਧ ਗਏ ਹਨ ਕਿ ਉਨ੍ਹਾਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ, ਜੋ ਸ਼ਰੇਆਮ ਵਾਰਦਾਤਾਂ ਨੂੰ ਅੰਜਾਮ ਦੇ ਕੇ ਫਰਾਰ ਹੋ ਜਾਂਦੇ ਹਨ। ਵੀਰਵਾਰ ਬਰੇਟਾ ਕੈਂਚੀਆਂ ਨਜ਼ਦੀਕ ਇੱਕ ਸੁਨਿਆਰੇ ਦੀ ਦੁਕਾਨ ਤੋਂ ਦੋ ਯੁਵਕਾਂ ਵੱਲੋਂ ਪਿਸਤੌਲ ਦੀ ਨੋਕ 'ਤੇ ਦੋ ਤੋਲੇ ਸੋਨਾ ਅਤੇ 4500 ਰੁਪਏ ਨਕਦੀ ਦੀ ਵਾਰਦਾਤ ਨੂੰ ਅੰਜ਼ਾਮ ਦੇ ਕੇ ਫ਼ਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਲੁਟੇਰਿਆਂ ਦੀਆਂ ਤਸਵੀਰਾਂ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈਆ ਹਨ।

ਇਸ ਦੌਰਾਨ ਥਾਣਾ ਮੁਖੀ ਬੂਟਾ ਸਿੰਘ ਦਾ ਕਹਿਣਾ ਹੈ ਕਿ ਸਾਨੂੰ ਸੂਚਨਾ ਮਿਲੀ ਕਿ ਸੁਖਚੈਨ ਜਵੈਲਰਜ਼ ਦੀ ਦੁਕਾਨ 'ਤੇ ਦੁਕਾਨਦਾਰ ਕੋਲੋਂ ਦੋ ਨੌਜਵਾਨਾਂ ਵੱਲੋਂ ਪਿਸਤੌਲ ਦੀ ਨੋਕ 'ਤੇ ਸੋਨਾ ਅਤੇ ਨਕਦੀ ਦੀ ਲੁੱਟ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਆਲੇ-ਦੁਆਲੇ ਦੇ ਸੀ ਸੀ ਟੀ ਵੀ ਕੈਮਰੇ ਵੀ ਖੰਗਾਲੇ ਜਾ ਰਹੇ ਹਨ। ਫੁਟੇਜ਼ ਦੇ ਆਧਾਰ 'ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

## ਭਾਕਿਯੂ ਡਕੌਂਦਾ ਦੇ ਆਗੂ ਅਵਤਾਰ ਚੀਮਾ ਨੂੰ ਨਾਅਰਿਆਂ ਦੀ ਗੂੰਜ 'ਚ ਅੰਤਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਆਗੂ ਅਵਤਾਰ ਸਿੰਘ ਚੀਮਾ ਮਹਿਲ ਕਲਾਂ ਦੇ ਸਸਕਾਰ ਸਮੇਂ ਵੱਡੀ ਗਿਣਤੀ 'ਚ ਪਹੁੰਚੇ ਕਿਸਾਨ ਆਗੂਆਂ, ਵਰਕਰਾਂ ਨੇ ਨਾਅਰਿਆਂ ਦੀ ਗੂੰਜ ਵਿੱਚ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਭਾਕਿਯੂ ਡਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਜੱਗਾ ਸਿੰਘ ਮਹਿਲ ਕਲਾਂ, ਸੁਖਦੇਵ ਸਿੰਘ ਕੁਰੜ, ਕੁਲਵੀਰ ਸਿੰਘ ਔਲਖ, ਅਮਰਜੀਤ ਠੁੱਲੀਵਾਲ ਦੀ ਅਗਵਾਈ ਹੇਠ ਜਥੇਬੰਦੀ ਦਾ ਝੰਡਾ ਪਾ ਕੇ ਸ਼ਰਧਾਂਜਲੀ ਅਰਪਿਤ ਕਰਦਿਆਂ ਉਨ੍ਹਾਂ ਵੱਲੋਂ ਕਿਸਾਨ ਸੰਘਰਸ਼, ਲੋਕ ਪੱਖੀ ਲਹਿਰਾਂ 'ਚ ਪਾਏ ਅਹਿਮ ਯੋਗਦਾਨ ਨੂੰ ਯਾਦ ਕੀਤਾ। ਭਾਕਿਯੂ ਰਾਜੇਵਾਲ ਦੇ ਨਿਰਭੈ ਸਿੰਘ ਗਿਆਨੀ ਚੇਅਰਮੈਨ ਜਗਸੀਰ ਸਿੰਘ ਖਾਲਸਾ ਸਮੇਤ ਵੱਖ ਵੱਖ ਆਗੂਆਂ ਨੇ ਦੁਸ਼ਾਲੇ ਭੇਟ ਕਰਕੇ ਹਰ ਵਰਗ ਦੇ ਹਰਮਨ ਪਿਆਰੇ ਇਸ ਸਮਾਜ ਸੇਵਕ ਕਿਸਾਨ ਆਗੂ ਦੀ ਬੇਵਕਤੀ ਮੌਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਮੌਕੇ ਜਥੇ: ਨਾਥ ਸਿੰਘ ਹਮੀਦੀ, ਬਾਬਾ ਸ਼ੇਰ ਸਿੰਘ, ਮਾ: ਜਗਰਾਜ ਸਿੰਘ ਭੱਠਲ, ਜਸਵਿੰਦਰ ਸਿੰਘ ਬੁੱਟਰ, ਅਮਰਜੀਤ ਸਿੰਘ, ਗੁਰਦੀਪ ਸਿੰਘ ਸੋਢਾ, ਹਰੀ ਸਿੰਘ ਕਟਹਿਰੀਆ, ਹਰਮੇਲ ਸਿੰਘ ਮਠਾੜੂ, ਗਿਆਨੀ ਕਰਮ ਸਿੰਘ, ਮੰਗਤ ਸਿੰਘ ਸਿੱਧੂ, ਹਰਜੀਤ ਸਿੰਘ ਖਿਆਲੀ, ਮਹਿੰਦਰ ਸਿੰਘ ਅਰੋੜਾ, ਭਾਈ ਚਮਕੌਰ ਸਿੰਘ ਆਦਿ ਹਾਜ਼ਰ ਸਨ।

# ਸ਼ਰਧਾ ਭਾਵਨਾ ਨਾਲ ਮਨਾਇਆ ਬਾਬਾ ਦੀਪ ਸਿੰਘ ਦਾ ਸ਼ਹੀਦੀ ਦਿਹਾੜਾ

### ਪੰਥ ਪ੍ਰਸਿੱਧ ਰਾਗੀ ਤੇ ਢਾਡੀ ਜਥਿਆਂ ਨੇ ਖ਼ੂਬ ਰੰਗ ਬੰਨ੍ਹਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੰਸਾਰ ਭਰ ਵਿੱਚ ਆਪਣੀ ਸ਼ਹੀਦੀ ਦੀ ਨਿਵੇਕਲੀ ਮਿਸਾਲ ਪੈਦਾ ਕਰਨ ਵਾਲੇ ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਹਰ ਸਾਲ ਦੀ ਤਰ੍ਹਾਂ 35ਵਾਂ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਈ ਹਾਕਮ ਸਿੰਘ ਮਖੂ ਗੇਟ ਫਿਰੋਜ਼ਪੁਰ ਸ਼ਹਿਰ ਤੇ ਇਲਾਕੇ ਭਰ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ। ਪਿਛਲੇ ਤਕਰੀਬਨ 25 ਦਿਨਾਂ ਤੋਂ ਸ੍ਰੀ ਅਖੰਡ ਪਾਠਾਂ ਦੀ ਲੜੀ, ਪ੍ਰਭਾਤ ਫੇਰੀਆਂ ਤੇ ਨਗਰ ਕੀਰਤਨ ਸਜਾਉਣ ਤੋਂ ਉਪਰੰਤ ਇਸ ਸ਼ਹੀਦੀ ਦਿਹਾੜੇ ਦਾ ਮੁੱਖ ਸਮਾਗਮ ਗੁਰਦੁਆਰਾ ਸਾਹਿਬ ਦੇ ਖੁੱਲ੍ਹੇ ਪੰਡਾਲ ਵਿਚ ਕੀਤਾ ਗਿਆ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜਥੇ ਭਾਈ ਸੁਖਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਭਾਈ ਅਰਜਨ ਸਿੰਘ ਨਾਨਕਸਰ ਵਾਲੇ, ਬੀਬੀ ਸੰਦੀਪ ਕੌਰ ਖਾਲਸਾ ਤੇ ਭਾਈ ਸਲਵਿੰਦਰ ਸਿੰਘ ਦੇ ਜਥਿਆਂ ਨੇ ਜਿੱਥੇ ਆਪਣੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਉਥੇ ਇੰਟਰਨੈਸ਼ਨਲ ਪੰਥ ਪ੍ਰਸਿੱਧ ਢਾਡੀ ਜਥੇ ਭਾਈ ਮੇਜਰ ਸਿੰਘ ਖਾਲਸਾ ਸੁਲਤਾਨਪੁਰ ਵਾਲਿਆਂ ਨੇ ਢਾਡੀ ਵਾਰਾਂ ਰਾਹੀਂ ਬਾਬਾ ਜੀ ਦੀ ਜੀਵਨੀ ਤੇ ਸ਼ਹਾਦਤ 'ਤੇ ਚਾਨਣਾ ਪਾਇਆ। ਸੰਗਤਾਂ ਨੇ ਜੈਕਾਰਿਆਂ ਦੀ ਗੂੰਜ 'ਚ ਇਸ ਜੋਸ਼ ਭਰਪੂਰ ਸਮਾਗਮ ਦਾ ਆਨੰਦ ਮਾਣਿਆ। ਇਸ ਸਮੇਂ ਗੁਰੂ ਕਾ ਲੰਗਰ ਅਤੇ ਦੁੱਧ ਦਾ ਲੰਗਰ ਅਤੁੱਟ ਵਰਤਾਇਆ ਗਿਆ। ਸਟੇਜ ਸਕੱਤਰ ਦੀ ਸੇਵਾ ਭਾਈ ਜਸਪਾਲ ਸਿੰਘ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਇਸ ਸਮਾਗਮ ਵਿੱਚ ਸਹਿਯੋਗ ਕਰਨ ਵਾਲਿਆਂ ਨੂੰ ਸਨਮਾਨਤ ਵੀ ਕੀਤਾ ਗਿਆ।

## ਪ੍ਰੇਰਨਾ ਵੱਲੋਂ ਵਿਵੇਕਾਨੰਦ ਵਰਲਡ ਸਕੂਲ ਦਾ ਦੌਰਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪ੍ਰੇਰਨਾ (ਐਸੋਸੀਏਸ਼ਨ ਫਾਰ ਦਿ ਬਲਾਈਂਡ, ਪੁਣੇ) ਨੇ ਵਿਵੇਕਾਨੰਦ ਵਰਲਡ ਸਕੂਲ ਦਾ ਦੌਰਾ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਦੱਸਿਆ ਕਿ ਉਨ੍ਹਾਂ ਨੇ ਪ੍ਰੇਰਨਾ ਐਸੋਸੀਏਸ਼ਨ ਫਾਰ ਦਾ ਬਲਾਈਂਡ, ਪੁਣੇ ਵਿਵੇਕਾਨੰਦ ਵਰਲਡ ਸਕੂਲ ਦਾ ਦੌਰਾ ਕੀਤਾ। ਸਕੂਲ ਦੇ ਚੇਅਰਮੈਨ ਗੌਰਵ ਸਾਗਰ ਭਾਸਕਰ ਨੇ ਪ੍ਰੇਰਨਾ ਦੇ ਮਹਿਮਾਨਾਂ ਸਤੀਸ਼ ਗੁਲਾਬਰਾਓ ਨਵਲੇ, ਪ੍ਰੇਰਨਾ ਐਸੋਸੀਏਸ਼ਨ ਫਾਰ ਦਾ ਬਲਾਇੰਡ ਦੇ ਸਕੱਤਰ ਤੇ ਸ਼ਬਦਾਲੀ ਸ਼ਿਵਾਜੀ ਮੂਲਗਾਓਕਰ, ਅਮ੍ਰਿਤਾ ਵਿੱਠਲ, ਰੇਸ਼ਮਾ ਕੁਲਦੀਪਕ, ਮਹਿਤਰਾ ਅਨੀਤਾ, ਵਿਜੇ, ਨਵਨੀਤ, ਸਰਿਤਾ ਸ਼ੰਕਰ ਤੇ ਮਯੂਰ ਬਿਸਵਾਸ ਦਾ ਸਵਾਗਤ ਕੀਤਾ ਤੇ ਸਕੂਲ ਦੀ ਵਿਦਿਆਰਥੀ ਸਭਾ ਦੇ ਮੈਂਬਰਾਂ ਨੇ ਮਹਿਮਾਨਾਂ ਨੂੰ ਫੁੱਲ ਤੇ ਯਾਦਗਾਰੀ ਚਿੰਨ੍ਹ ਵੀ ਭੇਟ ਕੀਤੇ।ਇਸ ਸਮਾਗਮ ਵਿੱਚ ਸਮਾਵੇਸ਼ ਦੀ ਭਾਵਨਾ, ਦ੍ਰਿੜ੍ਹ ਸੰਕਲਪ ਤੇ ਰੁਕਾਵਟਾਂ ਨੂੰ ਦੂਰ ਕਰਨ ਲਈ ਉਤਸਵ ਦੀ ਸ਼ਕਤੀ 'ਤੇ ਜ਼ੋਰ ਦਿੱਤਾ।

## ਪੀ ਐੱਸ ਯੂ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਕੱਤਰਤਾ



**ਮੂਨਕ (ਰਾਜਪਾਲ ਸਿੰਗਲਾ)**-ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਯੂਨੀਵਰਸਿਟੀ ਕਾਲਜ ਮੂਨਕ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾ ਦੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਕੱਤਰਤਾ ਕੀਤੀ ਗਈ ਤੇ ਇਸ ਮੌਕੇ ਫਲਸਤੀਨ ਦੇ ਕੌਮੀ ਸੰਘਰਸ਼ ਦੇ ਹੱਕ ਵਿੱਚ ਵੀ ਇਕੱਤਰਤਾ ਕੀਤੀ, ਜਿਸ 'ਚ ਵਿਦਿਆਰਥੀਆਂ ਨੂੰ ਫਲਸਤੀਨ ਦੀ ਅਜੋਕੀ ਹਾਲਤ ਤੋਂ ਜਾਣੂ ਕਰਵਾਉਂਦਿਆਂ ਹੀ ਫਲਸਤੀਨ ਤੇ ਇਜ਼ਰਾਇਲ ਦੇ ਇਤਿਹਾਸ 'ਤੇ ਚਾਨਣਾ ਪਾਇਆ। ਇਸ ਦੇ ਨਾਲ ਹੀ ਫਲਸਤੀਨ ਦੇ ਹੱਕ ਵਿੱਚ ਰੈਲੀ ਕੀਤੀ ਗਈ, ਨਾਲ ਹੀ ਵਿਦਿਆਰਥੀਆਂ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਤੇ ਸ਼ਹੀਦੀ ਬਾਰੇ ਦੱਸਿਆ ਗਿਆ, ਕੁਝ ਵਿਦਿਆਰਥੀਆਂ ਨੇ ਇਸ ਉੱਤੇ ਕਵਿਤਾ, ਗਜ਼ਲ ਤੇ ਭਾਸ਼ਣ ਪੇਸ਼ ਕੀਤਾ।।ਇਸ ਇਕੱਤਰਤਾ 'ਚ ਪੀ.ਐੱਸ.ਯੂ. ਦੇ ਪ੍ਰਧਾਨ ਲਛਮਣ ਸਿੰਘ, ਜਸਪ੍ਰੀਤ ਕੌਰ, ਸਿਮਰਨ ਪੁੰਡਰਕ, ਪਰਵੀਨ ਕੌਰ, ਮੁਸਕਾਨ ਹੋਤੀਪੁਰ, ਸਿਮਰਨਜੀਤ ਸਿੰਘ, ਰਿੰਕੂ ਸਿੰਘ, ਜੀਵਨ ਕੁਮਾਰ, ਜੱਗੀ ਸਿੰਘ ਤੇ ਕਾਲਜ ਦੇ ਹੋਰ ਵਿਦਿਆਰਥੀ ਸ਼ਾਮਲ ਸਨ। ਕੁਝ ਇਨਕਲਾਬੀ ਨਾਰਿਆਂ ਨਾਲ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

## ਪਰਾਲੀ ਨੂੰ ਅੱਗ ਨਾ ਲਗਾਉਣ ਲਈ ਅਧਿਕਾਰੀ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਕਰ ਰਹੇ ਪ੍ਰੇਰਿਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਸਿਵਲ ਤੇ ਪੁਲਸ ਪ੍ਰਸ਼ਾਸਨ ਬਰਨਾਲਾ ਦੇ ਅਧਿਕਾਰੀ ਤੇ ਕਰਮਚਾਰੀ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਅਪੀਲ ਕਰ ਰਹੇ ਹਨ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਸਤਵੰਤ ਸਿੰਘ ਕਿਹਾ ਕਿ ਜਿੱਥੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਪ੍ਰੇਰਿਆ ਜਾ ਰਿਹਾ ਹੈ, ਉੱਥੇ ਨਾਲ ਹੀ ਪਰਾਲੀ ਪ੍ਰਬੰਧਨ ਬਾਰੇ ਵੀ ਦੱਸਿਆ ਜਾ ਰਿਹਾ ਹੈ। ਮੰਡਲ ਮੈਜਿਸਟ੍ਰੇਟਾਂ, ਸਾਰੇ ਕਲੱਸਟਰ ਇਨ ਚਾਰਜ ਤੇ ਨੋਡਲ ਅਫਸਰਾਂ ਵੱਲੋਂ ਲਗਾਤਾਰ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ। ਨਾਲ ਹੀ ਅਫ਼ਸਰਾਂ ਵੱਲੋਂ ਕਿਸਾਨ ਜਥੇਬੰਦੀਆਂ, ਆੜ੍ਹਤੀਆ ਜਥੇਬੰਦੀਆਂ ਤੇ ਹੋਰਨਾਂ ਨਾਲ ਤਾਲਮੇਲ ਕਰਕੇ ਵੀ ਇਸ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਕੰਮ ਵਿੱਚ ਪੁਲਸ ਵਿਭਾਗ ਦੀਆਂ ਟੀਮਾਂ ਵੀ ਸਾਥ ਦੇ ਰਹੀਆਂ ਹਨ ਤੇ ਕਿਸਾਨਾਂ ਨੂੰ ਨਿਰੰਤਰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ। ਟੀਮ ਵੱਲੋਂ ਨਾ ਕੇਵਲ ਜਾਗਰੂਕ ਕੀਤਾ ਜਾ ਰਿਹਾ ਹੈ, ਬਲਕਿ ਮੌਕੇ ਉੱਤੇ ਲੱਗੀਆਂ ਅੱਗਾਂ ਨੂੰ ਬੁਝਾਉਣ 'ਚ ਵੀ ਮਦਦ ਕੀਤੀ ਜਾ ਰਹੀ ਹੈ। ਪਿੰਡ ਵਜੀਦਕੇ ਕਲਾਂ ਵਿਖੇ ਟੀਮ ਨੇ ਮੌਕੇ ਉੱਤੇ ਲੱਗੀ ਅੱਗ ਟਰੈਕਟਰ ਦੀ ਮਦਦ ਨਾਲ ਬੁਝਾਈ। ਨਾਲ ਹੀ ਪੁਲਸ ਵੱਲੋਂ ਪਿੰਡਾਂ ਦੇ ਸਰਪੰਚਾਂ ਨਾਲ ਬੈਠਕਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਉਹ ਸਹਿ-ਨਿਗਰਾਨੀ ਨਾਲ ਅੱਗ ਲਗਾਉਣ ਦੀਆਂ ਘਟਨਵਾਨਾਂ ਨੂੰ ਠੱਲ੍ਹ ਪਾ ਸਕਣ। ਵਧੀਕ ਡਿਪਟੀ ਕਮਿਸ਼ਨਰ ਸਤਵੰਤ ਸਿੰਘ ਨੇ ਪਿੰਡ ਸਹਿਜੜਾ, ਸਹੌਰ, ਖਿਆਲੀ, ਮਹਿਲ ਖੁਰਦ, ਮਹਿਲ ਕਲਾਂ ਆਦਿ ਇਲਾਕਿਆਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਪਿੰਡ ਮਹਿਲ ਕਲਾਂ ਵਿਖੇ ਖੇਤਾਂ 'ਚ ਲੱਗੀ ਅੱਗ ਮੌਕੇ ਉੱਤੇ ਪਹੁੰਚ ਕੇ ਬੁਝਵਾਈ।

# ਅੱਖਾਂ ਦਾ ਚੈੱਕਅੱਪ ਤੇ ਆਪ੍ਰੇਸ਼ਨ ਕੈਂਪ 19 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਰਾਮਪੁਰਾ ਫੂਲ ਵੱਲੋਂ ਸ਼੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ ਵਿਜੈ ਕੁਮਾਰ (ਸਟੇਟ ਐਵਾਰਡੀ) ਤੇ ਅਸ਼ੋਕ ਕੁਮਾਰ (ਰੋਕੀ) ਵੱਲੋਂ ਅਪਣੇ ਪਿਤਾ ਸਵ: ਮੋਹਨ ਲਾਲ ਗੋਇਲ ਬਠਿੰਡਾ ਦੀ ਯਾਦ ਵਿੱਚ 94ਵਾਂ ਅੱਖਾਂ ਦਾ ਚੈੱਕਅੱਪ ਤੇ ਆਪ੍ਰੇਸ਼ਨ (ਲੈਂਜ) ਕੈਂਪ 19 ਨਵੰਬਰ ਨੂੰ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ, ਰਾਮਪੁਰਾ ਫੂਲ ਵਿਖੇ ਲਗਾਇਆ ਜਾ ਰਿਹਾ ਹੈ। ਇਸ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਆਪ੍ਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁਲ ਮੁਫਤ ਦਿੱਤੀਆਂ ਜਾਣਗੀਆਂ। ਮਰੀਜ਼ ਅਪਣਾ ਪਹਿਚਾਣ ਪੱਤਰ ਜ਼ਰੂਰ ਲੈ ਕੇ ਆਉਣ। ਇਸ ਮੌਕੇ ਸੁਸਾਇਟੀ ਮੈਂਬਰ ਸ਼ੇਰ ਜੰਗ ਬੌਬੀ, ਵਿਜੈ ਕੁਮਾਰ, ਅਸ਼ਵਨੀ ਕੁਮਾਰ, ਫਕੀਰ ਚੰਦ, ਅਸ਼ੋਕ ਕੁਮਾਰ, ਸੰਜੀਵ ਕੁਮਾਰ, ਅਵਿਨਾਸ਼ ਕੁਮਾਰ, ਮਿਲਵਰਤਣ ਭੰਡਾਰੀ, ਗੁਲਸ਼ਨ ਕੁਮਾਰ, ਵਿਨੋਦ ਕੁਮਾਰ, ਪ੍ਰਸ਼ੋਤਮ ਕੁਮਾਰ ਬੌਬੀ, ਜਤਿੰਦਰ ਕੁਮਾਰ ਤੇ ਤਰਸੇਮ ਕੁਮਾਰ ਆਦਿ ਹਾਜ਼ਰ ਸਨ।

## ਸੁਖਬੀਰ ਸਿੰਘ ਬਾਦਲ ਵੱਲੋਂ 'ਆਪ' 'ਤੇ ਕੀਤੀ ਟਿੱਪਣੀ ਦੀ ਨਿਖੇਧੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਾਲ ਹੀ 'ਚ ਦਿੱਤੇ ਇੱਕ ਬਿਆਨ, ਜਿਸ ਵਿੱਚ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਆਮ ਪੇਂਡੂ ਵਰਕਰਾਂ ਨੂੰ ਮਲੰਗ ਕਿਹਾ ਸੀ, ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਸੁਖਬੀਰ ਬਾਦਲ ਦਾ ਇਹ ਬਿਆਨ ਨਾ ਸਿਰਫ ਆਮ ਵਰਕਰਾਂ ਪ੍ਰਤੀ ਸਗੋਂ ਆਮ ਲੋਕਾਂ ਪ੍ਰਤੀ ਵੀ ਅਕਾਲੀ ਦਲ ਅਤੇ ਬਾਦਲ ਪਰਵਾਰ ਦਾ ਨਜ਼ਰੀਆ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਪੱਸ਼ਟ ਹੈ ਕਿ ਸੁਖਬੀਰ ਬਾਦਲ ਜਿਹੇ ਲੋਕਾਂ ਦੇ ਦਿਲ ਵਿੱਚ ਆਮ ਲੋਕਾਂ ਪ੍ਰਤੀ ਕਿੰਨੀ ਨਫ਼ਰਤ ਹੈ। ਇਹੀ ਕਾਰਨ ਹੈ ਕਿ ਪੰਜਾਬ ਦੇ ਲੋਕਾਂ ਨੇ ਵੀ ਇਨ੍ਹਾਂ ਪਾਰਟੀਆਂ ਅਤੇ ਖਾਨਦਾਨੀ ਸਿਆਸਤਦਾਨਾਂ ਨੂੰ ਸਿਰੇ ਤੋਂ ਨਕਾਰ ਦਿੱਤਾ। ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਪੰਜਾਬ ਦੇ ਕਰੋੜਾਂ ਲੋਕਾਂ ਨੇ ਚੁਣੀ ਹੈ। ਇਸ ਲਈ ਸੁਖਬੀਰ ਬਾਦਲ ਦਾ ਅਜਿਹਾ ਬਿਆਨ ਪੰਜਾਬ ਦੇ ਲੋਕਾਂ ਦੇ ਫਤਵੇ ਅਤੇ ਲੋਕਤੰਤਰ ਦਾ ਵੀ ਅਪਮਾਨ ਕਰਦਾ ਹੈ। ਉਨ੍ਹਾਂ ਨੂੰ ਤੁਰੰਤ ਪੰਜਾਬ ਦੇ ਲੋਕਾਂ ਤੋਂ ਆਪਣੀ ਇਤਰਾਜਯੋਗ ਟਿੱਪਣੀ ਲਈ ਮੁਆਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਆਮ ਵਰਕਰ ਹੀ ਰਾਜਨੀਤਕ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਇਨ੍ਹਾਂ ਤੋਂ ਬਿਨਾਂ ਕੋਈ ਵੀ ਰਾਜਨੀਤਕ ਪਾਰਟੀ ਸਫਲ ਨਹੀਂ ਹੋ ਸਕਦੀ। ਆਮ ਆਦਮੀ ਪਾਰਟੀ ਹਮੇਸ਼ਾ ਆਪਣੇ ਹਰ ਵਰਕਰ ਦੇ ਨਾਲ ਖੜ੍ਹੀ ਹੈ ਅਤੇ ਸਾਡੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਜਿੱਥੇ ਸਭ ਨੂੰ ਬਰਾਬਰ ਦੀ ਇੱਜਤ ਮਿਲਦੀ ਹੈ।

## ਨਸ਼ਿਆਂ ਵਿਰੁੱਧ ਨੁੱਕੜ ਨਾਟਕ



**ਜਲਾਲਾਬਾਦ (ਜੀਤ ਕੁਮਾਰ)**-ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਵਸ ਨੂੰ ਸਮਰਪਤ ਸਰਕਾਰੀ ਆਈਟੀਆਈ ਜਲਾਲਾਬਾਦ ਵਿਖੇ ਸ਼ਹੀਦ ਭਗਤ ਸਿੰਘ ਕਲਾ ਮੰਚ ਚੜ੍ਹਿੱਕ ਮੋਗਾ ਦੀ ਸੰਸਥਾ ਵੱਲੋਂ ਪਰਿੰਦੇ ਭਟਕ ਗਏ ਨਸ਼ਿਆਂ ਵਿਰੁੱਧ ਨੁੱਕੜ ਨਾਟਕ ਖੇਡਿਆ ਗਿਆ, ਜਿਸ 'ਚ ਸੰਸਥਾ ਦੇ ਸਿੱਖਿਆਰਥੀਆਂ ਨੂੰ ਅਜੋਕੇ ਨਸ਼ਿਆਂ ਤੋਂ ਦੂਰ ਰਹਿਣ ਬਾਰੇ ਦੱਸਿਆ ਗਿਆ। ਇਸ ਮੌਕੇ ਆਈਟੀਆਈ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਜੋਸਨ, ਟੀਓ ਮਦਨ ਲਾਲ ਤੇ ਸਮੂਹ ਸਟਾਫ ਵੱਲੋਂ ਸਿੱਖਿਆਰਥੀਆਂ ਨੂੰ ਇਸ ਪ੍ਰੋਗਰਾਮ ਵਿੱਚ ਹਾਜ਼ਰ ਹੋਣ ਲਈ ਲਈ ਉਤਸ਼ਾਹਤ ਕੀਤਾ ਗਿਆ।

## ...ਸਫ਼ਾ 1 ਦੇ ਬਾਕੀ

### ਮੁੱਖ ਮੰਤਰੀ ਦੀ ਅਗਵਾਈ...

ਬਣਾਉਣ ਦੇ ਸੰਦੇਸ਼ ਦਾ ਪਾਸਾਰ ਕੀਤਾ ਜਾ ਸਕੇ। ਰੈਲੀ ਵਿੱਚ ਪਹੁੰਚੇ ਲੋਕਾਂ ਖਾਸ ਕਰਕੇ ਨੌਜਵਾਨਾਂ ਵਿੱਚ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟ ਕੇ ਆਪਣੇ ਸੂਬੇ ਨੂੰ ਖੁਸ਼ਹਾਲ ਤੇ ਸਿਹਤਮੰਦ ਸੂਬਾ ਬਣਾਉਣ ਦਾ ਉਤਸ਼ਾਹ ਦੇਖਣਾ ਬਣਦਾ ਸੀ। ਇਸ ਉਪਰਾਲੇ ਰਾਹੀਂ ਪੰਜਾਬ ਪੁਲਸ ਖਾਸ ਕਰਕੇ ਸੂਬਾ ਸਰਕਾਰ ਦੀ ਗੰਭੀਰ ਸਮਾਜਿਕ ਮਸਲਿਆਂ ਪ੍ਰਤੀ ਵਚਨਬੱਧਤਾ ਵੀ ਸਾਬਤ ਹੁੰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਮਕਸਦ ਨਸ਼ਿਆਂ ਦੀ ਸਮੱਸਿਆ ਉਤੇ ਕਾਬੂ ਪਾਉਣਾ ਅਤੇ ਸਿਹਤਮੰਦ ਤੇ ਸਥਿਰ ਜੀਵਨ ਵਜੋਂ ਸਾਈਕਲ ਦੀ ਸਵਾਰੀ ਨੂੰ ਉਭਾਰਨਾ ਹੈ। ਉਨ੍ਹਾ ਕਿਹਾ ਕਿ ਇਹ ਰੈਲੀ ਨਸ਼ਿਆਂ ਦੇ ਗੰਭੀਰ ਸਿੱਟਿਆਂ ਅਤੇ ਨਸ਼ੇ ਤੋਂ ਮੁਕਤ ਜੀਵਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਕੇ ਨਸ਼ਿਆਂ ਦੀ ਮੰਗ ਘਟਾਉਣ ਵਿੱਚ ਅਹਿਮ ਜ਼ਰੀਆ ਸਾਬਤ ਹੋਵੇਗੀ। ਰੈਲੀ ਨੂੰ ਝੰਡੀ ਵਿਖਾ ਕੇ ਰਵਾਨਾ ਕਰਨ ਮੌਕੇ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਰੈਲੀ ਦੀ ਬਹੁਤ ਜ਼ਿਆਦਾ ਅਹਿਮੀਅਤ ਹੈ, ਕਿਉਂਕਿ ਇਤਫਾਕਵੱਸ ਇਹ ਰੈਲੀ ਦੇਸ਼ ਦੇ ਸਭ ਤੋਂ ਨੌਜਵਾਨ ਇਨਕਲਾਬੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਈ ਗਈ ਹੈ, ਜਿਸ ਨੇ 19 ਸਾਲ ਦੀ ਉਮਰ ਵਿੱਚ ਜੀਵਨ ਵਤਨ ਦੇ ਲੇਖੇ ਲਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ 16 ਨਵੰਬਰ ਦਾ ਦਿਹਾੜਾ ਉਨ੍ਹਾਂ ਦੀ ਸ਼ਹਾਦਤ ਦੀ ਭਾਵੁਕ ਯਾਦ ਦਿਵਾਉਂਦਾ ਹੈ ਅਤੇ ਅੱਜ ਦੇ ਇਸ ਇਤਿਹਾਸਕ ਦਿਹਾੜੇ ਨੇ ਸਮਾਗਮ ਨੂੰ ਹੋਰ ਵੀ ਮਹੱਤਵਪੂਰਨ ਬਣਾ ਦਿੱਤਾ ਹੈ। ਉਨ੍ਹਾ ਕਿਹਾ ਕਿ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦੇ ਨੇਕ ਇਰਾਦੇ ਨਾਲ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਸਾਈਕਲ ਸਵਾਰਾਂ ਨੇ ਵੱਖ-ਵੱਖ ਪਵਿੱਤਰ ਥਾਵਾਂ ਦੀ ਯਾਤਰਾ ਕੀਤੀ। ਹਰੇਕ ਥਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਜੁੜੀ ਹੋਈ ਹੈ, ਜਿਨ੍ਹਾਂ ਵਿੱਚ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ, ਸ਼ਹੀਦ ਰਾਜਗੁਰੂ, ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਸ਼ਹੀਦ ਊਧਮ ਸਿੰਘ ਨਾਲ ਸੰਬੰਧਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਾਈਕਲ ਸਵਾਰ ਸੰਬੰਧਤ ਸਥਾਨਾਂ ਤੋਂ ਪਵਿੱਤਰ ਮਿੱਟੀ ਲੈ ਕੇ ਆਏ, ਜਿਸ ਦੀ ਵਰਤੋਂ ਬੂਟੇ ਲਾਉਣ ਲਈ ਕੀਤੀ ਜਾਵੇਗੀ ਅਤੇ ਇਨ੍ਹਾਂ ਬੂਟਿਆਂ ਦੇ ਨਾਂਅ ਕ੍ਰਮਵਾਰ ਸਦਭਾਵਨਾ, ਵਚਨ, ਗਿਆਨ, ਏਕਤਾ ਅਤੇ ਉਮੀਦ ਵਜੋਂ ਰੱਖੇ ਜਾਣਗੇ। ਉਨ੍ਹਾ ਕਿਹਾ ਕਿ ਇਹ ਉਪਰਾਲਾ ਇਸ ਸਮਾਗਮ ਦੀ ਡੂੰਘਾਈ ਅਤੇ ਮਨੋਰਥ ਨੂੰ ਵਧਾਉਂਦਾ ਹੈ, ਜਿਸ ਦਾ ਇਕਮਾਤਰ ਉਦੇਸ਼ ਸੂਬੇ ਦੀ ਪੁਰਾਤਨ ਸ਼ਾਨ ਨੂੰ ਬਹਾਲ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ "ਨਸ਼ਿਆਂ ਵਿਰੁੱਧ ਨੌਜਵਾਨ" ਸਿਰਫ ਇੱਕ ਸਾਈਕਲ ਰੈਲੀ ਨਹੀਂ ਹੈ, ਸਗੋਂ ਇਹ ਨਸ਼ਿਆਂ ਦੀ ਰੋਕਥਾਮ, ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਇਨਕਲਾਬੀ ਨਾਇਕਾਂ ਦੀ ਕੁਰਬਾਨੀ ਨੂੰ ਯਾਦ ਕਰਨ ਲਈ ਇੱਕ ਸਮੂਹਿਕ ਯਤਨ ਹੈ। ਉਨ੍ਹਾ ਕਿਹਾ ਕਿ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਕੇ ਸਮਾਜਿਕ ਮੁੱਦਿਆਂ ਨੂੰ ਹੱਲ ਕਰਨ ਲਈ ਇਹ ਸ਼ਾਨਦਾਰ ਪਹਿਲ ਹੈ।

### ਪੰਜਾਬ ਖੇਤ ਮਜ਼ਦੂਰ ਸਭਾ...

ਮਨਚੰਦਾ ਤੇ ਜੋਤੀ ਬਾਲਾ ਨੇ ਵੀ ਵੱਧ ਤੋਂ ਵੱਧ ਭੈਣਾਂ ਨੂੰ ਰੈਲੀ ਵਿੱਚ ਸ਼ਾਮਲ ਕਰਵਾਉਣ ਦਾ ਐਲਾਨ ਕੀਤਾ। ਇਸ ਮੌਕੇ ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਗੁਰਦੀਪ ਭੋਲਾ ਪੀ ਆਰ ਟੀ ਸੀ, ਗੁਰਚਰਨ ਸਿੰਘ ਮਾਨ, ਵੀਰ ਸਿੰਘ ਕੰਮੇਆਣਾ, ਚਰਨਜੀਤ ਸਿੰਘ ਚੰਬੇਲੀ, ਜਗਤਾਰ ਸਿੰਘ ਰਾਜੋਵਾਲਾ, ਲਖਵਿੰਦਰ ਸਿੰਘ ਕਾਬਲਵਾਲਾ, ਮੁਖਤਿਆਰ ਸਿੰਘ ਭਾਣਾ ਆਦਿ ਆਗੂਆਂ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਇੱਕ ਵਿਸ਼ੇਸ਼ ਮਤੇ ਰਾਹੀਂ ਗਦਰ ਲਹਿਰ ਦੇ ਮਹਾਨ ਸੂਰਬੀਰਾਂ-ਕਰਤਾਰ ਸਿੰਘ ਸਰਾਭਾ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਗਾਜ਼ਾ ਪੱਟੀ ਵਿੱਚ ਇਜ਼ਰਾਈਲੀ ਜੰਗਬਾਜ਼ਾਂ ਦੇ ਜ਼ੁਲਮਾਂ ਦੀ ਸਖ਼ਤ ਨਿੰਦਾ ਕਰਦੇ ਹੋਏ ਤੁਰੰਤ ਜੰਗ ਰੋਕਣ ਅਤੇ ਰਾਹਤ ਕੰਮ ਸ਼ੁਰੂ ਕਰਨ ਦੀ ਮੰਗ ਕੀਤੀ।

### ਕਾਰਪੋਰੇਟ-ਫਿਰਕੂ ਗੱਠਜੋੜ...

ਇਸੇ ਤਹਿਤ ਇਜ਼ਰਾਈਲ ਵੱਲੋਂ ਫ਼ਲਸਤੀਨੀਆਂ ਦੀ ਨਸਲਕੁਸ਼ੀ ਕੀਤੀ ਜਾ ਰਹੀ ਹੈ। ਇੱਥੇ ਯੂ ਐੱਨ ਓ ਦੀਆਂ ਹਦਾਇਤਾਂ 'ਤੇ ਵੀ ਅਮਲ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਫ਼ਲਸਤਾਨੀਆਂ ਦਾ ਕਤਲੇਆਮ ਤੁਰੰਤ ਰੁਕਣਾ ਚਾਹੀਦਾ ਹੈ।

ਆਗੂਆਂ ਕਿਹਾ ਕਿ ਭਾਰਤ ਭਾਵੇਂ ਪਹਿਲਾਂ ਕਿਸੇ ਗੁੱਟ ਤੋਂ ਨਿਰਲੇਪ ਰਿਹਾ ਹੋਵੇ, ਪਰ ਇਸ ਦਾ ਸਟੈਂਡ ਹਮੇਸ਼ਾ ਵਧੀਕੀ ਕਰਨ ਵਾਲੇ ਦੇ ਖ਼ਿਲਾਫ਼ ਰਿਹਾ ਹੈ। ਇਜ਼ਰਾਈਲ-ਹਮਾਸ ਜੰਗ ਦੇ ਮਾਮਲੇ ਵਿੱਚ ਭਾਰਤ ਨੇ ਅਮਰੀਕਾ ਦਾ ਸਾਥ ਦੇ ਕੇ ਉਸ ਦਾ ਛੋਟਾ ਭਾਈਵਾਲ ਹੋਣ ਦਾ ਸਬੂਤ ਦੇ ਦਿੱਤਾ ਹੈ। ਉਹਨਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਦੇਸ਼ ਦੇ ਜਨਤਕ ਖੇਤਰ ਨੂੰ 100 ਕਾਰਪੋਰੇਟ ਘਰਾਣਿਆਂ ਨੂੰ ਲੁਟਾਇਆ ਜਾ ਰਿਹਾ ਹੈ। ਦੇਸ਼ ਦੇ 73 ਪ੍ਰਤੀਸ਼ਤ ਧਨ 'ਤੇ 100 ਕਾਰਪੋਰੇਟ ਘਰਾਣੇ ਕਾਬਜ਼ ਹਨ ਤੇ ਸਿਰਫ਼ 23 ਪ੍ਰਤੀਸ਼ਤ ਦੌਲਤ 'ਤੇ ਦੇਸ਼ ਦੇ ਹੋਰ ਵਰਗ ਗੁਜ਼ਾਰਾ ਕਰਨ ਲਈ ਮਜਬੂਰ ਹਨ। ਮੋਦੀ ਸਰਕਾਰ ਨੂੰ ਸਿਰਫ਼ ਕਾਰਪੋਰੇਟ ਘਰਾਣਿਆਂ ਦਾ ਫ਼ਿਕਰ ਹੈ, ਇਸ ਵੱਲੋਂ ਇਨ੍ਹਾਂ ਨੂੰ ਲਾਭ ਪਹੁੰਚਾਉਣ ਲਈ ਮੌਕਾ ਨਹੀਂ ਖੁੰਝਾਇਆ ਜਾਂਦਾ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੇ ਰਾਜ ਵਿੱਚ ਮਹਿੰਗਾਈ ਤੇ ਬੇਰੁਜ਼ਗਾਰੀ ਆਪਣੇ ਸਾਰੇ ਰਿਕਾਰਡ ਤੋੜ ਚੁੱਕੀ ਹੈ। ਨੌਜਵਾਨ ਵਰਗ ਪੜ੍ਹ-ਲਿਖ ਕੇ ਵੀ ਵਿਹਲਾ ਘੁੰਮ ਰਿਹਾ ਹੈ। ਆਮ ਵਿਅਕਤੀ ਲਈ ਦੋ ਡੰਗ ਦੀ ਰੋਟੀ ਖਾਣੀ ਵੀ ਮੁਸ਼ਕਲ ਹੋ ਗਈ ਹੈ। ਮੋਦੀ ਸਰਕਾਰ ਵੱਲੋਂ ਲੋਕਾਂ ਦੀ ਨਿੱਜਤਾ 'ਤੇ ਹਮਲੇ ਕੀਤੇ ਜਾ ਰਹੇ ਹਨ ਤੇ ਇਸ ਲਈ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਨਿੰਦਣਯੋਗ ਹੈ।

ਆਗੂਆਂ ਕਿਹਾ ਕਿ ਮੋਦੀ ਸਰਕਾਰ ਕੋਲ 2024 ਦੀਆਂ ਆਮ ਚੋਣਾਂ ਲਈ ਲੋਕਾਂ ਨੂੰ ਦੱਸਣ ਲਈ ਕੋਈ ਪ੍ਰਾਪਤੀ ਨਹੀਂ ਇਸ ਲਈ ਮੋਦੀ ਸਰਕਾਰ ਚੋਣਾਂ ਜਿੱਤਣ ਲਈ ਫ਼ਿਰਕੂ ਧਰੁਵੀਕਰਨ ਦਾ ਪੱਤਾ ਖੇਡਣ ਦੀ ਤਾਕ ਵਿੱਚ ਹੈ। ਉਨ੍ਹਾਂ ਕਿਹਾ ਕਿ ਕਾਰਪੋਰੇਟ-ਫ਼ਿਰਕੂ ਗੱਠਜੋੜ ਨੂੰ ਹਰਾਉਣ ਲਈ ਧਰਮ ਨਿਰਪੱਖ ਤੇ ਜਮਹੂਰੀ ਸ਼ਕਤੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਹੋਣਾ ਹੋਵੇਗਾ। ਸ਼ਹੀਦਾਂ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਤੁਰ ਕੇ ਫ਼ਿਰਕਾਪ੍ਰਸਤੀ ਖ਼ਿਲਾਫ਼ ਲੜਿਆ ਜਾਵੇ।

ਪੰਜਾਬ ਦੀ ਗੱਲ ਕਰਦਿਆਂ ਕਾਮਰੇਡ ਸੇਖੋਂ ਨੇ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਅਸਫ਼ਲ ਸਾਬਤ ਹੋਈ ਹੈ। ਕਰਜ਼ੇ ਦੀ ਪੰਡ ਭਾਰੀ ਕਰਕੇ ਸਰਕਾਰ ਚਲਾਈ ਜਾ ਰਹੀ ਹੈ। ਸੀ ਪੀ ਆਈ (ਐੱਮ) ਦੀ ਇਹ ਮੰਗ ਹੈ ਕਿ ਐੱਸ ਵਾਈ ਐੱਲ ਦੇ ਮੁੱਦੇ 'ਤੇ ਸਰਬ ਪਾਰਟੀ ਮੀਟਿੰਗ ਬੁਲਾਈ ਜਾਵੇ, ਜਿਸ ਵਿੱਚ ਸਾਂਝੀ ਰਾਇ ਬਣਾ ਕੇ ਪਾਣੀਆਂ ਦੇ ਮੁੱਦੇ ਦਾ ਹੱਲ ਲੱਭਿਆ ਜਾਵੇ।

ਅਗਲੇਰੇ ਪ੍ਰੋਗਰਾਮ ਦਾ ਐਲਾਨ ਕਰਦਿਆਂ ਕਾਮਰੇਡ ਸੇਖੋਂ ਨੇ ਦੱਸਿਆ ਕਿ ਪਾਰਟੀ ਵੱਲੋਂ ਪੰਜਾਬ ਦੇ ਭਖਦੇ ਮੁੱਦਿਆਂ ਨੂੰ ਲੈ ਕੇ 1 ਤੋਂ 15 ਦਸੰਬਰ ਤੱਕ ਸੂਬਾ ਪੱਧਰੀ ਜਥਾ ਮਾਰਚ ਕੀਤਾ ਜਾਵੇਗਾ। ਇਹ ਮਾਰਚ 1 ਦਸੰਬਰ ਨੂੰ ਜਲ੍ਹਿਆਂਵਾਲਾ ਬਾਗ ਅੰਮ੍ਰਿਤਸਰ ਤੋਂ ਸ਼ੁਰੂ ਹੋਵੇਗਾ ਅਤੇ 15 ਦਸੰਬਰ ਨੂੰ ਇਸ ਦੀ ਸਮਾਪਤੀ ਹੁਸੈਨੀਵਾਲਾ ਵਿਖੇ ਹੋਵੇਗੀ। ਪਾਰਟੀ ਵੱਲੋਂ 5 ਲੱਖ ਲੋਕਾਂ ਤੋਂ ਦਸਤਖ਼ਤ ਕਰਵਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੌਕੇ ਇੱਕ ਸੋਗ ਮਤਾ ਪਾ ਕੇ ਪਾਰਟੀ ਦੇ ਬਜ਼ੁਰਗ ਕਮਿਊਨਿਸਟ ਬਾਸੁਦੇਵ ਅਚਾਰੀਆ ਤੇ ਐੱਨ ਸੰਕਾਰੀਆ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਸੁਖਪ੍ਰੀਤ ਸਿੰਘ ਜੌਹਲ ਨੇ ਨਿਭਾਈ।

## ਮੁਕਤੀਸਰ ਸੰਸਥਾ ਨੇ ਡਵਾਈਡਰ, ਫੁੱਟਪਾਥਾਂ ਤੇ ਦਰੱਖ਼ਤਾਂ 'ਤੇ ਰਿਫਲੈਕਟਰ ਟੇਪਾਂ ਲਗਾਈਆਂ

### ਲੋਕ ਤੇਜ਼ ਰ਼ਫਤਾਰ ਨਾਲ ਵਾਹਨ ਨਾ ਚਲਾਉਣ : ਜਸਪ੍ਰੀਤ ਛਾਬੜਾ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੜਕੀ ਹਾਦਸਿਆਂ ਨੂੰ ਰੋਕਣ ਲਈ ਸ੍ਰੀ ਮੁਕਤਸਰ ਸਾਹਿਬ ਵਿੱਚ ਵੱਡੇ ਪੱਧਰ 'ਤੇ ਕੰਮ ਕਰ ਰਹੀ ਮੁਕਤੀਸਰ ਵੈੱਲਫੇਅਰ ਕਲੱਬ ਤੇ ਨੈਸ਼ਨਲ ਐਵਾਰਡੀ ਐੱਨਜੀਓ ਵੱਲੋਂ ਰਾਤ ਸਮੇਂ ਮਲੋਟ ਰੋਡ ਕੋਟਕਪੂਰਾ ਰੋਡ 'ਤੇ ਬਣੇ ਡਵਾਈਡਰਾਂ, ਫੁੱਟਪਾਥਾਂ ਤੇ ਦਰੱਖ਼ਤਾਂ 'ਤੇ ਰੇਡੀਅਮ ਰਿਫਲੈਕਟਰ, ਟੇਪਾਂ ਲਗਾਈਆਂ ਗਈਆਂ। ਪਿਛਲੇ ਦਿਨੀਂ ਹੋਏ ਸੜਕੀ ਹਾਦਸਿਆਂ ਨੂੰ ਧਿਆਨ 'ਚ ਰੱਖਦੇ ਹੋਏ ਸੰਸਥਾ ਦੇ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ, ਜੁਗਿੰਦਰ ਸਿੰਘ, ਜਸਵੰਤ ਸਿੰਘ, ਨਵਦੀਪ ਸਿੰਘ, ਡਾ. ਵਿਜੈ ਬਜਾਜ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਜਸਪ੍ਰੀਤ ਸਿੰਘ ਛਾਬੜਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਰਾਤ ਤੇ ਧੁੰਦ ਦੇ ਸੀਜ਼ਨ ਦੇ ਚੱਲਦਿਆਂ ਹਰੇਕ ਵਿਅਕਤੀ ਨੂੰ ਆਪਣਾ ਵਾਹਨ ਘੱਟ ਰਫ਼ਤਾਰ ਨਾਲ ਚਲਾਉਣਾ ਚਾਹੀਦਾ ਹੈ, ਜੇਕਰ ਹੋ ਸਕੇ ਤਾਂ ਰਾਤ ਦੇ ਸਮੇਂ ਸਫ਼ਰ ਘੱਟ ਕੀਤਾ ਜਾਵੇ। ਉਨ੍ਹਾ ਕਿਹਾ ਕਿ ਹਰੇਕ ਵਿਅਕਤੀ ਦੀ ਜਾਨ ਬਹੁਤ ਕੀਮਤੀ ਹੈ, ਜਿਨ੍ਹਾਂ ਨੂੰ ਬਚਾਉਣਾ ਸਾਡੀ ਪਹਿਲੀ ਜ਼ੁੰਮੇਵਾਰੀ ਬਣਦੀ ਹੈ ਅਤੇ ਸੰਸਥਾ ਸ੍ਰੀ ਮੁਕਤਸਰ ਸਾਹਿਬ ਦੇ ਬਲੈਕ ਸਪੋਟ ਏਰੀਏ 'ਚ ਰੇਡੀਅਮ ਟੇਪਾਂ ਲਗਾ ਰਹੀ ਹੈ, ਜੋ ਧੁੰਦ ਤੇ ਰਾਤ ਦੇ ਸਮੇਂ ਸੜਕੀ ਹਾਦਸਿਆਂ ਨੂੰ ਘਟਾਇਆ ਜਾ ਸਕੇ। ਉਨ੍ਹਾ ਕਿਹਾ ਕਿ ਸੰਸਥਾ ਵੱਲੋਂ ਸੜਕੀ ਹਾਦਸਿਆਂ ਨੂੰ ਰੋਕਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।

## ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਦਾ ਅੰਤਰ ਕਾਲਜ ਵੇਟ ਲਿਫਟਿੰਗ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕਰਵਾਏ ਗਏ ਅੰਤਰ ਕਾਲਜ ਵੇਟ ਲਿਫਟਿੰਗ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਮਾਤਾ ਗੁਜਰੀ ਕਾਲਜ ਦੇ 10 ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ, ਜਿਨ੍ਹਾਂ ਵਿੱਚ ਬੀ.ਏ. ਭਾਗ-ਪਹਿਲਾ ਦੇ ਅਨਮੋਲ ਕੁਮਾਰ, ਬੀ.ਏ. ਭਾਗ-ਪਹਿਲਾ ਦੇ ਆਜ਼ਾਦ ਦਿਵਾਕਰ, ਬੀ. ਕਾਮ ਆਨਰਜ਼ ਭਾਗ ਤੀਸਰਾ ਦੇ ਅਭਿਸ਼ੇਕ, ਬੀ.ਏ. ਆਨਰਜ਼ ਭਾਗ-ਪਹਿਲਾ ਦੇ ਰਣਵੀਰ ਸਿੰਘ, ਬੀ.ਏ. ਭਾਗ-ਪਹਿਲਾ ਦੇ ਗਗਨਦੀਪ ਸਿੰਘ, ਬੀ.ਏ. ਭਾਗ-ਪਹਿਲਾ ਦੇ ਗੁਰਿੰਦਰ ਸਿੰਘ, ਬੀ.ਏ. ਭਾਗ-ਪਹਿਲਾ ਦੇ ਰਮਨਦੀਪ ਸਿੰਘ, ਬੀ.ਏ. ਭਾਗ-ਪਹਿਲਾ ਦੇ ਅਨਮੋਲਦੀਪ ਸਿੰਘ, ਬੀ. ਵਾਕ. ਭਾਗ-ਪਹਿਲਾ ਦੇ ਹੁਸਨਪ੍ਰੀਤ ਸਿੰਘ ਤੇ ਬੀ.ਏ. ਭਾਗ-ਤੀਸਰਾ ਦੇ ਮਨਕਰਨ ਸਿੰਘ ਸ਼ਾਮਲ ਸਨ। ਕਾਲਜ ਦੀ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਜਗਦੀਪ ਸਿੰਘ ਚੀਮਾ, ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਤੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਾਲਜ ਦੇ ਵਿਦਿਆਰਥੀਆਂ ਦੀਆਂ ਖੇਡ ਗਤੀਵਿਧੀਆਂ ਤੇ ਕਾਲਜ 'ਚ ਖੇਡਾਂ ਨੂੰ ਹੋਰ ਪ੍ਰਫੁੱਲਤ ਕਰਨ ਲਈ ਭਵਿੱਖੀ ਯੋਜਨਾਵਾਂ 'ਤੇ ਚਾਨਣਾ ਪਾਇਆ। ਇਸ ਮੌਕੇ ਕਾਲਜ ਦੇ ਡੀਨ ਸਪੋਰਟਸ ਡਾ. ਦਵਿੰਦਰ ਸਿੰਘ ਨੇ ਕਾਲਜ ਦੇ ਖੇਡ ਵਿਭਾਗ ਦੇ ਮੁਖੀ ਪ੍ਰੋ. ਹਰਜੀਤ ਕੌਰ ਦੁਆਰਾ ਵੇਟ ਲਿਫਟਿੰਗ ਟੀਮ ਦੀ ਤਿਆਰੀ ਕਰਵਾਉਣ ਲਈ ਸ਼ਲਾਘਾ ਕੀਤੀ। ਕਾਲਜ ਦੇ ਖੇਡ ਵਿਭਾਗ ਦੇ ਮੁਖੀ ਪ੍ਰੋ. ਹਰਜੀਤ ਕੌਰ ਤੇ ਕੋਚ ਸ੍ਰ. ਬਹਾਦਰ ਸਿੰਘ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੰਦਿਆਂ ਉਨ੍ਹਾਂ ਨੂੰ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## 60 ਸਾਲ ਤੋਂ ਉੱਪਰ ਦੇ ਬਜ਼ੁਰਗਾਂ ਨੂੰ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ ਸੇਵਾਵਾਂ : ਡੀ ਸੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੇ ਸਨਮਾਨ ਅਤੇ ਸੁਰੱਖਿਆ ਲਈ ਸੂਬੇ ਵਿਚ ਸ਼ੁਰੂ ਕੀਤੀ ਗਈ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ 17 ਨਵੰਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਡੀ. ਏ. ਵੀ ਕਾਲਜ, ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਚੰਡੀਗੜ੍ਹ ਰੋਡ, ਹੁਸ਼ਿਆਰਪੁਰ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਇਸ ਕੈਂਪ ਵਿਚ 60 ਸਾਲ ਅਤੇ ਇਸ ਤੋਂ ਉੱਪਰ ਦੇ ਬਜ਼ੁਰਗਾਂ (ਸੀਨੀਅਰ ਸਿਟੀਜ਼ਨਾਂ) ਦੀ ਸਿਹਤ ਸਬੰਧੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਕੰਨ, ਨੱਕ ਅਤੇ ਗਲ਼ੇ ਦੀ ਜਾਂਚ, ਅੱਖਾਂ ਦੀ ਜਾਂਚ, ਅੱਖਾਂ ਦੀ ਸਰਜਰੀ, ਦੰਦਾਂ ਦੀ ਜਾਂਚ ਕਰਨ ਤੋਂ ਇਲਾਵਾ ਹੱਡੀਆਂ ਦੇ ਮਾਹਿਰ, ਫਿਜ਼ਿਓਥੈਰੇਪਿਸਟ ਅਤੇ ਯੋਗਾ ਟ੍ਰੇਨਰ ਉਪਲਬੱਧ ਰਹਿਣਗੇ ਅਤੇ ਨਜ਼ਰ ਦੀਆਂ ਐਨਕਾਂ ਮੁਫ਼ਤ ਉਪਲਬੱਧ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਹੋਰ ਸੇਵਾਵਾਂ ਜਿਵੇਂ ਕਿ ਬੁਢਾਪਾ ਪੈਨਸ਼ਨ, ਯੂ. ਡੀ. ਆਈ. ਡੀ ਕਾਰਡ, ਸੀਨੀਅਰ ਸਿਟੀਜ਼ਨ ਕਾਰਡ, ਆਯੂਸ਼ਮਾਨ ਕਾਰਡ ਦੇ ਲਾਹ ਵੀ ਦਿੱਤੇ ਜਾਣਗੇ।

ਉਨ੍ਹਾਂ ਕਿਹਾ ਕਿ ਇਹ ਸਾਰੀਆਂ ਸੇਵਾਵਾਂ ਬਜ਼ੁਰਗਾਂ ਨੂੰ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹੇ ਦੇ ਬਜ਼ੁਰਗਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਹੈ।

## ਸ਼ਹੀਦੀ ਦਿਹਾੜੇ ਮੌਕੇ ਵਕੀਲ ਭਾਈਚਾਰੇ ਵੱਲੋਂ ਸ਼ਰਧਾਂਜਲੀ



**ਗੁਰੂ ਹਰਸਹਾਏ (ਦੀਪਕ ਵਧਾਵਨ)**-ਸਥਾਨਕ ਬਾਰ ਐਸੋਸੀਏਸ਼ਨ ਗੁਰੂ ਹਰਸਹਾਏ ਵਿਖੇ ਵਕੀਲ ਭਾਈਚਾਰੇ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਭੇਟ ਕੀਤੀ ਗਈ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਅਹੂਜਾ ਤੇ ਸਕੱਤਰ ਪਰਮਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਬਾਰ ਰੂਮ ਵਿਖੇ ਇਕ ਸੈਮੀਨਾਰ ਕੀਤਾ ਗਿਆ। ਇਸ ਮੌਕੇ ਬਾਰ ਦੇ ਮੈਂਬਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਫਲਸਫੇ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਚਰਨਜੀਤ ਸਿੰਘ ਛਾਂਗਾ ਰਾਏ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਆਜ਼ਾਦੀ ਸੰਗਰਾਮ 'ਚ ਪਾਇਆ ਯੋਗਦਾਨ ਵੱਡਮੁੱਲਾ ਹੈ। ਉਨ੍ਹਾ ਦੀਆਂ ਅਦੁੱਤੀ ਕੁਰਬਾਨੀਆਂ ਸਦਕਾ ਹੀ ਅਸੀਂ ਅਜ਼ਾਦ ਦੇਸ਼ ਦੇ ਨਾਗਰਿਕ ਹਾਂ। ਉਨ੍ਹਾ ਕਿਹਾ ਕਿ ਕਰਤਾਰ ਸਿੰਘ ਸਰਾਭਾ ਗਦਰ ਪਾਰਟੀ ਦੀ ਜ਼ਿੰਦ-ਜਾਨ ਸੀ। ਗਦਰ ਪਾਰਟੀ ਦੇ ਉਪਦੇਸ਼ ਪ੍ਰਚਾਰ ਲਈ ਉਨ੍ਹਾਂ ਗਦਰ ਦੀ ਗੂੰਜ ਅਖਬਾਰ ਪ੍ਰਕਾਸ਼ਤ ਕਰਨਾ ਸ਼ੁਰੂ ਕੀਤਾ, ਜਿਸ ਨੇ ਦੂਰ ਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਤੇ ਹਿੰਦੁਸਤਾਨੀਆਂ 'ਚ ਦੇਸ਼ ਭਗਤੀ ਦੀ ਨਵੀਂ ਰੂਹ ਫੂਕੀ। ਉਨ੍ਹਾ ਕਿਹਾ ਕਿ ਅੱਜ ਵੀ ਉਨ੍ਹਾਂ ਦੇ ਸੁਪਨੇ ਅਧੂਰੇ ਹਨ, ਜਿਨ੍ਹਾਂ ਨੂੰ ਪੂਰਾ ਕਰਨ ਲਈ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਕੰਦਰ ਸਿੰਘ, ਗੁਰਜੀਤ ਵਿਰਕ, ਹਰਸਰਨਜੀਤ ਰਾਏ, ਰਾਜਿੰਦਰ ਮੋਗਾ, ਰੌਜਤ ਮੋਗਾ, ਸੁਖਚੈਨ ਸਿੰਘ ਸੋਢੀ, ਸੁਨੀਲ ਕੁਮਾਰ ਮੰਦੀਵਾਲ, ਸੁਨੀਲ ਕੁਮਾਰ ਫਿਰੋਜ਼ਪੁਰ, ਜਗਮੀਤ ਸੰਧੂ, ਬੇਅੰਤ ਸੰਧੂ, ਗੁਰਪ੍ਰੀਤ ਖੋਸਾ, ਸੁਰਜੀਤ ਵਾਦੀਆਂ, ਹਰਮੇਸ਼ ਬੋਹੜੀਆਂ, ਸਚਿਨ ਸ਼ਰਮਾ, ਅਮਨ ਕੰਬੋਜ, ਬਲਕਾਰ ਸਿੰਘ, ਹਰੀਸ਼ ਢੀਂਗਰਾ, ਲਖਵੀਰ ਛਾਂਗਾ, ਰਵੀ ਮੋਗਾ, ਅਸ਼ੋਕ ਕੰਬੋਜ, ਜਤਿੰਦਰ ਪੁੱਗਲ, ਜਗਸੀਰ ਵਿਲਸਰਾ, ਜਸਵਿੰਦਰ ਵਿਲਸਰਾ, ਹਰਮੇਸ਼ ਕਛੂਰਾ, ਗੌਰਵ ਮੋਗਾ, ਅੰਕਿਤ ਪੁੱਗਲ, ਨੰਦਨ ਮੋਗਾ, ਰੋਹਿਤ ਭਠੇਜਾ, ਰਮਨ ਕੰਬੋਜ, ਕੀਰਤਨ ਸਿੰਘ, ਲਖਵਿੰਦਰ ਸਿੰਘ ਤੇ ਗੁਰਪ੍ਰੀਤ ਬਾਵਾ ਆਦਿ ਵਕੀਲ ਸਾਹਿਬਾਨ ਹਾਜ਼ਰ ਸਨ।

## ਜੈਨ ਸਕੂਲ ਨੇ ਪੋਸਟਰ ਮੇਕਿੰਗ ਮੁਕਾਬਲਾ ਜਿੱਤਿਆ



**ਜਗਰਾਓਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਦੇ ਡਾਇਰੈਕਟਰ ਮੈਡਮ ਸ਼ਸ਼ੀ ਜੈਨ ਨੇ ਦੱਸਿਆ ਕਿ ਪਿਛਲੀ ਦਿਨੀਂ ਸ਼੍ਰੀ ਰਾਮ ਕਾਲਜ ਡੱਲਾ ਵਿਖੇ ਕਰਵਾਏ ਗਏ ਅੰਤਰ-ਸਕੂਲ ਕਵਿਤਾ ਉੱਚਾਰਣ ਤੇ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਗਿਆਰਵੀਂ ਕਲਾਸ ਦੇ ਵਿਦਿਆਰਥੀ ਰਿਪਨਜੋਤ ਸਿੰਘ ਨੇ ਪੋਸਟਰ ਮੇਕਿੰਗ 'ਚ ਭਾਗ ਲੈ ਕੇ 13 ਸਕੂਲਾਂ ਨੂੰ ਪਛਾੜਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ। ਡਾਇਰੈਕਟਰ ਮੈਡਮ ਨੇ ਕਿਹਾ ਕਿ ਸਾਰੇ ਹੀ ਬੱਚਿਆਂ ਨੂੰ ਅਜਿਹੀਆਂ ਵਿੱਦਿਅਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਹਥਿਆਰਬੰਦ ਸੈਨਾ ਝੰਡਾ ਦਿਵਸ ਸੰਬੰਧੀ ਜਾਗਰੂਕਤਾ ਸਾਈਕਲ ਰੈਲੀ ਰਵਾਨਾ

## ਸਾਬਕਾ ਬ੍ਰਿਗੇਡੀਅਰ ਕੁਲਦੀਪ ਸਿੰਘ ਕਾਹਲੋਂ ਨੇ ਦਿਖਾਈ ਰੈਲੀ ਨੂੰ ਹਰੀ ਝੰਡੀ

**ਗੁਰਦਾਸਪੁਰ, (ਦਿਨੇਸ਼ ਕੁਮਾਰ, ਜਨਕ ਮਹਾਜਨ)**-ਹਥਿਆਰਬੰਦ ਸੈਨਾ ਝੰਡਾ ਦਿਵਸ ਨੂੰ ਸਮਰਪਿਤ ਜਾਗਰੂਕਤਾ ਸਾਈਕਲ ਰੈਲੀ ਨੂੰ ਅੱਜ ਗੁਰਦਾਸਪੁਰ ਤੋਂ ਰਵਾਨਾ ਕਰ ਦਿੱਤਾ ਗਿਆ। ਇਸ ਸਾਈਕਲ ਰੈਲੀ ਨੂੰ ਸਾਬਕਾ ਬ੍ਰਿਗੇਡੀਅਰ ਕੁਲਦੀਪ ਸਿੰਘ ਕਾਹਲੋਂ, ਸੈਨਾ ਮੈਡਲ, ਸਾਬਕਾ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਵਿਭਾਗ ਪੰਜਾਬ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਹੀਦ ਲੈਫਟੀਨੈਂਟ



ਨਵਦੀਪ ਸਿੰਘ (ਅਸ਼ੋਕ ਚੱਕਰਾ) ਦੇ ਪਿਤਾ ਕੈਪਟਨ ਜੋਗਿੰਦਰ ਸਿੰਘ, ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਤੇ ਹੋਰ ਅਧਿਕਾਰੀ ਤੇ ਸਾਬਕਾ ਸੈਨਿਕ ਵੀ ਮੌਜੂਦ ਸਨ। ਇਹ ਸਾਈਕਲ ਰੈਲੀ ਅੰਮ੍ਰਿਤਸਰ ਨੂੰ ਰਵਾਨਾ ਹੋਈ ਜਿਥੋਂ ਇਹ ਅਗਲੇ ਪੜਾਅ ਪੂਰੇ ਕਰਦੀ ਹੋਈ 07 ਦਸੰਬਰ ਨੂੰ ਝੰਡਾ ਦਿਵਸ ਮੌਕੇ ਵਾਪਸ ਰਾਜ ਭਵਨ, ਚੰਡੀਗੜ੍ਹ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਇਸ ਮੌਕੇ ਕੁਲਦੀਪ ਸਿੰਘ ਕਾਹਲੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਨੌਜਵਾਨ ਹਮੇਸ਼ਾ ਹੀ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਾਈਕਲ ਰੈਲੀ ਨੌਜਵਾਨਾਂ ਵਿੱਚ ਦੇਸ਼ ਭਗਤੀ ਪੈਦਾ ਕਰੇਗੀ ਅਤੇ ਉਨ੍ਹਾਂ ਨੂੰ ਸੁਰੱਖਿਆ ਸੈਨਾਵਾਂ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰੇਗੀ। ਕਮਾਂਡਰ ਬਲਜਿੰਦਰ ਵਿਰਕ (ਸੇਵਾ ਮੁਕਤ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਨੇ ਕਿਹਾ ਕਿ ਇਸ ਰੈਲੀ ਦਾ ਮੁੱਖ ਉਦੇਸ਼ ਲੋਕਾਂ ਵਿੱਚ ਦੇਸ਼ ਦੀ ਰਾਖੀ ਲਈ ਸੈਨਿਕਾਂ ਵੱਲੋਂ ਕੀਤੀਆਂ ਕੁਰਬਾਨੀਆਂ ਬਾਰੇ ਜਾਗਰੂਕਤਾ ਫੈਲਾਉਣਾ, ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਸਣੇ ਉਨ੍ਹਾਂ ਨੂੰ ਹਥਿਆਰਬੰਦ ਸੈਨਾ ਵਿੱਚ ਭਰਤੀ ਹੋਣ ਲਈ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਸੂਬਾ ਵਾਸੀਆਂ ਨੂੰ ਝੰਡਾ ਦਿਵਸ ਬਾਰੇ ਜਾਣਕਾਰੀ ਦੇਣਾ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਯੋਗਦਾਨ ਦੇਣ ਲਈ ਉਤਸ਼ਾਹਿਤ ਕਰਨਾ ਵੀ ਇਸ ਸਾਈਕਲ ਰੈਲੀ ਦਾ ਮਕਸਦ ਹੈ।

ਇਸ ਮੌਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ ਵੱਲੋਂ ਝੰਡਾ ਦਿਵਸ ਫੰਡ ਵਿਚੋਂ ਜ਼ਰੂਰਤਮੰਦ ਨਾਨ ਪੈਨਸ਼ਨਰਜ਼ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ 18 ਪਰਿਵਾਰਾਂ ਨੂੰ ਵੱਡੀ ਰਕਮ ਦੇ ਚੈੱਕ ਵੀ ਤਕਸੀਮ ਕੀਤੇ ਗਏ। ਇਸ ਮੌਕੇ ਸੁਦੇਸ਼ ਕੁਮਾਰ, ਸੁਪਰਡੈਂਟ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ, ਜਗਦੀਸ਼ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਮੇਜਰ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਸਕੱਤਰ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਰੁਪਿੰਦਰ ਸਿੰਘ, ਅਸ਼ਵਨੀ ਸਿੰਘ, ਦਲਬੀਰ ਸਿੰਘ, ਹਰਜਿੰਦਰ ਸਿੰਘ, ਪਰਮਜੀਤ ਸਿੰਘ, ਸੰਤੋਖ ਮਸੀਹ, ਸਮਾਜ ਸੇਵੀ ਕੁੰਵਰ ਰਵਿੰਦਰ ਵਿੱਕੀ ਅਤੇ ਦਫ਼ਤਰ ਦੇ ਸਟਾਫ ਮੈਂਬਰ ਵੀ ਹਾਜ਼ਰ ਸਨ।

# ਦੀਵਾਲੀ ਮਨੁੱਖ ਦੇ ਰੌਸ਼ਨ ਕਿਰਦਾਰ ਦੀ ਪ੍ਰਤੀਕ ਹੈ : ਸਾਧਵੀ ਪਰਮਜੀਤ ਭਾਰਤੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਤਰਨ ਤਾਰਨ ਆਸ਼ਰਮ 'ਚ ਦੀਵਾਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮੇਂ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ ਸਾਧਵੀ ਪਰਮਜੀਤ ਭਾਰਤੀ ਨੇ ਕਿਹਾ ਕਿ ਦੀਵਾਲੀ ਭਾਰਤੀਆਂ ਦਾ ਖਾਸ ਕਰਕੇ ਹਿੰਦੂਆਂ ਅਤੇ ਸਿੱਖਾਂ ਦਾ ਧਾਰਮਿਕ ਤਿਉਹਾਰ ਹੈ। ਇਸ ਦਿਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਗਵਾਲੀਅਰ ਦੇ ਕਿਲੇ ਤੋਂ 52 ਰਾਜਿਆਂ ਨੂੰ ਰਿਹਾਅ ਕਰਵਾ ਕੇ ਅੰਮ੍ਰਿਤਸਰ ਦੀ ਧਰਤੀ 'ਤੇ ਪਹੁੰਚੇ। ਉਨ੍ਹਾਂ ਦੇ ਆਉਣ ਦੀ ਖੁਸ਼ੀ ਵਿੱਚ ਨਗਰ ਵਾਸੀਆਂ ਨੇ ਘਿਓ ਦੇ ਦੀਵੇ ਬਾਲੇ। ਇਸੇ ਦਿਨ ਭਗਵਾਨ ਰਾਮ 14 ਸਾਲਾਂ ਦਾ ਬਨਵਾਸ ਕੱਟ ਕੇ ਅਯੁੱਧਿਆ ਵਾਪਸ ਆਏ ਸਨ। ਇਸ ਲਈ ਅਯੁੱਧਿਆ ਵਾਸੀਆਂ ਨੇ ਦੀਪਮਾਲਾ ਕੀਤੀ।

ਉਨ੍ਹਾਂ ਕਿਹਾ ਕਿ ਅੱਜਕਲ ਦੀਵਾਲੀ ਮੌਕੇ ਬੰਬ ਪਟਾਕਿਆਂ ਦਾ ਧੂੰਆਂ ਅਤੇ ਧਮਾਕੇਦਾਰ ਆਤੰਕ ਦਿਖਾਈ ਦਿੰਦਾ ਹੈ। ਇੰਝ ਲੱਗਦਾ ਹੈ ਕਿ ਕਲਯੁੱਗ ਵਿੱਚ ਤਾਂ ਦੀਵਾਲੀ ਨੇ ਹੀ ਕਲਯੁਗੀ ਰੂਪ ਧਾਰਨ ਕਰ ਲਿਆ ਹੈ। ਕਿੰਨੇ ਸਾਲਾਂ ਤੋਂ ਅਸੀਂ ਪ੍ਰੰਪਰਾ, ਨਿਯਮ ਅਤੇ ਵਿਧੀ ਵਿਧਾਨਾਂ ਅਨੁਸਾਰ ਦੀਵਾਲੀ ਮਨਾਉਂਦੇ ਆ ਰਹੇ ਹਾਂ। ਮਿੱਟੀ ਦੇ ਇਨ੍ਹਾਂ ਟਿਮ-ਟਿਮਾਉਂਦੇ ਦੀਵਿਆਂ ਨਾਲ ਜੀਵਨ ਦੀ ਕਾਲੀ ਰਾਤ ਦਾ ਹਨੇਰਾ ਖਤਮ ਨਹੀਂ ਹੋ ਸਕਦਾ। ਇੰਨੀਆਂ ਦੀਵਾਲੀਆਂ ਮਨਾਉਣ ਦੇ ਬਾਵਜੂਦ ਮਨ ਦੇ ਦੀਪਕ ਤਾਂ ਬੁਝੇ ਦੇ ਬੁਝੇ ਹੀ ਹਨ। ਜੇਕਰ ਅਸੀਂ ਜੀਵਨ ਨੂੰ ਸਫਲ ਬਣਾਉਣਾ ਹੈ ਤਾਂ ਸਾਨੂੰ ਅੰਤਾਕਰਨ ਨੂੰ ਪ੍ਰਕਾਸ਼ਤ ਕਰਨਾ ਹੀ ਪਵੇਗਾ ਅਤੇ ਇਹ ਸਭ ਪਰਮਾਤਮਾ ਦੇ ਪ੍ਰਕਾਸ਼ ਰੂਪ ਨੂੰ ਜਾਣ ਲੈਣ ਤੋਂ ਬਾਅਦ ਹੀ ਸੰਭਵ ਹੋ ਸਕਦਾ ਹੈ। ਇਸ ਮੌਕੇ ਸਾਧਵੀ ਨਾਯਨਾ ਭਾਰਤੀ, ਸਾਧਵੀ ਰਮਨਦੀਪ ਭਾਰਤੀ ਅਤੇ ਸਾਧਵੀ ਪੁਸ਼ਪਮਾਲਾ ਭਾਰਤੀ ਨੇ ਸੁੰਦਰ ਭਜਨਾਂ ਦਾ ਗਾਇਨ ਕੀਤਾ

# 25 ਨੂੰ ਫਰੀਦਕੋਟ ਰੈਲੀ 'ਚ ਮਜ਼ਦੂਰ ਵੱਡੀ ਗਿਣਤੀ 'ਚ ਕਰਨਗੇ ਸ਼ਮੂਲੀਅਤ : ਸੁਖਦੇਵ ਸਿੰਘ



**ਅੰਮ੍ਰਿਤਸਰ (ਨ ਜ਼ ਸ )**- ਪੰਜਾਬ ਖੇਤ ਮਜ਼ਦੂਰ ਸਭਾ ਦੀ ਅਹਿਮ ਮੀਟਿੰਗ ਕਾਮਰੇਡ ਕੁਲਵਿੰਦਰ ਸਿੰਘ ਪਿੰਡ ਚੰਬਾ ਖੁਰਦ ਦੀ ਪ੍ਰਧਾਨਗੀ ਹੇਠ ਪਿੰਡ ਸਰਹਾਲੀ ਕਲਾਂ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਕਿਹਾ ਕਿ 25 ਨਵੰਬਰ ਨੂੰ ਜ਼ਿਲ੍ਹਾ ਫਰੀਦਕੋਟ ਹੋਣ ਵਾਲੀ ਰੈਲੀ ਵਿੱਚ ਪਿੰਡਾਂ ਤੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਜ਼ਿਲ੍ਹਾ ਤਰਨ ਤਾਰਨ ਵਿੱਚੋਂ ਮਜ਼ਦੂਰ ਸਾਥੀ ਬਹੁਤ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਚੋਣਾਂ ਵੇਲੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸੀ ਜਿਵੇਂ ਘਰ ਦੇ ਇੱਕ ਪਰਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ, ਬੁਢਾਪਾ ਅਤੇ ਵਿਧਵਾ ਪੈਨਸ਼ਨ 2500 ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇਗੀ, ਔਰਤਾਂ ਦੇ ਖਾਤੇ ਵਿੱਚ 1000-1000 ਰੁਪਏ ਪਾਉਣ ਦਾ ਜੋ ਵਾਅਦਾ ਕੀਤਾ ਸੀ ਉਹ ਵੀ ਨਹੀਂ ਆਏ। ਉਨ੍ਹਾਂ ਦੇ ਕੀਤੇ ਇਹ ਸਭ ਵਾਅਦੇ ਖੋਖਲੇ ਸਾਬਤ ਹੋਏ ਹਨ। ਪਿੰਡਾਂ ਦੇ ਮਜ਼ਦੂਰਾਂ ਦੇ ਰਾਸ਼ਨ ਕਾਰਡ ਜੋ ਬਿਨਾਂ ਜਾਂਚ ਪੜਤਾਲ ਤੋਂ ਕੱਟੇ ਗਏ ਹਨ, ਇਸ ਦਾ ਵੀ ਸਰਕਾਰ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਖਮਿਆਜ਼ਾ ਭੁਗਤਣਾ ਪਵੇਗਾ। 8 ਤੋਂ 12 ਘੰਟੇ ਕੰਮ ਦਿਹਾੜੀ ਕਿਰਤੀਆਂ ਦੇ ਹੱਕਾਂ ਉੱਤੇ ਡਾਕਾ ਹੈ। ਉਸ ਨੂੰ ਰੱਦ ਕਰਵਾਉਣ ਲਈ ਕਿਰਤੀ ਲੋਕਾਂ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਕਿਰਤੀ ਲੋਕਾਂ ਨੂੰ ਅਪੀਲ ਕੀਤੀ ਕੇ 25 ਨਵੰਬਰ ਨੂੰ ਜ਼ਿਲ੍ਹਾ ਫਰੀਦਕੋਟ ਹੋਣ ਵਾਲੀ ਰੈਲੀ ਵਿੱਚ ਪੁੱਜ ਕੇ ਆਪਣੀ ਤਾਕਤ ਦਾ ਪੱਖ ਰੱਖਿਆ ਜਾਵੇ। ਇਸ ਸਮੇਂ ਆਗੂ ਪੂਜਾ ਗਿੱਲ ਚੰਬਾ ਖੁਰਦ, ਸੁਖਵਿੰਦਰ ਕੌਰ ਚੰਬਾ ਖੁਰਦ, ਜਗਰੂਪ ਸਿੰਘ ਚੰਬਾ ਖੁਰਦ, ਬਲਜਿੰਦਰ ਕੌਰ ਸਰਹਾਲੀ ਕਲਾਂ, ਗੌਰਵਜੀਤ ਸਿੰਘ ਸਰਹਾਲੀ ਕਲਾਂ, ਬਲਵਿੰਦਰ ਸਿੰਘ, ਸੁਖਚੈਨ ਸਿੰਘ, ਅਰਸ਼ਦੀਪ ਸਿੰਘ, ਪ੍ਰਗਟ ਸਿੰਘ, ਸਤਿਨਾਮ ਸਿੰਘ ਕਿਰਤੋਵਾਲ ਆਦਿ ਹਾਜ਼ਰ ਸਨ।

## 24 ਨੂੰ ਬੀ.ਐੱਲ.ਓਜ਼. ਡੋਰ-ਟੂ-ਡੋਰ ਜਾ ਕੇ ਵੋਟਾਂ ਬਣਾਉਣਗੇ



**ਗੁਰਦਾਸਪੁਰ, (ਜਨਕ ਮਹਾਜਨ)** - ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਵਲੋਂ ਪ੍ਰਾਪਤ ਹੋਏ ਸ਼ਡਿਊਲ ਅਨੁਸਾਰ ਯੋਗਤਾ 1 ਜਨਵਰੀ ਦੇ ਅਧਾਰ 'ਤੇ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਸੁਧਾਈ ਦਾ ਕੰਮ ਮਿਤੀ 27 ਅਕਤੂਬਰ ਤੋਂ ਸ਼ੁਰੂ ਹੋ ਗਿਆ ਹੈ ਜੋ 9 ਦਸੰਬਰ ਤੱਕ ਚੱਲੇਗਾ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਸੁਧਾਈ ਤਹਿਤ ਨਵੀਆਂ ਵੋਟਾਂ ਬਣਾਉਣ ਲਈ ਦਾਅਵੇ/ਇਤਰਾਜ਼ ਫਾਰਮ ਨੰਬਰ-6, ਵੋਟ ਕਟਵਾਉਣ ਲਈ ਫਾਰਮ ਨੰਬਰ-7, ਵੇਰਵਿਆਂ ਦੀ ਸੋਧ ਕਰਵਾਉਣ/ਰਿਹਾਇਸ਼ ਦੀ ਤਬਦੀਲੀ ਲਈ ਫਾਰਮ ਨੰਬਰ-8, ਬੂਥ ਲੈਵਲ ਅਫ਼ਸਰਾਂ, ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ, ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪ੍ਰਾਪਤ ਕੀਤੇ ਜਾ ਰਹੇ ਹਨ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ 24 ਨਵੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ ਉੱਪਰ ਬੀ.ਐੱਲ.ਓਜ਼. ਆਪਣੇ ਅਧਿਕਾਰ ਖੇਤਰ ਵਿੱਚ ਡੋਰ-ਟੂ-ਡੋਰ ਜਾ ਕੇ 18-19 ਸਾਲ ਉਮਰ ਦੇ ਨੌਜਵਾਨਾਂ ਦੀਆਂ ਵੋਟਾਂ ਬਣਾਉਣਗੇ। ਉਨ੍ਹਾਂ ਦੱਸਿਆ ਕਿ ਸਮੂਹ ਬੀ.ਐੱਲ.ਓਜ਼ ਵੱਲੋਂ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ । ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਵੋਟ ਜ਼ਰੂਰ ਬਣਵਾਉਣ।

## ਨਾਬਾਲਗ ਨੂੰ ਵਰਗਲਾਉਣ ਦਾ ਦੋਸ਼

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਦੀਨਾਨਗਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਪਿੰਡ ਰਊਵਾਲ ਭੱਠੇ 'ਤੇ ਕੰਮ ਕਰਦੇ ਇਕ ਮਜ਼ਦੂਰ ਨੇ ਦੱਸਿਆ ਕਿ ਉਸ ਦੀ ਨਾਬਾਲਗ ਲੜਕੀ ਮਿਤੀ 12 ਨਵੰਬਰ ਨੂੰ ਦੇਰ ਸ਼ਾਮ ਨਲਕੇ 'ਤੇ ਪਾਣੀ ਲੈਣ ਲਈ ਤਾਂ ਵਾਪਸ ਨਹੀਂ ਆਈ। ਉਸ ਨੇ ਸ਼ੱਕ ਜ਼ਾਹਰ ਕੀਤਾ ਹੈ ਕਿ ਉਸ ਦੀ ਲੜਕੀ ਨੂੰ ਵਿੱਕੀ ਪੁੱਤਰ ਪੂਰਨ ਮੱਲ ਵਾਸੀ ਭੱਠਾ ਕੇਸੀ ਭਊ ਪਰਮਾਨੰਦ ਵਰਗਲਾ ਕੇ ਲੈ ਗਿਆ ਹੈ। ਥਾਣਾ ਦੀਨਾਨਗਰ ਪੁਲਸ ਨੇ ਦੋਸ਼ੀ ਖ਼ਿਲਾਫ਼ ਧਾਰਾ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਕਸਬੇ ਦੇ ਲੋਕ ਮੇਰਾ ਪਰਵਾਰ : ਚੇਅਰਮੈਨ ਰਮਨ ਕੁਮਾਰ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਦੀਵਾਲੀ ਦਾ ਤਿਉਹਾਰ ਇੱਕ ਅਹਿਮ ਤਿਉਹਾਰ ਹੈ। ਜੋ ਸਾਂਝੀਆਂ ਜਗ੍ਹਾ ਹੁੰਦੀਆਂ ਹਨ ਉਨ੍ਹਾਂ ਨੂੰ ਵੀ ਸਾਫ ਸਫਾਈਆਂ ਦੀ ਲੋੜ ਹੁੰਦੀ ਹੈ ਤੇ ਸਾਂਝੀਆਂ ਜਗ੍ਹਾ ਵੱਲ ਕੋਈ ਕੋਈ ਕਰਮਾਂ ਵਾਲਾ ਵਿਅਕਤੀ ਹੀ ਧਿਆਨ ਦਿੰਦਾ ਹੈ। ਇਸ ਤਰ੍ਹਾਂ ਕਸਬਾ ਝਬਾਲ ਦੇ ਗੁਰਦਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਨਜ਼ਦੀਕ ਬਣੇ ਜੰਜਘਰ ਵਿਖੇ ਬੜੇ ਲੰਬੇ ਸਮੇਂ ਤੋਂ ਪਏ ਕੂੜੇ ਕਰਕਟ ਨੂੰ ਲੈਂਡਮਾਰਕ ਬੈਂਕ ਦੇ ਚੈਅਰਮੈਨ ਰਮਨ ਕੁਮਾਰ (ਝਬਾਲ) ਨੇ ਚੁੱਕ ਕੇ ਜੰਜਘਰ ਦੀ ਸਫਾਈ ਕਰਵਾਈ ਅਤੇ ਉਸ ਨੂੰ ਰੰਗ ਰੋਗਨ ਕਰਵਾਇਆ। ਆਪਣੇ ਪਿੰਡ ਝਬਾਲ ਦੇ ਗਰੀਬ ਲੋਕਾਂ ਨਾਲ ਦੀਵਾਲੀ ਦਾ ਪਵਿੱਤਰ ਤਿਉਹਾਰ ਮਨਾਇਆ ਤੇ ਸਾਰਿਆਂ ਨੂੰ ਗਿਫਟ ਤੇ ਮਠਿਆਈਆਂ ਦੇ ਵੱਖ ਵੱਖ ਡੱਬੇ ਵੰਡੇ ਤੇ ਖੁਸ਼ੀਆਂ ਮਨਾਈਆਂ ਤੇ ਸਰਬੱਤ ਦੇ ਭਲੇ ਲਈ ਕਾਮਨਾ ਕੀਤੀ। ਚੇਅਰਮੈਨ ਰਮਨ ਕੁਮਾਰ ਨੇ ਦੱਸਿਆ ਕਿ ਕਸਬਾ ਝਬਾਲ 'ਚ ਅਸੀਂ ਆਪਣੇ ਪਰਵਾਰ ਦੀ ਤਰ੍ਹਾਂ ਰਲ ਮਿਲ ਕੇ ਇਹ ਸਭ ਦਾ ਸਾਂਝਾ ਤਿਉਹਾਰ ਮਨਾ ਰਹੇ ਹਾਂ। ਇਸ ਮੌਕੇ ਚੇਅਰਮੈਨ ਰਮਨ ਕੁਮਾਰ ਤੋਂ ਇਲਾਵਾ ਉਨ੍ਹਾ ਦੇ ਬੇਟੇ ਨਕੁਲ ਕੁਰਪਾਲ, ਹੋਰ ਵੀ ਬਹੁਤ ਸਾਰੇ ਲੋਕ ਹਾਜ਼ਰ ਸਨ।

## ਮੋਟੋਰੋਲਾ ਨੇ ਆਪਣੇ ਸਮਾਰਟ ਫੋਨਾਂ 'ਤੇ ਭਾਰੀ ਛੋਟਾਂ ਦੀ ਕੀਤੀ ਪੇਸ਼ਕਸ਼

**ਅੰਮ੍ਰਿਤਸਰ** : ਭਾਰਤ ਦੇ ਸਭ ਤੋਂ ਵਧੀਆ 5 ਜੀ ਸਮਾਰਟ ਫੋਨ ਬ੍ਰਾਂਡ, ਮੋਟੋਰੋਲਾ ਨੇ ਫਲਿੱਪਕਾਰਟ ਬਿਗ ਦੀਵਾਲੀ ਸੇਲ ਤੋਂ ਪਹਿਲਾਂ ਭਾਰੀ ਛੋਟ ਵਾਲੀਆਂ ਕੀਮਤਾਂ 'ਤੇ ਸਮਾਰਟਫੋਨ ਖਰੀਦਣ ਦੇ ਆਪਣੇ ਆਖਰੀ ਮੌਕੇ ਦਾ ਐਲਾਨ ਕਰ ਦਿੱਤਾ ਹੈ। 1 ਨਵੰਬਰ ਤੋਂ, ਫਲਿੱਪਕਾਰਟ ਪਲੱਸ ਦੇ ਮੈਂਬਰਾਂ ਨੂੰ ਹੁਣ ਮੋਟੋਰੋਲਾ ਏਜ਼, ਮੋਟੋ ਜੀ, ਅਤੇ ਮੋਟੋ ਈ ਸੀਰੀਜ਼ ਦੇ ਜ਼ਿਆਦਾਤਰ ਸਮਾਰਟ ਫੋਨਾਂ ਨੂੰ ਬਿਗ ਦੀਵਾਲੀ ਸੇਲ ਦੀਆਂ ਬਹੁਤ ਹੀ ਆਕਰਸ਼ਕ ਕੀਮਤਾਂ 'ਤੇ ਖਰੀਦਣ ਦੀ ਪਹਿਲੀ ਪਹੁੰਚ ਪ੍ਰਾਪਤ ਹੈ। ਆਈਪੀ 68 ਰੇਟਿੰਗ ਵਾਲਾ ਦੁਨੀਆ ਦਾ ਸਭ ਤੋਂ ਪਤਲਾ 5 ਜੀ ਸਮਾਰਟ ਫੋਨ, ਮੋਟੋਰੋਲਾ ਏਜ਼ 40, ਰੁ. 26,999 ਦੀ ਸ਼ਾਨਦਾਰ ਕੀਮਤ 'ਤੇ ਉਪਲਬਧ ਹੈ। ਮੋਟੋਰੋਲਾ ਦੇ 5ਜੀ ਪੋਰਟਫੋਲੀਓ ਨੂੰ ਹੋਰ ਵੀ ਮਜ਼ਬੂਤ ਕਰਦੇ ਹੋਏ ਮੋਟੋ ਜੀ54 5ਜੀ, ਭਾਰਤ ਦਾ ਸਭ ਤੋਂ ਸ਼ਕਤੀਸ਼ਾਲੀ 5 ਜੀ ਸਮਾਰਟ ਫੋਨ ਦੇ ਗਾਹਕਾਂ ਨੂੰ 8+128 ਜੀਬੀ ਅਤੇ 12+256 ਜੀਬੀ ਵੇਰੀਐਂਟਸ ਲਈ ਕ੍ਰਮਵਾਰ ਸਿਰਫ ਰੁ. 13,999 ਅਤੇ ਰੁ. 15,999 ਵਿੱਚ 20 ਹਜ਼ਾਰ ਤੋਂ ਘੱਟ ਦੇ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਦਾ ਅਨੁਭਵ ਕਰਨ ਦੇ ਯੋਗ ਬਣਾਉਂਦਾ ਹੈ।

## ਕੈਬਨਿਟ ਮੰਤਰੀ ਨੇ ਖੇਡਾਂ ਪ੍ਰਤੀ ਕੀਤਾ ਜਾਗਰੂਕ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )**-ਕ੍ਰਿਕਟ ਵਰਲਡ ਕੱਪ 2023 ਦਾ ਭਾਰਤ ਬਨਾਮ ਨਿਊਜ਼ੀਲੈਂਡ ਦਾ ਪਹਿਲਾ ਸੈਮੀਫਾਈਨਲ ਮੈਚ ਜੰਡਿਆਲਾ ਗੁਰੂ ਦੇ ਦੁਸਹਿਰਾ ਗਰਾਊਂਡ ਵਿਖੇ ਕੈਬਿਨਟ ਮੰਤਰੀ ਹਰਭਜਨ ਸਿੰਘ ਨੇ ਸ਼ਹਿਰ ਵਾਸੀਆਂ ਨਾਲ ਦੇਖਿਆ। ਇਸ ਪ੍ਰੋਗਰਾਮ ਦਾ ਆਯੋਜਨ ਉਨ੍ਹਾਂ ਵੱਲੋਂ ਖੁਦ ਕਰਕੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਉਪਰਾਲਾ ਕੀਤਾ। ਈ ਟੀ ਓ ਨੇ ਦੱਸਿਆ ਕਿ ਵਿਸ਼ਵ ਕੱਪ ਵਿੱਚ ਨਿਊਜ਼ੀਲੈਂਡ ਨੇ ਭਾਰਤ ਨਾਲ 9 ਮੈਚ ਖੇਡੇ ਹਨ ਜਿਸ ਵਿੱਚ ਭਾਰਤ ਨੇ 4 ਵਾਰ ਅਤੇ ਨਿਊਜ਼ੀਲੈਂਡ ਨੇ 5 ਵਾਰ ਜਿੱਤ ਦਰਜ ਕੀਤੀ ਹੈ। ਉਨ੍ਹਾਂ ਨੂੰ ਆਸ ਹੈ ਕਿ ਇਸ ਵਾਰ ਵੀ ਭਾਰਤ ਹੀ ਜਿੱਤੇਗਾ। ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਕਿ ਖੇਡਾਂ ਨਾਲ ਹੀ ਸਾਡੇ ਮਾਨਸਿਕ ਪੱਧਰ ਦੇ ਨਾਲ ਨਾਲ ਸਰੀਰਕ ਪੱਧਰ ਦਾ ਵੀ ਵਿਕਾਸ ਹੁੰਦਾ ਹੈ। ਇਸ ਮੌਕੇ 'ਆਪ' ਆਗੂ ਸਰਬਜੀਤ ਸਿੰਘ ਡਿੰਪੀ, ਨਰੇਸ਼ ਪਾਠਕ, ਮਾਰਕਿਟ ਕਮੇਟੀ ਚੇਅਰਮੈਨ ਦੀਪ ਮੰਡੀ ਸੂਬੇਦਾਰ ਚਣਖ ਸਿੰਘ, ਸਤਿੰਦਰਾ ਸਿੰਘ, ਸੁਖਵਿੰਦਰ ਸਿੰਘ, ਡੀ.ਐਸ.ਪੀ ਸੁੱਚਾ ਸਿੰਘ, ਸੁਨੈਨਾ ਰੰਧਾਵਾ, ਸੰਤੋਖ ਸਿੰਘ ਤੇ ਹੋਰ ਹਾਜ਼ਰ ਸਨ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਗੁਰਦਾਸਪੁਰ ਸ਼ਹਿਰ 'ਚ ਖੋਲ੍ਹੀ ਜਾਵੇਗੀ ਲੈਬਾਰਟਰੀ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਗੁਰਦਾਸਪੁਰ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕੀਤੇ ਜਾਣ ਵਾਲੇ ਲੋਕ ਭਲਾਈ ਕੰਮਾਂ ਦਾ ਰੀਵਿਊ ਕੀਤਾ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਸਰਬੱਤ ਦਾ ਭਲਾ ਟਰੱਸਟ ਨਾਲ ਮਿਲ ਕੇ ਜਲਦ ਹੀ ਗੁਰਦਾਸਪੁਰ ਸ਼ਹਿਰ ਵਿੱਚ ਇੱਕ ਲੈਬਾਰਟਰੀ ਸ਼ੁਰੂ ਕੀਤੀ ਜਾਵੇਗੀ ਜਿਥੇ ਬਜ਼ਾਰ ਤੋਂ ਸਸਤੇ ਰੇਟਾਂ 'ਤੇ ਟੈਸਟ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੈਬਾਰਟਰੀ ਨੂੰ ਸ਼ੁਰੂ ਕਰਨ ਲਈ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ। ਮੀਟਿੰਗ ਦੌਰਾਨ ਇਹ ਵੀ ਫੈਸਲਾ ਲਿਆ ਗਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਗਰੀਬ, ਭੁੱਖੇ ਅਤੇ ਜ਼ਰੂਰਤਮੰਦ ਲੋਕਾਂ ਨੂੰ ਮੁਫ਼ਤ ਖਾਣਾ ਵੰਡਣ ਲਈ ਫੂਡ ਮੋਬਾਇਲ ਵੈਨ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹੋਟਲ, ਰੈਸਟੋਰੈਂਟ, ਮੈਰੇਜ ਪੈਲੇਸ ਜਿਥੇ ਖਾਣਾ ਵੱਧ ਜਾਵੇਗਾ ਉਹ ਵਧਿਆ ਹੋਇਆ ਤਾਜ਼ਾ ਖਾਣਾ ਰੈੱਡ ਕਰਾਸ ਨੂੰ ਦੇ ਦੇਣਗੇ ਜੋ ਅੱਗੇ ਲੋੜਵੰਦ ਲੋਕਾਂ ਤੱਕ ਵੰਡਿਆ ਜਾਵੇਗਾ। ਇਸ ਮੌਕੇ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਆਬਾਦ ਸੰਜੀਵਨੀ ਪ੍ਰੋਗਰਾਮ ਤਹਿਤ ਸਰਹੱਦੀ ਪਿੰਡਾਂ ਵਿੱਚ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਹਜ਼ਾਰਾਂ ਲੋਕ ਲਾਭ ਲੈ ਚੁੱਕੇ ਹਨ। ਉਨ੍ਹਾਂ ਕਿਹਾ ਕਿ ਏਨ੍ਹਾਂ ਮੁਫ਼ਤ ਮੈਡੀਕਲ ਕੈਂਪਾਂ ਦਾ ਘੇਰਾ ਹੋਰ ਵਧਾਇਆ ਜਾਵੇਗਾ। ਮੀਟਿੰਗ ਦੌਰਾਨ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿਲਜ਼ ਸੈਂਟਰ ਨੂੰ ਵੀ ਜਲਦ ਸ਼ੁਰੂ ਕਰਨ ਲਈ ਵਿਚਾਰ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਰੈੱਡ ਕਰਾਸ ਸੁਸਾਇਟੀ ਵੱਲੋਂ ਮਨੁੱਖਤਾ ਦੀ ਭਲਾਈ ਦੇ ਕਾਰਜ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਐੱਸਡੀਐੱਮ ਗੁਰਦਾਸਪੁਰ ਅਮਨਦੀਪ ਕੌਰ, ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਰਾਜੀਵ ਸਿੰਘ, ਮੈਂਬਰ ਮੋਹਿਤ ਮਹਾਜਨ, ਸੰਜੀਵ ਸਰਪਾਲ, ਓਮ ਪ੍ਰਕਾਸ਼ ਸ਼ਰਮਾ, ਇੰਦਰਜੀਤ ਸਿੰਘ ਬਾਜਵਾ, ਦਰਸ਼ਨ ਮਹਾਜਨ, ਪ੍ਰਭਜਿੰਦਰਾ ਅਨੰਦ, ਮੁੱਖ ਖੇਤੀਬਾੜੀ ਅਫ਼ਸਰ ਡਾ. ਕ੍ਰਿਪਾਲ ਸਿੰਘ ਢਿੱਲੋਂ ਤੋਂ ਇਲਾਵਾ ਹੋਰ ਵੀ ਅਧਿਕਾਰੀ ਹਾਜ਼ਰ ਸਨ।

# ਪਰਾਲੀ ਸਾੜਨ 'ਚ ਕਿਸਾਨ ਹੀ ਨਹੀਂ, ਸਰਕਾਰਾਂ ਵੀ ਜ਼ਿੰਮੇਵਾਰ : ਡਾ. ਸਤਨਾਮ ਸਿੰਘ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)** - ਸਰਕਾਰ ਵਲੋਂ ਪ੍ਰਦੂਸ਼ਣ ਰੋਕਣ ਨੂੰ ਲੈ ਕੇ ਭਾਵੇਂ ਹਰ ਸਾਲ ਪਰਾਲੀ ਤੇ ਫ਼ਸਲ ਦੀ ਹੋਰ ਰਹਿੰਦ ਖੂੰਹਦ ਨਾ ਸਾੜਨ ਸਖਤ ਨਿਰਦੇਸ਼ ਦਿੱਤੇ ਜਾਂਦੇ ਹਨ, ਪਰ ਇਸ ਦੀਆਂ ਜ਼ੁੰਮੇਵਾਰ ਕਿਤੇ ਨਾ ਕਿਤੇ ਸਮੇਂ ਸਮੇਂ ਦੀਆਂ ਸਰਕਾਰਾਂ ਵੀ ਹਨ, ਕਿਉਂਕਿ 1666-67 ਤੋਂ ਪਹਿਲਾਂ ਝੋਨੇ ਦੀ ਫ਼ਸਲ ਪੰਜਾਬ 'ਚ ਹੁੰਦੀ ਹੀ ਨਹੀਂ ਸੀ, ਜਿਸ ਤੋਂ ਬਾਅਦ ਕੇਂਦਰ ਸਰਕਾਰ ਨੇ ਪੰਜਾਬ ਦੇ ਮਿਹਨਤੀ ਕਿਸਾਨਾਂ ਦਾ ਖੇਤੀ ਪ੍ਰਤੀ ਉਤਸ਼ਾਹ ਦੇਖ ਕੇ ਉਨ੍ਹਾਂ ਨੂੰ ਚੌਲਾਂ ਦੀ ਖੇਤੀ ਕਰਨ ਲਈ ਪ੍ਰੇਰਿਤ ਕੀਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਘੇ ਖੇਤੀ ਮਾਹਰ ਤੇ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਪੱਤਰਕਾਰਾਂ ਨਾਲ ਕੀਤਾ। ਉਨ੍ਹਾ ਕਿਹਾ ਕਿ ਪੰਜਾਬ 'ਚ ਛੋਟੇ ਕਿਸਾਨ ਕੋਲ 5 ਏਕੜ ਤੋਂ ਘੱਟ ਜ਼ਮੀਨ ਹੋਣ ਕਰਕੇ ਖੇਤੀ ਲਈ ਵੱਡੇ ਸੰਦ ਖਰੀਦਣਾ ਉਸ ਦੀ ਪਹੁੰਚ ਤੋਂ ਬਾਹਰ ਹਨ। ਜਦੋਂ ਕਿ ਸਰਕਾਰੀ ਸੁਸਾਇਟੀ ਤੇ ਸਰਕਾਰ ਵਲੋਂ ਦਿੱਤੇ ਜਾਂਦੇ ਸੰਦਾਂ ਦਾ ਲਾਭ ਵੀ ਛੋਟੇ ਕਿਸਾਨ ਨੂੰ ਮਿਲਣ ਦੀ ਬਜਾਏ ਵੱਡੇ ਕਿਸਾਨ ਹੀ ਲੈ ਲੈਂਦੇ ਹਨ। ਇਸ ਲਈ ਛੋਟਾ ਕਿਸਾਨ ਮਜਬੂਰ ਹੋ ਕੇ ਪਰਾਲੀ ਸਾੜ ਰਿਹਾ ਹੈ। ਅਜਿਹੇ ਹਲਾਤ 'ਚ ਸਰਕਾਰ ਨੂੰ ਛੋਟੇ ਕਿਸਾਨਾਂ ਦੀ ਵੱਧ ਤੋਂ ਵੱਧ ਮਾਲੀ ਸਹਾਇਤਾ ਕਰਨੀ ਚਾਹੀਦੀ ਹੈ, ਤਾਂ ਜੋ ਉਹ ਵੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਇਸ ਦੀ ਸਹੀ ਢੰਗ ਨਾਲ ਸਾਂਭ ਸੰਭਾਲ ਕਰ ਸਕੇ। ਉਨ੍ਹਾ ਕਿਹਾ ਕਿ ਜੇਕਰ ਗੱਲ ਦਿੱਲੀ ਦੇ ਪ੍ਰਦੂਸ਼ਣ ਦੀ ਕੀਤੀ ਜਾਵੇ ਤਾਂ ਉਥੇ ਸਭ ਤੋਂ ਵੱਧ ਪ੍ਰਦੂਸ਼ਣ ਇੰਡਸਟਰੀ, ਆਟੋ ਰਿਕਸ਼ਾ ਤੇ ਹੋਰ ਸੜਕੀ ਵਾਹਨਾਂ ਦਾ ਹੈ ਪਰ ਬਦਨਾਮ ਪੰਜਾਬ ਨੂੰ ਕੀਤਾ ਜਾ ਰਿਹਾ ਹੈ ਜੋ ਕਿ ਸਰਾਸਰ ਗ਼ਲਤ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਸਰਕਾਰ ਨੂੰ ਗਰੀਬ ਕਿਸਾਨਾਂ ਨੂੰ ਘੱਟੋ ਘੱਟ 5000 ਰੁਪਏ ਪ੍ਰਤੀ ਏਕੜ ਮਾਲੀ ਸਹਾਇਤਾ ਦੇਣੀ ਚਾਹੀਦੀ ਹੈ ਤਾਂ ਜੋ ਕਿਸਾਨ ਪਰਾਲੀ ਦੀ ਸਹੀ ਢੰਗ ਨਾਲ ਸੰਭਾਲ ਕਰ ਸਕੇ ।

# ਨਗਰ ਨਿਗਮ ਬਟਾਲਾ ਵੱਲੋਂ ਕੂੜੇ ਦੇ ਢੇਰਾਂ ਨੂੰ ਚੁਕਵਾਉਣ 'ਚ ਤੇਜ਼ੀ



**ਬਟਾਲਾ (ਤਰਲੋਕ ਬੱਗਾ)**- ਨਗਰ ਨਿਗਮ ਬਟਾਲਾ ਵਲੋਂ ਸ਼ਹਿਰ ਦੇ ਵੱਖ ਵੱਖ ਥਾਵਾਂ ਤੋਂ ਕੂੜੇ ਦੇ ਢੇਰ ਚੁਕਵਾਉਣ ਵਿੱਚ ਤੇਜ਼ੀ ਲਿਆਂਦੀ ਗਈ ਹੈ ਅਤੇ ਸੈਕਟਰ ਅਫਸਰਾਂ ਵਲੋਂ ਆਪਣੀ ਹਾਜ਼ਰੀ ਵਿੱਚ ਅੱਜ ਛੁੱਟੀ ਹੋਣ ਦੇ ਬਾਵਜੂਦ ਸਵੇਰ 7 ਵਜੇ ਤੋਂ ਸਫਾਈ ਅਭਿਆਨ ਚਲਾਇਆ ਗਿਆ। ਇਸ ਸਬੰਧੀ ਐਸ.ਡੀ.ਐਮ ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਡਾ. ਸ਼ਾਇਰੀ ਭੰਡਾਰੀ ਨੇ ਦੱਸਿਆ ਕਿ ਸ਼ਹਿਰ ਅੰਦਰ ਕੂੜੇ ਦੇ ਢੇਰਾਂ ਨੂੰ ਚੁਕਵਾਉਣ ਤੇ ਸਫਾਈ ਵਿਵਸਥਾ ਨੂੰ ਹੋਰ ਵਧੀਆ ਢੰਗ ਨਾਲ ਕਰਨ ਦੇ ਮੰਤਵ ਨਾਲ ਸ਼ਹਿਰ ਨੂੰ 9 ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਸੈਕਟਰ ਅਫਸਰਾਂ ਦੀ ਹਾਜ਼ਰੀ ਵਿੱਚ ਕੂੜੇ ਦੇ ਢੇਰਾਂ ਨੂੰ ਚੁਕਵਾਇਆ ਗਿਆ। ਉਨ੍ਹਾਂ ਅੱਜ ਛੁੱਟੀ ਹੋਣ ਦੇ ਬਾਵਜੂਦ ਸੈਕਟਰ ਅਫਸਰਾਂ, ਸਫਾਈ ਕਰਮਚਾਰੀਆਂ ਤੇ ਸਮੁੱਚੀ ਟੀਮ ਦੀ ਸਰਾਹਨਾ ਕਰਦਿਆਂ ਕਿਹਾ ਕਿ ਬਟਾਲਾ ਸ਼ਹਿਰ ਵਿੱਚ ਕੂੜੇ ਦੀ ਕਾਫੀ ਸਮੱਸਿਆ ਹੈ ਅਤੇ ਇਸ ਦੇ ਹੱਲ ਲਈ ਨਗਰ ਨਿਗਮ ਬਟਾਲਾ ਨਾਲ ਸ਼ਹਿਰ ਵਾਸੀਆਂ ਨੂੰ ਵੀ ਆਪਣੇ ਸ਼ਹਿਰ ਬਟਾਲਾ ਨੂੰ ਸਾਫ ਸੁਥਰਾ ਰੱਖਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਜਿਵੇਂ ਭੰਡਾਰੀ ਮੁਹੱਲੇ ਦੇ ਵਸਨੀਕਾਂ ਨੇ ਕੂੜੇ ਨੂੰ ਮੁੜ ਵਰਤੋਂ ਵਿੱਚ ਲਿਆਉਣ ਲਈ ਪਿੱਟਸ ਬਣਾਉਣ ਵਿੱਚ ਸਹਿਯੋਗ ਕੀਤਾ, ਇਸੇ ਤਰ੍ਹਾਂ ਬਾਕੀ ਲੋਕਾਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ। ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖੋ ਵੱਖਰਾ ਕਰਕੇ, ਗਿੱਲੇ ਕੂੜੇ ਤੋਂ ਖਾਦ ਤਿਆਰ ਕੀਤੀ ਜਾਂਦੀ ਹੈ। ਉਨ੍ਹਾ ਦੱਸਿਆ ਕਿ ਇਸ ਖਾਦ ਨੂੰ ਚੈੱਕ ਕਰਵਾਇਆ ਗਿਆ ਸੀ ਅਤੇ ਇਹ ਖਾਦ ਫਸਲਾਂ ਅਤੇ ਘਰੈਲੂ ਬਗੀਚੀ ਆਦਿ ਲਈ ਬਹੁਤ ਲਾਹੇਵੰਦ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਹਰ ਸੈਕਟਰ ਵਿੱਚ ਵਾਰਡ ਇੰਚਾਰਜ, ਸਟਰੀਟ ਲਾਈਟਾਂ ਅਤੇ ਗਲੀਆਂ ਸਬੰਧੀ ਸ਼ਿਕਾਇਤਾਂ ਲਈ, ਸਫਾਈ ਨਾਲ ਸਬੰਧਤ ਸ਼ਿਕਾਇਤਾਂ ਲਈ ਅਤੇ ਵਾਟਰ ਸਪਲਾਈ ਅਤੇ ਸੀਵਰੇਜ ਸਬੰਧੀ ਸ਼ਿਕਾਇਤਾਂ ਲਈ ਨਾਮ ਅਤੇ ਮੋਬਾਈਲ ਨੰਬਰ ਜਨਤਕ ਕੀਤੇ ਜਾਣਗੇ ਅਤੇ ਪੱਕੇ ਤੌਰ 'ਤੇ ਲਿਖਵਾਏ ਜਾ ਰਹੇ ਹਨ, ਤਾਂ ਜੋ ਲੋਕ ਇਨ੍ਹਾਂ ਨੰਬਰਾਂ 'ਤੇ ਸੰਪਰਕ ਕਰਕੇ ਸਾਫ ਸਫਾਈ ਆਦਿ ਬਾਰੇ ਆਪਣੀ ਮੁਸ਼ਕਿਲ ਹੱਲ ਕਰਵਾ ਸਕਣ। ਉਨ੍ਹਾ ਦੱਸਿਆ ਕਿ ਭੰਡਾਰੀ ਮੁਹੱਲੇ ਵਿੱਚ ਦਿਲਬਾਗ ਸਿੰਘ 6283157990 ਵਾਰਡ ਇੰਚਾਰਜ ਤਾਇਨਾਤ ਕੀਤੇ ਗਏ ਹਨ। ਸਟਰੀਟ ਲਾਈਟਾਂ ਅਤੇ ਗਲੀਆਂ ਸਬੰਧੀ ਸ਼ਿਕਾਇਤਾਂ ਲਈ ਰੋਹਿਤ ਉੱਪਲ ਜੇ ਈ 7508726497 , ਸਫਾਈ ਨਾਲ ਸਬੰਧਤ ਸ਼ਿਕਾਇਤਾਂ ਲਈ ਦਿਲਬਾਗ ਸਿੰਘ, ਸੈਨੇਟਰੀ ਇੰਸਪੈਕਟਰ 6283157990 ਅਤੇ ਵਾਟਰ ਸਪਲਾਈ ਅਤੇ ਸੀਵਰੇਜ ਸਬੰਧੀ ਸ਼ਿਕਾਇਤਾਂ ਲਈ 8427-566323 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਖਾਲਸਾ ਕਾਲਜ ਸਰਹਾਲੀ ਦੇ ਐੱਨ.ਸੀ.ਸੀ.ਕੈਡਿਟ ਨੂੰ ਸਿਲਵਰ ਮੈਡਲ ਪ੍ਰਾਪਤ



**ਸਰਹਾਲੀ ਕਲਾਂ (ਮਨਜੀਤ ਸੰਧੂ, ਹਰਪ੍ਰੀਤ ਸਿੰਘ ਚੰਬਾ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਗਿੱਲ ਅਤੇ ਐਨ.ਸੀ.ਸੀ. ਲੈਫਟੀਨੈਂਟ ਜਸਪਾਲ ਸਿੰਘ ਨੇ ਪ੍ਰੈੱਸ ਨੂੰ ਦੱਸਿਆ ਕਿ ਕਾਲਜ ਦੇ 7 ਐਨ.ਸੀ.ਸੀ. ਕੈਡੇਟ ਨੇ 10 ਰੋਜ਼ਾ ਸਾਂਝੇ ਸਲਾਨਾ ਸਿਖਲਾਈ ਕੈਂਪ (ਸੀ.ਏ.ਟੀ.ਸੀ), ਸਤਲਾਣੀ ਸਾਹਿਬ ਅੰਮ੍ਰਿਤਸਰ ਅਤੇ 2 ਐਨ.ਸੀ.ਸੀ. ਕੈਡੇਟ ਨੇ ਨੈਸ਼ਨਲ ਪੱਧਰ ਦੇ 10 ਰੋਜ਼ਾ ਸਿਖਲਾਈ ਕੈਂਪ ਏਕ ਭਾਰਤ ਸ੍ਰੇਸ਼ਟ ਭਾਰਤ (ਈ.ਬੀ.ਐਸ.ਬੀ), ਰੋਪੜ ਵਿਖੇ ਭਾਗ ਲਿਆ। ਇਨ੍ਹਾਂ ਕੈਂਪਾਂ ਦਾ ਆਯੋਜਨ ਐਨ.ਸੀ.ਸੀ. ਕੈਡੇਟ ਨੂੰ ਫੀਲਡ ਡਰਿੱਲ, ਮੈਪ ਰੀਡਿੰਗ, (ਐਫ ਸੀ ਬੀ ਸੀ) ਫੀਲਡ ਕਰਾਫਟ ਅਤੇ ਬੈਟਲ ਕਰਾਫਟ, ਰੁਕਾਵਟ ਸਿਖਲਾਈ, ਹਥਿਆਰਾਂ ਦੀ ਸਿਖਲਾਈ ਪ੍ਰਦਾਨ ਕਰਨ ਲਈ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਕੈਡਿਟਾਂ ਨੂੰ ਵੱਖ-ਵੱਖ ਸਰਕਾਰੀ ਸੰਸਥਾਵਾਂ ਦੀ ਅਗਵਾਈ ਹੇਠ ਟ੍ਰੈਫਿਕ ਪ੍ਰਬੰਧਨ, ਨਿੱਜੀ ਸਿਹਤ ਅਤੇ ਸਫਾਈ, ਅੱਗ ਬੁਝਾਉਣ ਦੇ ਅਭਿਆਸਾਂ ਅਤੇ ਆਫਤ ਪ੍ਰਬੰਧਨ ਗਤੀਵਿਧੀਆਂ ਬਾਰੇ ਵੀ ਜਾਣੂ ਕਰਵਾਇਆ ਗਿਆ। ਉਨ੍ਹਾ ਦੱਸਿਆ ਕਿ ਕਾਲਜ ਦੇ ਐਨ.ਸੀ.ਸੀ. ਕੈਡੇਟ ਗੁਰਸੇਵਕ ਸਿੰਘ ਨੇ ਰੋਪੜ ਵਿਖੇ ਹੋਏ ਰੱਸਾਕਸ਼ੀ ਦੇ ਮੁਕਾਬਲੇ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ। ਕਾਲਜ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਹਰਜਿੰਦਰ ਸਿੰਘ ਬਿੱਲਿਆਂਵਾਲ ਵੱਲੋਂ ਇਨ੍ਹਾਂ ਸਾਰੇ 9 ਕੈਡੇਟ ਦੇ ਕਾਲਜ ਪਹੁੰਚਣ 'ਤੇ ਸਨਮਾਨਤ ਕੀਤਾ ਗਿਆ। ਕਾਲਜ ਦੇ ਮੌਜੂਦਾ ਸਰਪ੍ਰਸਤ ਸੰਤ ਬਾਬਾ ਸੁੱਖਾ ਸਿੰਘ ਵੱਲੋਂ ਇਨ੍ਹਾਂ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਗਈਆਂ ਤੇ ਕਾਲਜ ਸਟਾਫ ਨੂੰ ਮੁਬਾਰਕਬਾਦ ਦਿੱਤੀ ਗਈ।

# ਮਾਝੇ ਦੇ ਗਦਰੀਆਂ ਦੀ ਯਾਦ 'ਚ ਉਨ੍ਹਾਂ ਦੇ ਪਿੰਡਾਂ ਦਾ ਵਿਕਾਸ ਕਰਾਂਗੇ : ਧਾਲੀਵਾਲ



**ਅਜਨਾਲਾ, ਅੰਮ੍ਰਿਤਸਰ ( ਸੁਖਤਿੰਦਰ ਸਿੰਘ ਰਾਜੂ, ਨਰਿੰਦਰਜੀਤ ਸਿੰਘ)** - 'ਮਾਝੇ ਦੀ ਧਰਤੀ ਨੇ ਗਦਰ ਲਹਿਰ ਵਿਚ ਵੱਡਾ ਯੋਗਦਾਨ ਪਾਇਆ ਹੈ। ਇਨ੍ਹਾਂ ਸ਼ਹੀਦਾਂ ਨੇ ਨਾ ਸਿਰਫ ਅਜ਼ਾਦੀ ਦੀ ਲੜਾਈ ਵਿਚ ਹਿੱਸਾ ਪਾਇਆ ਬਲਕਿ ਅਜ਼ਾਦੀ ਦੇ ਅਰਥ ਵੀ ਦੇਸ਼ ਵਾਸੀਆਂ ਨੂੰ ਸਮਝਾਏ, ਜਿਸ ਨਾਲ ਲੋਕਾਂ ਦਾ ਸਾਥ ਗਦਰੀਆਂ ਨੂੰ ਮਿਲਿਆ, ਜੋ ਕਿ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਬੇਹੱਦ ਜ਼ਰੂਰੀ ਸੀ।' ਉਕਤ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸਰਦਾਰ ਕਰਤਾਰ ਸਿੰਘ ਸਰਾਭਾ ਦੇ ਨਾਲ ਸ਼ਹੀਦ ਹੋਏ 6 ਗਦਰੀ, ਜਿਨ੍ਹਾਂ ਵਿਚੋਂ 3 ਗੁਰਵਾਲੀ ਪਿੰਡ ਅਤੇ ਇਕ ਸੁਰਸਿੰਘ ਪਿੰਡ ਤੋਂ ਸੀ, ਦੀ ਯਾਦ ਵਿਚ ਅੰਮ੍ਰਿਤਸਰ ਡਿਪਟੀ ਕਮਿਸ਼ਨਰ ਕੰਪਲੈਕਸ ਵਿਚ ਕਰਵਾਏ ਸਮਾਗਮ ਨੂੰ ਸੰਬੋਧਨ ਕਰਦੇ ਕੀਤਾ। ਉਕਤ ਸ਼ਹੀਦਾਂ ਦੀ ਯਾਦ ਵਿਚ ਸਰਕਾਰੀ ਪੱਧਰ 'ਤੇ ਇਹ ਪਲੇਠਾ ਸਮਾਗਮ ਹੋਇਆ ਅਤੇ ਸਮਾਗਮ ਵਿਚ ਸ਼ਹੀਦਾਂ ਦੇ ਪਰਵਾਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ। ਧਾਲੀਵਾਲ ਨੇ ਕਿਹਾ ਕਿ ਸ. ਸਰਾਭਾ ਦੀ ਯਾਦ ਵਿਚ ਤਾਂ ਹਰ ਸਾਲ ਅਸੀਂ ਸਮਾਗਮ ਕਰ ਲੈਂਦੇ ਹਾਂ, ਪਰ ਉਨ੍ਹਾਂ ਨਾਲ ਸ਼ਹੀਦ ਹੋਏ ਸ. ਬਖ਼ਸ਼ੀਸ਼ ਸਿੰਘ, ਸ. ਸੁਰੈਣ ਸਿੰਘ ਵੱਡਾ ਤੇ ਸੁਰੈਣ ਸਿੰਘ ਛੋਟਾ (ਤਿੰਨੇ ਗੁਰਵਾਲੀ ਪਿੰਡ ਤੋਂ), ਸ. ਜਗਤ ਸਿੰਘ ਪਿੰਡ ਸੁਰਸਿੰਘ, ਸ. ਹਰਨਾਮ ਸਿੰਘ ਸਿਆਲਕੋਟ ਤੋਂ ਅਤੇ ਵਿਸ਼ਨੂੰ ਗਣੇਸ਼ ਪਿੰਗਲੇ ਮਹਾਰਾਸ਼ਟਰ ਨੂੰ ਕਦੇ ਯਾਦ ਹੀ ਨਹੀਂ ਕੀਤਾ, ਸੋ ਅੱਜ ਇਨ੍ਹਾਂ ਸ਼ਹੀਦਾਂ ਨੂੰ ਯਾਦ ਕਰਕੇ ਮੈਨੂੰ ਬਹੁਤ ਚੰਗਾ ਲੱਗਾ ਹੈ। ਉਨ੍ਹਾਂ ਕਿਹਾ ਕਿ ਅਜ਼ਾਦੀ ਸੰਘਰਸ਼ ਵਿਚ ਯੋਗਦਾਨ ਪਾਉਣ ਵਾਲੇ ਸ਼ਹੀਦਾਂ ਦੀ ਯਾਦ ਵਿਚ ਉਨ੍ਹਾਂ ਦੇ ਪਿੰਡਾਂ ਦਾ ਵਿਕਾਸ ਕਰਵਾਇਆ ਜਾਵੇਗਾ, ਇਸ ਤੋਂ ਇਲਾਵਾ ਉਨ੍ਹਾਂ ਦੇ ਪਿੰਡਾਂ ਦੇ ਨਾਮ ਸ਼ਹੀਦਾਂ ਦੇ ਨਾਮ ਉਤੇ ਰੱਖੇ ਜਾਣਗੇ। ਉਨ੍ਹਾਂ ਸਾਰੇ ਪੰਜਾਬ ਵਾਸੀਆਂ ਨੂੰ ਕਰਤਾਰ ਸਿੰਘ ਸਰਾਭਾ ਦੇ ਜੀਵਨ ਉਤੇ ਬਣੀ ਫਿਲਮ 'ਸਰਾਭਾ' ਵੇਖਣ ਦਾ ਸੱਦਾ ਦਿੱਤਾ ਅਤੇ ਐਲਾਨ ਕੀਤਾ ਕਿ ਜਿਸ ਦਿਨ ਵੀ ਫਿਲਮ ਲੱਗੀ ਉਹ ਆਪਣੇ ਖਰਚੇ ਉਤੇ ਅਜਨਾਲਾ ਦੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਇਹ ਫਿਲਮ ਵਿਖਾਉਣਗੇ। ਉਨਾਂ ਗੁਰੂਵਾਲੀ ਪਿੰਡ ਨੂੰ 10 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ ਨੇ ਕਿਹਾ ਕਿ ਪੰਜਾਬ ਨੇ ਸਭ ਤੋਂ ਪਹਿਲਾਂ ਅੰਗਰੇਜ਼ਾਂ ਵਿਰੁੱਧ ਸੰਘਰਸ਼ ਵਿੱਢਿਆ ਅਤੇ ਇਤਿਹਾਸ ਗਵਾਹੀ ਭਰਦਾ ਹੈ ਕਿ ਸੰਨ 1840 ਤੋਂ ਪੰਜਾਬੀ ਅੰਗਰੇਜ਼ਾਂ ਨਾਲ ਲੋਹਾ ਲੈਣ ਲੱਗ ਪਏ ਸਨ ਅਤੇ ਇਸ ਸਦਕਾ ਹੀ ਇਹ ਜਾਗ ਸਾਰੇ ਦੇਸ਼ ਵਿਚ ਲੱਗੀ। ਪ੍ਰੋਗਰਾਮ ਵਿਚ ਡਾ. ਬਲਜੀਤ ਸਿੰਘ ਨੇ ਮਾਝੇ ਦੇ ਗਦਰੀਆਂ ਬਾਰੇ ਵਿਸਥਾਰ ਵਿਚ ਚਾਨਣਾ ਪਾਇਆ। ਹੋਰਨਾਂ ਤੋਂ ਇਲਾਵਾ ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਆਪ ਦੇ ਬੁਲਾਰੇ ਜਸਕਰਨ ਸਿੰਘ ਬਦੇਸ਼ਾ, ਆਪ ਦੇ ਸ਼ਹਿਰੀ ਪ੍ਰਧਾਨ ਮੁਨੀਸ਼ ਅਗਰਵਾਲ, ਡੀ ਈ ਓ ਸੁਸ਼ੀਲ ਤੁਲੀ ਅਤੇ ਅਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਵਿਚੋਂ ਗਿਆਨ ਸਿੰਘ ਸੱਗੂ, ਅਮਰਜੀਤ ਸਿੰਘ ਭਾਟੀਆ, ਸੁਰਿੰਦਰ ਸਿੰਘ ਅਹੂਜਾ, ਲਖਬੀਰ ਸਿੰਘ ਬਾਗੀ, ਕਰਮਜੀਤ ਸਿੰਘ ਕੇ ਪੀ, ਰਾਜ ਕੁਮਾਰ, ਸੁਰਿੰਦਰ ਕੁਮਾਰ, ਸੁਖਵਿੰਦਰ ਸਿੰਘ, ਬਲਦੇਵ ਸਿੰਘ ਭਿੱਟੇਵੱਡ ਵੀ ਹਾਜ਼ਰ ਸਨ।

# ਕਿਸਾਨ-ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਡੀ ਸੀ ਦਫਤਰ ਅੱਗੇ ਧਰਨਾ 20 ਨੂੰ





**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-18 ਜਥੇਬੰਦੀਆਂ ਦੇ ਉੱਤਰੀ ਭਾਰਤ ਤਾਲ ਮੇਲ ਕੇਂਦਰ ਅਤੇ ਸੰਯੁਕਤ ਮੋਰਚੇ ਗੈਰ-ਰਾਜਨੀਤਿਕ ਦੇ ਵੱਲੋਂ ਆਪਣੀਆ ਮੰਗਾਂ ਨੂੰ ਲੈ ਕੇ ਪੰਜਾਬ ਹਰਿਆਣੇ ਸਮੇਤ ਦੂਜੇ ਰਾਜਾ 'ਚ ਡੀ ਸੀ ਦਫਤਰ ਸਾਹਮਣੇ ਇੱਕ ਰੋਜਾ ਧਰਨੇ ਦੇ ਕੇ ਡੀ ਸੀ ਅਤੇ ਐਸ ਡੀ ਐਮ ਨੂੰ ਮੰਗ ਪੱਤਰ ਦਿੱਤੇ ਜਾਣਗੇ। ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਕਿਸਾਨ ਮਜ਼ਦੂਰ ਸੰਘਰਸ਼ ਦੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਅਤੇ ਜਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਬਾਠ, ਕੁਲਦੀਪ ਸਿੰਘ ਬੇਗੋਵਾਲ ਨੇ ਦੱਸਿਆ ਕਿ ਜਥੇਬੰਦੀਆ ਦੇ ਦੋਨਾਂ ਮੰਚਾਂ ਵੱਲੋਂ ਕੀਤੇ ਫੈਸਲੇ ਮੁਤਾਬਿਕ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਡੀ ਸੀ ਹੁਸ਼ਿਆਰਪੁਰ ਦੇ ਦਫਤਰ ਅੱਗੇ 20 ਨਵੰਬਰ ਨੂੰ ਧਰਨਾ ਦੇ ਕੇ ਮੰਗ ਪੱਤਰ ਦੇਵੇਗੀ। ਮੰਗ ਪੱਤਰ ਸੌਂਪ ਕੇ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਸੁਪਰੀਮ ਕੋਰਟ ਦੀਆਂ ਹਦਾਇਤਾਂ ਮੁਤਾਬਿਕ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਲਈ 6 ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਮਸ਼ੀਨਰੀ ਮੁਹੱਈਆ ਕਰਵਾਈ ਜਾਵੇ। ਨਸ਼ੇ ਦੇ ਤਸਕਰਾਂ ਨੂੰ ਨੱਥ ਪਾਈ ਜਾਵੇ ਤੇ ਜਿਸ ਹਲਕੇ 'ਚ ਨਸ਼ੇ ਦੀ ਡੋਜ਼ ਨਾਲ ਕਿਸੇ ਨੌਜਵਾਨ ਦੀ ਮੌਤ ਹੁੰਦੀ ਹੈ ਤਾਂ ਉਸ ਹਲਕੇ ਦੇ ਐਮ ਐਲ ਏ 'ਤੇ ਪਰਚਾ ਦਰਜ ਕੀਤਾ ਜਾਵੇ।

# 'ਵਿਦਿਆਰਥੀਆਂ 'ਚ ਵਿਗਿਆਨਕ ਨਜ਼ਰੀਆ ਮੌਜੂਦਾ ਸਮਿਆਂ ਦੀ ਲੋੜ'

## ਚੇਤਨਾ ਪ੍ਰੀਖਿਆ ਸੂਬਾਈ ਸਨਮਾਨ ਸਮਾਗਮ ਮੌਕੇ 23 ਵਿਦਿਆਰਥੀਆਂ ਨੂੰ ਕੀਤਾ ਸਨਮਾਨਤ

**ਬਰਨਾਲਾ (ਨਵਾਂ ਜ਼ਮਾਨਾ ਸਰਵਿਸ)** ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਿਤ ਪੰਜਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 'ਚ ਸੂਬਾਈ ਪੱਧਰ 'ਤੇ ਅਹਿਮ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕਰਨ ਲਈ ਤਰਕਸ਼ੀਲ ਭਵਨ, ਬਰਨਾਲਾ ਵਿਖੇ ਇੱਕ ਸੂਬਾਈ ਸਨਮਾਨ ਸਮਾਗਮ ਕੀਤਾ ਗਿਆ, ਜਿਸ 'ਚ ਪੰਜਾਬ ਦੇ ਵੱਖ ਵੱਖ ਜਿਲ੍ਹਿਆਂ ਤੋਂ ਵੱਡੀ ਗਿਣਤੀ 'ਚ ਤਰਕਸ਼ੀਲ ਕਾਰਕੁਨਾਂ, ਵਿਦਿਆਰਥੀਆਂ ਅਤੇ ਸਕੂਲ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਛੇ ਹੋਰਨਾਂ ਗਦਰੀ ਸ਼ਹੀਦਾਂ ਦੇ ਸ਼ਹੀਦੀ ਦਿਨ ਮੌਕੇ ਕਰਵਾਏ ਗਏ ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਵਿਦਵਾਨ ਡਾ. ਕੁਲਦੀਪ ਸਿੰਘ ਦੀਪ ਨੇ ਸੰਬੋਧਨ 'ਚ ਕਿਹਾ ਕਿ ਆਜ਼ਾਦੀ ਤੋਂ ਬਾਅਦ ਸੱਤਾਧਾਰੀ ਜਮਾਤਾਂ ਨੇ ਸਿੱਖਿਆ ਨੀਤੀ 'ਚ ਵਿਗਿਆਨਕ ਚੇਤਨਾ ਵਿਕਸਤ ਕਰਨ ਦੀ ਥਾਂ ਰੂੜ੍ਹੀਵਾਦੀ ਪਾਠਕ੍ਰਮ ਸ਼ਾਮਲ ਕਰਕੇ ਵਿਦਿਆਰਥੀਆਂ ਨੂੰ ਵਿਗਿਆਨਕ ਨਜ਼ਰੀਆ ਅਪਨਾਉਣ ਤੋਂ ਵਾਂਝਿਆਂ ਕੀਤਾ ਹੈ ਇਸ ਦੇ ਮੁਕਾਬਲੇ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਚਾਰ ਦਹਾਕਿਆਂ ਤੋਂ ਵਿਗਿਆਨਕ ਚੇਤਨਾ ਪ੍ਰਫੁੱਲਿਤ ਕਰਨ ਲਈ ਲਗਾਤਾਰ ਉਪਰਾਲੇ ਕਰਦੀ ਆ ਰਹੀ ਹੈ ਜਿਸਦਾ ਇੱਕ ਰੂਪ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਹੈ। ਇਸ ਤੋਂ ਪਹਿਲਾਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਨੇ ਪਿਛਲੇ ਪੰਜ ਸਾਲਾਂ ਤੋਂ ਕਰਵਾਈ ਜਾ ਰਹੀ ਵਿੱਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਉਣ ਦੇ ਮਕਸਦ ਅਤੇ ਵਿਗਿਆਨਕ ਚੇਤਨਾ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਵਿਸਥਾਰ 'ਚ ਜਾਣਕਾਰੀ ਦਿੱਤੀ। ਇਸ ਮੌਕੇ ਸੂਬਾਈ ਪੱਧਰ 'ਤੇ ਛੇਵੀਂ





ਤੋਂ ਬਾਰ੍ਹਵੀਂ ਜਮਾਤ 'ਚ ਅਹਿਮ ਸਥਾਨ ਹਾਸਲ ਕਰਨ ਵਾਲੇ ਮਿਡਲ ਗਰੁੱਪ ਦੇ 9 ਅਤੇ ਸੈਕੰਡਰੀ ਗਰੁੱਪ ਦੇ 14 ਵਿਦਿਆਰਥੀਆਂ ਨੂੰ ਨਗਦ ਇਨਾਮ, ਤਰਕਸ਼ੀਲ ਕਿਤਾਬਾਂ, ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 'ਚ ਉੱਤਮ ਕਾਰਗੁਜਾਰੀ ਵਿਖਾਉਣ ਵਾਲੀਆਂ ਇਕਾਈਆਂ ਪਟਿਆਲਾ ਅਰਬਨ, ਪਟਿਆਲਾ, ਰੋਪੜ, ਮਾਨਸਾ, ਸਾਹਕੋਟ, ਰਾਮਪੁਰਾ ਫੂਲ, ਬਠਿੰਡਾ, ਗੁਰੂ ਹਰ ਸਹਾਏ, ਗੜ੍ਹਸ਼ੰਕਰ, ਸੰਗਰੂਰ ਅਤੇ ਭਦੌੜ ਇਕਾਈਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜੋਗਿੰਦਰ ਕੁੱਲੇਵਾਲ ਦੀ ਨਿਰਦੇਸ਼ਨਾ ਹੇਠ ਬਾਲ ਕਲਾ ਮੰਚ ਕੁੱਲੇਵਾਲ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ 'ਮੇਰੀ ਮੌਤ 'ਤੇ ਨਾ ਰੋਇਓ' ਪੇਸ਼ ਕੀਤੀ ਗਈ ਅਤੇ ਲੋਕ ਗਾਇਕ ਧਰਮਿੰਦਰ ਮਸਾਣੀ ਵਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਤਰਕਸ਼ੀਲ ਆਗੂ ਸੁਖਦੇਵ ਮਲੂਕਪੁਰੀ ਵੱਲੋਂ ਹੱਥ ਦੀ ਸਫਾਈ ਦੇ ਟਰਿੱਕ ਵਿਖਾਏ ਗਏ।ਸਟੇਜ ਸਕੱਤਰ ਦੀ ਜਿੰਮੇਵਾਰੀ ਸੂਬਾਈ ਆਗੂ ਰਾਮ ਸਵਰਨ ਲੱਖੇਵਾਲੀ ਨੇ ਬਾਖੂਬੀ ਨਿਭਾਈ ਜਦਕਿ ਪ੍ਰੋਗ੍ਰਾਮ ਦੀ ਸਮਾਪਤੀ ਮੌਕੇ ਸੂਬਾ ਕਮੇਟੀ ਆਗੂ ਸੁਮੀਤ ਅੰਮ੍ਰਿਤਸਰ ਵੱਲੋਂ ਚੇਤਨਾ ਪ੍ਰੀਖਿਆ 'ਚ ਸਹਿਯੋਗ ਕਰਨ ਵਾਲੇ ਸਕੂਲ ਮੁਖੀਆਂ, ਪ੍ਰਬੰਧਕਾਂ, ਅਧਿਆਪਕਾਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੂਬਾ ਕਮੇਟੀ ਆਗੂ ਹੇਮ ਰਾਜ ਸਟੈਨੋ, ਰਾਜੇਸ਼ ਅਕਲੀਆ, ਰਾਜਪਾਲ ਸਿੰਘ, ਜੋਗਿੰਦਰ ਕੁੱਲੇਵਾਲ, ਅਜੀਤ ਪ੍ਰਦੇਸ਼ੀ, ਜਸਵਿੰਦਰ ਫਗਵਾੜਾ, ਗੁਰਪ੍ਰੀਤ ਸਹਿਣਾ, ਸੰਦੀਪ ਧਾਰੀਵਾਲ ਭੋਜਾਂ, ਤਰਕਸ਼ੀਲ ਸੁਸਾਇਟੀ ਕੈਨੇਡਾ ਤੋਂ ਬਲਦੇਵ ਰਹਿਪਾ, ਅਵਤਾਰ ਗੋਂਦਾਰਾ, ਪਰਮਵੇਦ ਸੰਗਰੂਰ, ਅਕਸੈ ਕੁਮਾਰ, ਸੁਰਜੀਤ ਟਿੱਬਾ, ਗੁਰਮੀਤ ਖਰੜ, ਜਸਵੰਤ ਜੀਰਖ, ਲੱਖਾ ਸਿੰਘ ਮਾਨਸਾ ਅਤੇ ਪ੍ਰਵੀਨ ਜੰਡਵਾਲਾ ਵੀ ਸ਼ਾਮਲ ਹੋਏ।

# ਭਾਈ ਗੁਰਦਾਸ ਸਕੂਲ ਲੱਖਣ ਕਲਾਂ 'ਚ 40 ਦਿਨਾ ਗੁਰਮਤਿ ਸਿਖਲਾਈ ਕੈਂਪ



**ਕਲਾਨੌਰ (ਮਨਦੀਪ ਕੁਮਾਰ ਕੋਹਲੀ)**-ਪੰਜਾਬ ਵਿੱਚ ਜਿਸ ਤਰ੍ਹਾਂ ਇਸ ਵੇਲੇ ਨੌਜਵਾਨ ਪੀੜ੍ਹੀ ਪੂਰੀ ਤਰ੍ਹਾਂ ਨਸ਼ਿਆਂ ਅਤੇ ਲੁੱਟਾਂ ਖੋਹਾਂ ਆਦਿ ਦੀ ਦਲਦਲ ਵਿੱਚ ਧਸਦੀ ਜਾ ਰਹੀ ਹੈ, ਨੌਜਵਾਨ ਹੀ ਨਹੀਂ ਹੁਣ ਤਾਂ ਨਬਾਲਗ ਬੱਚੇ ਅਤੇ ਲੜਕੀਆਂ ਵੀ ਘੱਟ ਨਹੀਂ। ਸੋ ਇਸੇ ਦੇ ਚਲਦੇ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਅਤੇ ਪ੍ਰਿੰਸੀਪਲ ਬਲਜਿੰਦਰ ਕੌਰ ਕਾਹਲੋਂ ਦੀ ਰਹਿਨੁਮਾਈ ਹੇਠ ਸਕੂਲ ਵਿੱਚ 40 ਦਿਨਾ ਗੁਰਮਤਿ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ ਹੈ। ਜਿਸ ਵਿੱਚ ਗੁਰਮਤਿ ਅਧਿਆਪਕ ਸਤਨਾਮ ਸਿੰਘ ਵੱਲੋਂ ਬੱਚਿਆਂ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ ਅਤੇ ਗੁਰਬਾਣੀ ਕੰਠ ਕਰਵਾਈ ਜਾ ਰਹੀ ਹੈ। ਇਹ ਕਲਾਸ ਰੋਜ਼ਾਨਾ ਸਵੇਰੇ 7 ਵਜੇ ਤੋਂ ਲੈ ਕੇ 9 ਵਜੇ ਤੱਕ ਚਲਦੀ ਹੈ ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਵੀ ਧਾਰਮਿਕ ਕਲਾਸ ਵਿੱਚ ਮੌਜੂਦ ਰਹਿ ਕੇ ਬੱਚਿਆਂ ਨੂੰ ਸਿਖਲਾਈ ਦਿੰਦੇ ਹਨ। ਪ੍ਰਿੰਸੀਪਲ ਮੈਡਮ ਨੇ ਕਿਹਾ ਕਿ ਇਸ ਧਾਰਮਿਕ ਕਲਾਸ ਵਿੱਚ ਸਾਡੇ ਸਕੂਲ ਤੋਂ ਇਲਾਵਾ ਬਾਹਰਲੇ ਸਕੂਲਾਂ ਅਤੇ ਸਕੂਲਾਂ ਤੋਂ ਇਲਾਵਾ ਵੀ ਕੋਈ ਬੱਚਾ ਧਾਰਮਿਕ ਸਿੱਖਿਆ ਪ੍ਰਾਪਤ ਕਰਨਾ ਚਾਹੁੰਦਾ ਹੈ ਤਾਂ ਸਕੂਲ ਦੇ ਦਰਵਾਜ਼ੇ ਉਨ੍ਹਾਂ ਲਈ ਖੁੱਲ੍ਹੇ ਹਨ।

17-Nov-PAGE-4.qxd 11/16/2023 10:48 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 17 ਨਵੰਬਰ 2023

# ਦੁਨੀਆ ਦੀ ਚੁੱਪ ਅਸਹਿਣਯੋਗ

*ਗਾਜ਼ਾ ਪੱਟੀ 'ਤੇ ਇਜ਼ਰਾਈਲੀ ਹਮਲੇ ਦੀਆਂ ਤਾਜ਼ਾ ਖ਼ਬਰਾਂ ਅਨੁਸਾਰ ਇਜ਼ਰਾਈਲੀ ਫੌਜ ਨੇ ਗਾਜ਼ਾ ਦੇ ਸਭ ਤੋਂ ਵੱਡੇ ਹਸਪਤਾਲ ਅਲ ਸ਼ਿਫਾ 'ਤੇ ਹਮਲਾ ਕਰ ਦਿੱਤਾ ਹੈ। ਹਾਲਾਂਕਿ ਹੁਣ ਤੱਕ ਨਾ ਤਾਂ ਹਸਪਤਾਲ ਹੇਠਾਂ ਕੋਈ ਸੁਰੰਗ ਮਿਲੀ ਹੈ ਤੇ ਨਾ ਹੀ ਬੰਧਕਾਂ ਨੂੰ ਉਥੇ ਰੱਖੇ ਜਾਣ ਦਾ ਸਬੂਤ।*

*ਇਸ ਦੌਰਾਨ ਸੰਯੁਕਤ ਰਾਸ਼ਟਰ ਵੱਲੋਂ ਇਸ ਹਮਲੇ ਬਾਰੇ ਸਖ਼ਤ ਪ੍ਰਤੀਕਿਰਿਆ ਪ੍ਰਗਟ ਕੀਤੀ ਗਈ ਹੈ। ਸੰਯੁਕਤ ਰਾਸ਼ਟਰ ਦੇ ਮਾਰਟਿਨ ਗ੍ਰਿਫਿਥਸ ਨੇ ਕਿਹਾ ਹੈ ਕਿ ਹਸਪਤਾਲ ਯੁੱਧ ਦੇ ਮੈਦਾਨ ਨਹੀਂ ਹਨ। ਇਜ਼ਰਾਈਲੀ ਹਮਲੇ ਤੋਂ ਉਹ ਹੈਰਾਨ ਹਨ।*

*ਹਸਪਤਾਲ ਦੇ ਡਾ. ਅਹਿਮਦ ਅਲ ਮੌਖਾਲਾਲਾਤੀ ਨੇ ਅਲ ਜਜ਼ੀਰਾ ਨੂੰ ਦੱਸਿਆ ਕਿ ਇਜ਼ਰਾਈਲੀ ਟੈਂਕ ਹਸਪਤਾਲ ਦੇ ਅੰਦਰ ਤੇ ਚਾਰੇ ਪਾਸੇ ਹਨ। ਹਮਲੇ ਹੋ ਰਹੇ ਹਨ ਤੇ ਗੋਲੀਆਂ ਚਲ ਰਹੀਆਂ ਹਨ। ਇਹ ਸਟਾਫ਼, ਮਰੀਜ਼ਾਂ ਦੇ ਪਰਵਾਰ ਤੇ ਮਰੀਜ਼ਾਂ ਲਈ ਬੇਹੱਦ ਡਰਾਉਣਾ ਸਮਾਂ ਹੈ। ਪਿਛਲੇ 6 ਦਿਨਾਂ ਤੋਂ ਨਾ ਖਾਣਾ ਹੈ, ਨਾ ਪਾਣੀ। ਹੁਣ ਇੱਥੇ ਕਿਸੇ ਵੀ ਚੀਜ਼ ਦੇ ਪਹੁੰਚਣ ਦੀ ਕੋਈ ਸੰਭਾਵਨਾ ਨਹੀਂ। ਹਸਪਤਾਲ ਦੇ ਆਕਸੀਜਨ ਸਟੇਸ਼ਨ ਨੇ ਕੰਮ ਕਰਨਾ ਬੰਦ ਕਰ ਦਿੱਤਾ ਹੈ। ਅਸੀਂ ਜੋ ਮਹਿਸੂਸ ਕਰ ਰਹੇ ਹਾਂ, ਉਹ ਅਚੰਭਾ ਹੈ। ਪੂਰੀ ਦੁਨੀਆ ਇਸ ਅਪਰਾਧ ਨੂੰ ਦੇਖ ਰਹੀ ਹੈ। ਕਿਸੇ ਨੇ ਵੀ ਰੋਕਣ ਦੀ ਜਾਂ ਇਹ ਕਹਿਣ ਦੀ ਕਿ ਇਸ ਦੀ ਇਜਾਜ਼ਤ ਨਹੀਂ, ਹਿੰਮਤ ਨਹੀਂ ਕੀਤੀ। ਕੌਮਾਂਤਰੀ ਭਾਈਚਾਰਾ ਕਿੱਥੇ ਹੈ? ਕੌਮਾਂਤਰੀ ਸੰਗਠਨ ਕਿੱਥੇ ਹਨ?*

*ਸਰਜਰੀ ਵਿਭਾਗ ਦੇ ਅੰਦਰ ਕਮਾਂਡੋਜ਼ ਨੇ ਸਭ ਪਾਰਟੀਸ਼ਨ ਤੋੜ ਦਿੱਤੇ ਹਨ। ਕਮਰਿਆਂ ਦੀਆਂ ਦੀਵਾਰਾਂ ਢਾਹੀਆਂ ਜਾ ਰਹੀਆਂ ਹਨ। ਗਾਜ਼ਾ ਸਰਕਾਰ ਨੇ ਇਜ਼ਰਾਈਲ ਨੂੰ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਮੈਡੀਕਲ ਸਟਾਫ਼ ਤੇ ਮਰੀਜ਼ਾਂ ਸਮੇਤ ਹਸਪਤਾਲ ਵਿੱਚ ਤਕਰੀਬਨ 9 ਹਜ਼ਾਰ ਲੋਕ ਹਨ। ਇਹ ਕਾਰਵਾਈ ਮਾਨਵਤਾ ਵਿਰੁੱਧ ਯੁੱਧ ਅਪਰਾਧ ਹੈ।*

*ਇਜ਼ਰਾਈਲ ਚਾਹੁੰਦਾ ਕੀ ਹੈ, ਇਹ ਉਸ ਦੇ ਪਹਿਲੇ ਬਿਆਨ ਤੋਂ ਹੀ ਸਾਫ਼ ਹੈ, ਜਿਸ ਵਿੱਚ ਉਸ ਨੇ ਕਿਹਾ ਸੀ ਕਿ ਉਸ ਦਾ ਮਕਸਦ ਉੱਤਰੀ ਗਾਜ਼ਾ ਉੱਤੇ ਕਬਜ਼ਾ ਹੈ। ਇਹ ਕੰਮ ਉਹ ਹੌਲੀ-ਹੌਲੀ ਕਰ ਰਿਹਾ ਹੈ, ਪਰ ਇਹ ਇਜ਼ਰਾਈਲ ਲਈ ਸੌਖਾ ਕੰਮ ਨਹੀਂ। ਇਹ ਯੁੱਧ ਹੈ। ਕੋਈ ਪਿਕਨਿਕ ਨਹੀਂ। ਹਮਾਸ ਮੁਕਾਬਲਾ ਕਰ ਰਿਹਾ ਹੈ, ਪਰ ਆਮ ਲੋਕ ਇਸ ਨਸਲਘਾਤੀ ਯੁੱਧ ਦੀ ਕੀਮਤ ਅਦਾ ਕਰ ਰਹੇ ਹਨ। ਇਹ ਸ਼ਬਦ ਦੋਹਾ ਇੰਸਟੀਚਿਊਟ ਫਾਰ ਗਰੈਜੂਏਟ ਸਟੱਡੀਜ਼ ਦੇ ਪ੍ਰੋਫ਼ੈਸਰ ਤਮਰ ਕਰਮਾਉਟ ਦੇ ਹਨ। ਉਨ੍ਹਾ ਕਿਹਾ ਕਿ ਅਮਰੀਕਾ ਇਜ਼ਰਾਈਲ ਨਾਲ ਮਿਲ ਕੇ ਗਲਤ ਮਾਹੌਲ ਪੈਦਾ ਕਰ ਰਿਹਾ ਹੈ।*

*ਇਸ ਸਮੇਂ ਦੁਨੀਆ ਭਰ ਵਿੱਚ ਇਜ਼ਰਾਈਲ ਵਿਰੁੱਧ ਗੁੱਸਾ ਭੜਕ ਰਿਹਾ ਹੈ। ਬਹਿਰੀਨ, ਛਾਡ, ਕੋਲੰਬੀਆ, ਚਿੱਲੀ, ਹਾਂਡੂਰਸ, ਜਾਰਡਨ ਤੇ ਤੁਰਕੀ ਨੇ ਆਪਣੇ ਰਾਜਦੂਤ ਵਾਪਸ ਬੁਲਾ ਲਏ ਹਨ। ਬੋਲੀਵੀਆ, ਬੇਲਾਈਜ਼ ਤੇ ਦੱਖਣੀ ਅਫ਼ਰੀਕਾ ਨੇ ਆਪਣੇ ਡਿਪਲੋਮੈਟਿਕ ਸੰਬੰਧ ਤੋੜ ਲਏ ਹਨ। ਫਲਸਤੀਨ ਦੇ ਰਾਸ਼ਟਰਪਤੀ ਮਹਿਮੂਦ ਅੱਬਾਸ ਨੇ ਕਿਹਾ ਹੈ ਕਿ ਉਹ ਗਾਜ਼ਾ ਤੇ ਵੈੱਸਟ ਬੈਂਕ ਵਿੱਚ ਇੱਕ ਖੁੱਲ੍ਹੇ ਨਸਲਘਾਤ ਵਾਲੇ ਯੁੱਧ ਦਾ ਸਾਹਮਣਾ ਕਰ ਰਹੇ ਹਨ।*

## ਪਾਠਕ-ਸੱਥ

### ਮਾਪਿਆਂ ਦੀ ਕਦਰ ਕਰੋ

ਵੀਡੀਓ ਕਈ ਦਿਨਾਂ ਤੋ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਕਿ ਇੱਕ ਪੁੱਤਰ ਜੋ ਪੇਸ਼ੇ ਤੋਂ ਵਕੀਲ ਹੈ, ਆਪਣੀ ਮਾਂ ਦੀ ਲਗਾਤਾਰ ਕੁੱਟਮਾਰ ਕਰ ਰਿਹਾ ਹੈ। ਕੀ ਜ਼ਮਾਨੇ ਦੀ ਹਵਾ ਹੀ ਖਰਾਬ ਹੋ ਗਈ ਏ? ਪਰ ਮੈਂ ਫਿਰ ਵੀ ਕਹਾਂਗੀ ਕਿ ਵਿੱਚ-ਵਿੱਚ ਸਰਵਣ ਪੁੱਤ ਵੀ ਬਥੇਰੇ ਹਨ ਜੋ ਮਾਪਿਆਂ ਦਾ ਮੁੜ੍ਹਕਾ ਨਹੀ ਝੱਲਦੇ। ਸੱਚੇ ਦੋਸਤਾਂ ਵਾਂਗ ਹੁੰਦੀਆਂ ਹਨ ਮਾਂਵਾਂ, ਜਿਨ੍ਹਾਂ ਨਾਲ ਆਪਾਂ ਹਰ ਤਰ੍ਹਾਂ ਦੀ ਗੱਲ ਸਾਂਝੀ ਕਰਕੇ ਆਪਣੇ ਮਨ ਨੂੰ ਹਲਕਾ ਕਰ ਲੈਂਦੇ ਹਾਂ ਅਤੇ ਮਾਂ ਦੀ ਗੋਦੀ ਵਿੱਚ ਆ ਹਰ ਤਰ੍ਹਾਂ ਦੀ ਟੈਨਸ਼ਨ ਤੋਂ ਮੁਕਤ ਹੋ ਜਾਦੇ ਹਾਂ। ਇੱਕ ਮਾਂ ਦੇ ਜਦੋਂ ਬੱਚਾ ਪੇਟ ਵਿੱਚ ਹੀ ਹੁੰਦਾ ਹੈ, ਉਸ ਦਿਨ ਤੋਂ ਹੀ ਰੱਬ ਕੋਲੋਂ ਪੁੱਤਰ ਦੀ ਦਾਤ ਮੰਗਦੀ ਅਤੇ ਕੀ ਕੀ ਸੁਪਨੇ ਸੰਜੋਦੀ ਹੈ ਮਾਂ। ਮਾਂ ਦਾ ਕਰਜ਼ ਤਾਂ ਬੱਚੇ ਸਾਰੀ ਉਮਰ ਨਹੀਂ ਦੇ ਸਕਦੇ ਅਤੇ ਚਾਰ ਸਿੱਕਿਆਂ ਪਿੱਛੇ ਕਿਵੇਂ ਜ਼ੁਲਮ ਕਰਦੇ ਹਨ ਆਪਣੇ ਹੀ ਜੰਮੇ ਪੁੱਤ ਮਾਂਵਾਂ 'ਤੇ ਲੱਖ ਲਾਹਨਤ ਹੈ ਇਹੋ ਜਿਹੇ ਪੁੱਤ 'ਤੇ। ਇਹੋ ਜਿਹਾ ਪੁੱਤ ਇਨਸਾਨ ਕਹਾਉਣ ਦੇ ਲਾਇਕ ਨਹੀਂ ਹੁੰਦਾ। ਹਾਂ, ਦੋਸਤੋ ਜਿਸ ਨੇ ਵੀ ਮਾਪਿਆਂ ਦੀ ਕਦਰ ਕਰੀ, ਬਹੁਤ ਕੁਝ ਪਾਇਆ। ਸਮਾਂ ਵੀ ਬੜਾ ਬਲਵਾਨ ਹੁੰਦਾ ਹੈ। ਸਾਡੀਆਂ ਕੀਤੀਆਂ ਸਾਡੇ ਅੱਗੇ ਲਿਆ ਰੱਖ ਦਿੰਦਾ ਹੈ। ਜਿਹੜੇ ਪੁੱਤ ਮਾਪਿਆਂ ਦੀ ਆਤਮਾ ਦੁਖੀ ਕਰਦੇ ਹਨ, ਅੱਗੇ ਬੱਚੇ ਤਾਂ ਉਨ੍ਹਾਂ ਦੇ ਵੀ ਹਨ । ਸੇਰ ਨੂੰ ਸਵਾ ਸੇਰ ਹੋ ਕੇ ਮਿਲਣਗੇ। ਭਲੇਮਾਣਸੋ ਮਾਪਿਆਂ ਦਾ ਸਾਡੀ ਜ਼ਿੰਦਗੀ ਵਿੱਚ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਜ਼ਰਾ ਸੋਚੋ ਜੇਕਰ ਸਾਡੇ ਕੋਲ ਮਾਪਿਆਂ ਵਰਗਾ ਛਾਂਦਾਰ ਰੁੱਖ ਨਹੀਂ ਹੋਵੇਗਾ ਤਾਂ ਦੇਸ਼ ਦੁਨੀਆ ਵਿੱਚ ਕਿਸੇ ਵੀ ਕੰਮ ਲਈ ਕਿਸੇ ਦੇ ਮੁਥਾਜ ਹੋ ਕੇ ਹੀ ਰਹਿਣਾ ਪਵੇਗਾ ਸਾਨੂੰ। ਤੱਤੀਆਂ ਹਵਾਵਾਂ, ਦੁੱਖ ਤਕਲੀਫਾਂ ਤੋਂ ਸਾਨੂੰ ਬਚਾਵੇਗਾ ਕੌਣ? ਜੇਕਰ ਮਾਪਿਆਂ ਨਾਲ ਦੋਸਤੀ ਹੋਵੇਗੀ ਤਾਂ ਸਾਨੂੰ ਆਪਣੇ ਗਿਆਨ ਮੁਤਾਬਕ ਕੰਮ-ਕਾਰਜ ਕਰਵਾ ਕਾਮਯਾਬੀ ਦੇ ਨਾਲ-ਨਾਲ ਖੁਸ਼ੀ ਵੀ ਖਰੀਦ ਕੇ ਦਿੰਦੇ ਹਨ। ਸਭ ਤੋਂ ਵਧੀਆ ਹੋਵੇਗਾ ਜੇਕਰ ਅਸੀਂ ਆਪਣੇ ਬਜ਼ੁਰਗ ਮਾਪਿਆਂ ਨਾਲ ਦੋਸਤਾਨਾ ਸੰਬੰਧ ਬਣਾ ਕੇ ਉਨ੍ਹਾਂ ਦੀ ਹਰ ਗੱਲ ਧਿਆਨ ਨਾਲ ਸੁਣੀਏ ਅਤੇ ਉਨ੍ਹਾਂ ਦੀ ਹਰ ਲੋੜ, ਖੁਸ਼ੀ ਪੂਰੀ ਕਰੀਏ। ਜਿੱਥੇ ਮਾਪਿਆਂ ਦੀ ਕਦਰ ਹੈ, ਉੱਥੇ ਹੀ ਕਾਮਯਾਬੀ ਹੈ। ਸੋ ਬੱਚਿਓ ਮਾਪਿਆਂ ਦੀ ਕਦਰ ਕਰੋ ।

*-ਪਰਮਜੀਤ ਕੌਰ ਸੋਢੀ, 94786 -58384*

### ਬੇਸਮਝੀ ਦੀ ਹੱਦ

ਸੋਚਿਆ ਸੀ ਕਿ ਏਨਾ ਪ੍ਰਚਾਰ ਜ਼ੋਰ-ਸ਼ੋਰ ਨਾਲ ਅਖਬਾਰਾਂ, ਟੀ ਵੀ ਤੇ ਸੋਸ਼ਲ ਮੀਡੀਆ 'ਤੇ ਚੱਲਿਆ ਕਿ ਦੀਵਾਲੀ 'ਤੇ ਪਟਾਖਿਆਂ ਨਾਲ ਪ੍ਰਦੂਸ਼ਣ ਨਾ ਕੀਤਾ ਜਾਵੇ। ਪਟਾਖੇ ਨਾ ਚਲਾਏ ਜਾਣ। ਪਹਿਲਾਂ ਹੀ ਅਸੀਂ ਧੁਆਂਖੀ ਸਥਿਤੀ ਦਾ ਸਾਹਮਣਾ ਕਰ ਰਹੇ ਹਾਂ ਪਰ ਹੈਰਾਨੀ ਦੀ ਹੱਦ ਹੋ ਗਈ ਜੇ ਏਨੇ ਪ੍ਰਚਾਰ ਤੇ ਜਾਗਰੂਕਤਾ ਦੇ ਬਾਵਜੂਦ ਲੋਕ ਸਮਝਣ ਲਈ ਤਿਆਰ ਨਹੀਂ, ਕਿਸੇ ਨੂੰ ਵਾਤਾਵਰਣ ਦਾ ਜ਼ਰਾ ਜਿੰਨਾ ਵੀ ਖਿਆਲ ਨਹੀਂ ਆਇਆ ਕਿ ਅਸੀਂ ਹਵਾ ਨੂੰ ਹੋਰ ਗੰਧਲਾ ਕਰ ਰਹੇ ਹਾਂ। ਪੂਰੇ ਜ਼ੋਰ-ਸ਼ੋਰ ਨਾਲ ਪਟਾਖੇ ਚਲਾਏ ਗਏ। ਕਿੰਨੀ ਬੇਸਮਝੀ ਦੀ ਹੱਦ ਪਾਰ ਕਰਦੇ ਜਾ ਰਹੇ ਹਾਂ ਅਸੀਂ। ਕੀ ਅਸੀਂ ਆਪਣੇ ਬੱਚਿਆਂ ਨੂੰ ਇਹ ਨਹੀਂ ਸਮਝਾ ਸਕੇ ਕਿ ਇਨ੍ਹਾਂ ਨਾਲ ਪ੍ਰਦੂਸ਼ਣ ਦਾ ਪੱਧਰ ਵਧਦਾ ਹੈ। ਇਹ ਰੌਸ਼ਨੀਆਂ ਦਾ ਤਿਉਹਾਰ ਹੈ। ਖੁਸ਼ੀਆਂ ਮਨਾਉਣ ਲਈ ਕੀ ਬਾਰੂਦ ਫੂਕਣਾ ਜ਼ਰੂਰੀ ਹੈ, ਕੀ ਖੁਸ਼ੀਆਂ ਉਂਜ ਨਹੀਂ ਮਨਾਈਆਂ ਜਾ ਸਕਦੀਆਂ। ਸਾਨੂੰ ਆਪਣੀ ਅਕਲ ਨੂੰ ਹੱਥ ਮਾਰਨਾ ਚਾਹੀਦਾ ਹੈ ਕਿ ਅਸੀਂ ਹੋਰ ਕਿੰਨੀ ਹੱਦ ਤੱਕ ਕੁਦਰਤ ਨਾਲ ਖਿਲਵਾੜ ਕਰਾਂਗੇ। ਇੱਕ ਦਿਨ ਇਹ ਖਿਲਵਾੜ ਸਾਡੇ ਲਈ ਘਾਤਕ ਸਿੱਧ ਹੋਵੇਗਾ।

*-ਲਾਭ ਸਿੰਘ ਸ਼ੇਰਗਿੱਲ ਬਡਰੁੱਖਾਂ (ਸੰਗਰੂਰ)*

# ਸਭ ਲਈ ਸਿੱਖਿਆ ਜਾਂ ਸਭ ਲਈ ਬਰਾਬਰ ਦੀ ਸਿੱਖਿਆ



ਗੁਰਮੀਤ ਸਿੰਘ ਪਲਾਹੀ

'ਸਭ ਲਈ ਸਿੱਖਿਆ' ਦੇਣ ਦਾ ਸੰਕਲਪ ਲਗਾਤਾਰ ਕੇਂਦਰ ਸਰਕਾਰ ਵੱਲੋਂ ਦੁਹਰਾਇਆ ਜਾ ਰਿਹਾ ਹੈ, ਪਰ ਸਭ ਲਈ ਬਰਾਬਰ ਦੀ ਸਿੱਖਿਆ ਦਾ ਸੰਕਲਪ ਦੇਸ਼ ਵਿੱਚੋਂ ਗਾਇਬ ਹੈ। ਸਿੱਖਿਆ ਖੇਤਰ 'ਚ ਦੇਸ਼ ਵਿੱਚ ਸਥਿਤੀ ਇਹ ਬਣੀ ਹੋਈ ਹੈ ਕਿ ਇੱਕ ਪਾਸੇ 'ਪੰਜ ਤਾਰਾ' ਪਬਲਿਕ ਸਕੂਲ ਹਨ ਅਤੇ ਦੂਜੇ ਪਾਸੇ ਬੁਨਿਆਦੀ ਲੋੜਾਂ ਤੋਂ ਸੱਖਣੇ ਸਰਕਾਰੀ ਪ੍ਰਾਇਮਰੀ ਸਕੂਲ ਜਾਂ ਹਾਈ, ਸੀਨੀਅਰ ਸੈਕੰਡਰੀ ਸਕੂਲ ਹਨ, ਜਿੱਥੋਂ ਥੁੜਾਂ ਦੇ ਮਾਰੇ ਆਮ ਲੋਕਾਂ ਦੇ ਬੱਚੇ ਸਿੱਖਿਆ ਲੈਣ ਲਈ ਮਜਬੂਰ ਕਰ ਦਿੱਤੇ ਜਾਂਦੇ ਹਨ।

1990 ਵਿੱਚ ਯੂਨੈਸਕੋ, ਯੂ.ਐੱਨ.ਡੀ.ਪੀ., ਯੂਨੀਸੈਫ, ਯੂ. ਐੱਨ, ਐੱਫ ਪੀ.ਏ. ਅਤੇ ਵਿਸ਼ਵ ਬੈਂਕ ਦੀ ਸਾਂਝੀ ਵਿਸ਼ਵ ਕਾਨਫਰੰਸ ਵਿੱਚ ਵਿਸ਼ਵ ਦੇ ਹਰੇਕ ਨਾਗਰਿਕ, ਬੱਚੇ, ਬੁੱਢੇ, ਨੌਜਵਾਨ ਲਈ ਉੱਚ ਪੱਧਰੀ ਸਭ ਲਈ ਸਿੱਖਿਆ ਦਾ ਸੰਕਲਪ ਲਿਆ ਗਿਆ ਸੀ। ਇਹ ਮਹਿਸੂਸ ਕਰਦਿਆਂ ਕਿ ਮਨੁੱਖ ਦੀਆਂ ਸਭ ਤੋਂ ਵੱਡੀਆਂ ਲੋੜਾਂ ਵਿੱਚ ਸਿਹਤ, ਸ਼ੁੱਧ ਵਾਤਾਵਰਨ ਅਤੇ ਸਿੱਖਿਆ ਦਾ ਸਥਾਨ ਅਹਿਮ ਹੈ, ਪਰ ਸਿੱਖਿਆ ਹੀ ਇੱਕ ਇਹੋ ਜਿਹਾ ਅੰਗ ਹੈ, ਜੋ ਮਨੁੱਖ ਨੂੰ ਚੰਗੀ ਸਿਹਤ, ਚੰਗਾ ਆਲਾ-ਦੁਆਲਾ, ਆਪਣੀ ਚੰਗੀ ਹੋਂਦ ਸਿਰਜਨ 'ਚ ਸਹਾਇਕ ਹੁੰਦਾ ਹੈ। ਸਿੱਖਿਆ ਹੀ ਇਹੋ ਜਿਹਾ ਕਾਰਕ ਹੈ, ਜੋ ਮਨੁੱਖ ਨੂੰ ਗਰੀਬੀ ਘਟਾਉਣ 'ਚ ਅਤੇ ਸਮਾਜਿਕ ਬਰਾਬਰਤਾ ਲਿਆਉਣ 'ਚ ਸਹਾਈ ਬਣਦਾ ਹੈ।

ਸਿੱਖਿਆ ਖੇਤਰ ਵਿੱਚ ਭਾਰਤ ਦੇ ਹਾਲਾਤ ਸੁਖਾਵੇਂ ਨਹੀਂ ਹਨ। ਸਾਲਾਨਾ ਸਟੇਟਸ ਸਿੱਖਿਆ ਰਿਪੋਰਟ (ਏ.ਐੱਸ.ਈ.ਆਰ. 2020) ਅਨੁਸਾਰ ਲੱਗਭੱਗ 5.5 ਫੀਸਦੀ 6 ਤੋਂ 17 ਸਾਲ ਦੀ ਉਮਰ ਦੇ ਬੱਚੇ ਦੇਸ਼ ਵਿੱਚ ਸਥਾਪਤ ਸਰਕਾਰੀ ਸਕੂਲਾਂ, ਪ੍ਰਾਈਵੇਟ ਸਿੱਖਿਆ ਅਦਾਰਿਆਂ ਤੋਂ ਬਾਹਰ ਹਨ। ਸਰਕਾਰੀ ਪ੍ਰਾਇਮਰੀ ਸਕੂਲਾਂ ਦੀ ਦਸ਼ਾ ਬੇਹੱਦ ਖਰਾਬ ਹੈ ਅਤੇ ਸਕੂਲਾਂ ਤੋਂ ਭੱਜਣ ਵਾਲੇ ਜਾਂ ਮਜਬੂਰਨ ਸਕੂਲ ਛੱਡਣ ਵਾਲੇ ਬੱਚਿਆਂ ਦੀ ਗਿਣਤੀ ਵੱਡੀ ਹੈ। ਇੱਥੇ ਹੀ ਬਸ ਨਹੀਂ, ਆਧੁਨਿਕ ਯੁੱਗ ਵਿੱਚ ਵੀ ਲੜਕਿਆਂ ਨਾਲੋਂ ਲੜਕੀਆਂ ਦੀ ਗਿਣਤੀ ਸਕੂਲਾਂ ਵਿੱਚ ਘੱਟ ਹੈ। ਮੁੱਢਲੀ ਪੜ੍ਹਾਈ ਪ੍ਰਾਪਤ ਕਰਨ ਲਈ ਬੱਚਿਆਂ ਦਾ ਸਕੂਲ ਵਿੱਚ ਨਾ ਜਾਣ ਦਾ ਕਾਰਨ ਗਰੀਬੀ ਮੰਨਿਆ ਜਾਂਦਾ ਹੈ, ਕਿਉਂਕਿ ਮਾਪੇ ਰੋਜ਼ੀ, ਰੋਟੀ ਦਾ ਜੁਗਾੜ ਪੂਰਾ ਨਾ ਹੋਣ ਅਤੇ ਸਾਧਨਾਂ ਦੀ ਕਮੀ ਕਾਰਨ ਬੱਚਿਆਂ ਨੂੰ ਸਕੂਲਾਂ 'ਚ ਸਿੱਖਿਆ ਪ੍ਰਾਪਤੀ ਲਈ ਨਹੀਂ ਭੇਜਦੇ।

ਦੂਜਾ ਵੱਡਾ ਕਾਰਨ ਸਧਾਰਨ ਸਰਕਾਰੀ ਸਕੂਲਾਂ 'ਚ ਬੁਨਿਆਦੀ ਸਹੂਲਤਾਂ ਜਿਨ੍ਹਾਂ 'ਚ ਬੈਠਨ ਲਈ ਬੈਂਚ, ਡੈਸਕ, ਪਾਣੀ ਪੀਣ ਦੀ ਸੁਵਿਧਾ, ਲੈਟਰੀਨਾਂ ਦੀ ਸੁਵਿਧਾ ਇੱਥੋਂ ਤੱਕ ਕਿ ਕਮਰਿਆਂ ਦੀ ਘਾਟ ਚੰਗੇਰੀ ਸਿੱਖਿਆ ਲੈਣ/ਦੇਣ 'ਚ ਵੱਡੀ ਰੁਕਾਵਟ ਹੈ।

ਤੀਜਾ ਵੱਡਾ ਕਾਰਨ ਸਿੱਖਿਅਤ ਅਧਿਆਪਕਾਂ ਦੀ ਘਾਟ ਹੈ। ਸਰਕਾਰੀ ਸਕੂਲਾਂ 'ਚ ਨਵੀਆਂ-ਨਵੀਆਂ ਸਕੀਮਾਂ ਤਹਿਤ ਘੱਟ ਉਜਰਤ 'ਤੇ ਘੱਟ ਪੜ੍ਹੇ-ਲਿਖੇ ਲੋਕਾਂ ਦੀ ਅਧਿਆਪਕਾਂ ਵਜੋਂ ਨਿਯੁਕਤੀ ਸਿੱਖਿਆ ਪ੍ਰਤੀ ਸਰਕਾਰ ਦੀ ਅਣਗਹਿਲੀ ਅਤੇ ਅਵੇਸਲੇਪਨ ਦੀ ਵੱਡੀ ਉਦਾਹਰਣ ਹੈ।

ਕਹਿਣ ਨੂੰ ਤਾਂ ਪਾਏਦਾਰ ਸਿੱਖਿਆ ਪ੍ਰਦਾਨ ਕਰਨ ਦੇ ਨਾਂਅ ਉਤੇ ਬਹੁਤ ਸਾਰੀਆਂ ਸਕੀਮਾਂ ਚਾਲੂ ਕੀਤੀਆਂ ਗਈਆਂ ਹਨ। ਸਰਵ ਸਿੱਖਿਆ ਅਭਿਆਨ ਉਹਨਾ ਵਿੱਚੋਂ ਇੱਕ ਹੈ, ਜੋ ਉਮਰ ਗਰੁੱਪ 6 ਤੋਂ 14 ਸਾਲ ਦੇ ਸਭ ਬੱਚਿਆਂ ਲਈ ਸਿੱਖਿਆ ਦੇਣ ਦੀ ਗੱਲ ਕਰਦੀ ਹੈ। ਇਸ ਤਹਿਤ ਮੁਫ਼ਤ ਸਿੱਖਿਆ, ਪੁਸਤਕਾਂ ਆਦਿ ਸਮੇਤ ਸਰਕਾਰੀ ਸਕੂਲਾਂ 'ਚ ਦੇਣਾ ਤਹਿ ਹੈ। ਆਰ.ਟੀ.ਈ. (ਭਾਵ ਰਾਈਟ ਟੂ ਐਜੂਕੇਸ਼ਨ ਐਕਟ) ਵੀ ਸਰਕਾਰ ਵੱਲੋਂ ਪਾਸ ਕੀਤਾ ਗਿਆ ਹੈ। ਇਹ ਐਕਟ ਸਭ ਲਈ ਲਾਜ਼ਮੀ ਸਿੱਖਿਆ ਦੇਣ, ਚੰਗੀ ਪੜ੍ਹਾਈ ਦਾ ਪ੍ਰਬੰਧ ਕਰਨ, ਟਰੇਂਡ ਅਧਿਕਾਰਾਂ ਦੀ ਨਿਯੁਕਤੀ ਦਾ ਪ੍ਰਾਵਧਾਨ ਕਰਦਾ ਹੈ। ਬੱਚੇ ਸਕੂਲ ਆਉਣ ਅਤੇ ਸਿੱਖਿਆ ਪ੍ਰਾਪਤ ਕਰਨ, ਇਸ ਵਾਸਤੇ ਦੁਪਹਿਰ ਦੇ ਭੋਜਨ ਦੀ ਵਿਵਸਥਾ ਵੀ ਕੀਤੀ ਗਈ ਹੈ।

ਕੁੱਲ ਮਿਲਾ ਕੇ ਦੇਸ਼ ਵਿੱਚ 15,07,708 ਸਕੂਲ ਹਨ, ਇਨ੍ਹਾਂ ਵਿੱਚੋਂ 10,32,570 ਸਕੂਲ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਚਲਾਉਂਦੀਆਂ ਹਨ, ਜਦਕਿ 84,362 ਸਰਕਾਰੀ ਸਹਾਇਤਾ ਪ੍ਰਾਪਤ 3,40,753 ਗੈਰ ਸਰਕਾਰੀ ਸਹਾਇਤਾ ਪ੍ਰਾਪਤ ਪ੍ਰਾਈਵੇਟ ਸਕੂਲ ਅਤੇ 53,277 ਹੋਰ ਸੰਸਥਾਵਾਂ ਵੱਲੋਂ ਚਲਾਏ ਜਾ ਰਹੇ ਹਨ। ਸਰਕਾਰੀ ਸਕੂਲਾਂ ਵਿੱਚ 77.34 ਫੀਸਦੀ ਕੋਲ ਬਿਜਲੀ ਕੁਨੈਕਸ਼ਨ ਹੈ। ਲੱਗਭੱਗ 29,967 ਸਕੂਲਾਂ ਕੋਲ ਪਾਣੀ ਪੀਣ ਦੀ ਸੁਵਿਧਾ ਨਹੀਂ ਹੈ। 9 ਲੱਖ ਸਕੂਲਾਂ 'ਚ ਕੰਪਿਊਟਰ ਸਿੱਖਿਆ ਸੁਵਿਧਾ ਨਹੀਂ, 11 ਲੱਖ ਸਕੂਲਾਂ 'ਚ ਇੰਟਰਨੈੱਟ ਕੁਨੈਕਸ਼ਨ ਨਹੀਂ। ਹੈਰਾਨੀ ਦੀ ਗੱਲ ਹੈ ਕਿ 6465 ਸਕੂਲ ਇਮਾਰਤਾਂ ਤੋਂ ਬਿਨਾਂ ਚੱਲ ਰਹੇ ਹਨ।

ਬਾਵਜੂਦ ਇਸ ਸਭ ਕੁਝ ਦੇ ਕਿ ਬੁਨਿਆਦੀ ਸਹੂਲਤਾਂ ਦੀ ਸਕੂਲਾਂ 'ਚ ਕਮੀ ਹੈ। ਕੇਂਦਰ ਸਰਕਾਰ ਵੱਲੋਂ 2021-22 ਦੇ ਬੱਜਟ 'ਚ ਸਿੱਖਿਆ ਉਤੇ ਖ਼ਰਚੇ 'ਚ 8.3 ਫੀਸਦੀ ਦੀ ਕਮੀ ਕਰ ਦਿੱਤੀ ਗਈ।

ਸਿੱਖਿਆ ਪ੍ਰਦਾਨ ਕਰਨ ਲਈ ਟਰੇਂਡ ਅਧਿਆਪਕਾਂ ਦੀ ਲੋੜ ਹੁੰਦੀ ਹੈ, ਕੇਂਦਰ ਤੇ ਸੂਬਾ ਸਰਕਾਰਾਂ ਵੱਲੋਂ ਸਮੇਂ-ਸਮੇਂ 'ਤੇ ਸਕੂਲਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਸ਼ਿਖਸ਼ਾ ਕਰਮੀ ਪ੍ਰਾਜੈਕਟ, ਜ਼ਿਲ੍ਹਾ ਪ੍ਰਾਇਮਰੀ ਸਿੱਖਿਆ ਪ੍ਰੋਗਰਾਮ, ਸਰਬ ਸਿੱਖਿਆ ਅਭਿਆਨ, ਨੈਸ਼ਨਲ ਪ੍ਰੋਗਰਾਮ ਆਫ ਨਿਊਟ੍ਰੀਸ਼ਨਲ ਸਪੋਰਟ ਟੂ ਪ੍ਰਾਇਮਰੀ ਐਜੂਕੇਸ਼ਨ ਜਿਹੇ ਪ੍ਰਾਜੈਕਟ ਲਿਆਂਦੇ ਅਤੇ ਅਧਿਆਪਕਾਂ ਦੀ ਨਿਯੁਕਤੀ ਇਹਨਾ ਪ੍ਰੋਗਰਾਮਾਂ ਤਹਿਤ, ਰੈਗੂਲਰ ਅਧਿਆਪਕਾਂ ਦੀ ਨਿਯੁਕਤੀ ਦੀ ਘਾਟ ਪੂਰੀ ਕਰਨ ਲਈ ਕੀਤੀ, ਪਰ ਦੇਸ਼ ਭਰ ਦੇ ਸਰਕਾਰੀ ਸਕੂਲਾਂ. ਵਿੱਚ ਇਸ ਸਮੇਂ 10 ਲੱਖ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਹਨ। ਇਹ ਰਿਪੋਰਟ 31 ਦਸੰਬਰ 2022 ਤੱਕ ਦੀ ਹੈ।

ਇੱਕ ਪਾਰਲੀਮੈਂਟ ਪੈਨਲ ਨੇ ਸਰਕਾਰ ਨੂੰ 2020 'ਚ ਲਿਆਂਦੀ ਨੈਸ਼ਨਲ ਐਜੂਕੇਸ਼ਨ ਪਾਲਿਸੀ 'ਚ ਦਰਜ ਇਸ ਮੱਦ ਨੂੰ ਲਾਗੂ ਕਰਨ ਕਿ ਸਕੂਲਾਂ 'ਚ 30:1 ਦੇ ਅਨੁਪਾਤ ਅਨੁਸਾਰ ਅਧਿਆਪਕਾਂ ਦੀ ਭਰਤੀ ਹੋਣੀ ਚਾਹੀਦੀ ਹੈ, ਵੱਲ ਸਰਕਾਰ ਨੇ ਧਿਆਨ ਨਹੀਂ ਦਿੱਤਾ। ਕੁੱਲ ਮਿਲਾ ਕੇ ਸਕੂਲਾਂ ਵਿੱਚ 62,71,380 ਅਧਿਆਪਕਾਂ ਦੀਆਂ ਅਸਾਮੀਆਂ ਹਨ, ਜਿਹਨਾ ਵਿੱਚ 15.7 ਫੀਸਦੀ ਖਾਲੀ ਪਈਆਂ ਹਨ।

ਇਹ ਹੀ ਨਹੀਂ ਕਿ ਕੇਂਦਰ ਸਰਕਾਰ ਵੱਲੋਂ ਹੀ ਨਾਗਰਿਕਾਂ ਨੂੰ ਸਿੱਖਿਆ ਪ੍ਰਦਾਨ ਕਰਨ ਤੋਂ ਮੁੱਖ ਮੋੜਿਆ ਜਾ ਰਿਹਾ ਹੈ। ਰਾਜ ਸਰਕਾਰਾਂ ਦਾ ਵਤੀਰਾ ਵੀ ਇਹੋ ਜਿਹਾ ਹੀ ਹੈ। ਨਿੱਤ ਦਿਹਾੜੇ ਕਿਵੇਂ ਸਿਹਤ ਅਤੇ ਸਿੱਖਿਆ ਸਹੂਲਤਾਂ ਪ੍ਰਦਾਨ ਕਰਨ ਤੋਂ ਪਾਸਾ ਵੱਟ ਕੇ, ਨਿੱਜੀਕਰਨ ਦੀ ਪਾਲਿਸੀ ਤਹਿਤ ਪਬਲਿਕ ਸਕੂਲ, ਵੱਡੇ ਮਲਟੀ ਸਪੈਸ਼ਲਿਸਟ ਹਸਪਤਾਲ ਖੋਲ੍ਹੇ ਜਾ ਰਹੇ ਹਨ। ਉਹ ਸਰਕਾਰਾਂ ਦੀ ਇਸ ਨੀਅਤ ਨੂੰ ਸਪੱਸ਼ਟ ਕਰਦੇ ਹਨ ਕਿ ਸੰਵਿਧਾਨ ਦੀ ਧਾਰਾ 45 ਅਤੇ 21ਏ ਤਹਿਤ ਦਿੱਤੇ ਸਿੱਖਿਆ ਫਰਜ਼ਾਂ ਨੂੰ ਕਿਵੇਂ ਦਰਕਿਨਾਰ ਕੀਤਾ ਜਾ ਰਿਹਾ ਹੈ। ਸਭ ਲਈ ਸਿੱਖਿਆ ਪ੍ਰਦਾਨ ਕਰਨ ਦੀ ਗੱਲ ਲਾਗੂ ਕਰਨਾ ਤਾਂ ਹਾਲੇ ਦੂਰ ਹੈ ਹੀ, ਸਭ ਲਈ ਬਰਾਬਰ ਦੀ ਸਿੱਖਿਆ ਦੀ ਸੋਚ ਤਾਂ ਸਰਕਾਰਾਂ ਨੇ ਧਿਆਨ ਵਿੱਚ ਹੀ ਨਹੀਂ ਲਿਆਂਦੀ।

19 ਅਗਸਤ 2015 ਨੂੰ ਅਲਾਹਾਬਾਦ ਹਾਈ ਕੋਰਟ ਨੇ ਇੱਕ ਹੁਕਮ ਮੁੱਖ ਸਕੱਤਰ ਯੂ.ਪੀ. ਸਰਕਾਰ ਨੂੰ ਦਿੱਤਾ ਸੀ ਕਿ ਸਾਰੇ ਸਰਕਾਰੀ ਮੁਲਾਜ਼ਮ, ਅਫ਼ਸਰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ 'ਚ ਸਿੱਖਿਆ ਦੁਆਉਣ ਲਈ ਭਰਤੀ ਕਰਵਾਉਣ। ਮਾਨਯੋਗ ਅਦਾਲਤ ਦਾ ਪਹਿਲਾ ਮਨਸ਼ਾ ਸੀ ਕਿ ਗਰੀਬਾਂ, ਅਮੀਰਾਂ ਦੇ ਬੱਚੇ ਇਕੋ ਸਕੂਲ 'ਚ ਬਰਾਬਰ ਦੀ ਸਿੱਖਿਆ ਪ੍ਰਾਪਤ ਕਰਨ, ਦੂਜਾ ਸਰਕਾਰੀ ਅਫ਼ਸਰਾਂ ਨੂੰ ਇਹ ਅਹਿਸਾਸ ਹੋਵੇ ਕਿ ਸਰਕਾਰੀ ਸਕੂਲਾਂ ਦੇ ਜ਼ਮੀਨੀ ਹਾਲਾਤ ਕਿਹੋ ਜਿਹੇ ਹਨ ਅਤੇ ਉਹ ਇਹਨਾ ਹਾਲਤਾਂ ਦੇ ਸੁਧਾਰ ਲਈ ਨੀਤੀਗਤ ਫੈਸਲਿਆਂ ਦੇ ਨਾਲ-ਨਾਲ ਇੱਥੇ ਦੇ ਬੁਨਿਆਦੀ ਢਾਂਚੇ ਨੂੰ ਠੀਕ ਕਰਨ ਲਈ ਯਤਨ ਕਰਨ। ਇਸ ਹਾਈ ਕੋਰਟ ਦੇ ਫੈਸਲੇ ਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਗਿਆ। ਦੇਸ਼ ਦੇ ਹੋਰ ਹਿੱਸਿਆਂ ਵਿੱਚ ਵੀ ਇਹ ਮੰਗ ਉੱਠੀ ਕਿ ਸਾਰੇ ਲੋਕਾਂ ਦੇ ਬੱਚੇ ਇਕੋ ਜਿਹੀ ਸਿੱਖਿਆ ਦੇ ਭਾਗੀਦਾਰ ਹਨ। ਉਹਨਾ ਦੇ ਬੱਚਿਆਂ ਦਾ ਵੀ ਹੱਕ ਹੈ ਕਿ ਉਹ ਚੰਗੇਰੀ ਸਿੱਖਿਆ, ਚੰਗੇਰੇ ਸਕੂਲਾਂ 'ਚ ਪ੍ਰਾਪਤ ਕਰਨ। ਕੇਂਦਰ ਸਰਕਾਰ ਨੇ ਰਾਈਟ ਟੂ ਐਜੂਕੇਸ਼ਨ ਐਕਟ ਦੇ ਤਹਿਤ ਤਹਿ ਕਰਕੇ ਸੀ ਬੀ ਐੱਸ ਈ ਮਾਨਤਾ ਪ੍ਰਾਪਤ ਪਬਲਿਕ, ਪ੍ਰਾਈਵੇਟ ਸਕੂਲਾਂ 'ਚ 15 ਫੀਸਦੀ ਸੀਟਾਂ ਆਮ ਲੋੜਵੰਦ, ਗਰੀਬ ਬੱਚਿਆਂ ਲਈ ਮੁਫ਼ਤ ਸਿੱਖਿਆ ਲਈ ਰਾਖਵੀਆਂ ਕੀਤੀਆਂ, ਪਰ ਇਸ ਹੁਕਮ ਨੂੰ ਲਾਗੂ ਨਾ ਕਰਨ ਲਈ ਆਪਣੇ ਦਾਅਪੇਚ ਵਰਤੇ 'ਤੇ ਸਧਾਰਨ ਪਰਵਾਰਾਂ ਦੇ ਬੱਚਿਆਂ ਨੂੰ ਇਹਨਾ ਸਕੂਲਾਂ 'ਚ ਦਾਖਲੇ ਲਈ ਆਨਾ-ਕਾਨੀ ਕੀਤੀ।

ਅਸਲ ਵਿੱਚ ਸਮਾਜ ਵਿੱਚ ਗਰੀਬ, ਅਮੀਰ ਦਾ ਵਧ ਰਿਹਾ ਪਾੜਾ, ਸਿੱਖਿਆ ਪ੍ਰਦਾਨ ਕਰਨ ਦੇ ਖੇਤਰ 'ਚ ਵੀ ਵਿਖਾਈ ਦਿੰਦਾ ਹੈ, ਜਿੱਥੇ ਗਰੀਬ ਬੱਚਿਆਂ ਲਈ ਚੰਗੇ ਸਕੂਲਾਂ ਦੀ ਕਮੀ ਹੈ ਅਤੇ ਸਰਕਾਰ ਵੀ ਸਕੂਲਾਂ 'ਚ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ 'ਚ ਅਸਮਰੱਥ ਨਜ਼ਰ ਆਉਂਦੀ ਹੈ, ਕਿਉਂਕਿ ਦੇਸ਼ ਦੀ ਅਫ਼ਸਰਸ਼ਾਹੀ ਤੇ ਵੱਡੇ ਸਿਆਸਤਦਾਨ ਲੋਕ ਭਲੇ ਹਿੱਤ ਕੰਮ ਤੋਂ ਕਿਨਾਰਾ ਕਰਕੇ ਸਿਰਫ਼ ਵੋਟ ਰਣਨੀਤੀ ਲਈ ਰਾਜਨੀਤੀ ਕਰਨ ਲੱਗੇ ਹਨ।

**ਆਓ ਇਕ ਝਾਤ ਸਿੱਖਿਆ ਖੇਤਰ 'ਚ ਸਥਾਪਤ ਵੱਡੇ ਪ੍ਰਾਈਵੇਟ ਪਬਲਿਕ ਸਕੂਲਾਂ 'ਤੇ ਮਾਰੀਏ:**-ਪ੍ਰਾਈਵੇਟ ਸਕੂਲ ਚੰਗੀ ਸਿੱਖਿਆ ਲਈ ਜਾਣੇ ਜਾਂਦੇ ਹਨ। ਇਹਨਾ ਸਕੂਲਾਂ ਦੇ ਪ੍ਰਬੰਧਕਾਂ ਨੇ ਸਿੱਖਿਆ ਦਾ ਵਪਾਰੀਕਰਨ ਕੀਤਾ ਹੋਇਆ ਹੈ ਅਤੇ ਸਕੂਲਾਂ ਨੂੰ ਇੱਕ ਧੰਦੇ ਦੇ ਤੌਰ 'ਤੇ ਚਲਾਉਂਦੇ ਹਨ। ਵਿਦਿਆਰਥੀਆਂ ਲਈ ਸਕੂਲ 'ਚ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ ਅਤੇ ਵੱਧ ਤੋਂ ਵੱਧ ਫੀਸਾਂ ਵਿਦਿਆਰਥੀਆਂ ਤੋਂ ਅਟੇਰੀਆਂ ਜਾਂਦੀਆਂ ਹਨ। ਦੇਸ਼ 'ਚ ਕਈ ਸਕੂਲ ਤਾਂ ਇਹੋ ਜਿਹੇ ਹਨ, ਜਿਹੜੇ ਪੰਜ ਤਾਰਾ, ਤਿੰਨ ਤਾਰਾ ਹੋਟਲਾਂ ਵਰਗੀਆਂ ਸਹੂਲਤਾਂ ਨਾਲ ਲੈੱਸ ਹਨ। ਇਹਨਾ ਸਕੂਲਾਂ 'ਚ ਵਧੀਆਂ ਲਾਇਬ੍ਰੇਰੀਆਂ, ਖੇਡ ਮੈਦਾਨ, ਸਾਇੰਸ ਲੈਬਾਰਟਰੀਜ਼, ਸੁਵਿਧਾਜਨਕ ਅਧਿਆਪਕ ਵਿਦਿਆਰਥੀ ਅਨੁਪਾਤ ਅਤੇ ਦਿਲ ਪ੍ਰਚਾਵੇ ਲਈ ਬਿਹਤਰੀਨ ਸਹੂਲਤਾਂ ਹਨ। ਯੂਨੀਫਾਈਡ ਜ਼ਿਲ੍ਹਾ ਸੂਚਨਾ ਸਿਸਟਮ ਦੀ ਇੱਕ ਰਿਪੋਰਟ ਅਨੁਸਾਰ ਦੇਸ਼ ਭਰ ਵਿੱਚ 3,40,753 ਪ੍ਰਾਈਵੇਟ ਸਕੂਲ ਹਨ, ਜਦਕਿ ਸਰਕਾਰੀ ਸਕੂਲਾਂ ਦੀ ਗਿਣਤੀ 10,32,570 ਹੈ, ਭਾਵ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦਾ ਅਨੁਪਾਤ ਲੱਗਭੱਗ 10:3 ਦਾ ਹੈ।

ਪ੍ਰਾਈਵੇਟ ਪਬਲਿਕ ਸਕੂਲਾਂ ਦਾ ਦੇਸ਼ 'ਚ ਬੋਲਬਾਲਾ ਹੈ। ਕੇਂਦਰ ਸਰਕਾਰ ਪ੍ਰਾਈਵੇਟ ਸਿੱਖਿਆ ਨੂੰ ਉਤਸ਼ਾਹਿਤ ਕਰ ਰਹੀ ਹੈ। ਨਵੀਂ ਸਿੱਖਿਆ ਪਾਲਿਸੀ ਤਹਿਤ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਭਾਰਤ ਵਿੱਚ ਆਪਣੇ ਕੈਂਪਸ ਖੋਲ੍ਹਣ ਦਾ ਸੱਦਾ ਦਿੱਤਾ ਜਾ ਰਿਹਾ ਹੈ। ਭਾਵ ਸਿੱਖਿਆ ਦੇ ਨਿੱਜੀਕਰਨ ਅਤੇ ਵਪਾਰੀਕਰਨ ਦੇ ਦਰਵਾਜ਼ੇ ਖੋਲ੍ਹੇ ਜਾ ਰਹੇ ਹਨ ਤਾਂ ਇੱਕ ਉਹ ਵਿਦਿਆਰਥੀ, ਜਿਸ ਦੇ ਮਾਪਿਆਂ ਦੇ ਕਮਾਈ ਦੇ ਸਾਧਨ ਸੀਮਤ ਹਨ, ਇਨ੍ਹਾਂ ਅਦਾਰਿਆਂ 'ਚ ਸਿੱਖਿਆ ਕਿਵੇਂ ਪ੍ਰਾਪਤ ਕਰ ਸਕੇਗਾ? ਇੱਥੇ ਤਾਂ ਸਰਦੇ-ਪੁੱਜਦੇ ਘਰਾਂ ਦੇ ਵਿਦਿਆਰਥੀਆਂ ਦੇ ਬੱਚੇ ਹੀ ਸਿੱਖਿਆ ਪ੍ਰਾਪਤ ਕਰ ਸਕਦੇ ਹਨ।

ਸਿੱਖਿਆ ਅਤੇ ਸਿਹਤ ਕਿਸੇ ਵੀ ਲੋਕ ਹਿਤੈਸ਼ੀ, ਲੋਕ ਭਲਾਈ ਹਿੱਤ ਕੰਮ ਕਰਨ ਵਾਲੀ ਸਰਕਾਰ ਦੀ ਪਹਿਲ ਹੋਣੀ ਚਾਹੀਦੀ ਹੈ। ਇਹ ਦੋਵੇਂ ਕਾਰਕ ਮਨੁੱਖ ਨੂੰ ਜ਼ਿਆਦਾ ਸੱਭਿਅਕ ਬਣਾਉਣ ਲਈ ਕੰਮ ਕਰਦੇ ਹਨ। ਸਰਕਾਰਾਂ ਨੂੰ ਇਹ ਗੱਲ ਸਮਝਣ ਦੀ ਲੋੜ ਹੈ, "ਸਭ ਨੂੰ ਸਿੱਖਿਆ ਤਾਂ ਮਿਲੇ ਹੀ, ਪਰ ਸਭ ਲਈ ਬਰਾਬਰ ਦੀ ਸਿੱਖਿਆ ਦਾ ਪ੍ਰਬੰਧ ਕਰਨਾ ਜ਼ਰੂਰੀ ਹੈ"।

ਪਰ ਸਰਕਾਰਾਂ ਦੀ ਸਭ ਲਈ ਬਰਾਬਰ ਦੀ ਸਿੱਖਿਆ ਦੇਣ ਪ੍ਰਤੀ ਬੇਰੁਖ਼ੀ, ਆਪਣੇ ਫਰਜ਼ਾਂ ਤੋਂ ਕੁਤਾਹੀ ਸਮਾਨ ਹੈ।

**# ਸੰਪਰਕ : 98158-02070**

# ਫਲਸਤੀਨੀਆਂ ਦੀ ਨਸਲਕੁਸ਼ੀ 'ਤੇ ਉਤਾਰੂ ਇਜ਼ਰਾਈਲੀ ਹਾਕਮ



ਡਾ. ਬਲਜਿੰਦਰ ਸਿੰਘ

ਫਲਸਤੀਨ-ਇਜ਼ਰਾਈਲ ਲੜਾਈ ਨੂੰ ਇੱਕ ਮਹੀਨਾ ਹੋਣ ਨੂੰ ਹੈ। ਇਸ ਸਾਲ 7 ਅਕਤੂਬਰ ਨੂੰ ਗਾਜ਼ਾ ਪੱਟੀ ਦੇ ਇਲਾਕੇ 'ਚ ਸਰਗਰਮ ਇੱਕ ਕੱਟੜਪੰਥੀ ਗੁੱਟ ਹਮਾਸ ਨੇ ਇਜ਼ਰਾਈਲ ਦੇ ਨਾਲ ਲੱਗਦੇ ਸਰਹੱਦੀ ਖੇਤਰ ਅੰਦਰ ਜਾ ਕੇ ਆਤਮਘਾਤੀ ਹਮਲਿਆਂ 'ਚ ਇਜ਼ਰਾਈਲੀ ਫੌਜ ਦੇ ਕਾਫੀ ਜੁਆਨਾਂ ਸਮੇਤ ਸਿਵਲੀਅਨਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ ਅਤੇ ਦੋ ਸੌ ਤੋਂ ਵਧੇਰੇ ਇਜ਼ਰਾਈਲੀ ਬਸ਼ਿੰਦਿਆਂ ਨੂੰ ਬੰਦੀ ਬਣਾ ਲਿਆ ਸੀ। ਉਦੋਂ ਤੋਂ ਲੈ ਕੇ ਹੀ ਇਜ਼ਰਾਈਲ-ਫਲਸਤੀਨੀ ਕਸ਼ਮਕਸ਼ ਥੰਮ੍ਹਣ ਦਾ ਨਾਂਅ ਨਹੀਂ ਲੈ ਰਹੀ। ਦੁਨੀਆ ਭਰ ਦੇ ਲੋਕਾਂ ਅੰਦਰ ਇਹ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ, ਕਿਉਂਕਿ ਹਮਾਸ ਦੇ ਇਸ ਹਮਲੇ ਤੋਂ ਬਾਅਦ ਇਜ਼ਰਾਈਲੀ ਫੌਜ ਨੇ ਆਪਣੇ ਮਿਲਟਰੀ ਅਪਰੇਸ਼ਨ ਰਾਹੀਂ ਫਲਸਤੀਨੀ ਲੋਕਾਂ 'ਤੇ ਇੱਕ ਬਹੁਤ ਹੀ ਵੱਡਾ ਹਮਲਾ ਵਿੱਢਿਆ ਹੋਇਆ ਹੈ। ਇਜ਼ਰਾਈਲੀ ਫੌਜ ਜ਼ਮੀਨੀ ਤੇ ਹਵਾਈ ਹਮਲਿਆਂ ਜ਼ਰੀਏ ਆਮ ਫਲਸਤੀਨੀਆਂ ਤੇ ਖਾਸ ਕਰ ਬੱਚਿਆਂ 'ਤੇ ਹਮਲੇ ਕਰਕੇ ਉਹਨਾਂ ਨੂੰ ਮੌਤ ਦੇ ਘਾਟ ਉਤਾਰ ਰਹੀ ਹੈ। ਆਲਮੀ ਭਾਈਚਾਰੇ ਦੇ ਸਰੋਕਾਰ ਦੀ ਇੱਕ ਝਲਕ ਯੂ ਐੱਨ ਓ 'ਚ ਇਸ ਅਹਿਮ ਮਸਲੇ ਨੂੰ ਲੈ ਕੇ ਪੇਸ਼ ਹੋਏ ਮਤੇ ਦੀ ਵਿਆਪਕ ਹਮਾਇਤ 'ਚੋਂ ਵੀ ਮਿਲਦੀ ਹੈ। ਇਜ਼ਰਾਈਲ ਦੀ ਹਮਾਇਤ 'ਚ ਆਏ ਅਮਰੀਕਾ, ਇੰਗਲੈਂਡ ਵਰਗੇ ਸਾਮਰਾਜੀ ਮੁਲਕਾਂ ਦੀ ਗਿਣਤੀ 14 ਸੀ, ਜਦਕਿ ਭਾਰਤ ਵਰਗੇ ਸਾਮਰਾਜੀਆਂ ਦੇ ਹੱਥ-ਠੋਕਾ 45 ਮੁਲਕਾਂ ਦੇ ਇਸ ਰਾਇਸ਼ੁਮਾਰੀ 'ਚੋਂ ਪਾਸਾ ਵੱਟ ਕੇ ਪਾਸੇ ਰਹਿਣ ਯਾਨਿ ਕਿ ਗੈਰਹਾਜ਼ਰ ਰਹਿਣ ਦੇ ਬਾਵਜੂਦ ਰੂਸ, ਚੀਨ, ਅਰਬ ਮੁਲਕਾਂ ਤੇ ਸਾਡੇ ਗੁਆਂਢੀ ਮੁਲਕ ਪਾਕਿਸਤਾਨ ਸਮੇਤ ਦੁਨੀਆ ਭਰ ਦੇ 120 ਮੁਲਕਾਂ ਨੇ ਫਲਸਤੀਨ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਿਆ ਹੈ ਅਤੇ ਇਜ਼ਰਾਈਲੀ ਫੌਜ ਦੀਆਂ ਕਾਰਵਾਈਆਂ ਨੂੰ ਰੱਜ ਕੇ ਭੰਡਿਆ ਹੈ।

**ਇਸ ਮੁੱਦੇ ਦਾ ਇਤਿਹਾਸਕ ਪਿਛੋਕੜ**

ਆਖਰ ਇਸ ਖਹਿਭੇੜ ਦਾ ਅਸਲ ਮੁੱਦਾ ਕੀ ਹੈ? ਇਹ ਦੇਖਣ ਲਈ ਸਾਨੂੰ ਇਜ਼ਰਾਈਲ ਦੇ ਇਤਿਹਾਸ 'ਤੇ ਇੱਕ ਝਾਤ ਮਾਰਨੀ ਪਵੇਗੀ। ਇਜ਼ਰਾਈਲੀ ਲੋਕਾਂ ਦੀ ਬਹੁਗਿਣਤੀ ਜੂਡਾਸ ਧਰਮ ਦੀ ਪੈਰੋਕਾਰ ਹੈ, ਜਿਹੜਾ ਕਿ ਇੱਕ ਬਹੁਤ ਹੀ ਪ੍ਰਾਚੀਨ ਧਰਮ ਹੈ। ਇਸ ਧਰਮ ਦੇ ਪੈਰੋਕਾਰਾਂ ਨੂੰ ਯਹੂਦੀ ਕਿਹਾ ਜਾਂਦਾ ਹੈ ਅਤੇ ਇਹਨਾਂ ਦੇ ਧਾਰਮਿਕ ਸਥਾਨਾਂ ਨੂੰ ਸਿਨਾਗੌਗ ਦੇ ਨਾਂਅ ਨਾਲ ਪੁਕਾਰਿਆ ਜਾਂਦਾ ਹੈ। ਇਜ਼ਰਾਈਲ ਤੇ ਫਲਸਤੀਨ ਦੇ ਸਾਂਝੇ ਕਬਜ਼ੇ ਹੇਠ ਸ਼ਹਿਰ ਯੇਰੂਸ਼ਲਮ ਨੂੰ ਇਹ ਲੋਕ ਆਪਣਾ ਪ੍ਰਾਚੀਨ ਧਾਰਮਿਕ ਸਥਲ ਮੰਨਦੇ ਹਨ। ਬਹੁਤ ਹੀ ਪ੍ਰਾਚੀਨ ਸਮਿਆਂ 'ਚ ਹੀ ਬਹੁਤ ਸਾਰੇ ਯਹੂਦੀ ਆਪਣੇ ਕਾਰੋਬਾਰਾਂ ਤੇ ਰੋਜ਼ੀ-ਰੋਟੀ ਦੀ ਭਾਲ 'ਚ ਦੁਨੀਆ ਦੇ ਬਹੁਤ ਸਾਰੇ ਦੇਸ਼ਾਂ ਵੱਲ ਪਲਾਇਨ ਕਰ ਗਏ ਸਨ ਅਤੇ ਉਹਨਾਂ ਲੋਕਾਂ ਨੇ ਉਹਨਾਂ ਮੁਲਕਾਂ ਅੰਦਰ ਆਪਣੇ-ਆਪ ਨੂੰ ਬਹੁਤ ਹੀ ਵਧੀਆ ਢੰਗ ਨਾਲ ਸਥਾਪਤ ਵੀ ਕਰ ਲਿਆ ਹੋਇਆ ਹੈ। ਇਹਨਾਂ ਲੋਕਾਂ ਅੰਦਰ ਆਪਣੇ ਇਸ਼ਟ ਦੇ ਮੁਕੱਦਸ ਸਥਾਨ ਪ੍ਰਤੀ ਮੋਹ ਲਗਾਤਾਰਤਾ ਨਾਲ ਬਣਿਆ ਰਿਹਾ ਅਤੇ ਉਹਨਾਂ ਆਪਣੀ ਮੁਕੱਦਸ ਕਿਤਾਬ ਬਾਈਬਲ ਦੇ ਹਵਾਲਿਆਂ (ਸਧਾਰਨ ਬੋਲੀ 'ਚ ਕਹਿਣਾ ਹੋਵੇ ਤਾਂ ਸਾਖੀਆਂ) ਮੁਤਾਬਕ ਆਪਣਾ ਕੋਈ ਇੱਕ ਮੁਲਕ ਬਣਾਉਣ ਲਈ ਕੋਸ਼ਿਸ਼ਾਂ ਜਾਰੀ ਰੱਖੀਆਂ। ਇਹਨਾਂ ਹੀ ਯਤਨਾਂ 'ਚ ਆਸਟਰੀਆ ਦੇ ਸ਼ਹਿਰ ਵੀਆਨਾ ਵਿਖੇ 19ਵੀਂ ਸਦੀ ਦੇ ਅੰਤਲੇ ਦਹਾਕਿਆਂ ਅੰਦਰ ਵੀਆਨਾ ਦੇ ਇੱਕ ਯਹੂਦੀ ਥਿਓਡਰ ਹਰਜ਼ਲ ਨੇ ਯਹੂਦੀ ਰਾਜ-ਇਜ਼ਰਾਈਲ ਦਾ ਇੱਕ ਵਿਚਾਰ ਰੱਖਿਆ। ਉਸ ਨੇ ਪੈਸੇ ਇਕੱਠੇ ਕਰਕੇ ਇੱਕ ਧਾਰਮਿਕ ਇਕੱਠ ਰੱਖਿਆ। ਇਸ ਇਕੱਤਰਤਾ ਨੇ ਇਹ ਫੈਸਲਾ ਕੀਤਾ ਕਿ ਵੀਆਨਾ ਦੇ ਸਾਰੇ ਰੱਬੀਆਂ (ਯਹੂਦੀ ਪਾਦਰੀਆਂ) ਨੂੰ ਇੱਕ ਥਾਂ ਇਕੱਠਾ ਕੀਤਾ ਜਾਵੇ। ਇਕੱਤਰਤਾ 'ਚ ਇਹ ਫੈਸਲਾ ਕੀਤਾ ਗਿਆ ਕਿ ਆਪਣਾ ਮੁਲਕ ਬਣਾਉਣ ਲਈ ਹਾਲਾਤ ਦਾ ਜਾਇਜ਼ਾ ਲੈਣ ਲਈ ਦੋ ਰੱਬੀਆਂ ਨੂੰ ਫਲਸਤੀਨ ਦਾ ਦੌਰਾ ਕਰਨ ਲਈ ਭੇਜਿਆ ਜਾਵੇ। ਫੈਸਲੇ ਮੁਤਾਬਕ ਦੋ ਰੱਬੀ ਫਲਸਤੀਨ ਗਏ ਅਤੇ ਉੱਥੇ ਪਹੁੰਚ ਕੇ ਉਹਨਾਂ ਵੀਆਨਾ ਵੱਲ ਇੱਕ ਤਾਰ ਜ਼ਰੀਏ ਸੁਨੇਹਾ ਰੁਖਸਤ ਕੀਤਾ ਕਿ 'ਦੁਲਹਨ ਤਾਂ ਨਿਹਾਇਤ ਹੀ ਖੂਬਸੂਰਤ ਹੈ, ਪਰ ਉਹ ਤਾਂ ਪਹਿਲਾਂ ਹੀ ਕਿਸੇ ਹੋਰ ਨਾਲ ਵਿਆਹੀ ਹੋਈ ਆ।' ਯਾਨੀ ਕਿ ਉਹਨਾਂ ਕਿਹਾ ਕਿ ਮੁਲਕ ਫਲਸਤੀਨ ਤਾਂ ਬਹੁਤ ਹੀ ਦਿਲਕਸ਼ ਤੇ ਸੁੰਦਰ ਹੈ, ਪਰ ਉੱਥੇ ਤਾਂ ਪਹਿਲਾਂ ਤੋਂ ਹੀ ਲੋਕ ਰਹਿੰਦੇ ਆ ਰਹੇ ਹਨ। ਇਓਂ ਯਹੂਦੀਆਂ ਦਾ ਫਲਸਤੀਨ ਉੱਤੇ ਦਾਅਵਾ ਬਹੁਤ ਹੀ ਕਮਜ਼ੋਰ ਬਿਨਾਅ 'ਤੇ ਟਿਕਿਆ ਹੋਇਆ ਹੈ। ਅਜਿਹੀ ਤਸੱਲੀ ਹੋ ਜਾਣ ਦੇ ਬਾਵਜੂਦ ਕਿਸੇ ਨਾ ਕਿਸੇ ਪਾਸਿਓਂ ਫਲਸਤੀਨ 'ਤੇ ਯਹੂਦੀਆਂ ਦਾ ਦਾਅਵਾ ਆਪਣੀ ਸਿਰੀ ਚੁੱਕਦਾ ਰਿਹਾ। ਇੱਥੇ ਇਹ ਚੇਤੇ ਕਰਨਾ ਵੀ ਕੁਥਾਂ ਨਹੀਂ ਹੈ ਕਿ ਓਟੋਮਾਨ ਅੰਪਾਇਰ ਯਾਨੀ ਕਿ ਤੁਰਕੀ ਦੀ ਬਾਦਸ਼ਾਹਤ ਦਾ ਖਾਤਮਾ ਹੋਣ ਤੋਂ ਬਾਅਦ ਤੋਂ ਲੈ ਕੇ ਫਲਸਤੀਨ ਅੰਗਰੇਜ਼ ਬਸਤੀਵਾਦੀਆਂ ਦੀ ਇੱਕ ਬਸਤੀ ਤੁਰਿਆ ਆ ਰਿਹਾ ਸੀ ਅਤੇ ਸਿੱਧੇ ਰੂਪ 'ਚ ਹੀ ਉੱਥੇ ਇੰਗਲੈਂਡ ਦੇ ਰਾਜੇ ਦਾ ਰਾਜ ਸੀ। ਇੱਕ ਹੋਰ ਪੱਖ ਨੂੰ ਵੀ ਧਿਆਨ ਗੋਚਰੇ ਕਰਨ ਵਾਲਾ ਹੈ ਕਿ ਯਹੂਦੀ ਧਰਮ ਦੇ ਪੈਰੋਕਾਰ ਕਾਰੋਬਾਰੀ ਹੋਣ ਕਰਕੇ ਜਿਹਨਾਂ ਵੀ ਮੁਲਕਾਂ 'ਚ ਉਹ ਰਹਿੰਦੇ ਸਨ, ਉਹਨਾਂ ਦੇਸ਼ਾਂ ਦੀਆਂ ਸਰਕਾਰਾਂ ਅੰਦਰ ਇੱਕ ਤਕੜਾ ਪ੍ਰਭਾਵ ਰੱਖਦੇ ਸਨ/ਹਨ। 2 ਨਵੰਬਰ 1917 ਨੂੰ ਬਾਲਫੋਰ ਐਲਾਨਨਾਮੇ ਮੁਤਾਬਕ ਬਸਤੀਵਾਦੀ ਅੰਗਰੇਜ਼ ਹਾਕਮਾਂ ਨੇ ਆਪਣੀ ਬਸਤੀ ਫਲਸਤੀਨ ਅੰਦਰ ਯਹੂਦੀਆਂ ਨੂੰ ਵਸਾਉਣ ਲਈ ਇਜਾਜ਼ਤ ਦੇ ਦਿੱਤੀ ਅਤੇ ਇੱਕ ਨਵੇਂ ਮੁਲਕ ਇਜ਼ਰਾਈਲ ਦਾ ਸ੍ਰੀਗਨੇਸ਼ ਕਰ ਦਿੱਤਾ ਗਿਆ। ਉਸ ਮੌਕੇ ਫਲਸਤੀਨ ਅੰਦਰ ਯਹੂਦੀ 10 ਫੀਸਦੀ ਸਨ ਅਤੇ ਅਰਬੀ ਲੋਕ, ਬਾਕੀ ਦੇ 90 ਪ੍ਰਤੀਸ਼ਤ ਬਣਦੇ ਸਨ। ਯਹੂਦੀਆਂ ਕੋਲ 2 ਫੀਸਦੀ ਹੀ ਜ਼ਮੀਨ ਸੀ। ਇਸ ਤੋਂ ਬਾਅਦ ਵੀ 1922 ਤੋਂ 1948 ਤੱਕ ਇਜ਼ਰਾਈਲ ਦੀ ਸਥਾਪਨਾ ਲਈ ਕੀਤੀਆਂ ਗਈਆਂ ਵਾਰਤਾਲਾਪਾਂ ਲਈ ਇਹੋ ਐਲਾਨਨਾਮਾ ਹੀ ਆਧਾਰ ਬਣਿਆ ਰਿਹਾ। ਦੂਜੀ ਸੰਸਾਰ ਜੰਗ ਅੰਦਰ ਜਰਮਨੀ ਸਮੇਤ ਯੂਰਪ ਦੇ ਹੋਰਨਾਂ ਮੁਲਕਾਂ ਅੰਦਰ ਵੱਸਦੇ ਯਹੂਦੀਆਂ 'ਤੇ ਨਾਜ਼ੀਆਂ ਵੱਲੋਂ ਢਾਹੇ ਗਏ ਅੰਨ੍ਹੇ ਤਸ਼ੱਦਦ ਦੇ ਮੱਦੇਨਜ਼ਰ ਵੱਡੀ ਪੱਧਰ 'ਤੇ ਯੂਰਪੀ ਮੁਲਕਾਂ 'ਚੋਂ ਹੋਏ ਯਹੂਦੀਆਂ ਦੇ ਪ੍ਰਵਾਸ ਕਰਕੇ ਇਜ਼ਰਾਈਲ ਦੀ ਸਥਾਪਨਾ ਦਾ ਏਜੰਡਾ ਹੋਰ ਵੀ ਜ਼ੋਰ ਫੜ ਗਿਆ ਅਤੇ ਵੱਖ-ਵੱਖ ਦੇਸ਼ਾਂ ਅੰਦਰ ਪੱਕੇ ਰੂਪ 'ਚ ਵਾਸਾ ਕਰਨ ਵਾਲੇ ਯਹੂਦੀਆਂ ਨੇ ਇਜ਼ਰਾਈਲ ਮੁਲਕ ਬਣਾਉਣ ਦਾ ਬੀੜਾ ਚੁੱਕ ਲਿਆ। ਅਖੀਰ ਯੂ ਐੱਨ ਓ ਦੇ ਇੱਕ ਮਤੇ ਰਾਹੀਂ 15 ਮਈ 1948 ਨੂੰ ਇਜ਼ਰਾਈਲ ਦੀ ਇੱਕ ਮੁਲਕ ਵਜੋਂ ਸਥਾਪਨਾ ਫਲਸਤੀਨ ਨੂੰ ਦੋ ਮੁਲਕਾਂ 'ਚ ਵੰਡ ਕੇ ਕੀਤੀ ਗਈ।

**ਇਜ਼ਰਾਈਲ ਦੀ ਭੂਗੋਲਿਕ ਸਥਿਤੀ**

ਭੂ-ਮੱਧ (ਮੈਡੇਟੇਰੀਅਨ) ਸਾਗਰ ਦੇ ਕਿਨਾਰੇ ਸਥਿਤ ਫਲਸਤੀਨ ਦੇ ਉੱਤਰ-ਪੱਛਮ 'ਚ ਲੈਬਨਾਨ, ਉੱਤਰ-ਪੂਰਬ 'ਚ ਸੀਰੀਆ, ਪੂਰਬ 'ਚ ਜਾਰਡਨ, ਦੱਖਣ-ਪੂਰਬ 'ਚ ਸਾਊਦੀ ਅਰਬ ਤੇ ਦੱਖਣ 'ਚ ਮਿਸਰ ਸਥਿਤ ਹਨ। ਕਹਿਣ ਦਾ ਅਰਥ ਕਿ ਇਹ ਇਲਾਕਾ ਅਰਬ ਦੇਸ਼ਾਂ ਨਾਲ ਘਿਰਿਆ ਹੋਇਆ ਹੈ। ਦੂਜੀ ਸੰਸਾਰ ਜੰਗ ਦੌਰਾਨ ਅਤੇ ਇਸ ਤੋਂ ਪਹਿਲਾਂ ਯਾਨੀ ਕਿ 20ਵੀਂ ਸਦੀ ਦੇ ਮੁੱਢ 'ਚ ਪੱਛਮੀ ਏਸ਼ੀਆਈ ਦੇਸ਼ਾਂ ਅੰਦਰ ਪੈਟਰੋਲੀਅਮ ਪਦਾਰਥਾਂ ਦੇ ਵੱਡੇ ਜ਼ਖ਼ੀਰੇ ਮਿਲਣ ਦੀ ਖੋਜ ਹੋਣ ਉਪਰੰਤ ਇਹਨਾਂ ਜ਼ਖ਼ੀਰਿਆਂ 'ਤੇ ਕਬਜ਼ਾ ਜਮਾਉਣ ਦੀ ਨੀਤ ਨਾਲ ਪੱਛਮੀ ਏਸ਼ੀਆ ਦੇ ਇਹਨਾਂ ਮੁਲਕਾਂ 'ਤੇ ਆਪਣੀ ਸਰਦਾਰੀ ਸਥਾਪਤ ਰੱਖਣ ਅਤੇ ਚੌਧਰ ਜਮਾਉਣ ਦੇ ਮਕਸਦ ਨਾਲ ਅਮਰੀਕੀ ਸਾਮਰਾਜੀਆਂ ਅਤੇ ਇਹਨਾਂ ਦੇ ਜੋੜੀਦਾਰਾਂ ਨੇ ਆਪਣੇ ਹਿੱਤਾਂ ਮੁਤਾਬਕ ਇਜ਼ਰਾਈਲ ਦੀ ਸਥਾਪਨਾ ਆਪਣੀ ਇੱਕ ਬਾਹਰੀ ਚੌਕੀ ਦੇ ਰੂਪ 'ਚ ਕਰਨ ਲਈ ਆਪਣਾ ਪੂਰਾ ਯੋਗਦਾਨ ਪਾਇਆ। ਇਸੇ ਲਈ ਯੂ ਐੱਨ ਓ 'ਚ ਇਜ਼ਰਾਈਲ ਦੀ ਸਥਾਪਨਾ ਦਾ ਮਤਾ ਪਾਸ ਹੋ ਜਾਣ ਦੇ ਕੁਝ ਕੁ ਮਿੰਟਾਂ ਬਾਅਦ ਹੀ ਅਮਰੀਕਾ ਨੇ ਇਸ ਨਵੇਂ ਦੇਸ਼ ਨੂੰ ਮਾਨਤਾ ਪ੍ਰਦਾਨ ਕਰ ਦਿੱਤੀ, ਜਦਕਿ 1949 'ਚ ਨਵੇਂ ਆਜ਼ਾਦ ਹੋਏ ਚੀਨ ਦੀ ਇਨਕਲਾਬੀ ਹਕੂਮਤ ਨੇ ਇਜ਼ਰਾਈਲ ਦੀ ਉਸ ਨੂੰ ਮਾਨਤਾ ਪ੍ਰਦਾਨ ਕਰਨ ਦੀ ਮੰਗ ਨੂੰ ਸਪੱਸ਼ਟ ਰੂਪ 'ਚ ਠੁਕਰਾ ਦਿੱਤਾ ਸੀ, ਇਹ ਕਹਿੰਦਿਆਂ ਕਿ ਉਹਨਾਂ ਦੇ ਅਜਿਹੇ ਕਦਮ ਨਾਲ ਫਲਸਤੀਨੀ ਲੋਕਾਂ ਅਤੇ ਕੌਮੀ ਮੁਕਤੀ ਦੇ ਚੱਲ ਰਹੇ ਹੋਰਨਾਂ ਘੋਲਾਂ ਨੂੰ ਢਾਹ ਲੱਗੇਗੀ।

**ਨਵੇਂ ਮੁਲਕ ਦੀ ਸਥਾਪਤੀ**

ਨਵੇਂ ਮੁਲਕ ਦੇ ਹੋਂਦ 'ਚ ਆ ਜਾਣ ਤੋਂ ਬਾਅਦ ਇਜ਼ਰਾਈਲ ਦੇ ਕਬਜ਼ੇ ਹੇਠਲੇ ਇਲਾਕਿਆਂ 'ਚੋਂ ਬਹੁਤ ਹੀ ਵੱਡੀ ਤਾਦਾਦ 'ਚ ਅਰਬੀ ਲੋਕਾਂ ਨੇ ਹਿਜਰਤ ਕੀਤੀ। ਇੱਕ ਅੰਦਾਜ਼ੇ ਮੁਤਾਬਕ ਉਸ ਮੌਕੇ ਕਰੀਬ 7.5 ਲੱਖ ਅਰਬੀਆਂ ਨੇ ਉੱਥੋਂ ਪ੍ਰਵਾਸ ਕੀਤਾ, ਜਿਸ ਨੂੰ 'ਨਕਬਾ' ਯਾਨੀ ਕਿ ਪਰਲੋ ਦੇ ਨਾਂਅ ਨਾਲ ਪੁਕਾਰਿਆ ਜਾਂਦਾ ਹੈ। ਇਸ ਤੋਂ ਪਹਿਲਾਂ ਵੀ ਇਜ਼ਰਾਈਲੀ ਅੱਤਵਾਦੀ ਜਥੇਬੰਦੀਆਂ ਇਸ ਗੱਲ 'ਤੇ ਆਮਦਾ ਸਨ ਕਿ ਨਵੇਂ ਬਣਨ ਵਾਲੇ ਇਜ਼ਰਾਈਲ 'ਚੋਂ ਇਜ਼ਰਾਈਲੀ ਵਿਰੋਧੀਆਂ ਤੇ ਫਲਸਤੀਨੀਆਂ ਦਾ ਸਫਾਇਆ ਕਰ ਦਿੱਤਾ ਜਾਵੇ। ਇਸ ਮਨਸ਼ੇ ਨੂੰ ਸਿਰੇ ਚਾੜ੍ਹਨ ਲਈ ਉਹਨਾਂ ਵਰਲਡ ਜ਼ਿਆਓਨਿਸਟ ਕਾਂਗਰਸ ਦੇ ਲੰਦਨ 'ਚ ਬੈਠੇ ਨੁਮਾਇੰਦੇ ਵੀਅਜਮੈਨ ਅਤੇ ਪੋਲੈਂਡ ਦੇ ਪ੍ਰਵਾਸੀ ਵਲਾਦੀਮੀਰ ਜੈਬੋਟਿੰਸਕੀ ਦੀਆਂ ਸੇਵਾਵਾਂ ਲਈਆਂ। ਜਿੱਥੇ ਵੀਅਜਮੈਨ ਇਸ ਗੱਲ 'ਤੇ ਜ਼ੋਰ ਦੇ ਰਿਹਾ ਸੀ ਕਿ ਬਾਲਫੋਰ ਐਲਾਨਨਾਮਾ ਸਿਰੇ ਚੜ੍ਹੇ, ਉੱਥੇ ਜੈਬੋਟਿੰਸਕੀ ਰੇਲਵੇ ਲਾਈਨਾਂ, ਪੁਲਾਂ, ਰੇਲਵੇ ਦੇ ਇੰਜਣਾਂ ਦੇ ਲੋਕੋ ਸ਼ੈੱਡਾਂ, ਫੈਕਟਰੀਆਂ ਤੇ ਬੰਦਰਗਾਹਾਂ ਨੂੰ ਤਬਾਹ ਕਰਨ ਲਈ ਉਹਨਾਂ ਥਾਵਾਂ 'ਤੇ ਬਾਰੂਦੀ ਸੁਰੰਗਾਂ ਵਿਛਾਉਣ 'ਚ ਮੋਹਰੀ ਰੋਲ ਨਿਭਾਅ ਰਿਹਾ ਸੀ। ਸਭ ਤੋਂ ਵੱਡੀ ਵਾਰਦਾਤ ਜੁਲਾਈ 1946 'ਚ ਯੇਰੂਸ਼ਲਮ ਦੇ ਕਿੰਗ ਡੇਵਿਡ ਹੋਟਲ ਨੂੰ ਬੰਬ ਨਾਲ ਉਡਾਉਣ ਦੀ ਸੀ।

ਫਲਸਤੀਨੀਆਂ ਦੇ ਪ੍ਰਵਾਸ ਦਾ ਇਹ ਸਿਲਸਿਲਾ ਇੱਥੇ ਹੀ ਨਹੀਂ ਮੁੱਕ ਗਿਆ। ਇਹ ਅੱਜ ਵੀ ਬਰਕਰਾਰ ਹੈ। ਇਜ਼ਰਾਈਲ ਦੇ ਹਾਕਮਾਂ ਨੇ ਮੁਲਕ ਦੀ ਸਥਾਪਤੀ ਹੋਣ ਦੇ ਨਾਲ ਹੀ ਆਪਣੇ ਮੁਲਕ ਦੀਆਂ ਯੂ ਐੱਨ ਓ ਦੇ ਮਤੇ ਮੁਤਾਬਕ ਹੱਦਬੰਦੀਆਂ ਦੀ ਪ੍ਰਵਾਹ ਨਾ ਕਰਦਿਆਂ ਆਪਣੇ ਨਾਪਾਕ ਕਦਮਾਂ ਨੂੰ ਫਲਸਤੀਨ ਦੇ ਅਰਬੀ ਖੇਤਰਾਂ ਅੰਦਰ ਫੈਲਾਉਣ ਦਾ ਸਿਲਸਿਲਾ ਜਾਰੀ ਰੱਖਿਆ। ਉਹਨਾਂ ਹੋਰਨਾਂ ਇਲਾਕਿਆਂ 'ਤੇ ਆਪਣੇ ਕਬਜ਼ੇ ਜਮਾਏ ਅਤੇ ਫਲਸਤੀਨੀ ਲੋਕਾਂ 'ਤੇ ਜਬਰ-ਜ਼ੁਲਮ ਢਾਹੁਣੇ ਜਾਰੀ ਰੱਖੇ। 1967 'ਚ ਛੇ ਦਿਨ ਲੰਮੀ ਚੱਲੀ ਜੰਗ ਦੌਰਾਨ ਇਜ਼ਰਾਈਲ ਨੇ ਸੀਰੀਆ ਦੇ ਗੋਲਾਨ ਹਾਈਟਸ ਪਹਾੜੀ ਖੇਤਰ, ਜਾਰਡਨ ਦੇ ਪੱਛਮੀ ਕਿਨਾਰੇ (ਵੈੱਸਟ ਬੈਂਕ), ਫਲਸਤੀਨ ਦੇ ਗਾਜ਼ਾ ਪੱਟੀ ਅਤੇ ਮਿਸਰ ਦੇ ਸਿਨਈ ਪੈਨਿਨਸੁਲਾ ਇਲਾਕੇ ਹਥਿਆ ਲਏ। ਇਸ ਉਪਰੰਤ ਉਸ ਨੇ ਇਹਨਾਂ ਇਲਾਕਿਆਂ ਅੰਦਰ ਆਪਣੀਆਂ ਪੱਕੀਆਂ ਠਾਹਰਾਂ (ਬਸਤੀਆਂ) ਬਣਾਉਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਅਰਬੀ ਲੋਕਾਂ ਨੂੰ ਉੱਥੋਂ ਖਦੇੜਨਾ ਜਾਰੀ ਰੱਖਿਆ। ਸੀਤ ਯੁੱਧ ਦਾ ਸਮਾਂ ਹੋਣ ਕਾਰਨ ਅਮਰੀਕਾ ਨੇ ਇਸ ਖੇਤਰ ਅੰਦਰ ਆਪਣੀ ਪੈਂਠ ਬਣਾਈ ਰੱਖਣ ਲਈ ਵਿੱਚ-ਵਿਚਾਲੇ ਪੈ ਕੇ ਭਾਵੇਂ ਸਮਝੌਤਾ ਕਰਵਾ ਦਿੱਤਾ ਸੀ ਅਤੇ ਕੁੱਝ ਇਲਾਕੇ ਵਾਪਸ ਉਹਨਾਂ ਮੁਲਕਾਂ ਨੂੰ ਸੌਂਪ ਦਿੱਤੇ ਸਨ, ਪਰ ਗੋਲਾਨ ਹਾਈਟਸ, ਪੱਛਮੀ ਕੰਢਾ ਤੇ ਗਾਜ਼ਾ ਪੱਟੀ ਦੇ ਇਲਾਕੇ ਇਜ਼ਰਾਈਲ ਦੇ ਕਬਜ਼ੇ ਹੇਠ ਹੀ ਰਹੇ ਤੇ ਅੱਜ ਤੱਕ ਵੀ ਹਨ।

**ਫਲਸਤੀਨ ਅੰਦਰੋਂ ਇਜ਼ਰਾਈਲ ਦਾ ਵਿਰੋਧ**

ਸਥਿਤੀ ਇਹ ਨਹੀਂ ਰਹੀ ਕਿ ਫਲਸਤੀਨੀ ਲੋਕਾਂ ਨੇ ਇਜ਼ਰਾਈਲ ਦੀ ਸਥਾਪਨਾ ਨੂੰ ਆਪਣੀ ਹੋਣੀ ਮੰਨ ਲਿਆ ਹੋਵੇ ਤੇ ਉਹ ਹੱਥ 'ਤੇ ਹੱਥ ਧਰ ਕੇ ਬੈਠੇ ਹੋਣ। ਉਹਨਾਂ ਆਪਣੇ ਹਮਖਿਆਲ ਮੁਲਕਾਂ ਦੀਆਂ ਸਰਕਾਰਾਂ ਤੋਂ ਅਤੇ ਲੋਕਾਂ ਦੀ ਇਮਦਾਦ ਨਾਲ ਹਰ ਪੱਧਰ 'ਤੇ ਇਜ਼ਰਾਈਲ ਦੀ ਵਿਰੋਧਤਾ ਦਾ ਝੰਡਾ ਬੁਲੰਦ ਕਰਨਾ ਜਾਰੀ ਰੱਖਿਆ, ਕਦੇ ਸ਼ਾਂਤਮਈ ਢੰਗਾਂ ਰਾਹੀਂ, ਕਦੇ ਵਿਰੋਧ ਮੁਜ਼ਾਹਰਿਆਂ ਰਾਹੀਂ, ਕਦੇ ਹਥਿਆਰਾਂ ਨਾਲ, ਕਦੇ ਵਾਰਤਾਲਾਪਾਂ ਜ਼ਰੀਏ, ਕਦੇ ਸੰਸਾਰ ਫੋਰਮਾਂ 'ਤੇ ਆਪਣੀ ਆਵਾਜ਼ ਉਠਾਉਣ ਰਾਹੀਂ। ਇਸ ਦੇ ਨਾਲ ਹੀ ਸੰਸਾਰ ਪੱਧਰ ਦੇ ਇਨਸਾਫ-ਪਸੰਦ ਲੋਕਾਂ, ਦੇਸ਼ਾਂ ਤੇ ਜਮਹੂਰੀ ਤਾਕਤਾਂ ਨੇ ਵੀ ਫਲਸਤੀਨ ਦੇ ਇਸ ਹੱਕ-ਬ-ਵਾਜਬ ਘੋਲ ਨਾਲ ਆਪਣੇ ਢੰਗਾਂ ਨਾਲ ਯਕਜਹਿਤੀ ਪ੍ਰਗਟ ਕਰਨੀ ਜਾਰੀ ਰੱਖੀ ਹੋਈ ਹੈ। ਇਸੇ ਹੀ ਪ੍ਰਸੰਗ 'ਚ ਫਲਸਤੀਨ ਦੀ ਮੁਕਤੀ ਲਈ ਜਥੇਬੰਦ ਕੀਤੀ ਗਈ ਯਾਸਰ ਅਰਾਫਤ ਦੀ ਅਗਵਾਈ ਵਾਲੀ ਫਲਸਤੀਨੀ ਲਿਬਰੇਸ਼ਨ ਆਰਗੇਨਾਈਜ਼ੇਸ਼ਨ (ਪੀ ਐੱਲ ਓ) ਦੇ ਗਠਨ ਤੇ ਉਸ ਦੇ ਰੋਲ ਨੂੰ ਸਮਝਿਆ ਜਾ ਸਕਦਾ ਹੈ। ਜਮਹੂਰੀ ਢੰਗ-ਤਰੀਕਿਆਂ 'ਚ ਵਿਸ਼ਵਾਸ ਕਰਨ ਵਾਲੀ ਪੀ ਐੱਲ ਓ ਨੇ ਸੰਸਾਰ ਪਲੇਟਫਾਰਮਾਂ 'ਤੇ ਫਲਸਤੀਨ 'ਤੇ ਹੋ ਰਹੇ ਜਬਰ ਦੀ ਬਾਤ ਪਾਉਣ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਅਤੇ ਨਾਲ ਹੀ ਉਸ ਨੇ ਜਮਹੂਰੀ ਢੰਗਾਂ ਨਾਲ ਵਾਰਤਾਲਾਪਾਂ ਦਾ ਸਿਲਸਿਲਾ ਵੀ ਜਾਰੀ ਰੱਖਿਆ। ਦੂਜੇ ਪਾਸੇ ਇਜ਼ਰਾਈਲੀ ਹੁਕਮਰਾਨ ਪੀ ਐੱਲ ਓ ਨੂੰ ਇੱਕ ਅੱਤਵਾਦੀ ਜਥੇਬੰਦੀ ਗਰਦਾਨਦੇ ਸਨ। ਅਖੀਰ 1993 'ਚ ਨਾਰਵੇ ਦੀ ਰਾਜਧਾਨੀ ਸ਼ਹਿਰ ਓਸਲੋ 'ਚ ਇੱਕ ਸਮਝੌਤਾ ਇਜ਼ਰਾਈਲ ਤੇ ਪੀ ਐੱਲ ਓ ਦਰਮਿਆਨ ਕਲਮਬੱਧ ਹੋਇਆ। ਇਸ ਸਮਝੌਤੇ ਮੁਤਾਬਕ ਇਜ਼ਰਾਈਲ ਨੇ ਪੀ ਐੱਲ ਓ ਨੂੰ ਅਰਬੀ ਲੋਕਾਂ ਦੀ ਨੁਮਾਇੰਦਾ ਜਥੇਬੰਦੀ ਦੇ ਤੌਰ 'ਤੇ ਸਵੀਕਾਰ ਕੀਤਾ ਅਤੇ ਪੀ ਐੱਲ ਓ ਨੇ ਇਜ਼ਰਾਈਲ ਨੂੰ ਇੱਕ ਦੇਸ਼ ਵਜੋਂ ਮੰਨਿਆ (ਇਸ ਤੋਂ ਪਹਿਲਾਂ ਫਲਸਤੀਨ ਦੇ ਲੋਕ ਇਜ਼ਰਾਈਲ ਨੂੰ ਕੋਈ ਮੁਲਕ ਵਜੋਂ ਸਵੀਕਾਰ ਨਹੀਂ ਕਰਦੇ ਸਨ)। ਇਸ ਸਮਝੌਤੇ ਤੋਂ ਪਹਿਲਾਂ ਹੀ ਜਮਹੂਰੀ ਢੰਗ ਨਾਲ ਚੱਲਣ ਵਾਲੀ ਪੀ ਐੱਲ ਓ ਦਾ ਵਿਰੋਧ ਸ਼ੁਰੂ ਹੋ ਚੁੱਕਿਆ ਸੀ ਅਤੇ ਹਮਾਸ ਨਾਂਅ ਦੀ ਇੱਕ ਜਥੇਬੰਦੀ 1987 'ਚ ਸਥਾਪਤ ਕੀਤੀ ਜਾ ਚੁੱਕੀ ਸੀ, ਜੀਹਦਾ ਕੰਮ ਕਰਨ ਦਾ ਮੁੱਖ ਤਰੀਕਾਕਾਰ ਅੱਤਵਾਦੀ ਕਾਰਵਾਈਆਂ ਰਾਹੀਂ ਆਪਣੇ ਮੁਲਕ ਨੂੰ ਆਜ਼ਾਦੀ ਦਿਵਾਉਣਾ ਸੀ। ਓਸਲੋ ਸਮਝੌਤੇ ਦੇ ਵਿਰੋਧ 'ਚ ਉਸ ਨੇ ਇਸ ਨੂੰ ਗੋਡੇਟੇਕੂ ਸਮਝੌਤਾ ਕਿਹਾ। ਦਲੀਲ ਇਹ ਸੀ ਕਿ ਕਿਉਂਕਿ ਇਸ ਮੁਤਾਬਕ ਪੀ ਐੱਲ ਓ ਤਾਂ ਇੱਕ ਜਥੇਬੰਦੀ (ਧਿਰ) ਪ੍ਰਵਾਨ ਕਰ ਲਈ ਗਈ ਸੀ, ਪਰ ਉਹ ਕਿਹੜੇ ਦੇਸ਼ ਦੇ ਲੋਕਾਂ ਦੀ ਨੁਮਾਇੰਦਗੀ ਕਰਦੀ ਸੀ, ਇਸ ਸਭ ਕਾਸੇ ਦਾ ਓਸਲੋ ਸਮਝੌਤੇ 'ਚ ਕੋਈ ਜ਼ਿਕਰ ਨਹੀਂ ਸੀ, ਯਾਨੀ ਕਿ ਫਲਸਤੀਨ ਵਰਗੇ ਕਿਸੇ ਮੁਲਕ ਦੀ ਕੋਈ ਹੋਂਦ ਮੰਨਣ ਦਾ ਕੋਈ ਵੀ ਇਸ਼ਾਰਾ ਮਾਤਰ ਵੀ ਨਹੀ ਸੀ। ਇਜ਼ਰਾਈਲ ਦੇ ਅੰਦਰੋਂ ਵੀ ਇਸ ਸਮਝੌਤੇ ਦਾ ਵਿਰੋਧ ਹੋਇਆ ਅਤੇ ਉਸ ਸਮੇਂ ਵਿਰੋਧੀ ਧਿਰ ਦੇ ਆਗੂ ਵਜੋਂ ਇਜ਼ਰਾਈਲ ਦੇ ਮੌਜੂਦਾ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਇਸ ਸਮਝੌਤੇ ਦਾ ਡਟ ਕੇ ਵਿਰੋਧ ਕੀਤਾ।

1996 'ਚ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਦੀ ਕੁਰਸੀ 'ਤੇ ਬਿਰਾਜਮਾਨ ਹੁੰਦਿਆਂ ਹੀ ਉਸ ਨੇ ਫਲਸਤੀਨੀ ਲੋਕਾਂ 'ਤੇ ਆਪਣੇ ਜਬਰ ਦਾ ਕੁਹਾੜਾ ਹੋਰ ਤੇਜ਼ ਕਰ ਦਿੱਤਾ ਹੋਇਆ ਹੈ।

(• ਬਾਕੀ ਸਫ਼ਾ 8 'ਤੇ)

17-NOV-PAGE-5.qxd 11/16/2023 10:35 PM Page 1



# ਕੇਂਦਰ ਦੀ ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੀ ਨੀਤੀ ਦੇਸ਼ ਲਈ ਗੰਭੀਰ ਖਤਰਾ : ਸੀ ਪੀ ਆਈ

## ਸੀ ਪੀ ਆਈ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਨੂੰ ਸ਼ਰਧਾਂਜਲੀਆਂ



**ਲੁਧਿਆਣਾ (ਐੱਮ ਐੱਸ ਭਾਟੀਆ)**-ਅੱਜ ਸਮਾਂ ਹੈ ਕਿ ਅਸੀਂ ਆਪਣੇ ਸੰਵਿਧਾਨ ਨੂੰ ਬਚਾਉਣ ਤੇ ਫਿਰਕੂ ਤਾਕਤਾਂ ਵਿਰੁੱਧ ਸੰਘਰਸ਼ ਨੂੰ ਹੋਰ ਮਜ਼ਬੂਤ ਕਰੀਏ। 16 ਨਵੰਬਰ 1915 ਨੂੰ ਅੰਗਰੇਜ਼ਾਂ ਵੱਲੋਂ ਪਹਿਲੇ ਲਾਹੌਰ ਸਾਜ਼ਿਸ਼ ਕੇਸ ਵਿੱਚ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਸਾਥੀਆਂ ਵਿਸ਼ਨੂ ਗਣੇਸ਼ ਪਿੰਗਲੇ- ਤਾਲੇਗਾਓਂ-ਪੂਣੇ (ਮਹਾਂਰਾਸ਼ਟਰ), ਸੁਰੈਣ ਸਿੰਘ ਪੁੱਤਰ ਬੂਰ ਸਿੰਘ ਗਿੱਲਵਾਲੀ ਅੰਮ੍ਰਿਤਸਰ, ਸੁਰੈਣ ਸਿੰਘ ਪੁੱਤਰ ਈਸ਼ਰ ਸਿੰਘ ਗਿੱਲਵਾਲੀ ਅੰਮ੍ਰਿਤਸਰ, ਬਖਸ਼ੀਸ਼ ਸਿੰਘ ਗਿੱਲਵਾਲੀ ਅੰਮ੍ਰਿਤਸਰ, ਜਗਤ ਸਿੰਘ ਸੁਰਸਿੰਘ ਅੰਮ੍ਰਿਤਸਰ ਤੇ ਹਰਨਾਮ ਸਿੰਘ ਭੱਟੀ ਗੋਰਾਇਆ ਸਿਆਲਕੋਟ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਭਾਈ ਵਾਲਾ ਚੌਕ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਕੀਤੀ ਗਈ ਇੱਕ ਜਨਤਕ ਮੀਟਿੰਗ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਪ੍ਰਗਟ ਕੀਤੇ। ਮੰਗ ਕੀਤੀ ਗਈ ਕਿ ਇਸ ਦਿਨ ਨੂੰ ਸਰਕਾਰੀ ਤੌਰ 'ਤੇ 16 ਨਵੰਬਰ ਦੇ ਸ਼ਹੀਦਾਂ ਦੀ ਸਮੂਹ ਸ਼ਰਧਾਂਜਲੀ ਵਜੋਂ ਮਨਾਇਆ ਜਾਏ। ਕਰਤਾਰ ਸਿੰਘ ਸਰਾਭਾ ਨੇ ਬਹੁਤ ਹੀ ਕੋਮਲ ਉਮਰ ਵਿੱਚ ਆਪਣੀ ਜਾਨ ਦੇ ਦਿੱਤੀ ਸੀ। ਉਸ ਨੇ ਅੰਗਰੇਜ਼ ਸਾਮਰਾਜਵਾਦ ਵਿਰੁੱਧ ਅਣਥੱਕ ਲੜਾਈ ਲੜੀ ਤੇ ਉਨ੍ਹਾਂ ਦੇ ਜ਼ੁਲਮਾਂ ਜਾਂ ਤਾਨਾਸ਼ਾਹੀਆਂ ਅੱਗੇ ਨਹੀਂ ਝੁਕਿਆ। ਉਹ ਬਰਤਾਨਵੀ ਸਾਮਰਾਜੀ ਸ਼ਕਤੀ ਨੂੰ ਉਖਾੜ ਸੁੱਟਣ ਤੇ ਧਰਮ ਨਿਰਪੱਖ, ਜਮਹੂਰੀ ਅਤੇ ਨਿਆਂ ਤੇ ਬਰਾਬਰੀ 'ਤੇ ਆਧਾਰਤ ਸਮਾਜ ਦਾ ਨਿਰਮਾਣ ਕਰਨ ਦੇ ਉਦੇਸ਼ ਨਾਲ ਗਦਰ ਲਹਿਰ ਦਾ ਹਿੱਸਾ ਸੀ। ਉਸ ਨੇ ਸਾਰੇ ਧਾਰਮਿਕ ਵਿਸ਼ਵਾਸਾਂ ਦੀ ਆਜ਼ਾਦੀ, ਜਾਤ, ਨਸਲ, ਧਰਮ, ਲਿੰਗ ਤੇ ਵਿੱਤੀ ਸਥਿਤੀ ਦੇ ਅਧਾਰ 'ਤੇ ਵਿਤਕਰੇ ਨੂੰ ਖਤਮ ਕਰਨ ਦਾ ਪ੍ਰਚਾਰ ਕੀਤਾ, ਪਰ ਆਜ਼ਾਦੀ ਦੇ 76 ਸਾਲ ਬਾਅਦ ਵੀ ਉਨ੍ਹਾਂ ਦੇ ਸੁਪਨੇ ਪੂਰੇ ਨਹੀਂ ਹੋਏ। ਸੰਵਿਧਾਨ ਦੀ ਭਾਵਨਾ ਦਾ ਘਾਣ ਕੀਤਾ ਜਾ ਰਿਹਾ ਹੈ। ਪ੍ਰਗਟਾਵੇ ਦੀ ਆਜ਼ਾਦੀ ਦੇ ਅਧਿਕਾਰ ਨੂੰ ਬੜੇ ਸਾਜ਼ਿਸ਼ੀ ਢੰਗ ਨਾਲ ਦਬਾਇਆ ਜਾ ਰਿਹਾ ਹੈ, ਜੋ ਆਰਥਿਕ ਨੀਤੀਆਂ ਅਪਣਾਈਆਂ ਜਾ ਰਹੀਆਂ ਹਨ, ਉਹ ਪੂਰੀ ਤਰ੍ਹਾਂ ਕਾਰਪੋਰੇਟ ਪੱਖੀ ਤੇ ਲੋਕ ਵਿਰੋਧੀ ਹਨ। ਕਾਰਪੋਰੇਟ ਨੂੰ ਟੈਕਸ 'ਚ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦੇ ਕਰਜ਼ੇ ਮੁਆਫ ਕੀਤੇ ਜਾ ਰਹੇ ਹਨ। ਪਿਛਲੇ ਨੌਂ ਸਾਲਾਂ ਵਿੱਚ ਇੱਕ ਪਾਸੇ ਕਾਰਪੋਰੇਟਾਂ ਵੱਲੋਂ ਬੈਂਕਾਂ ਤੋਂ ਲਏ ਗਏ 25 ਲੱਖ ਕਰੋੜ ਰੁਪਏ ਦੇ ਕਰਜ਼ੇ ਨੂੰ ਐੱਨ.ਪੀ.ਏ. ਕਰਾਰ ਦਿੱਤਾ ਗਿਆ ਹੈ, ਦੂਜੇ ਪਾਸੇ ਆਮ ਆਦਮੀ ਬੇਰੁਜ਼ਗਾਰੀ ਤੇ ਮਹਿੰਗਾਈ ਦੀ ਮਾਰ ਝੱਲ ਰਿਹਾ ਹੈ।

ਸਰਕਾਰ ਨਾਲ ਅਸਹਿਮਤ ਹੋਣ ਵਾਲਿਆਂ ਨੂੰ ਰਾਸ਼ਟਰ ਵਿਰੋਧੀ ਕਰਾਰ ਦਿੱਤਾ ਜਾ ਰਿਹਾ ਹੈ, ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ ਜਾਂ ਖਤਮ ਕੀਤਾ ਜਾ ਰਿਹਾ ਹੈ। 15 ਅਗਸਤ 2022 ਨੂੰ ਮਨੀਪੁਰ ਵਿੱਚ ਹੋਈ ਹਿੰਸਾ, ਮਹਿਲਾ ਪਹਿਲਵਾਨਾਂ ਦੀ ਇਨਸਾਫ ਲਈ ਮੰਗ ਤੇ ਗੁਜਰਾਤ ਦੰਗਿਆਂ ਦੇ ਅਪਰਾਧੀਆਂ ਦੀ ਰਿਹਾਈ 'ਤੇ ਪ੍ਰਧਾਨ ਮੰਤਰੀ ਵੱਲੋਂ ਚੁੱਪੀ ਅਜਿਹੇ ਘਿਨਾਉਣੇ ਅਪਰਾਧਾਂ ਨੂੰ ਸਮਰਥਨ ਦੇਣ ਦੇ ਬਰਾਬਰ ਹੈ। ਰਾਜਾਂ ਦੇ ਅਧਿਕਾਰਾਂ 'ਤੇ ਰੋਕ ਲਗਾਈ ਜਾ ਰਹੀ ਹੈ। ਜੰਮੂ-ਕਸ਼ਮੀਰ 'ਚ ਧਾਰਾ 370 ਨੂੰ ਰੱਦ ਕਰਨਾ ਤੇ ਇਸ ਨੂੰ ਕੇਂਦਰ ਸ਼ਾਸਤ ਪ੍ਰਦੇਸ ਵਿੱਚ ਤਬਦੀਲ ਕਰਨਾ ਇੱਕ ਸਪੱਸ਼ਟ ਉਦਾਹਰਣ ਹੈ। ਉਹ ਵੋਟਾਂ ਹਾਸਲ ਕਰਨ ਲਈ ਫਰਜ਼ੀ ਰਾਸ਼ਟਰਵਾਦ ਬਣਾਉਣ ਲਈ ਨਿਕਲੇ ਹਨ। ਇਤਿਹਾਸ ਵਿੱਚ ਪਹਿਲੀ ਵਾਰ ਭਾਰਤ ਨੇ ਇਸ ਤਰ੍ਹਾਂ ਗਾਜ਼ਾ ਪੱਟੀ ਵਿੱਚ ਇਜ਼ਰਾਈਲ ਵੱਲੋਂ ਕੀਤੇ ਕਤਲਾਂ ਨੂੰ ਜਾਇਜ਼ ਠਹਿਰਾਉਂਦਿਆਂ ਫਲਸਤੀਨ ਦੇ ਹੱਕ 'ਚ ਵੋਟ ਨਹੀਂ ਪਾਈ ਹੈ। ਡੀ ਪੀ ਮੌੜ ਜ਼ਿਲ੍ਹਾ ਸਕੱਤਰ ਨੇ ਕਿਹਾ ਕਿ ਆਰਥਿਕ ਸਥਿਤੀ ਬਹੁਤ ਗੰਭੀਰ ਹੈ। ਭੁੱਖਮਰੀ ਸੂਚਕ ਅੰਕ 'ਚ ਭਾਰਤ ਦਾ ਦਰਜਾ 125 ਦੇਸ਼ਾਂ ਵਿੱਚੋਂ 111 ਹੈ। ਇਸ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਇਕਜੁੱਟ ਹੋਣ ਦਾ ਸਮਾਂ ਆ ਗਿਆ ਹੈ। ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਚਰਨ ਸਰਾਭਾ, ਰਮੇਸ਼ ਰਤਨ, ਚਮਕੌਰ ਸਿੰਘ, ਮਨਿੰਦਰ ਸਿੰਘ ਭਾਟੀਆ, ਡਾ. ਗੁਲਜ਼ਾਰ ਪੰਧੇਰ, ਕੇਵਲ ਸਿੰਘ ਬਨਵੈਤ, ਵਿਜੇ ਕੁਮਾਰ ਤੇ ਗੁਰਮੇਲ ਮੈਲਡੇ ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਭਗਵਾਨ ਸਿੰਘ ਸੋਮਲ ਖੇੜੀ, ਪ੍ਰਿੰ. ਜਗਜੀਤ ਸਿੰਘ ਰਾਮਗੜ੍ਹ ਸਰਦਾਰਾਂ, ਚਮਕੌਰ ਸਿੰਘ ਜਗਰਾਉਂ, ਗੁਰਮੇਲ ਸਿੰਘ ਮੇਹਲੀ, ਮਨਜੀਤ ਗਿੱਲ, ਡਾਃ ਵਿਨੋਦ ਕੁਮਾਰ, ਮਲਕੀਤ ਮਾਲੜਾ, ਬਲਕੌਰ ਸਿੰਘ ਗਿੱਲ, ਡਾਃ ਬਲਵਿੰਦਰ ਸਿੰਘ ਔਲਖ, ਜਗਦੀਸ਼ ਰਾਏ ਬੌਬੀ, ਦੀਪਕ ਕੁਮਾਰ, ਬਲਬੀਰ ਮਾਨ, ਡਾਃ ਗੁਰਪ੍ਰੀਤ ਰਤਨ, ਨਿਰੰਜਨ ਸਿੰਘ ਤੇ ਵੱਡੀ ਗਿਣਤੀ 'ਚ ਸ਼ਹੀਦ ਭਗਤ ਸਿੰਘ ਯੂਥ ਕਲੱਬ ਦੇ ਨੌਜਵਾਨ ਸਮਾਗਮ 'ਚ ਹਾਜ਼ਰ ਸਨ। ਇਸ ਤੋਂ ਪਹਿਲਾਂ ਪਾਰਟੀ ਆਗੂਆਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ।

# ਵੈਦ ਨੰਦ ਰਾਮ ਨਮਿੱਤ ਪਾਠ ਦਾ ਭੋਗ 24 ਨੂੰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਪਿਛਲੇ ਦਿਨੀਂ ਸਥਾਨਕ ਡਾ. ਰਮੇਸ਼ ਵਸ਼ਿਸ਼ਟ ਤੇ ਸੀਨੀਅਰ ਪ੍ਰੈੱਸ ਕਲੱਬ ਦੇ ਪ੍ਰਧਾਨ ਦਵਿੰਦਰ ਵਸ਼ਿਸ਼ਟ ਦੇ ਪਿਤਾ ਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ ਦੇ ਦਾਦਾ ਵੈਦ ਨੰਦ ਰਾਮ ਦਾ ਦੇਹਾਂਤ ਹੋ ਗਿਆ। ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਚੇਅਰਮੈਨ ਜੀਤ ਸਿੰਘ ਸਿੱਧੂ, ਸ਼ਹੀਦ ਭਾਈ ਦਿਆਲਾ ਪਬਲਿਕ ਸੀਨੀ. ਸੈਕੰਡਰੀ ਸਕੂਲ ਦੇ ਚੇਅਰਮੈਨ ਮਹਿੰਦਰ ਸਿੰਘ ਦੁੱਲਟ, ਕਾ. ਬੀਬੀ ਸ਼ਮਿੰਦਰ ਕੌਰ ਗਿੱਲ, ਅਮਰਜੀਤ ਸਿੰਘ ਗਿਆਨੀ, ਵਿਜੇ ਗੋਇਲ, ਅੰਮ੍ਰਿਤਪਾਲ ਸਿੱਧੂ, ਡਾ. ਮਨੀਸ਼ ਵਸ਼ਿਸ਼ਟ, ਬਲਵਿੰਦਰ ਸਿੰਘ ਢਿੱਲੋਂ, ਨੀਟੂ ਸ਼ਰਮਾ, ਭਾਜਪਾ ਆਗੂ ਰਤਨ ਕੁਮਾਰ ਮੰਗੂ, ਕਾਲਾ ਮਿੱਤਲ, ਮੇਲਾ ਸਿੰਘ ਸੂਬੇਦਾਰ, ਹਰਸੇਸ਼ ਸਿੰਘ ਸਿੱਧੂ, ਬ੍ਰਾਹਮਣ ਸਭਾ, ਵਪਾਰ ਮੰਡਲ਼, ਰਾਧੇ-ਰਾਧੇ ਮੰਡਲੀ ਤੇ ਸਮੂਹ ਪੱਤਰਕਾਰ ਭਾਈਚਾਰੇ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਉਨ੍ਹਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਦੇ ਪਾਠ ਦਾ ਭੋਗ 24 ਨਵੰਬਰ ਨੂੰ ਉਨ੍ਹਾਂ ਦੇ ਜ਼ੱਦੀ ਸਥਾਨ ਗੋਬਿੰਦ ਵਿਹਾਰ ਕਲੋਨੀ ਲੌਂਗੋਵਾਲ ਵਿਖੇ ਪੈਣਗੇ।

# ਮਾਨ ਸਰਕਾਰ ਵੱਲੋਂ ਐਲਾਨੀਆਂ ਗਰੰਟੀਆਂ ਤੇ ਵਾਅਦੇ ਝੂਠ ਦਾ ਪੁਲੰਦਾ : ਚੌਹਾਨ

- ਔਰਤਾਂ ਨੂੰ ਇੱਕ ਹਜ਼ਾਰ ਮਹੀਨਾ ਤੇ ਗਰੰਟੀਆਂ ਲਾਗੂ ਕਰਵਾ ਕੇ ਰਹਾਂਗੇ
- ਜਨ ਸੰਪਰਕ ਮੁਹਿੰਮ ਦੌਰਾਨ ਖਿੱਲਣ, ਬੱਪੀਆਣਾ, ਫਫੜੇ ਤੇ ਫਰਵਾਹੀ 'ਚ ਰੋਸ ਰੈਲੀਆਂ



**ਮਾਨਸਾ (ਪਮਾਰ)**-ਸੂਬੇ ਦੀ ਮਾਨ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਭਰਮਾਉਣ ਤੇ ਸੱਤਾ ਹਥਿਆਉਣ ਲਈ ਝੂਠੇ ਵਾਅਦੇ ਤੇ ਗਰੰਟੀਆਂ ਦਾ ਐਲਾਨ ਕੀਤਾ ਗਿਆ ਸੀ, ਜਿਨ੍ਹਾਂ ਨੂੰ ਲਾਗੂ ਨਾ ਕਰਨ ਕਰਕੇ ਲੋਕ ਮੁੱਦਿਆਂ ਵੱਲ ਸਰਕਾਰ ਦੀ ਬੇ-ਧਿਆਨੀ ਇਹ ਸਿੱਧ ਕਰਦੀ ਹੈ ਕਿ ਆਮ ਆਦਮੀ ਪਾਰਟੀ ਦਾ ਇੱਕੋ ਇੱਕ ਮਕਸਦ, ਸਿਰਫ ਚੋਣਾਂ ਜਿੱਤਣਾ ਹੀ ਸੀ। ਮਾਨ ਸਰਕਾਰ ਪੀੜਤ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਉਲਟਾ ਮੋਦੀ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਨੂੰ ਲਾਗੂ ਕਰਕੇ ਮੋਦੀ ਸਰਕਾਰ ਦੀ ਝੋਲੀ ਚੁੱਕ ਬਣਨ ਦੇ ਰਾਹ ਤੁਰ ਪਈ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਸਾਥੀ ਕ੍ਰਿਸ਼ਨ ਚੌਹਾਨ ਨੇ ਮਾਨਸਾ ਤੋਂ ਨੇੜਲੇ ਵੱਖ ਵੱਖ ਪਿੰਡਾਂ ਖਿੱਲਣ, ਬੱਪੀਆਣਾ, ਫਫੜੇ ਤੇ ਫਰਵਾਹੀ ਵਿਖੇ ਰੋਸ ਰੈਲੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਕਾਮਰੇਡ ਚੌਹਾਨ ਨੇ ਰੋਸ ਜ਼ਾਹਰ ਕੀਤਾ ਕਿ ਮਾਨ ਸਰਕਾਰ ਦੇ ਵਾਅਦੇ ਤੇ ਗਰੰਟੀਆਂ ਨਿਰਾ-ਪੁਰਾ ਝੂਠ ਦਾ ਪਲੰਦਾ ਹੀ ਹਨ, ਕਿਉਂਕਿ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਤੋਂ ਇਲਾਵਾ ਹੋਰ ਅਨੇਕਾਂ ਵਾਅਦੇ ਹਨ, ਜਿਨ੍ਹਾਂ ਨੂੰ ਪੂਰਾ ਕਰਨ ਲਈ ਮਾਨ ਸਰਕਾਰ ਟਾਲ ਮਟੋਲ ਦੀ ਨੀਤੀ ਅਪਣਾ ਰਹੀ ਹੈ। ਚੌਹਾਨ ਨੇ ਕਿਹਾ ਕਿ ਬਿਜਲੀ ਦੇ 600 ਯੂਨਿਟ ਮੁਆਫੀ, ਔਰਤਾਂ ਦਾ ਮੁਫਤ ਸਫਰ, ਸਰਕਾਰੀ ਬੱਸਾਂ ਦੇ ਰੂਟ, ਮਨਰੇਗਾ ਕਾਨੂੰਨ ਤਹਿਤ 200 ਦਿਨ ਕੰਮ 'ਤੇ ਦਿਹਾੜੀ 700 ਰੁਪਏ, ਔਰਤਾਂ ਤੇ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਸਮੇਤ ਮਾਈਕਰੋ ਫਾਈਨਾਂਸ ਕੰਪਨੀਆਂ ਮੁਆਫ ਕਰਨ, ਪੈਨਸ਼ਨ ਘੱਟੋ ਘੱਟ 5000 ਰੁਪਏ ਆਦਿ ਮੰਗਾਂ ਨੂੰ ਲਾਗੂ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ।ਜਨ ਸੰਪਰਕ ਮੁਹਿੰਮ ਦੀ ਅਗਵਾਈ ਮਜ਼ਦੂਰ ਸਭਾ ਦੇ ਪ੍ਰਧਾਨ ਸੁਖਦੇਵ ਪੰਧੇਰ ਤੇ ਸਰਵ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਪ੍ਰੀਤ ਮਾਨਸਾ ਨੇ ਕੀਤੀ। ਆਗੂਆਂ ਨੇ ਕਿਹਾ ਕਿ ਸਰਕਾਰ ਦੇ ਕਾਰਨਾਮਿਆਂ ਸਬੰਧੀ ਆਮ ਜਨਤਾ ਜਾਗਰੂਕ ਹੋ ਰਹੀ ਹੈ ਅਤੇ ਮੋਦੀ ਤੇ ਮਾਨ ਸਰਕਾਰ ਵੱਲੋਂ ਵੱਡੇ ਕਾਰਖਾਨੇਦਾਰਾਂ ਨੂੰ ਖੁਸ਼ ਕਰਨ ਤੇ ਲਾਭ ਪਹੁੰਚਾਉਣ ਲਈ ਕੰਮ ਦਿਹਾੜੀ ਸਮਾਂ 8 ਤੋਂ 12 ਘੰਟੇ ਦੇ ਵਾਧੇ ਨੂੰ ਰੱਦ ਕਰਾਉਣ ਲਈ ਤਿੱਖਾ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾ ਫਰੀਦਕੋਟ 'ਚ ਪੁੱਜਣ ਦੀ ਅਪੀਲ ਕੀਤੀ। ਇਸ ਮੌਕੇ ਮਿੱਠੂ ਬਾਬਾ ਖਿੱਲਣ, ਗੁਰਜੰਟ ਸਿੰਘ ਖਿੱਲਣ, ਧੰਨਾ ਸਿੰਘ ਬੱਪੀਆਣਾ, ਲਾਭ ਸਿੰਘ ਬੱਪੀਆਣਾ, ਜੀਤ ਸਿੰਘ ਫੌਜੀ ਫਫੜੇ, ਟਹਿਲਾ ਸਿੰਘ ਫਫੜੇ, ਧਰਮਪਾਲ ਫਰਵਾਹੀ, ਚਿੰਟੂ ਫਰਵਾਹੀ ਆਦਿ ਆਗੂਆਂ ਤੋਂ ਇਲਾਵਾ ਮਨਰੇਗਾ ਵਰਕਰ ਤੇ ਵੱਡੀ ਗਿਣਤੀ ਸਾਥੀ ਸ਼ਾਮਲ ਸਨ।

## ਕਾਤਰਾਂ

### ਕੁੱਟਮਾਰ ਦੇ ਦੋਸ਼ 'ਚ 7 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਹਜਾਰਾ ਰਾਮ ਸਿੰਘ ਵਾਲਾ ਵਿਖੇ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਥਾਣਾ ਸਦਰ ਪੁਲਸ ਜਲਾਲਾਬਾਦ ਵੱਲੋਂ 7 ਲੋਕਾਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਦੱਈ ਕਰਨ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਪਿੰਡ ਹਜਾਰਾ ਰਾਮ ਸਿੰਘ ਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ 3 ਨਵੰਬਰ ਨੂੰ ਦੇਰ ਸ਼ਾਮ ਨੂੰ ਸੁਖਵਿੰਦਰ ਸਿੰਘ ਵਗੈਰਾ ਨੇ ਉਸ ਦੀ ਕੁੱਟਮਾਰ ਕੀਤੀ ਗਈ ਹੈ, ਜਿਸ 'ਤੇ ਉਹ ਜ਼ਖਮੀ ਹਾਲਤ ਵਿੱਚ ਸਰਕਾਰੀ ਹਸਪਤਾਲ ਜਲਾਲਾਬਾਦ ਵਿਖੇ ਦਾਖਲ ਹੋਇਆ ਸੀ। ਪੁਲਸ ਨੇ ਮੁਦੱਈ ਕਰਨ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਸੁਖਵਿੰਦਰ ਸਿੰਘ ਪੁੱਤਰ ਰਤਨ ਸਿੰਘ, ਸੁੱਖਾ ਸਿੰਘ ਪੁੱਤਰ ਰਤਨ ਸਿੰਘ, ਕਮਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਤੇ ਕਮਲਦੀਪ ਸਿੰਘ ਪੁੱਤਰ ਡਾ. ਜੋਗਿੰਦਰ ਸਿੰਘ, ਹਰਨੇਕ ਸਿੰਘ ਪੁੱਤਰ ਮਨਹੋਰ ਸਿੰਘ, ਬਿੰਦਰ ਸਿੰਘ ਸੁਰਜੀਤ ਸਿੰਘ ਤੇ ਗੁਰਜੰਟ ਸਿੰਘ ਪੁੱਤਰ ਮੰਗਤ ਸਿੰਘ ਵਾਸੀਆਨ ਹਜਾਰਾ ਰਾਮ ਸਿੰਘ ਵਾਲਾ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

### ਕੁੱਟਮਾਰ ਦੇ ਮਾਮਲੇ 'ਚ ਔਰਤ ਸਣੇ 5 ਖਿਲਾਫ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਕਾਠਗੜ੍ਹ ਵਿਖੇ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਵੈਰੋਕੇ ਪੁਲਸ ਵੱਲੋਂ ਇਕ ਔਰਤ ਸਮੇਤ 5 ਲੋਕਾਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਦੱਈ ਜਸਵਿੰਦਰ ਸਿੰਘ ਉਰਫ ਬਿੱਟੂ (32) ਪੁੱਤਰ ਜੋਗਿੰਦਰ ਸਿੰਘ ਵਾਸੀ ਢਾਣੀ ਕਾਠਗੜ੍ਹ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਉਸ ਦਾ ਲੜਕਾ ਰਮਨਦੀਪ ਸਿੰਘ ਬੀਤੀ 12 ਨਵੰਬਰ 2023 ਨੂੰ ਆਪਣੀ ਐਕਟਿਵਾ ਸਕੂਟੀ 'ਤੇ ਪਿੰਡ ਕਾਠਗੜ੍ਹ ਵਿਖੇ ਦੀਵਾਲੀ ਵਾਲੇ ਦਿਨ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਗਿਆ ਸੀ, ਜਿੱਥੇ ਉਸ ਦਾ ਹਰਮਨ ਵਗੈਰਾ ਦੇ ਨਾਲ ਲੜਾਈ ਝਗੜਾ ਹੋ ਗਿਆ ਤੇ ਉਕਤ ਵਿਅਕਤੀਆਂ ਨੇ ਉਸ ਦੀ ਕੁੱਟਮਾਰ ਕੀਤੀ। ਮੁਦੱਈ ਨੇ ਦੱਸਿਆ ਕਿ ਉਸ ਦਿਨ ਤੋਂ ਹੁਣ ਤੱਕ ਰਾਜ਼ੀਨਾਮੇ ਦੀ ਗੱਲ ਚਲਦੀ ਰਹੀ ਸੀ, ਪਰ ਸਿਰੇ ਨਹੀਂ ਚੜ੍ਹੀ, ਜਿਸ 'ਤੇ ਮੁਦੱਈ ਜਸਵਿੰਦਰ ਸਿੰਘ ਦੇ ਬਿਆਨਾਂ 'ਤੇ ਪੁਲਸ ਨੇ ਹਰਮਨ ਪੁੱਤਰ ਹਰਭਜਨ ਸਿੰਘ, ਜਸ਼ਨਦੀਪ ਪੁੱਤਰ ਨੀਟੂ, ਨੀਟੂ ਪੁੱਤਰ ਰੇਸ਼ਮ ਸਿੰਘ, ਸੰਦੀਪ ਸਿੰਘ ਪੁੱਤਰ ਰੇਸ਼ਮ ਸਿੰਘ ਤੇ ਸਰੋਜ ਰਾਣੀ ਪਤਨੀ ਭਜਨ ਸਿੰਘ ਵਾਸੀਆਨ ਕਾਠਗੜ੍ਹ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

### ਰੇਲਵੇ ਸਟੇਸ਼ਨਾਂ 'ਤੇ ਕਿਊ ਆਰ ਕੋਡ ਨਾਲ ਮਿਲਣ ਲੱਗੀਆਂ ਜਨਰਲ ਟਿਕਟਾਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਵਿਭਾਗ ਨੇ ਯਾਤਰੀਆਂ ਲਈ ਖ਼ਾਸ ਸਹੂਲਤ ਪ੍ਰਧਾਨ ਕੀਤੀ ਹੈ, ਜਿਸ 'ਚ ਰੇਲਵੇ ਵਿਭਾਗ ਨੇ ਤਿਉਹਾਰੀ ਸੀਜ਼ਨ ਵਿੱਚ ਜਨਰਲ ਟਿਕਟ ਖਿੜਕੀ 'ਤੇ ਪੈਣ ਵਾਲੀ ਭੀੜ ਨੂੰ ਘੱਟ ਕਰਨ ਦੇ ਲਈ ਕਿਊ ਆਰ ਕੋਡ ਸਕੈਨਿੰਗ ਪ੍ਰਣਾਲੀ ਸ਼ੁਰੂ ਕਰ ਦਿੱਤੀ ਹੈ।ਰੇਲ ਮੰਡਲ ਪ੍ਰਬੰਧਕ ਸੰਜੈ ਸਾਹੂ ਨੇ ਦੱਸਿਆ ਕਿ ਮੰਡਲ ਦੇ ਪ੍ਰਮੁੱਖ ਰੇਲਵੇ ਸਟੇਸ਼ਨਾਂ 'ਤੇ ਜਨਰਲ ਟਿਕਟ ਖਰੀਦਣ ਵਾਲਿਆਂ ਦੇ ਲਈ ਕਿਊ ਆਰ ਕੋਡ ਸਕੈਨਿੰਗ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਨਾਲ ਉਹ ਆਪਣੇ ਮੋਬਾਇਲ ਫੋਨ ਦੇ ਰਾਹੀਂ ਆਪਣੀ ਟਿਕਟ ਬਣਵਾ ਸਕਦੇ ਹਨ ਤੇ ਇਸ ਦਾ ਸਕਰੀਨ ਸ਼ਾਟ ਸੇਵ ਕਰ ਕੇ ਆਪਣੀ ਯਾਤਰਾ ਕਰ ਸਕਦੇ ਹਨ।ਇਸ ਸਹੂਲਤ ਦਾ ਲੋਕ ਵੱਡੀ ਗਿਣਤੀ 'ਚ ਫਾਇਦਾ ਚੁੱਕ ਰਹੇ ਹਨ ਤੇ ਜਨਰਲ ਟਿਕਟ ਖਿੜਕੀ 'ਤੇ ਲੱਗਣ ਵਾਲੀਆਂ ਲਾਈਨਾਂ ਤੋਂ ਰਾਹਤ ਮਿਲ ਰਹੀ ਹੈ।

### ਦੇਸ਼ ਦੇ ਪੰਜ ਸੂਬਿਆਂ 'ਚ ਕਾਂਗਰਸ ਦੀ ਸਰਕਾਰ ਆਉਣੀ ਤੈਅ : ਹਰਪਾਲ ਸੋਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਓਬੀਸੀ ਸੈੱਲ ਦੇ ਸੂਬਾ ਵਾਈਸ ਚੇਅਰਮੈਨ ਤੇ ਮੁੱਖ ਬੁਲਾਰੇ ਕਾਂਗਰਸ ਕਮੇਟੀ ਸੰਗਰੂਰ ਸ਼੍ਰੀ ਹਰਪਾਲ ਸਿੰਘ ਸੋਨੂੰ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਪੰਜ ਸੂਬਿਆਂ ਵਿੱਚ ਹੋ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਸਾਫ ਤੇ ਸਪੱਸ਼ਟ ਹੋ ਗਈ ਹੈ, ਬਸ ਐਲਾਨ ਹੋਣਾ ਬਾਕੀ ਹੈ। ਇਸ ਸਬੰਧੀ ਉਨ੍ਹਾ ਕਿਹਾ ਕਿ ਦੇਸ਼ ਵਿੱਚ ਮੌਜੂਦਾ ਭਾਜਪਾ ਦੀ ਸਰਕਾਰ ਨੇ ਪਿਛਲੀਆਂ ਲੋਕ ਸਭਾ ਚੋਣਾਂ ਵੇਲੇ ਕੀਤੇ ਝੂਠੇ ਵਾਅਦੇ ਜਿਵੇਂ ਕਿ 15-15 ਲੱਖ ਰੁਪਏ ਹਰੇਕ ਨਾਗਰਿਕ ਦੇ ਖਾਤੇ ਵਿੱਚ ਪਾਉਣ ਦੀ ਗੱਲ ਹੋਵੇ, ਦੇਸ਼ ਦੀਆਂ ਬੇਸ਼ਕੀਮਤੀ ਜਾਇਦਾਦਾਂ, ਖੇਡ ਸਟੇਡੀਅਮ, ਏਅਰਪੋਰਟ ਤੇ ਨੈਸ਼ਨਲ ਰੇਲਵੇ ਅੰਬਾਨੀ ਅਤੇ ਅਡਾਨੀ ਕੋਲ ਗਿਰਵੀ ਰੱਖ ਦਿੱਤੀ ਹੈ, ਇਸ ਤੋਂ ਇਲਾਵਾ ਗੈਸ ਸਲੰਡਰ ਜੋ 400 ਰੁਪਏ ਦਾ ਮਿਲਦਾ ਸੀ, ਹੁਣ ਨੌਂ ਸੌ ਰੁਪਏ ਦਾ ਮਿਲਦਾ ਹੈ, ਦੋ ਕਰੋੜ ਨੌਕਰੀਆਂ ਦੇਣ ਦਾ ਕੀਤਾ ਵਾਅਦਾ ਵੀ ਸਿਰਫ ਹਵਾਈ ਬਿਆਨ ਹੀ ਨਿਕਲਿਆ, ਜਿਸ ਕਾਰਨ ਦੇਸ਼ ਦੀ ਜਨਤਾ ਨੇ ਇਸ ਬਾਰ ਵਿਧਾਨ ਸਭਾ ਚੋਣਾਂ ਤੇ ਆਉਂਦੇ ਸਾਲ 2024 ਵਿੱਚ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ ਚੰਗਾ ਸਬਕ ਸਿਖਾਉਣ ਦੀ ਠਾਣ ਲਈ ਹੈ।

### 190 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭੁਪਿੰਦਰ ਸਿੰਘ ਪੀਪੀਐੱਸ ਏਆਈਜੀ ਐੱਸ ਟੀ ਐੱਫ ਫਿਰੋਜ਼ਪੁਰ ਰੇਂਜ ਦੇ ਦਿਸ਼ਾ-ਨਿਰਦੇਸ਼ਾਂ ਤੇ ਯੋਗ ਅਗਵਾਈ ਹੇਠ ਏਐੱਸਆਈ ਸਤਪਾਲ, ਐੱਸਟੀਐੱਫ ਫਿਰੋਜ਼ਪੁਰ ਰੇਂਜ ਵੱਲੋਂ ਸਮੇਤ ਸਾਥੀ ਕਰਮਚਾਰੀਆਂ ਦੇ ਨਵਜੋਤ ਸਿੰਘ ਉਰਫ ਜੋਤ ਪੁੱਤਰ ਬਲਵੀਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਠੱਠਾ ਥਾਣਾ ਸਦਰ ਪੱਟੀ ਜ਼ਿਲ੍ਹਾ ਤਰਨਤਾਰਨ ਤੇ ਸਤਨਾਮ ਸਿੰਘ ਉਰਫ ਸੱਤਾ ਪੁੱਤਰ ਰਣਜੀਤ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਠੱਠਾ ਥਾਣਾ ਸਦਰ ਪੱਟੀ ਜ਼ਿਲ੍ਹਾ ਤਰਨਤਾਰਨ ਨੂੰ ਕਾਬੂ ਕਰਕੇ ਇਨ੍ਹਾਂ ਦੇ ਪਾਸੋਂ 190 ਗ੍ਰਾਮ ਹੈਰੋਇਨ ਸਮੇਤ ਐਕਟਿਵਾ ਸਕੂਟੀ ਕਾਬੂ ਕਰਕੇ ਥਾਣਾ ਐਸ.ਟੀ.ਐਫ. ਫੇਜ਼-4 ਮੋਹਾਲੀ ਜ਼ਿਲ੍ਹਾ ਐੱਸਏਐੱਸ ਨਗਰ ਕੇਸ ਦਰਜ ਕੀਤਾ ਗਿਆ ਹੈ।

# ਸਾਂਝਾ ਫਰੰਟ ਵੱਲੋਂ 1 ਜਨਵਰੀ ਤੋਂ ਵਿਧਾਇਕਾਂ ਤੇ ਮੰਤਰੀਆਂ ਦੀਆਂ ਕੋਠੀਆਂ ਅੱਗੇ ਰੋਸ ਪ੍ਰਦਰਸ਼ਨ

- ਸੰਘਰਸ਼ ਦੀ ਤਿਆਰੀ ਲਈ 15 ਦਸੰਬਰ ਤੱਕ ਕੀਤੀਆਂ ਜਾਣਗੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ
- ਆਗੂਆਂ ਵੱਲੋਂ ਮਨਿਸਟੀਰੀਅਲ ਮੁਲਾਜ਼ਮਾਂ ਦੀ ਹੜਤਾਲ ਦਾ ਸਮਰਥਨ, ਸਰਕਾਰ 'ਤੇ ਗੱਲਬਾਤ ਤੋਂ ਭੱਜਣ ਦਾ ਦੋਸ਼



**ਲੁਧਿਆਣਾ (ਐੱਮ ਐੱਸ ਭਾਟੀਆ)**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਹਾਜ਼ਰ ਕਨਵੀਨਰਜ਼ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਕੀਤੀ ਗਈ। ਮੀਟਿੰਗ ਉਪਰੰਤ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਸੁਵਿੰਦਰਪਾਲ ਸਿੰਘ ਮੋਲੋਵਾਲੀ, ਭਜਨ ਸਿੰਘ ਗਿੱਲ, ਰਣਜੀਤ ਸਿੰਘ ਰਾਣਵਾਂ, ਐਨ. ਕੇ. ਕਲਸੀ, ਬਾਜ ਸਿੰਘ ਖਹਿਰਾ, ਗਗਨਦੀਪ ਬਠਿੰਡਾ, ਹਰਭਜਨ ਸਿੰਘ ਪਿਲਖਣੀ, ਜਰਮਨਜੀਤ ਸਿੰਘ, ਕਰਮ ਸਿੰਘ ਧਨੋਆ, ਰਤਨ ਸਿੰਘ ਮਜਾਰੀ, ਸੁਖਦੇਵ ਸਿੰਘ ਸੈਣੀ, ਰਾਧੇ ਸ਼ਿਆਮ, ਗੁਰਮੇਲ ਮੈਲਡੇ, ਜਸਵੀਰ ਸਿੰਘ ਤਲਵਾੜਾ, ਬੋਬਿੰਦਰ ਸਿੰਘ, ਸੁਖਵਿੰਦਰ ਸਿੰਘ ਲਵਲੀ, ਸੁਰਜੀਤ ਸਿੰਘ ਗਗੜਾ ਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਸਾਂਝਾ ਫਰੰਟ ਨਾਲ ਗੱਲਬਾਤ ਤੋਂ ਭੱਜਣ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਨਵੇਂ ਸਾਲ 01 ਜਨਵਰੀ ਤੋਂ ਲਗਾਤਾਰ ਆਪ ਸਰਕਾਰ ਦੇ ਹਲਕਾ ਵਿਧਾਇਕਾਂ ਤੇ ਮੰਤਰੀਆਂ ਦੀਆਂ ਕੋਠੀਆਂ ਅੱਗੇ ਧਰਨੇ ਦੇਣ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਆਖਿਆ ਕਿ ਇਸ ਸੰਘਰਸ਼ ਦੀ ਤਿਆਰੀ ਲਈ 15 ਦਸੰਬਰ ਤੱਕ ਜ਼ਿਲ੍ਹਾ ਮੀਟਿੰਗਾਂ ਕੀਤੀਆਂ ਜਾਣਗੀਆਂ। ਮੀਟਿੰਗ ਦੌਰਾਨ ਇੱਕ ਮਤੇ ਰਾਹੀਂ ਮਨਿਸਟਰੀਅਲ ਮੁਲਾਜ਼ਮਾਂ ਦੀ ਚੱਲ ਰਹੀ ਹੜਤਾਲ ਦਾ ਪੂਰਨ ਸਮਰਥਨ ਕੀਤਾ ਗਿਆ। ਸਾਂਝਾ ਫਰੰਟ ਦੇ ਉਕਤ ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਮੁੱਕਰ ਗਈ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪੌਣੇ ਦੋ ਸਾਲ ਦੇ ਕਾਰਜਕਾਲ ਦੌਰਾਨ ਸਾਂਝੇ ਫਰੰਟ ਦੇ ਮੰਗ ਪੱਤਰ ਵਿੱਚ ਦਰਜ ਕਿਸੇ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ। ਉਨ੍ਹਾਂ ਆਖਿਆ ਕਿ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਬਣੀ ਕੈਬਨਿਟ ਸਬ ਕਮੇਟੀ ਵੱਲੋਂ ਸਾਂਝੇ ਫਰੰਟ ਨੂੰ ਵਾਰ ਵਾਰ ਮੀਟਿੰਗਾਂ ਦੇ ਕੇ ਮੁਲਤਵੀ ਕਰਨਾ ਤੇ 14 ਅਕਤੂਬਰ ਦੀ ਚੰਡੀਗੜ੍ਹ ਰੈਲੀ ਸਮੇਂ ਮੁੱਖ ਮੰਤਰੀ ਦੇ ਓ ਐੱਸ ਡੀ ਨਵਰਾਜ ਬਰਾੜ ਵੱਲੋਂ ਸਾਂਝਾ ਫਰੰਟ ਨੂੰ ਕੈਬਨਿਟ ਸਬ ਕਮੇਟੀ ਤੇ ਫਿਰ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਉਣ ਦੇ ਵਾਅਦੇ ਤੋਂ ਭਜਣਾ ਸਾਬਿਤ ਕਰਦਾ ਹੈ ਕਿ ਪੰਜਾਬ ਸਰਕਾਰ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਾਣ ਭੱਤਾ ਵਰਕਰਾਂ ਦੇ ਸਾਹਮਣੇ ਨੈਤਿਕ ਤੌਰ 'ਤੇ ਹਾਰ ਚੁੱਕੀ ਹੈ। ਆਗੂਆਂ ਨੇ ਆਖਿਆ ਕਿ ਸਮੂਹ ਵਿਭਾਗਾਂ ਦੇ ਹਰ ਤਰ੍ਹਾਂ ਦੇ ਕੱਚੇ, ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੱਕਾ ਕਰਵਾਉਣ, ਮਾਣ ਭੱਤਾ ਵਰਕਰਾਂ ਤੇ ਘੱਟੋ-ਘੱਟ ਉਜ਼ਰਤਾਂ ਕਾਨੂੰਨ ਲਾਗੂ ਕਰਵਾਉਣ, ਪੈਨਸ਼ਨਰਾਂ ਦੀ ਪੈਨਸ਼ਨ ਸੁਧਾਈ ਤੇ 2.59 ਦਾ ਗੁਣਾਕ ਲਾਗੂ ਕਰਵਾਉਣ, 1972 ਦੇ ਪੈਨਸ਼ਨ ਨਿਯਮਾਂ ਮੁਤਾਬਕ 01-01-2004 ਤੋਂ ਪੁਰਾਣੀ ਪੈਨਸ਼ਨ ਸਕੀਮ ਹੂਬਹੂ ਲਾਗੂ ਕਰਵਾਉਣ, ਖਰਖ ਸਮੇਂ ਦੌਰਾਨ ਮੁੱਢਲੀ ਤਨਖਾਹ ਦੇਣ ਦੇ ਨੋਟੀਫਿਕੇਸ਼ਨ 15-1-2015 ਤੇ 07-09-2016 ਨੂੰ ਰੱਦ ਕਰਵਾਉਣ, 17-7-2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਵਾਉਣ, ਪੇਂਡੂ ਤੇ ਬਾਰਡਰ ਭੱਤੇ ਸਮੇਤ ਕੱਟੇ ਗਏ 37 ਭੱਤੇ ਅਤੇ ਏ. ਸੀ. ਪੀ. ਬਹਾਲ ਕਰਵਾਉਣ, 01-01-16 ਤੋਂ 30-06-2021 ਤੱਕ ਸਕੇਲਾਂ ਦੀ ਰਵੀਜ਼ਨ ਦੇ ਬਕਾਏ ਯੱਕ-ਮੁਸ਼ਤ ਅਦਾ ਕਰਵਾਉਣ, 01-01-2016 ਤੋਂ 113 ਫੀਸਦੀ ਡੀ.ਏ ਦੀ ਬਜਾਇ ਮਾਨਯੋਗ ਹਾਈਕੋਰਟ ਦੇ ਫੈਸਲੇ ਮੁਤਾਬਕ 119 ਫੀਸਦੀ ਡੀ.ਏ. ਨਾਲ ਪੈਨਸ਼ਨ ਤੇ ਤਨਖਾਹ ਦੁਹਰਾਈ ਕਰਵਾਉਣ, ਡੀ.ਏ 34% ਤੋਂ ਵਧਾ ਕੇ ਕੇਂਦਰੀ ਤਰਜ਼ 'ਤੇ 46% ਕਰਵਾਉਣ, 200 ਰੁਪੈ ਵਿਕਾਸ ਟੈਕਸ ਬੰਦ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਕੁਲਵਰਨ ਸਿੰਘ, ਧਨਵੰਤ ਸਿੰਘ ਭੱਠਲ, ਚਰਨ ਸਿੰਘ ਸਰਾਭਾ, ਸੁਰਿੰਦਰ ਰਾਮ ਕੁੱਸਾ, ਤੀਰਥ ਸਿੰਘ ਬਾਸੀ, ਐਨ. ਡੀ. ਤਿਵਾੜੀ, ਸ਼ਿਵ ਕੁਮਾਰ ਤਿਵਾੜੀ, ਜੋਗਿੰਦਰ ਸਿੰਘ ਰਾਏ, ਬੀ.ਐੱਸ.ਸੈਣੀ, ਰਘਵੀਰ ਸਿੰਘ, ਹਰਦੀਪ ਕੁਮਾਰ, ਹਰਪਿੰਦਰ ਪਾਲ ਸਿੰਘ ਗਿੱਲ, ਗੁਰਦੀਪ ਸਿੰਘ ਵਾਲੀਆ, ਮਨਜੀਤ ਸਿੰਘ ਸੈਣੀ, ਦਰਸ਼ਨ ਸਿੰਘ, ਜਗਦੀਸ਼ ਸ਼ਰਮਾ, ਸਰਵਜੀਤ ਸਿੰਘ ਦੌਧਰ, ਬਲਜੀਤ ਸਿੰਘ ਮਾਨ ਆਦਿ ਆਗੂ ਹਾਜ਼ਰ ਸਨ।

# ਦਾਖਲਾ ਰਜਿਸਟ੍ਰੇਸ਼ਨ ਦਾ ਪੋਰਟਲ ਬੰਦ ਕਰਨ ਨਾਲ ਸਾਲਾਨਾ ਪ੍ਰੀਖਿਆਵਾਂ ਹੋਣ 'ਤੇ ਖਤਰੇ ਦੇ ਬੱਦਲ ਛਾਏ

- ਵਿਦਿਆਰਥੀ, ਅਧਿਆਪਕ ਤੇ ਮਾਪੇ ਚਿੰਤਤ
- ਰਜਿਸਟ੍ਰੇਸ਼ਨ ਦਾ ਪੋਰਟਲ ਤੁਰੰਤ ਚਾਲੂ ਕੀਤਾ ਜਾਵੇ : ਚਾਹਲ, ਸਸਕੌਰ



**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ, ਅੱਠਵੀਂ ਤੇ ਦਸਵੀਂ ਦੇ ਸਾਲਾਨਾ ਪ੍ਰੀਖਿਆਵਾਂ ਲਈ ਦਾਖਲਾ ਰਜਿਸਟ੍ਰੇਸ਼ਨ ਰਹਿੰਦੀਆਂ ਮਿਤੀਆਂ ਤੋਂ ਪਹਿਲਾਂ ਬੰਦ ਕਰਨ ਨੂੰ ਮੰਦਭਾਗਾ ਦੱਸਿਆ ਹੈ, ਜਿਸ ਕਾਰਨ ਸਾਲਾਨਾ ਪ੍ਰੀਖਿਆਵਾਂ ਹੋਣ 'ਤੇ ਖਤਰੇ ਦੇ ਬੱਦਲ਼ ਛਾਏ ਹੋਏ ਹਨ। ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੂਬਾ ਜਨਰਲ ਸਕੱਤਰ ਗੁਰਬਿੰਦਰ ਸਿੰਘ ਦੇ ਬਿਆਨ ਨੂੰ ਜਾਰੀ ਕਰਦਿਆਂ ਸੂਬਾਈ ਪ੍ਰੈੱਸ ਸਕੱਤਰ ਸੁਰਜੀਤ ਸਿੰਘ ਮੋਹਾਲੀ, ਕੈਸ਼ੀਅਰ ਅਮਨਦੀਪ ਸ਼ਰਮਾ, ਸਹਾਇਕ ਪ੍ਰੈੱਸ ਸਕੱਤਰ ਕਰਨੈਲ ਫਿਲੌਰ ਆਦਿ ਆਗੂਆਂ ਨੇ ਕਿਹਾ ਕਿ ਇੱਕ ਪਾਸ ਪੰਜਾਬ ਸਰਕਾਰ ਸਕੂਲੀ ਸਿੱਖਿਆ ਦੇ ਸੁਧਾਰਾਂ ਦੇ ਵੱਡੇ ਵੱਡੇ ਵਾਅਦੇ ਕਰਕੇ ਆਈ ਸੀ, ਪਰ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਸਿਰਫ ਪੰਜਵੀਂ ਦੀਆਂ ਪ੍ਰੀਖਿਆਵਾਂ ਕਰਾਉਣ ਦਾ ਪੁਰਾਣਾ ਬਕਾਇਆ 88 ਕਰੋੜ ਤੇ ਹੋਰ ਬਾਕੀ ਪੁਰਾਣੇ ਬਕਾਏ 460 ਕਰੋੜ ਤਰੁੰਤ ਜਾਰੀ ਕਰੇ। ਆਗੂਆਂ ਨੇ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਸੀ ਬੀ ਐੱਸ ਸੀ ਬੋਰਡ ਤੇ ਦੂਸਰੇ ਬੋਰਡਾਂ ਦੇ ਮੁਕਾਬਲੇ ਬਿਹਤਰ ਦੱਸਿਆ ਜਾ ਰਿਹਾ ਹੈ ਤੇ ਇਸ ਦਾ ਪ੍ਰਚਾਰ ਵੀ ਕੀਤਾ ਜਾ ਰਿਹਾ ਹੈ, ਪਰ ਬੋਰਡ ਦੀ ਵਿੱਤੀ ਹਾਲਤ ਸੁਧਾਰਨ ਲਈ ਪੁਰਾਣੇ ਬਕਾਏ ਵੀ ਜਾਰੀ ਨਹੀਂ ਕੀਤੇ ਜਾ ਰਹੇ, ਜਿਸ ਕਾਰਨ ਬੋਰਡ ਵੱਲੋਂ ਰਜਿਸਟ੍ਰੇਸ਼ਨ ਸਬੰਧੀ ਪੋਰਟਲ ਦਾਖਲਾ ਮਿਤੀਆਂ ਪੂਰੀਆਂ ਹੋਣ ਤੋਂ ਪਹਿਲਾਂ ਹੀ ਬੰਦ ਕਰ ਦਿੱਤਾ ਗਿਆ ਹੈ, ਜਿਸ ਕਾਰਨ ਦਾਖਲਿਆਂ ਦੇ ਚਲਾਣ ਜਨਰੇਟਰ ਨਹੀਂ ਹੋ ਰਹੇ ਤੇ ਸਾਰੇ ਅਧਿਆਪਕ ਤੇ ਬੱਚੇ ਇਸ ਕਾਰਨ ਚਿੰਤਤ ਹਨ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਇੱਕ ਪੱਤਰ ਰਾਹੀਂ ਇਹ ਮਸਲਾ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਤੇ ਉੱਚ ਅਧਿਕਾਰੀਆਂ ਦੇ ਧਿਆਨ 'ਚ ਵੀ ਲਿਆਂਦਾ ਸੀ, ਜਿਸ 'ਤੇ ਉਨ੍ਹਾਂ ਵੱਲੋਂ ਤੁਰੰਤ ਹੱਲ ਕਰਨ ਦਾ ਭਰੋਸਾ ਦਿਵਾਇਆ ਸੀ, ਪਰ ਇੱਕ ਮਹੀਨਾ ਬੀਤ ਜਾਣ ਦੇ ਵਾਵਜੂਦ ਕੋਈ ਮਸਲਾ ਹੱਲ ਨਹੀਂ ਹੋਇਆ। ਇਸ ਸਮੇਂ ਆਗੂਆਂ ਨੇ ਮੰਗ ਕੀਤੀ ਕਿ ਇਸ ਮਸਲੇ 'ਤੇ ਤੁਰੰਤ ਦਖਲ ਅੰਦਾਜ਼ੀ ਕਰਕੇ ਪੋਰਟਲ ਖੁੱਲ੍ਹਵਾਇਆ ਜਾਵੇ ਤਾਂ ਜੋ ਬੱਚਿਆਂ ਦੇ ਭਵਿੱਖ ਨੂੰ ਬਚਾਇਆ ਜਾ ਸਕੇ।

ਇਸ ਸਮੇਂ ਤੀਰਥ ਸਿੰਘ ਬਾਸੀ, ਮੰਗਲ ਟਾਂਡਾ, ਮਨੋਹਰ ਲਾਲ ਸ਼ਰਮਾ, ਗੁਰਦੀਪ ਬਾਜਵਾ,ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਅੰਮੀਵਾਲ਼, ਜੱਜਪਾਲ ਬਾਜੇਕੇ, ਹਰਿੰਦਰ ਬਰਨਾਲਾ, ਗੁਰਦਾਸ ਮਾਨਸਾ, ਸੁਭਾਸ਼ ਪਠਾਨਕੋਟ, ਸੁਖਚੈਨ ਕਪੂਰਥਲਾ, ਬੋਧ ਰਾਜ, ਪ੍ਰਭਜੀਤ ਸਿੰਘ ਰਸੂਲਪੁਰ, ਦੇਵੀ ਦਿਆਲ, ਸਤਵੰਤ ਸਿੰਘ, ਪੁਸ਼ਪਿੰਦਰ ਹਰਪਾਲਪੁਰ, ਜਸਵਿੰਦਰ ਸਮਾਣਾ, ਸੁੱਚਾ ਸਿੰਘ, ਪਰਮਜੀਤ ਸਿੰਘ ਸ਼ੇਰੇਵਾਲ, ਦਿਲਦਾਰ ਸਿੰਘ ਭੰਡਾਲ, ਮਨਜੀਤ ਬਰਾੜ, ਸਰਬਜੀਤ ਬਰਾੜ, ਰਵਿੰਦਰ ਸਿੰਘ ਪੱਪੀ, ਨਰਿੰਦਰ ਸਿੰਘ, ਦਿਲਬਾਗ ਸਿੰਘ ਆਦਿ ਹਾਜ਼ਰ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਦੀ ਮੀਟਿੰਗ

## ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਦੀ ਪ੍ਰਾਪਤ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ



ਮੀਟਿੰਗ ਦੌਰਾਨ ਹਾਜ਼ਰ ਆਗੂ ਤੇ ਵਰਕਰ।

**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸਥਾਨਕ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਸੰਪੰਨ ਹੋਈ, ਜਿਸ ਵਿੱਚ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਦਫਤਰੀ ਸਟਾਫ ਦੇ ਸੂਬਾ ਜਥੇਬੰਦਕ ਸਕੱਤਰ ਸੁਖਚੈਨ ਸਿੰਘ ਸੋਢੀ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਬ੍ਰਾਂਚ ਜਨਰਲ ਸਕੱਤਰ ਕੁੰਦਨ ਸਿੰਘ, ਖਜ਼ਾਨਚੀ ਨਾਨਕ ਸਿੰਘ, ਕਸ਼ਮੀਰ ਸਿੰਘ ਕਮਰੇਵਾਲਾ, ਬਲਵਿੰਦਰ ਸਿੰਘ ਮਹਾਲਮ, ਬਲਦੇਵ ਰਾਜ, ਅਰਸ਼ਦੀਪ ਸਿੰਘ ਆਦਿ ਵਰਕਰਾਂ ਨੇ ਸ਼ਿਰਕਤ ਕੀਤੀ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਸਾਲਾਂਬੱਧੀ ਅਰਸੇ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਗੁਜ਼ਾਰੇ ਯੋਗ ਉਜ਼ਰਤਾਂ 'ਚ ਵਾਧਾ ਕਰਨ, ਸਮੇਤ 'ਮੰਗ-ਪੱਤਰ' 'ਚ ਦਰਜ ਤਮਾਮ ਮੰਗਾਂ ਦਾ ਹੱਲ ਕਰਵਾਉਣ ਲਈ ਸੂਬਾ ਕਮੇਟੀ ਵੱਲੋਂ ਕੀਤੇ ਜਾ ਰਹੇ ਸੰਘਰਸ਼ ਪ੍ਰੋਗਰਾਮਾਂ ਨੂੰ ਲਾਗੂ ਕਰਨ ਤੇ ਜਲ ਸਪਲਾਈ ਵਿਭਾਗ ਵੱਲੋਂ ਪੇਂਡੂ ਜਲ ਘਰ ਦਾ ਪੰਚਾਇਤੀਕਰਨ ਕਰਨ ਦੇ ਖਿਲਾਫ ਸੰਘਰਸ਼ ਵਿੱਢਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟ ਫਾਰਮ ਤੇ 30 ਨਵੰਬਰ 2023 ਨੂੰ ਪੰਜਾਬ 'ਚ ਇਕ ਨੈਸ਼ਨਲ ਹਾਈਵੇਅ ਜਾਮ ਕਰਕੇ ਸੂਬਾ ਪੱਧਰੀ ਧਰਨਾ ਦਿੱਤਾ ਰਿਹਾ ਹੈ, ਉਸ 'ਚ ਜਥੇਬੰਦੀ ਦੀ ਸੂਬਾ ਕਮੇਟੀ ਦੇ ਫੈਸਲੇ ਤਹਿਤ ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ 'ਤੇ ਵਿਭਾਗ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦੀ ਪ੍ਰਾਪਤੀ ਲਈ ਜ਼ਿਲ੍ਹਾ ਫਾਜ਼ਿਲਕਾ ਤੋਂ ਠੇਕਾ ਮੁਲਾਜ਼ਮਾਂ ਨੂੰ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ, ਜਿਸ ਦੀ ਤਿਆਰੀ ਲਈ 23 ਨਵੰਬਰ ਨੂੰ ਜਲਾਲਾਬਾਦ ਵਿਖੇ ਮੀਟਿੰਗ ਕੀਤੀ ਜਾਵੇਗੀ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਯੂਨੀਅਨ ਦੇ ਨਾਲ ਜੁੜੇ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਬਚਾਉਣ ਦੇ ਨਾਲ ਨਾਲ ਪੱਕੇ ਰੁਜ਼ਗਾਰ ਦੀ ਪ੍ਰਾਪਤੀ ਤੱਕ ਜਥੇਬੰਦੀ ਵੱਲੋਂ ਸੰਘਰਸ਼ ਜਾਰੀ ਰੱਖਿਆ ਜਾਵੇਗਾ ਤੇ ਜਲਾਲਾਬਾਦ 'ਚ ਪੇਂਡੂ ਜਲ ਘਰਾਂ ਦੇ ਪੰਚਾਇਤੀਕਰਨ ਖਿਲਾਫ ਲੋੜ ਪੈਣ 'ਤੇ ਜਲਾਲਾਬਾਦ 'ਚ ਸੰਘਰਸ਼ ਕੀਤਾ ਜਾਵੇਗਾ।

# ਨ੍ਰਿਪਇੰਦਰ ਸਿੰਘ ਰਤਨ ਦੇ ਵਿਛੋੜੇ 'ਤੇ ਸਾਹਿਤਕਾਰਾਂ ਵੱਲੋਂ ਸ਼ੋਕ ਪ੍ਰਗਟ



**ਸੰਗਰੂਰ (ਪ੍ਰਵੀਨ ਸਿੰਘ)**-ਪ੍ਰਸਿੱਧ ਸਾਹਿਤਕਾਰ ਤੇ ਸਾਬਕਾ ਆਈ.ਏ.ਐੱਸ. ਅਧਿਕਾਰੀ ਸ਼੍ਰੀ ਨ੍ਰਿਪਇੰਦਰ ਸਿੰਘ ਰਤਨ ਦੇ ਵਿਛੋੜੇ 'ਤੇ ਪੰਜਾਬੀ ਸਾਹਿਤ ਸਭਾ ਸੰਗਰੂਰ ਤੇ ਮਾਲਵਾ ਰਿਸਰਚ ਸੈਂਟਰ ਪਟਿਆਲਾ ਤੇ ਗੁਰਮਤਿ ਲੋਕਧਾਰਾ ਵਿਚਾਰ ਮੰਚ ਵੱਲੋਂ ਗਹਿਰੇ ਸ਼ੋਕ ਦਾ ਪ੍ਰਗਟਾਵਾ ਕੀਤਾ ਗਿਆ ਹੈ। ਡਾ. ਭਗਵੰਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸੰਦਰਭ ਵਿੱਚ ਇੱਕ ਸ਼ੋਕ ਇੱਕਤਰਤਾ ਡਾ. ਤੇਜਵੰਤ ਮਾਨ ਸਾਹਿਤ ਰਤਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬਹੁਤ ਸਾਰੇ ਸਾਹਿਤਕਾਰ ਤੇ ਚਿੰਤਕ ਇੱਕਠੇ ਹੋਏ। ਇੱਕਤਰਤਾ 'ਚ ਰਤਨ ਦੇ ਪੰਜਾਬ, ਭਾਸ਼ਾ ਸਾਹਿਤ ਤੇ ਸੱਭਿਆਚਾਰ ਅਤੇ ਪੰਜਾਬੀ ਦੀ ਅਕਾਦਮਿਕਤਾ 'ਚ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ। ਡਾ. ਤੇਜਵੰਤ ਮਾਨ ਨੇ ਸ. ਰਤਨ ਦੇ ਸਾਹਿਤਕ ਕਾਰਜਾਂ ਤੇ ਪੰਜਾਬੀ ਭਾਸ਼ਾ ਨੀਤੀ ਤਿਆਰ ਕਰਨ ਸਬੰਧੀ ਕੀਤੇ ਕਾਰਜਾਂ ਦੀ ਤਫਸ਼ੀਲ ਪੇਸ਼ ਕੀਤੀ।

ਡਾ. ਨਰਵਿੰਦਰ ਸਿੰਘ ਕੌਸ਼ਲ ਨੇ ਰਤਨ ਸਾਹਿਬ ਵੱਲੋਂ ਉਚੇਰੀ ਸਿੱਖਿਆ ਵਿੱਚ ਕੀਤੇ ਉਸਾਰੂ ਸੁਧਾਰਾਂ ਨੂੰ ਯਾਦ ਕੀਤਾ। ਡਾ. ਭਗਵੰਤ ਸਿੰਘ ਨੇ ਸ਼੍ਰੀ ਰਤਨ ਦੇ ਕਹਾਣੀ ਸੰਗ੍ਰਹਿ ਸ਼ੇਰਾਂ ਦਾ ਵਾਨ ਪ੍ਰਸਤ ਨੂੰ ਪੰਜਾਬੀ ਕਹਾਣੀ ਦਾ ਅਦੁੱਤੀ ਸੰਗ੍ਰਹਿ ਦੱਸਿਆ ਤੇ ਉਨ੍ਹਾਂ ਦੀ ਭਾਸ਼ਾ ਵਿਭਾਗ ਪੰਜਾਬ ਦੇ ਸੁਧਾਰ ਹਿੱਤ ਪਾਏ ਯੋਗਦਾਨ ਬਾਰੇ ਦੱਸਿਆ। ਗੁਰਨਾਮ ਸਿੰਘ, ਜਗਦੀਪ ਸਿੰਘ ਐਡਵੋਕੇਟ, ਦੇਸ਼ ਭੂਸ਼ਨ, ਸੰਦੀਪ ਸਿੰਘ, ਡਾ. ਦਵਿੰਦਰ ਕੌਰ ਨੇ ਸ਼੍ਰੀ ਰਤਨ ਦੇ ਪ੍ਰਸ਼ਾਸਨਕ ਕਾਰਜਾਂ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਸਮੇਂ ਵਿਸ਼ਵ ਚਿੰਤਕ ਡਾ. ਸਵਰਾਜ ਸਿੰਘ ਪ੍ਰਧਾਨ ਗੁਰਮਤਿ ਲੋਕ ਧਾਰਾ ਵਿਚਾਰ ਮੰਚ ਨੇ ਸ਼੍ਰੀ ਰਤਨ ਦੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਕੀਤੇ ਕਾਰਜਾਂ ਬਾਰੇ ਦੱਸਿਆ ਕਿ ਉਹ ਜ਼ਮੀਨ ਨਾਲ ਜੁੜੇ ਹੋਏ ਅਧਿਕਾਰੀ ਸਨ। ਉਨ੍ਹਾਂ ਦੇ ਜਾਣ ਨਾਲ ਬਹੁਤ ਵੱਡਾ ਘਾਟਾ ਪਿਆ ਹੈ।

# ਕੌਮੀ ਪ੍ਰੈੱਸ ਦਿਵਸ ਮੌਕੇ 'ਆਰਟੀਫਿਸ਼ਲ ਇੰਟੈਲੀਜੈਂਸ ਦੇ ਯੁੱਗ 'ਚ ਮੀਡੀਆ' ਵਿਸ਼ੇ 'ਤੇ ਚਰਚਾ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**

ਕੌਮੀ ਪ੍ਰੈੱਸ ਦਿਵਸ ਮੌਕੇ ਸਮਾਣਾ ਦੇ ਪੱਤਰਕਾਰਾਂ ਵੱਲੋਂ ਮੀਡੀਆ ਦੇ ਖੇਤਰ ਵਿੱਚ ਵਰਤੋਂ 'ਚ ਲਿਆਂਦੀਆਂ ਜਾ ਰਹੀਆਂ ਨਵੀਆਂ ਤਕਨੀਕਾਂ ਤੇ ਆਰਟੀਫਿਸ਼ਲ ਇੰਟੈਲੀਜੈਂਸ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਟਿਆਲਾ ਹਾਕਮ ਥਾਪਰ ਦੀ ਅਗਵਾਈ ਹੇਠ ਏ.ਪੀ.ਆਰ.ਓਜ਼ ਹਰਦੀਪ ਸਿੰਘ ਤੇ ਜਸਤਰਨ ਸਿੰਘ ਵੱਲੋਂ ਮੀਡੀਆ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਕੌਮੀ ਪ੍ਰੈੱਸ ਦਿਵਸ ਦੀ ਵਧਾਈ ਦਿੱਤੀ ਗਈ।

ਸਮਾਗਮ ਮੌਕੇ ਪੱਤਰਕਾਰਾਂ ਨੇ ਕੌਮੀ ਪ੍ਰੈੱਸ ਦਿਵਸ ਦੀ ਇਸ ਵਾਰ ਥੀਮ "ਆਰਟੀਫਿਸ਼ਲ ਇੰਟੈਲੀਜੈਂਸ ਦੇ ਯੁੱਗ ਵਿੱਚ ਮੀਡੀਆ" ਦੀ ਮੀਡੀਆ 'ਚ ਵਰਤੋਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਏ.ਪੀ.ਆਰ.ਓ. ਜਸਤਰਨ ਸਿੰਘ ਨੇ ਪੱਤਰਕਾਰਾਂ ਨੂੰ ਆਰਟੀਫਿਸ਼ਲ ਇੰਟੈਲੀਜੈਂਸ ਦੇ ਵੱਖ-ਵੱਖ ਟੂਲਜ਼ ਦੀ ਪੱਤਰਕਾਰਤਾ ਵਿੱਚ ਵਰਤੋਂ ਤੇ ਵਿਸ਼ੇਸ਼ ਤੌਰ 'ਤੇ ਚੈਟ ਜੀਪੀਟੀ ਤੇ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਏ.ਪੀ.ਆਰ.ਓ. ਹਰਦੀਪ ਸਿੰਘ ਨੇ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਕੌਮੀ ਪ੍ਰੈੱਸ ਦਿਵਸ ਦੀ ਵਧਾਈ ਦਿੱਤੀ ਤੇ ਇਸ ਦਿਨ ਦੀ ਮਹੱਤਤਾ ਤੋਂ ਜਾਣੂ ਕਰਵਾਇਆ।

ਇਸ ਮੌਕੇ ਸਮਾਣਾ ਦੇ ਪੱਤਰਕਾਰਾਂ ਵੱਲੋਂ ਪਵਨ ਸ਼ਾਸਤਰੀ, ਸੁਭਾਸ਼ ਪਾਠਕ, ਕੈਲਾਸ਼ ਸ਼ਰਮਾ, ਸੁਭਾਸ਼ ਚੰਦਰ, ਕੁਲਵਿੰਦਰ ਸਿੰਘ ਪੁਰੀ, ਜਸਵਿੰਦਰ ਸਿੰਘ ਦਰਦ, ਅਸ਼ੋਕ ਗੁਪਤਾ, ਸਾਹਿਬ ਸਿੰਘ, ਪ੍ਰੀਤਮ ਸਿੰਘ ਨਾਗੀ, ਇਕਬਾਲ ਸਿੰਘ, ਅਮਿਤ ਸ਼ਰਮਾ, ਸੰਜੇ ਬਾਂਸਲ, ਮਹੇਸ਼ ਸ਼ੇਰਾ, ਦੀਵਾਨ ਥਰੇਜਾ, ਰਮੇਸ਼ ਅਨੇਜਾ, ਸ਼ਿਵ ਨਰਾਇਣ ਗਰਗ ਆਦਿ ਮੌਜੂਦ ਸਨ।

# ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ

- ਵਿਧਾਇਕ ਰਣਬੀਰ ਸਿੰਘ ਭੁੱਲਰ, ਰਜਨੀਸ਼ ਦਹੀਆ, ਫੌਜਾ ਸਿੰਘ ਸਰਾਰੀ ਤੇ ਡਿਪਟੀ ਕਮਿਸ਼ਨਰ ਵੱਲੋਂ ਸ਼ਰਧਾਂਜਲੀਆਂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਸ਼ ਦੀ ਆਜ਼ਾਦੀ ਦੀ ਲਈ ਛੋਟੀ ਉਮਰ ਵਿੱਚ ਹੀ ਸ਼ਹਾਦਤ ਦੇਣ ਵਾਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਵਿਖੇ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਦਿਹਾਤੀ ਰਜਨੀਸ਼ ਦਹੀਆ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾ ਦੇ ਫੁੱਲ ਭੇਟ ਕਰ ਕੇ ਸ਼ਰਧਾਂਜਲੀ ਦਿੱਤੀ ਗਈ।ਇਸ ਦੌਰਾਨ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਇੱਕ ਅਮੀਰ ਪਰਿਵਾਰ ਵਿੱਚੋਂ ਜਨਮ ਲੈਣ ਦੇ ਬਾਵਜੂਦ ਸਾਢੇ 19 ਸਾਲ ਦੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਆਪਣੀ ਕੁਰਬਾਨੀ ਦਿੱਤੀ ਹੈ, ਕਿਉਂਕਿ ਉਨ੍ਹਾਂ ਦੇ ਮਨ ਵਿੱਚ ਦੇਸ਼ ਨੂੰ ਆਜ਼ਾਦ ਕਰਵਾਉਣ ਦਾ ਇੱਕ ਜਜ਼ਬਾ ਸੀ।ਉਨ੍ਹਾਂ ਕਿਹਾ ਕਿ ਜੇਕਰ ਅਸੀਂ ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਹੋਏ ਸ਼ਹੀਦਾਂ ਦਾ ਇਤਿਹਾਸ ਦੇਖੀਏ ਤਾਂ ਉਸ ਵਿੱਚ ਪੰਜਾਬੀਆਂ ਦਾ ਸੱਭ ਤੋਂ ਵੱਡਾ ਯੋਗਦਾਨ ਰਿਹਾ ਹੈ, ਕਿਉਂਕਿ ਪੰਜਾਬੀ ਹਮੇਸ਼ਾ ਹੀ ਜ਼ੁਲਮ ਖਿਲਾਫ ਖੜੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਵੀ ਇਨ੍ਹਾਂ ਸ਼ਹੀਦਾਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਨੇਕ ਤੇ ਭਲਾਈ ਦਾ ਕੰਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਦੌਰਾਨ ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹਾ ਲਾਈਬਰੇਰੀ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ ਤੇ ਰੱਖਣ ਲਈ ਵੀ ਕਿਹਾ।ਇਸ ਮੌਕੇ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾ ਕਿਹਾ ਕਿ ਸ਼ਹੀਦਾਂ ਦੀ ਸ਼ਹਾਦਤ ਦਾ ਕੋਈ ਮੁੱਲ ਨਹੀਂ ਹੈ, ਉਨ੍ਹਾਂ ਦੀ ਸ਼ਹਾਦਤ ਅਮਿੱਟ ਹੁੰਦੀ ਹੈ।ਇਸ ਉਪਰੰਤ ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਨੇ ਵੀ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਛੋਟੀ ਉਮਰ ਵਿੱਚ ਬਲਿਦਾਨ ਦੇਣ ਮਗਰੋਂ ਉਹ ਕਈਆਂ ਲਈ ਮਾਰਗਦਰਸ਼ਕ ਬਣੇ।ਉਨ੍ਹਾਂ ਤੋਂ ਬਾਅਦ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਸਮੇਤ ਹੋਰ ਕਈ ਸੂਰਵੀਰਾਂ ਵੱਲੋਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਤੀਖੀ ਲੜਾਈ ਲੜੀ ਗਈ ਤੇ ਦੇਸ਼ ਲਈ ਆਪਣਾ ਬਲਿਦਾਨ ਦਿੱਤਾ ਗਿਆ, ਜਿਨ੍ਹਾਂ ਦੇ ਬਲਿਦਾਨ ਸੱਦਕਾ ਹੀ ਅੱਜ ਅਸੀਂ ਇਸ ਆਜ਼ਾਦੀ ਦਾ ਮਾਨ ਰਹੇ ਹਾਂ।

ਇਸ ਦੌਰਾਨ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਵੱਲੋਂ ਦੇਸ਼ ਲਈ ਦਿੱਤੀ ਕੁਰਬਾਨੀ ਨੂੰ ਅਸੀਂ ਕਦੇ ਨਹੀਂ ਭੁੱਲ ਸਕਦੇ।ਉਨ੍ਹਾਂ ਕਿਹਾ ਕਿ ਅਸੀਂ ਆਪਣੇ ਸ਼ਹੀਦਾਂ ਨੂੰ ਦਿਲੋਂ ਪ੍ਰਣਾਮ ਕਰਦੇ ਹਾਂ, ਜਿਨ੍ਹਾਂ ਦੇ ਖਾਤਰ ਅਸੀਂ ਅੱਜ ਇਸ ਖੁੱਲ੍ਹੀ ਹਵਾ ਵਿੱਚ ਸਾਹ ਲੈ ਰਹੇ ਹਾਂ।ਉਨ੍ਹਾਂ ਕਿਹਾ ਸਾਨੂੰ ਲੋੜ ਹੈ ਕਿ ਸਾਡੇ ਬੱਚਿਆਂ ਤੇ ਨੌਜਵਾਨ ਪੀੜ੍ਹੀ ਨੂੰ ਵੀ ਸਾਡੇ ਸ਼ਹੀਦਾਂ ਦੀ ਸ਼ਹਾਦਤ ਬਾਰੇ ਪਤਾ ਲੱਗੇ, ਜਿਸ ਕਰਕੇ ਅੱਜ ਇਹ ਪ੍ਰੋਗਰਾਮ ਕਰਵਾਇਆ ਗਿਆ ਹੈ।ਇਸ ਮੌਕੇ ਡਾ. ਰਾਮੇਸ਼ਵਰ ਵੱਲੋਂ ਵੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ 'ਤੇ ਚਾਨਣਾ ਪਾਇਆ ਗਿਆ। ਇਸ ਮੌਕੇ ਸਰਕਾਰੀ ਸੈਕੰਡਰੀ ਸਕੂਲ ਦੀ ਵਿਦਿਆਰਥਣ ਨੀਲਮ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ, ਦੇਵ ਸਮਾਜ ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਨਾਟਕ ਵੀਰ ਸਰਾਭਾ ਤੇ ਵਿਦਿਆਰਥਣ ਨਵਜੋਤ ਕੌਰ ਨੇ ਗੀਤ ਰਾਹੀਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਨੈਸ਼ਨਲ ਐਵਾਰਡੀ ਪ੍ਰਿੰਸੀਪਲ ਡਾ. ਸਤਿੰਦਰ ਸਿੰਘ, ਐੱਲ ਡੀ ਐੱਮ ਗੀਤਾ ਮਹਿਤ, ਸਮਾਜ ਸੇਵੀ ਹਰੀਸ਼ ਗੋਇਲ, ਹਰੀਸ਼ ਮੌਂਗਾ, ਐਡਵੋਕੇਟ ਯੋਗਸ਼ ਗੁਪਤਾ, ਬਲਦੇਵ ਸਿੰਘ ਮੱਲੀ, ਦੀਪੂ ਚੋਪੜਾ, ਰਿੰਕੂ ਸੋਢੀ, ਸੁਰਜੀਤ ਵਿਲਾਸਰਾ, ਦਲੇਰ ਸਿੰਘ ਭੁੱਲਰ, ਰੋਬੀ ਸੰਧੂ, ਲਖਵੀਰ ਸਿੰਘ, ਮਨਪ੍ਰੀਤ ਸਿੰਘ ਸਮੇਤ ਵੱਖ ਵੱਖ ਸਕੂਲਾਂ ਦੇ ਵਿਦਿਆਰਥੀ ਤੇ ਐੱਨ ਜੀ ਓਜ਼ ਦੇ ਮੈਂਬਰ ਹਾਜ਼ਰ ਸਨ।

# ਅਲੌਹਰਾਂ ਸਾਹਿਬ ਦੇ ਕਬੱਡੀ ਕੱਪ 'ਤੇ ਡੀ ਏ ਵੀ ਜਲੰਧਰ ਦੀ ਟੀਮ ਦਾ ਕਬਜ਼ਾ

- ਚੇਅਰਮੈਨ ਜੱਸੀ ਵੱਲੋਂ ਕਲੱਬ ਨੂੰ 10 ਲੱਖ ਦੀ ਗ੍ਰਾਂਟ ਦਾ ਐਲਾਨ



**ਨਾਭਾ (ਵਰਿੰਦਰ ਵਰਮਾ)**-ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਦੇ ਕਬੱਡੀ ਕੱਪ 'ਤੇ ਡੀ ਏ ਵੀ ਜਲੰਧਰ ਦੀ ਟੀਮ ਨੇ ਕਬਜ਼ਾ ਕੀਤਾ। ਇਸ ਮੌਕੇ ਅੱਠ ਫੈਡਰੇਸ਼ਨ ਦੀਆਂ ਟੀਮਾਂ ਵਿਚਕਾਰ ਮੈਚ ਖੇਡੇ ਗਏ, ਇਸ ਤੋਂ ਇਲਾਵਾ ਪੰਜਾਬ ਤੇ ਹਰਿਆਣਾ ਦੀਆਂ ਲੜਕੀਆਂ ਦੇ ਵਿਚਕਾਰ ਸਖਤ ਮੁਕਾਬਲੇ ਹੋਏ, ਫਸਟ ਟੀਮ ਨੂੰ ਇੱਕ ਲੱਖ 11 ਹਜ਼ਾਰ ਰੁਪਏ, ਸੈਕਿੰਡ ਟੀਮ ਨੂੰ 81 ਹਜ਼ਾਰ ਰੁਪਏ ਦਾ ਨਗਦ ਇਨਾਮ ਦਿੱਤਾ ਗਿਆ, ਲੜਕੀਆਂ ਦੀ ਫਸਟ ਟੀਮ ਨੂੰ 51000, ਸੈਕਿੰਡ ਟੀਮ ਨੂੰ 31000 ਰੁਪਏ ਇਨਾਮ ਦਿੱਤਾ ਗਿਆ, ਦਰਸ਼ਕਾਂ ਵਿੱਚ ਇਨ੍ਹਾਂ ਮੈਚਾਂ ਨੂੰ ਲੈ ਕਾਫੀ ਖੁਸ਼ੀ ਵੇਖੀ ਗਈ। ਇਸ ਮੌਕੇ ਮੁੱਖ ਮਹਿਮਾਨ ਲੋਕ ਸਭਾ ਮੈਂਬਰ ਪ੍ਰਨੀਤ ਕੌਰ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੋਂ ਇਲਾਵਾ ਐੱਸ ਜੀ ਪੀ ਸੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਪਹੁੰਚੇ। ਆਏ ਮੁੱਖ ਮਹਿਮਾਨਾਂ ਨੇ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਚੇਅਰਮੈਨ ਜੱਸੀ ਸੋਹੀਆਂ ਵਾਲਾ ਵੱਲੋਂ ਕਲੱਬ ਨੂੰ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਟੂਰਨਾਮੈਂਟ ਵਿੱਚ ਨਾਰਥ ਇੰਡੀਆ ਕਬੱਡੀ ਫੈਡਰੇਸ਼ਨ ਦੀਆਂ ਵੱਖ ਵੱਖ ਟੀਮਾਂ, ਜਿਨ੍ਹਾਂ ਵਿੱਚ ਦੁਆਬਾ ਵਰੀਅਰ ਸੁਰਖਪੁਰ, ਡੀ ਏ ਵੀ ਜਲੰਧਰ, ਯੰਗ ਕਲੱਬ ਬਾਘਾ ਪੁਰਾਣਾ, ਅਰਵਿੰਦ ਲੱਖਾ ਕੇ ਪਾਂਡੇ, ਫਗਵਾੜਾ ਟਾਈਗਰ, ਮਾਲਵਾ ਜਗਰਾਉਂ, ਰੋਇਲ ਕਿੰਗ ਯੂ ਐੱਸ ਏ, ਸ਼ਹੀਦ ਬਚਨ ਸਿੰਘ ਕਲੱਬ ਦਿੜ੍ਹਬਾ ਸ਼ਾਮਲ ਸਨ। ਇਸ ਤੋਂ ਇਲਾਵਾ ਲੜਕੀਆਂ ਦੀਆਂ ਟੀਮਾਂ ਵਿੱਚ ਮਾਈ ਭਾਗੋ ਕਬੱਡੀ ਅਕੈਡਮੀ ਜਗਤਪੁਰ, ਸੰਤ ਬਾਬਾ ਹਜ਼ਾਰਾ ਸਿੰਘ ਨਿੱਕੇ ਘੁੰਮਣ, ਹਰਿਆਣਾ ਕਰਨੀ ਤੇ ਸਿੱਧਸਰ ਅਲੌਹਰਾਂ ਸ਼ਾਮਲ ਹਨ। ਇਸ ਮੌਕੇ ਇਨ੍ਹਾਂ ਤੋਂ ਇਲਾਵਾ ਸਾਬਕਾ ਜਥੇਦਾਰ ਅਕਾਲ ਤਖਤ ਸਾਹਿਬ ਭਾਈ ਰਣਜੀਤ ਸਿੰਘ, ਸਾਬਕਾ ਵਿਧਾਇਕ ਸਮਾਣਾ ਜਥੇਦਾਰ ਜਗਤਾਰ ਸਿੰਘ ਰਾਜਲਾ, ਚਰਨ ਸਿੰਘ ਐੱਮ ਡੀ ਮਲਕੀਤ ਕੰਬਾਇਨ ਨਾਭਾ, ਪਾਖਰ ਸਿੰਘ ਹਰਦੇਵ ਕੰਬਾਇਨ, ਭਾਜਪਾ ਆਗੂ ਬਰਿੰਦਰ ਬਿੱਟੂ, ਸਤਵਿੰਦਰ ਸਿੰਘ ਟੌਹੜਾ, ਅਵਤਾਰ ਸਿੰਘ ਨੰਨੜੇ, ਹਰਪ੍ਰੀਤ ਸਿੰਘ ਪ੍ਰੀਤ ਸੀਨੀਅਰ ਕੌਂਸਲਰ, ਬਾਬਾ ਹਰਦੇਵ ਸਿੰਘ, ਬਾਬਾ ਬਲਦੇਵ ਸਿੰਘ, ਬਾਬਾ ਲਾਡੀ, ਬਾਬਾ ਜਤਿੰਦਰ ਜੱਤੀ, ਪਰਮਜੀਤ ਸਿੰਘ ਖੱਟੜਾ ਸਾਬਕਾ ਚੇਅਰਮੈਨ, ਭੁਪਿੰਦਰ ਸਿੰਘ ਖੋਖ ਸਰਪੰਚ, ਮਾਸਟਰ ਗਮਦੂਰ ਸਿੰਘ, ਭੀਮ ਸਿੰਘ ਸਰਪੰਚ ਬਨੇਰਾ, ਗੱਜਣ ਸਿੰਘ ਕੋਲੀ, ਸੁਖਵਿੰਦਰ ਸਿੰਘ ਰਹਿਲ ਤੋਂ ਇਲਾਵਾ ਵੱਡੀ ਗਿਣਤੀ 'ਚ ਖੇਡ ਪ੍ਰੇਮੀ ਹਾਜ਼ਰ ਸਨ।

# 32 ਬੋਰ ਦੇਸੀ ਪਿਸਟਲਾਂ ਸਮੇਤ ਦੋ ਕਾਬੂ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਸਤਿੰਦਰ ਸਿੰਘ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਵਿੱਚੋਂ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਹਨ, ਇਨ੍ਹਾਂ ਹਦਾਇਤਾਂ ਤਹਿਤ ਡੀ.ਐਸ.ਪੀ ਜੰਡਿਆਲਾ ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਮਹਿਤਾ ਨੂੰ ਗੁਪਤ ਸੂਚਨਾ ਮਿਲੀ ਕਿ ਅਕਾਸ਼ਦੀਪ ਸਿੰਘ ਪੁੱਤਰ ਬਲਜੀਤ ਸਿੰਘ ਅਤੇ ਹਰਪਾਲ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀਆਨ ਦਾਊਦ ਮੋਟਰਸਾਈਕਲ ਮਾਰਕਾ ਪਲਸਰ ਮੋਟਰਸਾਈਕਲ ਨੰਬਰੀ ਪੀ ਬੀ 02-ਡੀ ਕੇ-2981 'ਤੇ ਸਵਾਰ ਹੋ ਕੇ ਇਲਾਕਾ ਵਿੱਚ ਘੁੰਮ ਰਹੇ ਹਨ ਅਤੇ ਉਨ੍ਹਾ ਕੋਲ ਨਜਾਇਜ਼ ਹਥਿਆਰ ਹਨ ਹੋ ਸਕਦੇ ਹਨ। ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਅਫਸਰ ਥਾਣਾ ਮਹਿਤਾ ਵੱਲੋਂ ਪੁਲਸ ਪਾਰਟੀ ਦੀ ਮਦਦ ਨਾਲ ਪੁਲ ਸੂਆ ਰਜਧਾਨ ਤੋਂ ਅਕਾਸ਼ਦੀਪ ਸਿੰਘ ਅਤੇ ਹਰਪਾਲ ਸਿੰਘ ਨੂੰ ਦੋ 32 ਬੋਰ ਦੇਸੀ ਪਿਸਟਲ ਅਤੇ ਇੱਕ ਮੋਟਰਸਾਈਕਲ ਮਾਰਕਾ ਪਲਸਰ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਜਿਸ ਸਬੰਧੀ ਉਕਤ ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

## ਮਨੀਪਾਲ ਹਸਪਤਾਲ ਪਟਿਆਲਾ ਨੇ ਕਿਡਨੀ ਟਰਾਂਸਪਲਾਂਟ ਮੁੜ ਸ਼ੁਰੂ ਕੀਤਾ

ਪਟਿਆਲਾ : ਗੰਭੀਰ ਗੁਰਦੇ ਦੀ ਬਿਮਾਰੀ ਵਿਸ਼ਵ ਭਰ ਵਿੱਚ ਇੱਕ ਪ੍ਰਮੁੱਖ ਸਿਹਤ ਸਮੱਸਿਆ ਹੈ, ਖਾਸ ਕਰਕੇ ਭਾਰਤ ਵਿੱਚ ਹਰ ਉਮਰ ਸਮੂਹ ਦੇ ਲੋਕਾਂ ਨੂੰ ਪ੍ਰਭਾਵਿਤ ਕਰਦੀ ਹੈ। ਇੰਟਰਨੈਸ਼ਨਲ ਸੋਸਾਇਟੀ ਆਫ ਨੈਫਰੋਲੋਜੀ ਦੇ ਕਿਡਨੀ ਡਿਜੀਜ਼ ਸਟੈਟਿਸਟਿਕਸ ਸੈਂਟਰ ਸਟੱਡੀ ਦੇ ਅੰਕੜਿਆਂ ਦੇ ਨਾਲ ਵੱਖ-ਵੱਖ ਸਥਾਨਾਂ ਵਿੱਚ ਸੀ ਕੇ ਡੀ ਦੀ ਰਿਪੋਰਟ ਕੀਤੀ ਗਈ ਘਟਨਾ 1% ਤੋਂ 13% ਤੱਕ ਵੱਖ-ਵੱਖ ਹੈ, ਹਾਲ ਹੀ ਵਿੱਚ 17% ਦੇ ਪ੍ਰਸਾਰ ਦੀ ਰਿਪੋਰਟ ਕੀਤੀ ਗਈ ਹੈ। ਗੁਰਦੇ ਦੀ ਬਿਮਾਰੀ ਦੀ ਸਥਿਤੀ ਅਤੇ ਗੰਭੀਰ ਗੁਰਦੇ ਦੀ ਬਿਮਾਰੀ ਦੇ ਇਲਾਜ ਦੇ ਵਿਕਲਪਾਂ ਬਾਰੇ ਦੱਸਦਿਆਂ ਡਾ. ਨਿਤਿਨ ਕੁਮਾਰ, ਕੰਸਲਟੈਂਟ - ਨੈਫਰੋਲੋਜੀ, ਮਨੀਪਾਲ ਹਸਪਤਾਲ, ਪਟਿਆਲਾ ਨੇ ਕਿਹਾ, "ਜਦੋਂ ਇਹ ਸੀ ਕੇ ਡੀ ਦੇ ਇਲਾਜ ਦੀ ਗੱਲ ਆਉਂਦੀ ਹੈ, ਤਾਂ ਕਿਡਨੀ ਟਰਾਂਸਪਲਾਂਟ ਉਨ੍ਹਾਂ ਲੋਕਾਂ ਲਈ ਇੱਕ ਜੀਵਨ ਬਚਾਉਣ ਵਾਲਾ ਵਿਕਲਪ ਹੋ ਸਕਦਾ ਹੈ ਜਿਨ੍ਹਾਂ ਨੂੰ ਅੰਤਮ ਪੜਾਅ ਵਾਲੀ ਗੁਰਦੇ ਦੀ ਬਿਮਾਰੀ ਹੈ। ਅਸੀਂ ਮਨੀਪਾਲ ਹਸਪਤਾਲ, ਪਟਿਆਲਾ ਵਿਖੇ, ਅਡਵਾਂਸਡ ਕਿਡਨੀ ਰੋਗ ਵਾਲੇ ਮਰੀਜ਼ਾਂ ਦਾ ਇਲਾਜ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਹੁਣ ਲੋੜਵੰਦਾਂ ਨੂੰ ਗੁਰਦੇ ਟ੍ਰਾਂਸਪਲਾਂਟ ਦੀ ਪੇਸ਼ਕਸ਼ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਾਂ।

## ਦਵਾਈਆਂ ਦੇ ਨਿਰਮਾਣ ਦੇ ਚੰਗੇ ਤਰੀਕਿਆਂ ਲਈ ਭਰੋਸੇਯੋਗ ਸਮਾਨ ਦੀ ਵਰਤੋਂ ਜ਼ਰੂਰੀ

ਬਰਨਾਲਾ : ਸਰਕਾਰ ਨੇ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਅਤੇ ਖਾਸ ਤੌਰ 'ਤੇ ਐਮ ਐਸ ਐਮ ਈ ਨੂੰ ਅਗਲੇ 6-12 ਮਹੀਨਿਆਂ ਵਿੱਚ ਨਿਰਮਾਣ ਲਈ ਬਿਹਤਰ ਤਰਕੇ ਅਪਣਾਉਣ ਜਾਂ ਜੀ ਐਮ ਪੀ ਸਰਟੀਫਿਕੇਸ਼ਨ ਪ੍ਰਾਪਤ ਕਰਨ ਦਾ ਆਦੇਸ਼ ਦਿੱਤਾ ਹੈ। ਅੰਕੜਿਆਂ ਅਨੁਸਾਰ, ਕੁੱਲ 10,500 ਨਿਰਮਾਤਾਵਾਂ ਵਿੱਚੋਂ ਸਿਰਫ ਦੋ ਹਜ਼ਾਰ ਕੋਲ ਹੀ ਜੀ ਐਮ ਪੀ ਸਰਟੀਫਿਕੇਟ ਹੈ। ਇਸ ਨਾਲ ਸਮੱਸਿਆ ਦੀ ਗੰਭੀਰਤਾ ਦਾ ਪਤਾ ਲਗਦਾ ਹੈ, ਜਿਸ ਦਾ ਹੱਲ ਸਰਕਾਰ ਲੱਭ ਰਹੀ ਹੈ । ਦਵਾਈਆਂ ਸਬੰਧੀ ਉਤਪਾਦਾਂ ਵਿੱਚ ਮਿਆਰਾਂ ਅਤੇ ਨਿਰਮਾਣ ਵਿਧੀਆਂ ਵਿੱਚ ਸੁਧਾਰ ਉੱਤੇ ਨਿਗਰਾਨੀ ਦੇ ਨਾਲ-ਨਾਲ ਜੀ ਐਮ ਪੀ ਸਰਟੀਫਿਕੇਟ ਪ੍ਰਾਪਤ ਕਰਨ ਲਈ ਇਹ ਮੁਹਿੰਮ ਚਲਾਈ ਜਾ ਰਹੀ ਹੈ। ਇਸ ਦੌਰਾਨ, ਸਰਕਾਰ ਨੂੰ ਏ ਪੀ ਆਈ, ਫਾਈਨਲ ਫਾਰਮੂਲੇਸ਼ਨ ਅਤੇ ਡਰੱਗ ਉਤਪਾਦਾਂ ਦੇ ਨਿਰਮਾਣ ਲਈ ਭਾਰਤੀ ਦਵਾਈ ਨਿਰਮਾਤਾਵਾਂ ਦੁਆਰਾ ਆਈ ਪੀ ਏ, ਐਸੀਟੋਨ, ਐਮ ਡੀ ਸੀ ਅਤੇ ਮੀਥੇਨੌਲ ਵਰਗੇ ਫਾਰਮਾਕੋਪੀਆ ਮੋਨੋਗ੍ਰਾਫਡ ਸਾੱਲਵੈਂਟਸ/ਐਕਸਪੀਐਂਟਸ ਦੀ ਵਰਤੋਂ 'ਤੇ ਵੀ ਵਧੇਰੇ ਚੌਕਸ ਰੁਖ ਅਪਣਾਉਣਾ ਚਾਹੀਦਾ ਹੈ।


### ਸੋਨੇ ਦੇ ਗਹਿਣੇ ਦੀ ਨਿਲਾਮੀ ਲਈ ਜਨਤਕ ਨੋਟਿਸ

### ਆਈ ਡੀ ਬੀ ਆਈ ਬੈਂਕ ਲਿਮਟਿਡ

ਆਈ ਡੀ ਬੀ ਆਈ ਬੈਂਕ ਲਿਮਟਿਡ ਬੈਂਕ ਦੇ ਹੱਕ 'ਚ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਜਨਤਕ ਨਿਲਾਮੀ ਕਰਜ਼ਦਾਰਾਂ ਵੱਲ ਬੈਂਕ ਦਾ ਬਕਾਇਆ ਵਸੂਲਣ ਦੇ ਮੰਤਵ ਲਈ ਹੇਠਾਂ ਦਰਸਾਏ ਅਨੁਸਾਰ ਪੇਸ਼ਕਸ਼ਾਂ ਦੀ ਮੰਗ ਕੀਤੀ ਜਾਂਦੀ ਹੈ। ਨਿਲਾਮੀ 20.11.2023 ਨੂੰ ਸ਼ਾਮ ਦੇ 2.00 ਵਜੇ ਤੋਂ ਬੈਂਕ ਦੀ ਇਮਾਰਤ ਅਲਾਵਲਪੁਰ ਰੋਡ, ਆਦਮਪੁਰ, ਜ਼ਿਲ੍ਹਾ ਜਲੰਧਰ-144102 ਪੰਜਾਬ ਵਿਖੇ ਕੀਤੀ ਜਾਵੇਗੀ।

| ਲੜੀ ਨੰ. | ਖਾਤਾ ਨੰ. | ਕਰਜ਼ਦਾਰ ਦਾ ਨਾਂਅ ਅਤੇ ਪਤਾ | ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦਾ ਵੇਰਵਾ | ਕੁੱਲ ਵਜ਼ਨ ਗ੍ਰਾਮਾਂ 'ਚ | ਈ ਐੱਮ ਡੀ ਰੁਪਏ 'ਚ | ਰਾਖਵੀਂ ਕੀਮਤ ਰੁਪਏ 'ਚ |
|---|---|---|---|---|---|---|
| 1. | 20056511000 00903 | ਮਨਦੀਪ ਕੌਰ ਪਤਨੀ ਸਤਿੰਦਰਪਾਲ ਸਿੰਘ ਵਾਸੀ ਪਿੰਡ ਮਾਨਕ ਰਾਏ, ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ | 1 ਨੈਕਲੇਸ | 20.60 | ਰੁਪਏ 4,521/- | ਰੁਪਏ 90,420/- |

ਨਿਲਾਮੀ ਬੈਂਕ ਵੱਲੋਂ ਨਿਰਧਾਰਤ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਅਨੁਸਾਰ ਹੋਵੇਗੀ, ਜਿਸ ਦੀ ਇੱਕ ਕਾਪੀ ਆਦਮਪੁਰ ਸ਼ਾਖਾ ਦੇ ਨੋਟਿਸ ਬੋਰਡ 'ਤੇ 17.11.2023 ਤੋਂ 20.11.2023 ਤੱਕ ਪ੍ਰਦਰਸ਼ਿਤ ਕੀਤੀ ਜਾਵੇਗੀ। ਚਾਹਵਾਨ ਪਾਰਟੀਆਂ ਉਸ ਦਾ ਹਵਾਲਾ ਲੈ ਸਕਦੀਆਂ ਹਨ। ਨਿਲਾਮੀ 'ਚ ਹਿੱਸਾ ਲੈਣ ਵਾਲੇ ਬੋਲੀਕਾਰ ਨੂੰ ਵਿਕਰੀ ਦੀਆਂ ਉਪਰੋਕਤ ਸ਼ਰਤਾਂ ਅਤੇ ਨਿਯਮਾਂ ਦੀ ਪੂਰੀ ਜਾਣਕਾਰੀ ਰੱਖਦਾ ਮੰਨਿਆ ਜਾਵੇਗਾ। ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 20.11.2023 ਦੁਪਹਿਰ 12.30 ਵਜੇ ਤੱਕ ਹੈ।

ਸਹੀ/-

ਸਥਾਨ : ਆਦਮਪੁਰ, ਮਿਤੀ : 17.11.2023    ਅਧਿਕਾਰਤ ਅਫਸਰ


### COURT NOTICE

(Succession Case)
In the Court of
**Ms. Navdeep Kaur Gill**
Addl. Civil Judge Senior Division-1, Patiala.
CNR No. PBPT02-002921-2023
Next Date : 18.12.2023
Vijay Luxmi
Versus
General Public
Notice to : General Public

In above titled case, the defendant (s)/respondent (s) could not be served. It is ordered that the defendant (s)/respondent (s) should appear in person or through counsel on 18.12.2023 at 10.00 a.m.

For details logon to https://highcourtchd.gov.in/?trs=district notice & district=Patiala

Addl. Civil Judge Senior Division-1, Patiala
Dated, this day of 16.11.2023

### COURT NOTICE

In the Court of
**Ms. Gurpreet Kaur**
Civil Judge Junior Division, Ajnala.
CNR No. PBASA0-000575-2023
Case No. CS/444/2023
Next Date : 12.12.2023

State Bank of India, Branch Chogawan, Tehsil Ajnala, Distt. Amritsar. Plaintiff
Versus
Nishan Singh S/o Pritam Singh R/o Vill. Khijjarpura, P.O. Kamaska, Tehsil Ajnala, Distt. Amritsar-143109 Defendant

Notice to : Defendant
Nishan Singh S/o Pritam Singh R/o Vill. Khijjarpura, P.O. Kamaska, Tehsil Ajnala, Distt. Amritsar-143109

In above titled petition the respondent could not be served. It is ordered that the respondent should appear in person or through counsel on 12.12.2023 at 10.00 a.m.

For details logon to Eg.-http/high court chd-govt.in/?trs=district notice & district=Amritsar

Civil Judge Junior Division, Ajnala.

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਸਹਾਇਕ ਕੁਲੈਕਟਰ ਦਰਜਾ ਪਹਿਲਾ (ਤਹਿਸੀਲਦਾਰ) ਰਾਮਪੁਰਾ ਫੂਲ ਤਹਿ: ਫੂਲ ਜ਼ਿਲ੍ਹਾ ਬਠਿੰਡਾ।

ਦਰਖਾਸਤ ਤਕਸੀਮ ਅਰਾਜੀ ਅਨੁਵਾਨ ਕੇਸ : ਮਨਜੀਤ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਯੋਦ ਸਿੰਘ ਵਾਸੀ ਦੁੱਲੇਵਾਲਾ ਤਹਿ: ਫੂਲ ਜ਼ਿਲ੍ਹਾ ਬਠਿੰਡਾ।

ਬਨਾਮ - ਗੁਰਨਾਮ ਸਿੰਘ, ਕਰਨੈਲ ਸਿੰਘ, ਭਾਨ ਸਿੰਘ ਪੁੱਤਰਾਨ ਨਿੱਕੂ ਸਿੰਘ ਪੁੱਤਰ ਹਜ਼ਾਰਾ ਸਿੰਘ, ਜਗਸੀਰ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਗੁਰਦਿਆਲ ਸਿੰਘ, ਗਿੰਦਰ ਸਿੰਘ ਪੁੱਤਰ ਜੀਵਾ ਸਿੰਘ ਪੁੱਤਰ ਭੁੱਮਣ ਸਿੰਘ, ਮਹਿਰ ਸਿੰਘ, ਸ਼ੇਰ ਸਿੰਘ ਪੁੱਤਰਾਨ ਸਰਬਨ ਸਿੰਘ ਪੁੱਤਰ ਕਿਸ਼ਨ ਸਿੰਘ, ਉਮ ਪ੍ਰਕਾਸ਼ ਪੁੱਤਰ ਰੋਸ਼ਨ ਲਾਲ ਪੁੱਤਰ ਨੱਥੂ ਰਾਮ, ਜੀਤਾ ਸਿੰਘ ਪੁੱਤਰ ਬੋਗੜ ਸਿੰਘ ਪੁੱਤਰ ਕਾਹਨ ਸਿੰਘ, ਗੁਰਭੇਜ ਸਿੰਘ, ਜਰਨੈਲ ਸਿੰਘ, ਗੁਰਮੇਲ ਸਿੰਘ ਪੁੱਤਰਾਨ ਹਾਕਮ ਸਿੰਘ ਪੁੱਤਰ ਬਚਨ ਸਿੰਘ, ਗੁਰਨਾਮ ਸਿੰਘ ਪੁੱਤਰ ਸੰਤ ਸਿੰਘ ਪੁੱਤਰ ਸੁੰਦਰ ਸਿੰਘ, ਬਲਜੀਤ ਕੌਰ ਪਤਨੀ ਦਰਸ਼ਨ ਸਿੰਘ ਪੁੱਤਰ ਮੇਵਾ ਸਿੰਘ, ਪਾਲਾ ਸਿੰਘ ਪੁੱਤਰ ਕਿਸ਼ਨ ਸਿੰਘ ਪੁੱਤਰ ਬੁੱਧ ਸਿੰਘ, ਕੌਰ ਸਿੰਘ ਪੁੱਤਰ ਤੇਗਾ ਸਿੰਘ ਪੁੱਤਰ ਸਾਧੂ ਸਿੰਘ, ਜਗਸੀਰ ਸਿੰਘ, ਗੁਰਬਚਨ ਸਿੰਘ ਪੁੱਤਰਾਨ ਜੀਤਾ ਸਿੰਘ ਪੁੱਤਰ ਬੱਗੜ ਸਿੰਘ, ਗੁਰਮੀਤ ਸਿੰਘ ਪੁੱਤਰ ਪਾਲਾ ਸਿੰਘ ਪੁੱਤਰ ਕਿਸ਼ਨ ਸਿੰਘ, ਮਹਿੰਦਰ ਸਿੰਘ, ਬਿੱਕਰ ਸਿੰਘ, ਜਰਨੈਲ ਸਿੰਘ, ਸੁਦਾਗਰ ਸਿੰਘ, ਗੁਰਤੇਜ ਸਿੰਘ, ਨਿਰਭੈ ਸਿੰਘ ਪੁੱਤਰਾਨ ਹਰੀ ਸਿੰਘ, ਸੁਰਜੀਤ ਕੌਰ ਵਿਧਵਾ ਹਰੀ ਸਿੰਘ, ਮਨਸੁੱਖ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਹਰੀ ਸਿੰਘ, ਸਤਵੀਰ ਸਿੰਘ, ਸੁਖਵੀਰ ਸਿੰਘ ਪੁੱਤਰਾਨ ਜਗਦੇਵ ਸਿੰਘ ਉਰਫ ਬੋਘੜ ਸਿੰਘ ਪੁੱਤਰ ਕਰਨੈਲ ਸਿੰਘ, ਸੁਖਜੀਤਇੰਦਰ ਸਿੰਘ ਧਾਲੀਵਾਲ, ਸ਼ਸ਼ੀਪਾਲ ਸਿੰਘ ਧਾਲੀਵਾਲ ਪੁੱਤਰਾਨ ਸੁਖਦੇਵ ਸਿੰਘ ਧਾਲੀਵਾਲ, ਪ੍ਰੀਤਮ ਸਿੰਘ ਪੁੱਤਰ ਸੁੰਦਰ ਸਿੰਘ ਪੁੱਤਰ ਰੂੜ ਸਿੰਘ, ਸੱਤਪਾਲ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਗੁਰਦਿਆਲ ਸਿੰਘ, ਪਰਮਜੀਤ ਕੌਰ ਪਤਨੀ ਸੁਖਦੇਵ ਸਿੰਘ ਪੁੱਤਰ ਨਛੱਤਰ ਸਿੰਘ, ਦਾਨਾ ਸਿੰਘ ਪੁੱਤਰ ਕਿਸ਼ਨ ਸਿੰਘ ਪੁੱਤਰ ਸੱਜਨ ਸਿੰਘ, ਸੋਹਨ ਸਿੰਘ ਪੁੱਤਰ ਗਿੰਦਰ ਸਿੰਘ ਪੁੱਤਰ ਜੀਤਾ ਸਿੰਘ, ਭੁਪਾਲ ਕੁਮਾਰ ਪੁੱਤਰ ਦਲੀਪ ਕੁਮਾਰ ਪੁੱਤਰ ਬਦਰੀ ਪ੍ਰਸ਼ਾਦ, ਬਲਦੇਵ ਸਿੰਘ ਪੁੱਤਰ ਗੁਰਦਿਆਲ ਸਿੰਘ, ਗੁਰਮੇਲ ਸਿੰਘ ਪੁੱਤਰ ਮੁਕੰਦ ਸਿੰਘ ਪੁੱਤਰ ਖੇਮ ਸਿੰਘ, ਸ਼ਾਮ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਜੋਰਾ ਸਿੰਘ, ਜਗਸੀਰ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਗੁਰਦਿੱਤ ਸਿੰਘ, ਗੁਰਚਰਨ ਸਿੰਘ, ਜਗਸੀਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਬੋਘੜ ਸਿੰਘ, ਵਾਸੀਆਨ ਦੁੱਲੇਵਾਲਾ, ਤਹਿ: ਫੂਲ ਜ਼ਿਲ੍ਹਾ ਬਠਿੰਡਾ, ਪੰਜਾਬ ਐਂਡ ਸਿੰਧ ਬੈਂਕ ਬਰਾਂਚ ਭਾਈ ਰੂਪਾ, ਕੇਨਰਾ ਬੈਂਕ ਬਰਾਂਚ ਰਾਮਪੁਰਾ ਫੂਲ, ਓ ਬੀ ਸੀ ਬਰਾਂਚ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ, ਐੱਚ ਡੀ ਐੱਫ ਸੀ ਬੈਂਕ ਬਰਾਂਚ ਦਿਆਲਪੁਰਾ ਮਿਰਜਾ ਰਾਹੀਂ ਮੈਨੇਜਰ ਬੈਂਕ ਮਜਕੂਰ, ਪੰਜਾਬ ਐਂਡ ਸਿੰਧ ਬੈਂਕ ਬਰਾਂਚ ਮੰਡੀ ਗੋਬਿੰਦਗੜ੍ਹ ਤਹਿਸੀਲ ਅਮਲੋਹ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਗ੍ਰਾਮ ਪੰਚਾਇਤ ਪਿੰਡ ਦੁੱਲੇਵਾਲਾ ਤਹਿ: ਫੂਲ ਜ਼ਿਲ੍ਹਾ ਬਠਿੰਡਾ ਰਾਹੀਂ ਸਰਪੰਚ ਗ੍ਰਾਮ ਪੰਚਾਇਤ ਮਜਕੂਰ।

ਨੋਟਿਸ ਬਨਾਮ-ਜਨਰਲ ਪਬਲਿਕ

ਮਨਜੋਤ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਯੋਦ ਸਿੰਘ ਵਾਸੀ ਦੁੱਲੇਵਾਲਾ ਤਹਿ: ਫੂਲ ਜ਼ਿਲ੍ਹਾ ਬਠਿੰਡਾ ਨੇ ਇਸ ਅਦਾਲਤ ਪਾਸ ਦਰਖਾਸਤ ਤਕਸੀਮ ਅਰਾਜੀ ਤਦਾਦੀ ਕੁੱਲ 56 ਕਨਾਲ 01 ਮਰਲਾ ਖੇਵਟ ਨੰ: 75/50 ਮਿਨ ਖਤੌਨੀ ਨੰ: 77 ਤੋਂ 94 ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਦੁੱਲੇਵਾਲਾ ਤਹਿਸੀਲ ਫੂਲ ਜ਼ਿਲ੍ਹਾ ਬਠਿੰਡਾ ਪੇਸ਼ ਕੀਤੀ ਹੈ। ਇਸ ਕੇਸ ਵਿੱਚ ਸ਼ਾਮਲ ਮਸੂਲਾਨ ਦੀ ਤਲਬੀ ਸਰਸਰੀ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਇਸ ਨੋਟਿਸ ਰਾਹੀਂ ਉਪਰ ਦਰਜ ਹਰ ਆਮ ਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਕੇਸ ਵਿੱਚ ਕੋਈ ਉਜਰ ਹੋਵੇ ਤਾਂ ਉਹ ਨੋਟਿਸ ਪ੍ਰਕਾਸ਼ਤ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਉਜਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆ ਕੇ ਪੇਸ਼ ਕਰ ਸਕਦਾ ਹੈ। ਬਾਅਦ ਗੁਜਰਨੇ ਮਿਆਦ ਕੋਈ ਉਜਰ ਨਹੀਂ ਸੁਣਿਆ ਜਾਵੇਗਾ।

ਅੱਜ ਮਿਤੀ 31.10.2023 ਨੂੰ ਇਹ ਨੋਟਿਸ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ (ਤਹਿਸੀਲਦਾਰ), ਰਾਮਪੁਰਾ ਫੂਲ

ਪੱਤਰ ਨੰ: 306/ਆਰ-1/ਮਿਤੀ : 31.10.2023

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਪੀ. ਛਿੱਬਰ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂਸ਼ਹਿਰ।

ਮਿਸਲ ਨੰ: 12/ਟੀ, ਪਿੰਡ : ਕਰੀਹਾ, ਕਿਸਮ ਕੇਸ : ਤਕਸੀਮ

ਦਾਇਰ ਮਿਤੀ : 8.9.2023 ਤਾਰੀਖ ਪੇਸ਼ੀ : 6.12.2023

ਕੇਸ ਅਨੁਵਾਨ : ਪ੍ਰਤਿਭਾ ਉਰਫ ਪ੍ਰਤਿਭਾ ਦਿਵਾਨ ਬਨਾਮ : ਗੁਰਨਾਮ ਸਿੰਘ ਵਗੈਰਾ

1. ਸ੍ਰੀਮਤੀ ਪ੍ਰਤਿਭਾ ਉਰਫ ਪ੍ਰਤਿਭਾ ਦਿਵਾਨ ਪਤਨੀ ਕਮਲ ਕ੍ਰਿਸ਼ਨ ਉਰਫ ਕਮਲ ਕ੍ਰਿਸ਼ਨ ਦਿਵਾਨ ਪੁੱਤਰ ਧਰਮ ਪਾਲ ਵਾਸੀ ਬੀ-9/145/1, ਮੁਹੱਲਾ ਭੁੱਚਰਾਂ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਫਰੀਕ ਅੱਵਲ

ਬਨਾਮ-1. ਗੁਰਨਾਮ ਸਿੰਘ 2. ਗੁਰਮੀਤ ਸਿੰਘ ਬੇਟੇ ਲਛਮਣ ਸਿੰਘ ਪੁੱਤਰ ਹਜ਼ਾਰਾ ਸਿੰਘ ਵਾਸੀਆਨ ਪਿੰਡ ਕਰੀਹਾ, ਤਹਿ: ਨਵਾਂਸ਼ਹਿਰ 3. ਅਨਿਲ ਕੁਮਾਰ ਪੁੱਤਰ ਸੋਮ ਨਾਥ ਪੁੱਤਰ ਜਗਨ ਨਾਥ ਵਾਸੀ ਪਿੰਡ ਮਾਲੋ ਮਜਾਰਾ, ਤਹਿ: ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਫਰੀਕ ਦੋਇਮ

(ਦਰਖਾਸਤ ਬਰਾਏ ਕਰਨੇ ਵੰਡ ਅਰਾਜੀ 71 ਕ-15 ਮ, ਖੇਵਟ ਨੰ: 304, ਖਤੌਨੀ ਨੰ: 377 ਤੋਂ 381, ਅਰਾਜੀ 02 ਕ-12 ਮ, ਖੇਵਟ ਨੰ: 305, ਖਤੌਨੀ ਨੰ: 382 ਅਤੇ ਅਰਾਜੀ 27 ਕ-11 ਮ, ਖੇਵਟ ਨੰ: 308, ਖਤੌਨੀ ਨੰ: 385 ਤੋਂ 388 ਕੁੱਲ ਰਕਬਾ 101 ਕ-18 ਮ, ਵਾਕਿਆ ਰਕਬਾ ਪਿੰਡ ਕਰੀਹਾ, ਤਹਿ: ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਰੂਏ ਫਰਦ ਜਮ੍ਹਾਂਬੰਦੀ ਸਾਲ 2013-2014)

ਉਪਰੋਕਤ ਅਨੁਵਾਨ ਮੁਕੱਦਮਾ ਅਧੀਨ ਤਕਸੀਮ ਕੇਸ ਵਿੱਚ ਫਰੀਕ ਦੋਇਮ ਵਿਦੇਸ਼ ਵਿੱਚ ਰਹਿੰਦੇ ਹਨ। ਇਸ ਕਰਕੇ ਫਰੀਕ ਦੋਇਮ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ। ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮ ਦੀ ਮਾਮੂਲੀ ਤਰੀਕੇ ਨਾਲ ਇਤਲਾਹ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 6.12.2023 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਫਰੀਕ ਦੋਇਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ। ਉਕਤ ਮੁਕਰਰ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 6.11.2023 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਵਾਂਸ਼ਹਿਰ।


AXIS BANK ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮ: ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਬਲਾਕ-ਬੀ, ਬੰਬੇ ਡਾਈਂਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

ਕਰਜ਼ਦਾਰ/ਸਹਿ-ਕਰਜ਼ਦਾਰ : (1) ਸ੍ਰੀ ਸੁਖਪਾਲ ਸਿੰਘ ਹੇਅਰ ਪੁੱਤਰ ਜੰਗੀਰ ਸਿੰਘ ਅਤੇ (2) ਸ੍ਰੀਮਤੀ ਕਮਲਦੀਪ ਕੌਰ ਪਤਨੀ ਸੁਖਪਾਲ ਸਿੰਘ ਦੋਵੇਂ ਵਾਸੀ ਮਕਾਨ ਨੰ: 2, ਗਲੀ ਨੰ: 2 ਏ, ਦੀਪ ਨਗਰ, ਤਹਿ: ਤੇ ਜ਼ਿਲ੍ਹਾ ਪਟਿਆਲਾ-147001, ਕਰਜ਼ਾ ਖਾਤਾ ਨੰ: 245010600919128

ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ-ਮਕਾਨ ਨੰ: 2, ਰਕਬਾ 133 ਵਰਗ ਗਜ਼, ਖਸਰਾ ਨੰ: 32//22/2/6, ਖੇਵਟ ਖਤੌਨੀ ਨੰ: 875/2318, ਜਮ੍ਹਾਂਬੰਦੀ ਸਾਲ 1996-97, ਪਿੰਡ ਬਿੱਲ, ਦੀਪ ਨਗਰ, ਤਹਿ: ਤੇ ਜ਼ਿਲ੍ਹਾ ਪਟਿਆਲਾ, ਸੁਖਪਾਲ ਸਿੰਘ ਹੇਅਰ ਪੁੱਤਰ ਜੰਗੀਰ ਸਿੰਘ ਅਤੇ ਸ੍ਰੀਮਤੀ ਕਮਲਦੀਪ ਕੌਰ ਪਤਨੀ ਸੁਖਪਾਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਖਾਲੀ ਪਲਾਟ ਸਾਈਡ 40', ਪੱਛਮ : ਮਕਾਨ, ਸਾਈਡ 40', ਉੱਤਰ : ਰਸਤਾ 16' ਸਾਈਡ 30', ਦੱਖਣ : ਸ਼ਮਸ਼ੇਰ ਸਿੰਘ ਦਾ ਮਕਾਨ ਸਾਈਡ 30'

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 428613 (ਚਾਰ ਲੱਖ ਅਠਾਈ ਹਜ਼ਾਰ ਛੇ ਸੌ ਤੇਰਾਂ ਰੁਪਏ ਕੇਵਲ) |
|---|---|---|
| 26 ਮਈ 2023 | 14 ਨਵੰਬਰ 2023 | |

ਕਰਜ਼ਦਾਰ/ਸਹਿ-ਕਰਜ਼ਦਾਰ : (1) ਸ੍ਰੀ ਸੁਖਪਾਲ ਸਿੰਘ ਹੇਅਰ ਪੁੱਤਰ ਜੰਗੀਰ ਸਿੰਘ ਅਤੇ (2) ਸ੍ਰੀਮਤੀ ਕਮਲਦੀਪ ਕੌਰ ਪਤਨੀ ਸੁਖਪਾਲ ਸਿੰਘ ਦੋਵੇਂ ਵਾਸੀ ਮਕਾਨ ਨੰ: 2, ਗਲੀ ਨੰ: 2 ਏ, ਦੀਪ ਨਗਰ, ਤਹਿ: ਤੇ ਜ਼ਿਲ੍ਹਾ ਪਟਿਆਲਾ-147001, ਕਰਜ਼ਾ ਖਾਤਾ ਨੰ: 245010600976169

ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ-ਮਕਾਨ ਨੰ: 2, ਰਕਬਾ 133 ਵਰਗ ਗਜ਼, ਖਸਰਾ ਨੰ: 32//22/2/6, ਖੇਵਟ ਖਤੌਨੀ ਨੰ: 875/2318, ਜਮ੍ਹਾਂਬੰਦੀ ਸਾਲ 1996-97, ਪਿੰਡ ਬਿੱਲ, ਦੀਪ ਨਗਰ, ਤਹਿ: ਤੇ ਜ਼ਿਲ੍ਹਾ ਪਟਿਆਲਾ, ਸੁਖਪਾਲ ਸਿੰਘ ਹੇਅਰ ਪੁੱਤਰ ਜੰਗੀਰ ਸਿੰਘ ਅਤੇ ਸ੍ਰੀਮਤੀ ਕਮਲਦੀਪ ਕੌਰ ਪਤਨੀ ਸੁਖਪਾਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਖਾਲੀ ਪਲਾਟ ਸਾਈਡ 40', ਪੱਛਮ : ਮਕਾਨ, ਸਾਈਡ 40', ਉੱਤਰ : ਰਸਤਾ 16' ਸਾਈਡ 30', ਦੱਖਣ : ਸ਼ਮਸ਼ੇਰ ਸਿੰਘ ਦਾ ਮਕਾਨ ਸਾਈਡ 30'

| ਡਿਮਾਂਡ ਨੋਟਿਸ ਦੀ ਮਿਤੀ : | ਕਬਜ਼ੇ ਦੀ ਮਿਤੀ : | ਬਕਾਇਆ ਰਕਮ : ਰੁਪਏ : 132901/- (ਇੱਕ ਲੱਖ ਬੱਤੀ ਹਜ਼ਾਰ ਨੌਂ ਸੌ ਇੱਕ ਰੁਪਏ ਕੇਵਲ) |
|---|---|---|
| 26 ਮਈ 2023 | 14 ਨਵੰਬਰ 2023 | |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਸਥਾਨ : ਲੁਧਿਆਣਾ, ਮਿਤੀ : 17.11.2023,    ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



### ਉਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਪ੍ਰਮੁੱਖ ਮੁੱਖ ਸਮਗਰੀ ਪ੍ਰਬੰਧਕ ਦਫਤਰ
ਹੈਡਕੁਆਟਰ, ਬੜੌਦਾ ਹਾਊਸ, ਨਵੀਂ ਦਿੱਲੀ-110001
Mail ID : salenr365@gmail.com

ਨੰਬਰ:-117 ਐਸ/ਸੇਲ/ਆਕਸ਼ਨ ਪ੍ਰੋਗਰਾਮ/2023-24    ਤਾਰੀਕ : 15.11.2023

**ਉਤਰ ਰੇਲਵੇ ਦੇ ਨਵੰਬਰ-2023 ਨੀਲਾਮੀ ਪ੍ਰੋਗਰਾਮ ਵਿਚ ਸ਼ੁਧੀਪੱਤਰ।**

ਨਵੰਬਰ-2023 ਦੇ ਮਹੀਨੇ ਦੇ ਲਈ ਨੀਲਾਮੀ ਪ੍ਰੋਗਰਾਮ ਦੀ ਵਾਧੂ ਮਿਤੀਆਂ ਹੇਠਾਂ ਅਨੁਸਾਰ ਹੋਣਗੀਆਂ:

| ਨੰ. | ਡਿਪੋ | ਈ-ਨੀਲਾਮੀ ਦੇ ਲਈ ਵਾਧੂ ਮਿਤੀ |
|---|---|---|
| 1. | ਜਗਾਧਰੀ ਵਰਕਸ਼ਾਪ 01732-252388 | 23.11.2023 |

ਹੋਰ ਸਾਰੇ ਨੀਲਾਮੀ ਮਿਤੀਆਂ, ਸਮਾਂ ਅਤੇ ਨਿਬੰਧਨ ਅਤੇ ਸ਼ਰਤਾਂ ਅਬਦਲ ਰਹਿਣਗੇ। ਈ-ਨੀਲਾਮੀ ਨਾਲ ਸਬੰਧਿਤ ਵਧੇਰੇ ਜਾਣਕਾਰੀ ਦੇ ਲਈ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

(ਅਨਿਲ ਕੁਮਾਰ ਰਾਯ)
ਉਪ ਮੁੱਖ ਸਮਗਰੀ ਪ੍ਰਬੰਧਕ/ਐਸ.ਐਂਡ ਪੀ

3583/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਕਲਾਸੀਫਾਈਡ ਇਸ਼ਤਿਹਾਰ

### Public Notice

It is certified that Viday Devi D/o Babu Ram R/o V.P.O. Baknour, Tehsil/Distt. Pathankot. It is also known as Bindu. S so viday Devi & Bindu. S is same Person

### ਚੋਣ ਨੋਟਿਸ

ਦੀ ਅੰਮ੍ਰਿਤਸਰ ਸਹਿਕਾਰੀ ਮੰਡੀਕਰਨ ਸਭਾ ਲਿਮ: ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਮਿਤੀ 4-12-2023 ਨੂੰ ਸਭਾ ਦੇ ਮੁੱਖ ਦਫਤਰ ਵਿੱਚ ਹੋ ਰਹੀ ਹੈ। ਸਮੂਹ ਮੈਂਬਰਾਂ ਨੂੰ ਚੋਣ ਵਿੱਚ ਭਾਗ ਲੈਣ ਲਈ ਸੂਚਿਤ ਕੀਤਾ ਜਾਂਦਾ ਹੈ। ਵੱਲੋਂ : ਮੈਨੇਜਰ ਦੀ ਅੰਮ੍ਰਿਤਸਰ ਸਹਿਕਾਰੀ ਮੰਡੀਕਰਨ ਸਭਾ ਲਿਮ: ਅੰਮ੍ਰਿਤਸਰ।

### ਆਮ ਸੂਚਨਾ

ਅਸੀਂ ਬਲੌਰ ਸਿੰਘ ਪੁੱਤਰ ਆਤਮਾ ਸਿੰਘ, ਚਰਨਜੀਤ ਕੌਰ ਪਤਨੀ ਬਲੌਰ ਸਿੰਘ ਪੁੱਤਰ ਆਤਮਾ ਸਿੰਘ ਵਾਸੀਆਨ ਤਲਵੰਡੀ ਸਾਬੋ (ਬਠਿੰਡਾ) ਬਿਆਨ ਕਰਦੇ ਹਾਂ ਕਿ ਅਸੀਂ ਆਪਣ ਲੜਕੇ ਕੁਲਦੀਪ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਉਸ ਵੱਲੋਂ ਗਲਤੀ ਮੰਨ ਕੇ ਸੁਧਰ ਜਾਣ ਕਾਰਨ ਹੁਣ ਅਸੀਂ ਉਕਤ ਕੁਲਦੀਪ ਸਿੰਘ ਲਈ ਜਾਰੀ ਕੀਤਾ ਬੇਦਖਲੀ ਨੋਟਿਸ ਵਾਪਸ ਲੈਂਦੇ ਹਾਂ।

ਮੈਂ ਜਾਗਰ ਰਾਮ ਪੁੱਤਰ ਰੱਖਾ ਰਾਮ ਵਾਸੀ ਪਿੰਡ: ਜਾਗਲੀਆਣਾ ਡਾਕ: ਭਾਮ ਤਹਿ: ਗੜ੍ਹਸ਼ੰਕਰ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭੁਪਿੰਦਰ ਰਾਮ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਨੂੰ ਨਵਾਂ ਜਮਾਨਾ ਅਖਬਾਰ ਮਿਤੀ 22 ਮਾਰਚ 2018 ਰਾਹੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੇ ਲੜਕੇ ਦੀ ਦਿੱਤੀ ਬੇਦਖਲੀ ਵਾਪਿਸ ਲੈਂਦਾ ਹਾਂ। ਅੱਜ ਤੋਂ ਬਾਅਦ ਮੇਰਾ ਲੜਕਾ ਮੇਰੀ ਜਾਇਦਾਦ ਵਿੱਚ ਬਰਾਬਰ ਦਾ ਹੱਕਦਾਰ ਹੋਵੇਗਾ।

### ਬੇਦਖਲੀ ਨੋਟਿਸ

ਮੈਂ, ਗੁਰਮੀਤ ਕੌਰ ਪਤਨੀ ਮੋਹਨ ਸਿੰਘ ਵਾਸੀ ਮਕਾਨ ਨੰ. 797, ਬਸਤੀ ਮਿੱਠੂ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਮੀਤ ਸਿੰਘ ਉਰਫ ਸੰਨੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੀਤਾ ਰਾਣੀ ਪੁੱਤਰੀ ਬਾਣੀ ਪ੍ਰਸ਼ਾਦ ਵਾਸੀ ਮਕਾਨ ਨੰ. 230, ਦਿਲਬਾਗ ਨਗਰ, ਬਸਤੀ ਗੁਜ਼ਾ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸ਼ੁਭਮ ਉਰਫ ਮੰਨੂੰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੁਰਦੇਵ ਸਿੰਘ ਪੁੱਤਰ ਅਮਰ ਸਿੰਘ ਵਾਸੀ ਮਕਾਨ ਨੰ. 861, ਬਸਤੀ ਮਿੱਠੂ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਪਾਲ ਸਿੰਘ ਉਰਫ ਸੂਰਜ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਕ੍ਰਿਸ਼ਨ ਗੋਪਾਲ ਪੁੱਤਰ ਸ੍ਰੀ ਸੰਤ ਰਾਮ ਵਾਸੀ ਮਕਾਨ ਨੰ. ਬੀ-2/211 ਕਬੀਰ ਨਗਰ, ਪਠਾਨਕੋਟ ਤਹਿਸੀਲ ਅਤੇ ਜਿਲਾ ਪਠਾਨਕੋਟ ਮੈਂ ਐਲਾਨ ਕਰਦਾ ਹਾਂ ਕਿ ਮੇਰਾ ਬੇਟਾ ਰੋਹਿਤ ਅਤੇ ਉਸਦੀ ਪਤਨੀ ਅਨਾਮਿਕਾ ਜੋ ਅਕਸਰ ਮੇਰੇ ਨਾਲ ਬਹਿਸ ਬਾਜੀ ਕਰਦੇ ਰਹਿੰਦੇ ਹਨ, ਇਸ ਲਈ ਮੈਂ ਇਹ ਦੋਵੇਂ ਪਤੀ-ਪਤਨੀ ਨੂੰ ਮੈਂ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਨਾ ਤਾਂ ਮੇਰਾ ਅਤੇ ਨਾ ਹੀ ਮੇਰੇ ਪਰਿਵਾਰ ਦੇ ਕਿਸੇ ਮੈਂਬਰ ਦਾ ਇਹਨਾਂ ਦੋਨਾ ਨਾਲ ਕੋਈ ਲੈਣ-ਦੇਣ ਨਹੀ ਹੋਵੇਗਾ ਅਤੇ ਇਹਨਾਂ ਦੋਨਾ ਨਾਲ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਵਿੰਦਰ ਕੌਰ ਪਤਨੀ ਲੇਟ ਸਤਨਾਮ ਸਿੰਘ ਵਾਸੀ 21/361, ਗਲੀ ਨੰ: 1, ਚੁੰਗੀ ਵਾਲਾ ਬਜ਼ਾਰ, ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਆਪਣੇ ਲੜਕੇ ਜਗਜੀਤ ਸਿੰਘ ਅਤੇ ਉਸ ਦੀ ਪਤਨੀ ਮਨਦੀਪ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (ਕਿਰਨ)

ਮੈਂ, ਸੁਖਦਿਆਲ ਪੁੱਤਰ ਲੇਟ ਸ੍ਰੀ ਚਾਨਣ ਰਾਮ ਵਾਸੀ ਮੁਹੱਲਾ ਕੁੰਦਨ ਬਿਰਧ ਆਸ਼ਰਮ, ਪਿੰਡ ਤੇ ਡਾਕ: ਅਲਾਵਲਪੁਰ, ਤਹਿ: ਵਾ ਜ਼ਿਲ੍ਹਾ ਜਲੰਧਰ ਮੇਰਾ ਲੜਕਾ ਕੁਲਵਿੰਦਰ ਕੁਮਾਰ ਅਤੇ ਉਸ ਦੇ ਪਰਵਾਰ ਸਮੇਤ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਜੇਕਰ ਕੋਈ ਵੀ ਵਿਅਕਤੀ, ਰਿਸ਼ਤੇਦਾਰ, ਸਾਕ ਸੰਬੰਧੀ ਇਹਨਾਂ ਨਾਲ ਲੈਣ-ਦੇਣ ਕਰੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸ਼ਿੰਦਰਪਾਲ ਸਿੰਘ ਪੁੱਤਰ ਫੌਜਾ ਸਿੰਘ ਵਾਸੀ ਰਾਮੇ, ਤਹਿ: ਸ਼ਾਹਕੋਟ, ਜ਼ਿਲ੍ਹਾ ਜਲੰਧਰ ਮੇਰਾ ਲੜਕਾ ਬਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਸੋਮਨਾਥ ਪੁੱਤਰ ਸ੍ਰੀ ਲੱਭੂ ਰਾਮ ਅਤੇ ਦਲਬੀਰ ਕੌਰ ਪਤਨੀ ਸ੍ਰੀ ਸੋਮਨਾਥ ਦੋਨੋਂ ਵਾਸੀ ਮਕਾਨ ਨੰ: 1, ਮਿਊਂਸਪਲ ਕਾਰਪੋਰੇਸ਼ਨ, ਨਹਿਰੂ ਗਾਰਡਨ, ਜਲੰਧਰ ਸਾਡਾ ਲੜਕਾ ਸੁਰਿੰਦਰ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਮੀਰ ਸਿੰਘ ਪੁੱਤਰ ਈਸ਼ਰ ਸਿੰਘ ਵਾਸੀ ਬਿਲਾਸਪੁਰ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਮੇਜਰ ਸਿੰਘ ਅਤੇ ਉਸ ਦੀ ਪਤਨੀ ਕਮਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਹਰਵਿੰਦਰ ਕੌਰ ਪਤਨੀ ਕਰਨੈਲ ਸਿੰਘ ਵਾਸੀ ਮਕਾਨ ਨੰ: 304, ਬਸਤੀ ਪੀਰਦਾਦ, ਪਨੂੰ ਵਿਹਾਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਪੁੱਤਰੀ ਸੁਖਪਾਲ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਬਲਬੀਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਫੋਲੜੀਵਾਲ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਇਕਬਾਲ ਸਿੰਘ ਅਤੇ ਨੂੰਹ ਨਵਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਜਿਸ ਕਾਰਨ ਮੈਂ ਆਪਣੇ ਪੁੱਤਰ ਅਤੇ ਨੂੰਹ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਹਨਾਂ ਦੇ ਨਾਲ ਪੈਸੇ ਦਾ ਲੈਣ ਦੇਣ ਕਰਦਾ ਹੈ ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਕਮਲਾ ਰਾਣੀ ਪਤਨੀ ਲੇਟ ਜਸਪਾਲ ਵਾਸੀ ਪਿੰਡ ਉਮਰਪੁਰ ਖੁਰਦ, ਥਾਣਾ ਦੋਰਾਂਗਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰੀ ਲੜਕੀ ਪੂਜਾ ਡਿੱਗਰਾ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਭੋਲੀ ਪਤਨੀ ਲੇਟ ਕੁਕੂ ਮਸੀਹ ਵਾਸੀ ਪਿੰਡ ਨਵਾਂ ਪਿੰਡ, ਡਾਕਖਾਨਾ ਗੁਰਦਾਸ ਨੰਗਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸੰਦੀਪ ਅਤੇ ਇਸ ਦੀ ਪਤਨੀ ਮੀਨੂ ਬਾਲਾ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

### ਨਾਂਅ ਦੀ ਬਦਲੀ

ਮੈਂ ਜੋਗਿੰਦਰ ਕੌਰ ਪਤਨੀ ਪਰਮਜੀਤ ਸਿੰਘ, ਵਾਸੀ ਸਠਿਆਲਾ, ਬਾਬਾ ਬੁੱਧ ਸਿੰਘ ਨਗਰ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਨੇ ਆਪਣਾ ਨਾਮ ਬਦਲਕੇ ਹਰਜਿੰਦਰ ਕੌਰ ਰੱਖ ਲਿਆ ਹੈ । ਸਬੰਧਿਤ ਨੋਟ ਕਰਨ । (Athoula)

ਮੈਂ, ਕਿਰਨਦੀਪ ਕੌਰ ਪਤਨੀਂ ਹਰਪਿੰਦਰ ਸਿੰਘ, ਪਿੰਡ ਭੁੱਲਰਹੇੜੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਕਿਰਨਦੀਪ ਕੌਰ ਸਿੱਧੂ ਰੱਖ ਲਿਆ ਹੈ।

### Change of Name

I, hitherto known as Pal Saini S/o Ram Chand R/o Village Bhondian PO Behram Sarishta Tehsil & District Jalandhar, Punjab 144201, have changed my name and shall hereafter be known as Rashpal Singh. (Parshotam)

I, Ritika W/o Rajan Bali R/o Ward No. 4, Near Avtar Nursing Home Mahilpur Distt. Hoshiarpur Punjab have changed my name to Ritika Bali after marriage. Concerned note. (Hitesh)

I, Anil Tegi S/o Inderjeet R/o H.No. 303, Hoshiarpur Road, P.S. Garden, Deep Colony, Ext. Jalandhar, Punjab, have changed my name from Anil to Anil Tegi. Please note. (8856)

I, Sanju Rani w/o Raj Kumar R/o H No. 93/1/10 Mohalla Chup Shah Alawalpur Distt. Jalandhar Have Changed My Name From Sanju Rani To Sanju concerned may Note.

I Madhu W/o Amarjit Chanday R/o. 426, Kot Kuljas Rai, Near Singh Shabha Gurdawara, Batala Distt Gurdaspur. Have Changed my name from Madhu to Madhu Chanday.

I Amarjit S/o Tara Chand R/o. 426,Kot Kuljas Rai,Near Singh Shabha Gurdawara,Batala, Distt Gurdaspur.Have Changed my name from Amarjit to Amarjit Chanday.

I, Neelam Behl W/o Sh. Rakesh Kumar Sadana R/o H.No. 36, Vill. Nandanpur, P.O. Basti Guzan, Jalandhar, have changed my name from Neelam Behl to Neelam Sadana. Please note. (8857)

I,Avtar Singh S/O Mohinder Singh R/O H.No.185-186, G.T.Road, 30 Futa Bazar,Rajinder Nagar, Amritsar, Punjab have changed my name from Avtar Singh to Avtar Singh Salhotra.Concerned note.

I,Sharanjeet W/O Satnam Singh R/O H.No.57/C,Gurlal Bazar,Gali No.2,New Partap Nagar,Punjab have changed my name from Sharanjeet to Sharanjit.Concerned note.

I,Sandip Singh S/O Teja Singh R/O VPO Ladha Munda,Tehsil Batala Distt.Gurdaspur have changed my name from Sandip Singh to Sandeep Singh.Concerned note.

I Yuvraj Singh S/O Kanwardeep Singh R/O H no. 359-B, Green Avenue Amritsar have declared that Yuvraj is my given name and Singh is my surname .

I Nishan Singh Son Of Bhupinder Singh Residing At Vpo. Lauhka Pati Purainee Tehsil Patti Distt. Tarn Taran-143401 Punjab. That I Have Changed My Name From Nishan Singh To Nishan Singh Katra.

I, Manjeet Kaur W/o Harjit Singh R/o 16/54, Patti Bhara, Verka Amritsar have changed my name from Manjeet Kaur to Manjit Kaur

I, Karan S/o Satpal R/o Vill. Kishanpur, Teh. Phagwara, Kapurthala have changed my name Karan Sodhi for all purposes for all future purposes.

I, Mr. Rajandeep S/o Ajmer Singh R/o Village Duhre Distt. Jalandhar 144302 Punjab have changed my name from Rajandeep to Rajandeep Chauhan. Concerned note.

I, Gurmeg Singh Son Of Sudagar Singh Resident Of Vpo Bhindi Aulakh, Tehsil : Ajnala, Dist : Amritsar, Punjab - 143101 Hereby Declare That I Have Changed My Name From Gurmeg Singh To Gurmej Singh Vide Affidavit Dated 14/11/2023 In Amritsar.

I, Gurwinder Kaur W/o Gurpreet Singh R/o VPO Jaura Singha, Tehsil Batala, Distt. Gurdaspur, Punjab have changed my name from Gurwinder Kaur to Gurvinder Kaur.

I, Neelu W/o Neeraj Nachaal R/o H.No. 13, Street No. 14, Batala Road, New Pawan Nagar, Amritsar, Punjab have changed my name from Neelu to Neelu Abrol.

I Gurjit Kaur W/O Dilmohan Singh R/O H.no 1174 Near Goldan Tempal, Bazar Chatti Khui Amritsar Have Changed My Name From Gurjit Kaur To Gurjeet Kaur After Marriage.

I, hitherto known as GAGAN-DEEP KAUR D/O GURBAKHS SINGH W/O Jaspreet Singh R/O 421-L, Model Town, Ludhiana, Punjab-141002 have changed my name and shall hereafterbe known as GAGANDEEP KAUR CHABBRA.

I, hitherto known as RAJVINDER KAUR W/o MANINDER SINGH R/o VILLAGE RAMPUR LALLIAN PO LAMBRA DISTRICT JALANDHAR PUNJAB -144026 INDIA have changed my name and shall hereafter be known as RAJWINDER KAUR. It is certified that I have complied with other legal requirements in this connection.

I, Baljit Kaur W/O Raj Kumar Jassi R/O V.P.O.Talhan, Distt. Jalandhar, Punjab, India have added surname jassi to my minor daughter Navjot and shall hereafter be known as Navjot jassi. All note.

I, Bunty S/o Naresh Kumar Sharma R/o Shiv Nagar, Gulab Devi Road, Near Nagra, Jalandhar, Punjab-144013 have changed my name from Bunty to Bunty Sharma. All concerned please note.

I, Ravinder Kumar S/o Sohan Lal, R/o H.No. E G 976 B, Prem Nagar, Jalandhar-I, Jalandhar declare That I have changed My Name From Ravinder Kumar To Ravinder Kumar Sehjal .

### Change of Name

I, Soma w/o Gurcharan Singh R/o VPO. Gakhal, Distt. Jalandhar, Punjab have changed my name from Soma to Soma Rani. All Please Note.

I, Ashwani Kumar s/o Nand Lal r/o H.No.3815, Ward No.10, Chandigarh Road, Sector-32 A, Ludhiana have changed my name to Ashwani Kumar Gaba. All Please Note.

I, Kanchan w/o Dara Singh r/o H.No.B-XXX/65, Moh. Arafwala Marked Road, Kapurthala, Punjab - 144601 have changed my name as Kanchan Mattu. All Please Note.

I, Simrandeep Kaur w/o Harjot Sanghera r/o Patti-Bhatti, VPO. Bilga, Teh. Phillaur, Distt. Jalandhar, Punjab have changed my name to Simrandeep Kaur Sanghera, After Marriage. All Please Note.

I, Anjam Kumar s/o Ashni Kumar r/o Near Shiv Mandir, Patti Karala, Vill. Jamsher Khas,Jalandhar have changed my minor son name from Harman to Harman Kumar. All Please Note.

I, Anjam Kumar s/o Ashni Kumar r/o Near Shiv Mandir, Patti Karala, Vill.Jamsher Khas,Jalandhar have changed my minor son name from Priyansh to Priyansh Kumar. All Please Note.

I, Suresh Rani w/o Makhan Singh r/o H.No. 175, Street No. 8, National Avenue, Rama Mandi, VPO. Dakhoa, Distt.Jalandhar, Punjab-144023 have changed my name as Suresh Kumari. All Please Note.

I, Kuljeet Singh s/o Satwinder Singh r/o H.No. BXXII-186/2, Mohalla Mohbat Nagar, Kapurthala have changed my name to Given Name as Kuljeet and Surname as Singh. All Please Note.

I, Neelam d/o Johan Masih w/o Jatinder Kuser r/o H.No. 18, Dhaliwal Enclave, Po. Ladhewali, Jalandhar have changed my name to Neelam Kuser, after marriage. All Please Note.

I, Peter s/o James r/o H.No. BX-1138, Lamba Pind, Jalandhar-144009, Punjab have changed my name from Peter to Peter Sahota. All Please Note.

I, Shuchi Bhalla w/o Lokesh Bhalla R/o H.No.466, Urban Estate, Phase-2, Jalandhar, Punjab have changed my name to Geetu Bhalla. All Please Note.

I, Narinderpal Singh S/o Mohinder Singh R/o H.No.E-9/10, Partap Nagar, Tower Town Colony, Jalandhar, Punjab declare that the correct spelling of my name is Narendra Pal Singh. Instead of Narinderpal Singh. All Please Note.

I, Anju Sharma W/o Madam Sharma R/o Kabri, Kabri(18), Panipat, Haryana-132103. have changed my name and shall hereafter be Known as Nisha Sharma. All Please Note.

I, Govind S/o Walaiti Ram R/o Fatehpur, Hariana, Hoshiarpur, Punajb- 144208, have changed my name and shall hereafter be Known as Govind Sharma. All Please Note.

I, Jaswinder Kaur w/o Rajwinder Singh r/o VPO. Jandiala, Tehsil Phillaur, Distt. Jalandhar declare that my husband name wrongly written as Rajvinder Singh in my Passport, but his correct name is Rajwinder Singh. All Please Note.

I, hitherto Known as Bobby S/o Mulkh Raj R/o Village Salempur Musalmana, Po. Randhawa Masandan, Distt. Jalandhar-144004, Punjab have changed my name and shall hereafter be known as Bobby Aheer.

I, hitherto Known as Sukhvinder Singh Alias Bittu S/o Sucha Singh R/o Fauji Colony, Model Town, Urmar, Distt. Hoshiarpur- 144204, Punjab have changed my name and shall hereafter be known as Sukhvinder Singh.

I, Akashdeep S/o Raspal R/o Near Geeta Mandir, Khurla Kingra, Jalandhar-144003, Punjab have changed my name from Akashdeep to Akashdeep Singh. All Please Note.

I, Karan S/o Bhola Nath R/o B-9-715, Kishanpura, Jalandhar-144004, Punjab have changed my name to Karan Sondhi. All concerned please note.

I, Promila W/o Kuldeep Kumar Mandla R/o 71 Green Avenue Extension, Basti Peer Daad, Jalandhar-144021, Punjab have changed my name to Promila Mandla. All concerned please note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਖ਼ਾਲਸਾ ਕਾਲਜ 'ਚ 'ਸਾਮਰਾਜ, ਨਸਲਵਾਦ ਤੇ ਗਦਰ ਲਹਿਰ ਦਾ ਜਨਮ' ਵਿਸ਼ੇ 'ਤੇ ਸੈਮੀਨਾਰ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਖਾਲਸਾ ਕਾਲਜ ਦੇ ਇਤਿਹਾਸ ਵਿਭਾਗ ਵੱਲੋਂ 'ਸਾਮਰਾਜ, ਨਸਲਵਾਦ ਅਤੇ ਗਦਰ ਲਹਿਰ ਦਾ ਜਨਮ' ਵਿਸ਼ੇ 'ਤੇ ਗੈਸਟ ਲੈਕਚਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ 'ਚ ਮਹਿਮਾਨ ਸਪੀਕਰ ਡਾ. ਅਮਨਦੀਪ ਬੱਲ ਸਨ, ਜੋ ਕਿ ਸਾਬਕਾ ਪ੍ਰੋਫੈਸਰ (ਸੇਵਾਮੁਕਤ) ਅਤੇ ਮੌਜੂਦਾ ਸਮੇਂ 'ਚ ਜਲ੍ਹਿਆਂਵਾਲਾ ਬਾਗ ਚੇਅਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਚੇਅਰਪਰਸਨ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਨ ਉਪਰੰਤ ਪ੍ਰਿੰ: ਡਾ. ਮਹਿਲ ਸਿੰਘ ਨੇ ਭਾਰਤੀ ਕੌਮੀ ਲਹਿਰ 'ਚ ਗ਼ਦਰ ਲਹਿਰ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਅਜੋਕੀ ਇਨਕਲਾਬੀ ਲਹਿਰਾਂ ਨੂੰ ਸਮਝਣ ਲਈ ਇਤਿਹਾਸਕ ਘਟਨਾਵਾਂ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਦੱਸਿਆ। ਇਸ ਮੌਕੇ ਡਾ. ਬੱਲ ਨੇ ਗ਼ਦਰ ਲਹਿਰ ਦੇ ਮੂਲ ਜ਼ਿੰਮੇਵਾਰ ਕਾਰਕਾਂ ਅਤੇ ਮੁੱਖ ਪ੍ਰਭਾਵਾਂ ਬਾਰੇ ਇਕ ਵਿਆਪਕ ਭਾਸ਼ਣ ਦਿੱਤਾ। ਉਨ੍ਹਾਂ ਕਿਹਾ ਕਿ ਇਹ ਮਜ਼ਦੂਰ ਜਮਾਤ ਦੀ ਇਕ ਕ੍ਰਾਂਤੀਕਾਰੀ ਲਹਿਰ ਸੀ ਜਿਸ ਦਾ ਉਦੇਸ਼ ਬ੍ਰਿਟਿਸ਼ ਸ਼ਾਸਨ ਤੋਂ ਦੇਸ਼ ਨੂੰ ਆਜ਼ਾਦ ਕਰਵਾਉਣਾ ਸੀ। ਇਸ 'ਚ ਕੋਈ ਸ਼ੱਕ ਨਹੀਂ ਹੈ ਕਿ ਇਹ ਅੰਦੋਲਨ ਵਿਦੇਸ਼ੀ ਧਰਤੀ 'ਤੇ ਸ਼ੁਰੂ ਹੋਇਆ ਸੀ ਪਰ ਇਸ ਦਾ ਉਦੇਸ਼ ਅੰਗਰੇਜ਼ਾਂ ਦੀ ਗੁਲਾਮੀ ਦੀਆਂ ਜ਼ੰਜੀਰਾਂ ਨੂੰ ਤੋੜਨਾ ਸੀ।

ਉਨ੍ਹਾਂ ਕਿਹਾ ਕਿ ਗਦਰ ਲਹਿਰ ਪਹਿਲੀ ਧਰਮ ਨਿਰਪੱਖ ਲਹਿਰ ਸੀ ਜੋ ਭਾਰਤ ਨੂੰ ਇਕ ਲੋਕਤੰਤਰੀ ਗਣਤੰਤਰ ਰਾਜ ਬਣਾਉਣਾ ਚਾਹੁੰਦੀ ਸੀ। ਇਸ ਤੋਂ ਪਹਿਲਾਂ ਵਿਭਾਗ ਇੰਚਾਰਜ ਡਾ. ਸੁਖਜੀਤ ਸਿੰਘ ਨੇ ਮਹਿਮਾਨ ਬੁਲਾਰੇ ਬਾਰੇ ਸੰਖੇਪ ਜਾਣ-ਪਛਾਣ ਕਰਵਾਈ। ਅੰਤ 'ਚ ਪ੍ਰੋ: ਜਸਪ੍ਰੀਤ ਕੌਰ, ਡੀਨ ਆਰਟਸ ਐਂਡ ਹਿਊਮੈਨਿਟੀਜ਼ ਅਤੇ ਮੁਖੀ, ਰਾਜਨੀਤੀ ਸ਼ਾਸਤਰ ਵਿਭਾਗ ਨੇ ਆਏ ਹੋਏ ਮਹਿਮਾਨ ਦਾ ਧੰਨਵਾਦ ਕੀਤਾ।

ਇਸ ਮੌਕੇ ਡਾ. ਜਸਵਿੰਦਰ ਸਿੰਘ, ਪ੍ਰੋ: ਸਾਕਸ਼ੀ, ਡਾ. ਹਰਮਨਦੀਪ ਸਿੰਘ, ਪ੍ਰੋ: ਅਮਨਦੀਪ ਸਿੰਘ, ਪ੍ਰੋ: ਗੁਰਸਾਹਿਬ ਸਿੰਘ, ਪ੍ਰੋ: ਗਜ਼ਲ ਸੋਢੀ ਅਤੇ ਪ੍ਰੋ: ਮਨਪ੍ਰੀਤ ਕੌਰ, ਪ੍ਰੋ: ਗੁਰਵੇਲ ਸਿੰਘ ਮੱਲ੍ਹੀ ਆਦਿ ਹਾਜ਼ਰ ਸਨ।

## ਬਾਬਾ ਬਲਵਿੰਦਰ ਸਿੰਘ ਕਲਿਆਣ ਦਾ 19ਵਾਂ ਗੁਰਮਤਿ ਸਮਾਗਮ ਤੇ 9ਵੀਂ ਬਰਸੀ ਸਮਾਗਮ ਅੱਜ



ਝਬਾਲ (ਹਰਜਿੰਦਰ ਸਿੰਘ ਸੋਨੀ)- ਪ੍ਰੈਸ ਨੂੰ ਜਾਣਕਾਰੀ ਦਿੰਦੇ ਗੱਦੀਨਸ਼ੀਨ ਮੁੱਖ ਸੇਵਾਦਾਰ ਬਾਬਾ ਗੁਰਭੇਜ ਸਿੰਘ ਨੇ ਕਿਹਾ ਕਿ ਝਬਾਲ ਤੋਂ ਥੋੜ੍ਹੀ ਦੂਰ ਪਿੰਡ ਐਮਾ ਕਲਾਂ ਵਿਖੇ ਧੰਨ ਧੰਨ ਬ੍ਰਹਮ ਗਿਆਨੀ ਬਾਬਾ ਬਲਵਿੰਦਰ ਸਿੰਘ ਕਲਿਆਣ ਦੀ ਯਾਦ 'ਚ 19ਵਾਂ ਗੁਰਮਤਿ ਸਮਾਗਮ ਤੇ 9ਵੀਂ ਬਰਸੀ ਸਮਾਗਮ ਇਲਾਕੇ, ਨਗਰ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਅੱਜ 17 ਨਵੰਬਰ ਨੂੰ ਮਨਾਇਆ ਜਾਵੇਗਾ। 15 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦੇ ਅੱਜ ਭੋਗ ਪੈਣਗੇ। ਭੋਗ ਉਪਰੰਤ ਖੁੱਲ੍ਹੇ ਪੰਡਾਲ ਅੰਦਰ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰ, ਕਥਾਵਾਚਕ ਨਾਮ ਬਾਣੀ ਅਨੁਸਾਰ ਸੰਗਤਾਂ ਨੂੰ ਜਸ ਕੀਰਤਨ ਸਰਵਣ ਕਰਾਉਣਗੇ। ਉਚੇਚੇ ਤੌਰ 'ਤੇ ਬਾਬਾ ਮੇਜਰ ਸਿੰਘ ਸੋਢੀ ਤੇ ਹੋਰ ਇਲਾਕੇ ਦੇ ਸੰਤ ਮਹਾਂਪੁਰਸ਼ ਪਹੁੰਚ ਕੇ ਹਾਜ਼ਰੀ ਭਰਨਗੇ। ਗੁਰੂ ਕੇ ਲੰਗਰ ਅਤੁੱਟ ਵਰਤਦੇ ਰਹਿਣਗੇ।

ਇਸ ਮੌਕੇ ਗਿਆਨੀ ਅਰਸ਼ਦੀਪ ਸਿੰਘ ਹੈੱਡ ਗ੍ਰੰਥੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ, ਗਿਆਨੀ ਹੀਰਾ ਸਿੰਘ ਵਿਦਿਆਰਥੀ, ਬਾਬਾ ਗੁਰਸੇਵਕ ਸਿੰਘ, ਬਾਬਾ ਲਵਪ੍ਰੀਤ ਸਿੰਘ, ਬਾਬਾ ਗੁਰਨੂਰ ਸਿੰਘ, ਮੀਤ ਗ੍ਰੰਥੀ ਪ੍ਰਤਾਬ ਸਿੰਘ, ਸੁਖਦੇਵ ਸਿੰਘ ਸਾਬਕਾ ਮੈਂਬਰ, ਸੁਖਦੇਵ ਸਿੰਘ ਫਰੀਦਕੋਟ, ਬਾਬਾ ਸੁਖਦੇਵ ਸਿੰਘ ਐਮਾ, ਸਤਨਾਮ ਸਿੰਘ, ਅੰਗਰੇਜ਼ ਸਿੰਘ ਸੋਨੀ, ਆਮ ਆਦਮੀ ਪਾਰਟੀ ਆਗੂ ਜਗਰੂਪ ਸਿੰਘ ਐਮਾ ਅਤੇ ਹੋਰ ਸੇਵਾਦਾਰ ਸੰਗਤਾਂ ਹਾਜ਼ਰ ਸਨ।

## ਜਾਗਰੂਕਤਾ ਸਾਈਕਲ ਰੈਲੀ ਨੂੰ ਰਵਾਨਾ ਕੀਤਾ



ਗੁਰਦਾਸਪੁਰ (ਜਨਕ ਮਹਾਜਨ)- ਹਥਿਆਰਬੰਦ ਸੈਨਾ ਝੰਡਾ ਦਿਵਸ ਨੂੰ ਸਮਰਪਤ ਜਾਗਰੂਕਤਾ ਸਾਈਕਲ ਰੈਲੀ ਨੂੰ ਅੱਜ ਗੁਰਦਾਸਪੁਰ ਤੋਂ ਰਵਾਨਾ ਕਰ ਦਿੱਤਾ ਗਿਆ। ਇਸ ਸਾਈਕਲ ਰੈਲੀ ਨੂੰ ਸਾਬਕਾ ਬ੍ਰਿਗੇਡੀਅਰ ਕੁਲਦੀਪ ਸਿੰਘ ਕਾਹਲੋਂ, ਸੈਨਾ ਮੈਡਲ, ਸਾਬਕਾ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਵਿਭਾਗ ਪੰਜਾਬ ਵਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰਾ) ਦੇ ਪਿਤਾ ਕੈਪਟਨ ਜੋਗਿੰਦਰ ਸਿੰਘ, ਕਮਾਂਡਰ ਬਲਜਿੰਦਰ ਵਿਰਕ (ਸੇਵਾ ਮੁਕਤ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਤੇ ਹੋਰ ਅਧਿਕਾਰੀ ਤੇ ਸਾਬਕਾ ਸੈਨਿਕ ਵੀ ਮੌਜੂਦ ਸਨ। ਇਹ ਸਾਈਕਲ ਰੈਲੀ ਅੰਮ੍ਰਿਤਸਰ ਨੂੰ ਰਵਾਨਾ ਹੋਈ ਜਿਥੋਂ ਇਹ ਅਗਲੇ ਪੜਾਅ ਪੂਰੇ ਕਰਦੀ ਹੋਈ 7 ਦਸੰਬਰ ਨੂੰ ਝੰਡਾ ਦਿਵਸ ਮੌਕੇ ਵਾਪਸ ਰਾਜ ਭਵਨ, ਚੰਡੀਗੜ੍ਹ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਸਾਬਕਾ ਬ੍ਰਿਗੇਡੀਅਰ ਕੁਲਦੀਪ ਸਿੰਘ ਕਾਹਲੋਂ, ਸੈਨਾ ਮੈਡਲ, ਸਾਬਕਾ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਵਿਭਾਗ ਪੰਜਾਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਨੌਜਵਾਨ ਹਮੇਸ਼ਾ ਹੀ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਹਥਿਆਰਬੰਦ ਸੈਨਾਵਾਂ ਵਿੱਚ ਭਰਤੀ ਹੋ ਕੇ ਦੇਸ਼ ਸੇਵਾ ਕਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਾਈਕਲ ਰੈਲੀ ਨੌਜਵਾਨਾਂ ਵਿੱਚ ਦੇਸ਼ ਭਗਤੀ ਪੈਦਾ ਕਰੇਗੀ ਅਤੇ ਉਨ੍ਹਾਂ ਨੂੰ ਸੁਰੱਖਿਆ ਸੈਨਾਵਾਂ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰੇਗੀ। ਕਮਾਂਡਰ ਬਲਜਿੰਦਰ ਵਿਰਕ (ਸੇਵਾ ਮੁਕਤ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਨੇ ਕਿਹਾ ਕਿ ਇਸ ਰੈਲੀ ਦਾ ਮੁੱਖ ਉਦੇਸ਼ ਲੋਕਾਂ ਵਿੱਚ ਦੇਸ਼ ਦੀ ਰਾਖੀ ਲਈ ਸੈਨਿਕਾਂ ਵਲੋਂ ਕੀਤੀਆਂ ਕੁਰਬਾਨੀਆਂ ਬਾਰੇ ਜਾਗਰੂਕਤਾ ਫੈਲਾਉਣਾ, ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਸਣੇ ਉਨ੍ਹਾਂ ਨੂੰ ਹਥਿਆਰਬੰਦ ਸੈਨਾ ਵਿੱਚ ਭਰਤੀ ਹੋਣ ਲਈ ਉਤਸਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਹੀ ਸੂਬਾ ਵਾਸੀਆਂ ਨੂੰ ਝੰਡਾ ਦਿਵਸ ਬਾਰੇ ਜਾਣਕਾਰੀ ਦੇਣਾ ਅਤੇ ਉਨ੍ਹਾ ਨੂੰ ਵੱਧ ਤੋਂ ਵੱਧ ਯੋਗਦਾਨ ਦੇਣ ਲਈ ਉਤਸ਼ਾਹਤ ਕਰਨਾ ਵੀ ਇਸ ਸਾਈਕਲ ਰੈਲੀ ਦਾ ਮਕਸਦ ਹੈ।

ਇਸ ਮੌਕੇ ਸੁਦੇਸ਼ ਕੁਮਾਰ, ਸੁਪਰਡੈਂਟ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ, ਜਗਦੀਸ਼ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਮੇਜਰ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਸਕੱਤਰ ਸਿੰਘ, ਸੈਨਿਕ ਭਲਾਈ ਪ੍ਰਬੰਧਕ, ਰਪਿੰਦਰ ਸਿੰਘ, ਅਸ਼ਵਨੀ ਸਿੰਘ, ਦਲਬੀਰ ਸਿੰਘ, ਹਰਜਿੰਦਰ ਸਿੰਘ, ਪਰਮਜੀਤ ਸਿੰਘ, ਸੰਤੋਖ ਮਸੀਹ, ਸਮਾਜ ਸੇਵੀ ਕੁੰਵਰ ਰਵਿੰਦਰ ਵਿੱਕੀ ਅਤੇ ਦਫ਼ਤਰ ਦੇ ਸਟਾਫ ਮੈਂਬਰ ਵੀ ਹਾਜ਼ਰ ਸਨ।

## ਖਾਲਸਾ ਕਾਲਜ ਨਰਸਿੰਗ 'ਚ ਬਰੈਸਟ ਕੈਂਸਰ ਜਾਗਰੂਕਤਾ ਸਬੰਧੀ ਪ੍ਰੋਗਰਾਮ



ਅੰਮ੍ਰਿਤਸਰ ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਰੈਸਟ ਕੈਂਸਰ ਜਾਗਰੂਕਤਾ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਮੈਡੀਕਲ ਸਰਜੀਕਲ ਵਿਭਾਗ ਦੇ ਹੋਰਨਾਂ ਅਧਿਆਪਕਾਂ ਡਾ. ਤਰਨਦੀਪ ਕੌਰ (ਐਸੋਸੀਏਟ ਪ੍ਰੋਫੈਸਰ), ਅਸਿਸਟੈਂਟ ਪ੍ਰੋਫੈਸਰ ਡਾ. ਭਾਵਨਾ ਗੁਪਤਾ, ਰਵਨੀਤ ਕੌਰ, ਜਸਮੀਤ ਕੌਰ, ਕਲੀਨੀਕਲ ਇਨਸਟਰੱਕਟਰ ਵੰਦਨਾ, ਅਵਨੀਤ ਕੌਰ ਸਮੇਤ ਵਿਸ਼ਵ ਬਰੈਸਟ ਕੈਂਸਰ ਮਾਹ ਨੂੰ ਸਮਰਪਤ ਪ੍ਰੋਗਰਾਮ 'ਚ ਹਿੱਸਾ ਲਿਆ ਗਿਆ। ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਦੱਸਿਆ ਕਿ ਲੋਕਾਂ 'ਚ ਛਾਤੀ ਦੇ ਕੈਂਸਰ ਦੀ ਜਾਗਰੂਕਤਾ ਲਈ ਹਰ ਸਾਲ ਬਰੈਸਟ ਕੈਂਸਰ ਜਾਗਰੂਕਤਾ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ 'ਇਕੱਲਿਆ ਨਾ ਕਰੋ ਬਰੈਸਟ ਕੈਂਸਰ ਦਾ ਸਾਮਨਾ' ਵਿਸ਼ੇ ਨੂੰ ਮੁੱਖ ਰੱਖਦਿਆਂ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਦੇ ਸਹਿਯੋਗ ਨਾਲ ਵਿਦਿਆਰਥਣਾਂ ਨੂੰ ਛਾਤੀ ਦੇ ਕੈਂਸਰ ਸਬੰਧੀ ਲੱਛਣਾਂ ਅਤੇ ਇਲਾਜ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਪ੍ਰਿੰ: ਨਾਗਪਾਲ ਨੇ ਵੀ ਛਾਤੀ ਦੇ ਕੈਂਸਰ ਦੀ ਜਾਗਰੂਕਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕਾਲਜ ਵਿਦਿਆਰਥੀਆ ਵੱਲੋਂ ਨਾਟਕ ਅਤੇ ਪੋਸਟਰ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਐਮ. ਐਸ. ਈ. ਦੇ ਵਿਦਿਆਰਥੀਆਂ ਨੇ ਬਰੈਸਟ ਕੈਂਸਰ ਦੀ ਜਾਂਚ ਅਤੇ ਲੱਛਣਾਂ ਬਾਰੇ ਸਕੂਲ ਵਿਦਿਆਰਥਣਾਂ ਨੂੰ ਜਾਣਕਾਰੀ ਦਿੱਤੀ। ਇਸ ਉਪਰੰਤ ਵਿਦਿਆਰਥੀਆਂ ਨੇ ਮਿਲ ਕੇ ਕਾਲਜ 'ਚ ਜਾਗਰੂਕਤਾ ਸਬੰਧੀ ਰੈਲੀ ਵੀ ਕੱਢੀ। ਇਸ ਮੌਕੇ ਕਾਲਜ ਅਤੇ ਸਕੂਲ ਸਟਾਫ਼ ਤੋਂ ਇਲਾਵਾ ਵਿਦਿਆਰਥਣਾਂ ਮੌਜੂਦ ਸਨ।

## ਮੈਨੂੰ ਐਸ ਸੀ ਕਮਿਸ਼ਨ ਦਾ ਮੈਂਬਰ ਬਣਾਇਆ ਜਾਵੇ : ਜੱਸਾ ਸਿੰਘ ਪੰਜਵੜ



ਝਬਾਲ (ਹਰਜਿੰਦਰ ਸਿੰਘ ਸੋਨੀ)- ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਪਿੰਡ ਪੰਜਵੜ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜੱਸਾ ਸਿੰਘ ਨੇ ਦੱਸਿਆ ਕਿ ਅਸੀਂ ਬੜੇ ਚਿਰ ਤੋਂ ਪਾਰਟੀ ਦੀ ਸੇਵਾ ਵਿੱਚ ਲੱਗੇ ਹੋਏ ਹਨ। ਜਿੱਥੇ ਵੀ ਹਲਕੇ ਦੇ ਅੰਦਰ ਲੋੜ ਪੈਂਦੀ ਹੈ ਅਸੀਂ ਹਰ ਵਕਤ ਹਾਜ਼ਰ ਰਹੇ ਹਾਂ ਤੇ ਸਰਕਾਰ ਬਣਾਉਣ ਵੇਲੇ ਵੀ ਦਿਨ ਰਾਤ ਕੰਮ ਕੀਤਾ ਹੈ। ਹੁਣ ਮੇਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੂੰ ਅਤੇ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੂੰ ਅਪੀਲ ਕਰਦਾ ਹਾਂ ਕਿ ਸਾਡੀ ਕੀਤੀ ਹੋਈ ਮਿਹਨਤ ਦਾ ਮੁੱਲ ਪਾਇਆ ਜਾਵੇ ਕਿ ਮੈਨੂੰ ਐਸ ਸੀ ਕਮਿਸ਼ਨ ਦਾ ਮੈਂਬਰ ਬਣਾਇਆ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਇਸ ਮੌਕੇ ਹੋਰ ਵੀ ਜੁੰਮੇਵਾਰ ਵਿਅਕਤੀ ਹਾਜ਼ਰ ਸਨ।

## ਸਿਵਲ ਹਸਪਤਾਲ ਵਿਚ 'ਨਿਊ ਬੌਰਨ ਵੀਕ' ਦੀ ਸ਼ੁਰੂਆਤ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾਇਰੈਕਟਰ ਕਮ ਸਿਵਲ ਸਰਜਨ, ਡਾ. ਹਤਿੰਦਰ ਕੌਰ ਦੀਆਂ ਹਦਾਇਤਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਦੀ ਡਾਕਟਰ ਤਾਰਕਜੋਤ ਸਿੰਘ ਦੀ ਯੋਗ ਅਗਵਾਈ ਹੇਠ ਅੱਜ "ਨਿਊ ਬੌਰਨ ਵੀਕ" ਦਾ ਅਗਾਜ਼ ਕੀਤਾ ਗਿਆ। ਇਹ ਵੀਕ 15 ਤੋਂ 21 ਤੱਕ ਚੱਲੇਗਾ। ਇਸ ਵਿੱਚ ਡਾਕਟਰ ਤਾਰਕਜੋਤ ਸਿੰਘ ਨੇ ਕਿਹਾ ਕਿ ਸਾਡੇ ਹਸਪਤਾਲ ਵਿੱਚ ਪਹਿਲਾਂ ਹੀ ਨਵਜੰਮੇ ਬੱਚੇ ਦਾ ਟੀਕਾਕਰਨ ਅਤੇ ਖੁਰਾਕ ਸਬੰਧੀ ਕੌਂਸਲਿੰਗ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ "ਨਿਊ ਬੌਰਨ ਵੀਕ" ਵਿੱਚ ਬੱਚਿਆਂ ਨੂੰ ਟੀਕਾਕਰਨ ਕੀਤਾ ਜਾਵੇਗਾ। ਉਨ੍ਹਾਂ ਨਵਜੰਮੇ ਬੱਚਿਆਂ ਦੀਆਂ ਮਾਵਾਂ ਨੂੰ ਸਲਾਹ ਦਿੱਤੀ ਕਿ ਟੀਕਾਕਰਨ ਦੇ ਨਾਲ ਨਾਲ ਨਵੇਂ ਜੰਮੇ ਬੱਚੇ ਨੂੰ ਪਹਿਲੇ 6 ਮਹੀਨੇ ਸਿਰਫ ਤੇ ਸਿਰਫ ਮਾਂ ਦਾ ਹੀ ਦੁੱਧ ਪਿਲਾਇਆ ਜਾਵੇ। ਮਾਂ ਦਾ ਦੁੱਧ ਬੱਚੇ ਲਈ ਬਹੁਤ ਜ਼ਰੂਰੀ ਹੈ ਕਿਉਕਿ ਮਾਂ ਦੇ ਦੁੱਧ ਤੋਂ ਬਿਨਾਂ ਹੋਰ ਕੋਈ ਪੌਸ਼ਟਿਕ ਅਹਾਰ ਨਹੀਂ ਹੈ। ਉਨ੍ਹਾਂ ਕਿਹਾ ਇਸ ਹਫਤੇ ਵਿੱਚ ਆਸ਼ਾ ਵਰਕਰ ਘਰ ਘਰ ਜਾ ਕੇ ਨਵਜੰਮੇ ਬੱਚਿਆਂ ਦਾ ਚੈੱਕਅੱਪ ਕਰਨਗੀਆਂ ਅਤੇ ਜਿਨ੍ਹਾਂ ਬੱਚਿਆਂ ਨੂੰ ਸਰਦੀ ਜ਼ੁਕਾਮ, ਛਾਤੀ ਦੀ ਸਮੱਸਿਆ ਹੈ ਉਨ੍ਹਾਂ ਦਾ ਉਚੇਚੇ ਤੌਰ 'ਤੇ ਧਿਆਨ ਰੱਖਿਆ ਜਾਵੇ ਅਤੇ ਲੋੜ ਪੈਣ 'ਤੇ ਮਾਹਰ ਡਾਕਟਰ ਨੂੰ ਦਿਖਾਇਆ ਜਾਵੇ। ਇਸ ਸਮੇਂ ਨਰਸਿੰਗ ਸਿਸਟਰ ਅੱਕਵਿੰਦਰ ਕੌਰ, ਏ. ਐਨ. ਐਮ. ਬਲਦੀਸ਼ ਕੌਰ, ਕੌਂਸਲਰ ਸੁਖਵਿੰਦਰ ਸਿੰਘ ਤੇ ਸਮੂਹ ਆਸ਼ਾ ਵਰਕਰ ਹਾਜ਼ਰ ਸਨ।

## ਆਰੀਅਨਜ਼ ਕਾਲਜ ਆਫ ਲਾਅ 'ਚ ਕਾਨੂੰਨੀ ਸੇਵਾਵਾਂ ਦਿਵਸ ਮਨਾਇਆ




**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਆਰੀਅਨਜ਼ ਕਾਲਜ ਆਫ ਲਾਅ, ਰਾਜਪੁਰਾ, ਨੇੜੇ ਚੰਡੀਗੜ੍ਹ ਵੱਲੋਂ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ ਕਾਨੂੰਨੀ ਸੇਵਾਵਾਂ ਦਿਵਸ ਮਨਾਇਆ ਗਿਆ। ਆਰੀਅਨਜ਼ ਦੁਆਰਾ ਐਲ ਐਲ ਬੀ ਅਤੇ ਬੀ ਏ ਐਲ ਐਲ ਬੀ ਫੈਕਲਟੀ ਮੈਂਬਰਾਂ ਨਾਲ ਨੇੜਲੇ ਪਿੰਡਾਂ ਵਿੱਚ ਇੱਕ ਕਾਨੂੰਨੀ ਸਹਾਇਤਾ ਜਾਗਰੂਕਤਾ ਕੈਂਪ ਲਗਾਇਆ ਗਿਆ। ਡਾ. ਅੰਸ਼ੂ ਕਟਾਰੀਆ ਆਰੀਅਨਜ਼ ਗਰੁੱਪ ਦੇ ਚੇਅਰਮੈਨ ਨੇ ਕਿਹਾ ਕਿ ਇਸ ਮੁਫਤ ਕਾਨੂੰਨੀ ਜਾਗਰੂਕਤਾ ਕੈਂਪ ਦਾ ਆਯੋਜਨ ਕਰਨ ਦਾ ਉਦੇਸ਼ ਸਮਾਜ ਦੇ ਵਾਂਝੇ ਵਰਗਾਂ ਨੂੰ ਨਿਆਂ ਸੇਵਾਵਾਂ ਦੀ ਮੰਗ ਕਰਨ ਲਈ ਸ਼ਕਤੀ ਪ੍ਰਦਾਨ ਕਰਨਾ ਸੀ। ਇਸ ਤੋਂ ਇਲਾਵਾ, ਕਾਨੂੰਨੀ ਸਾਖਰਤਾ ਕਮਜ਼ੋਰ ਵਰਗ ਨੂੰ ਉਨ੍ਹਾਂ ਦੇ ਵੱਖ-ਵੱਖ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰਾਂ ਬਾਰੇ ਜਾਗਰੂਕ ਅਤੇ ਅਪਡੇਟ ਰਹਿਣ ਵਿੱਚ ਮਦਦ ਕਰਦੀ ਹੈ। ਡਾ. ਦਵਿੰਦਰ ਕੁਮਾਰ ਸਿੰਗਲਾ ਪ੍ਰਿੰਸੀਪਲ ਆਰੀਅਨਜ਼ ਕਾਲਜ ਆਫ ਲਾਅ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਕੈਂਪ ਹਮੇਸ਼ਾ ਔਰਤਾਂ ਨਾਲ ਸਬੰਧਤ ਵੱਖ-ਵੱਖ ਕਾਨੂੰਨਾਂ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਉਪਲਬਧ ਨਿਆਂ ਡਿਲੀਵਰੀ ਪ੍ਰਣਾਲੀ ਦੀਆਂ ਵੱਖ-ਵੱਖ ਮਸ਼ੀਨਾਂ ਦੇ ਤਹਿਤ ਪ੍ਰਦਾਨ ਕੀਤੇ ਗਏ ਬੁਨਿਆਦੀ ਕਾਨੂੰਨੀ ਅਧਿਕਾਰਾਂ ਅਤੇ ਉਪਚਾਰਾਂ ਬਾਰੇ ਵਿਹਾਰਕ ਗਿਆਨ ਪ੍ਰਦਾਨ ਕਰਦੇ ਹਨ। ਇਸ ਮੌਕੇ ਨਵਨੀਤ ਕੌਰ, ਐਚ ਓ ਡੀ, ਡਾ. ਪ੍ਰੀਤਿਕਾ ਅਤੇ ਸ੍ਰੀਮਤੀ ਜੋਤੀ, ਡਾ. ਬਲਦੀਪ ਫੈਕਲਟੀ, ਆਰੀਅਨਜ਼ ਕਾਲਜ ਆਫ ਲਾਅ ਮੌਜੂਦ ਸਨ।

## ਲਾਰੈਂਸ ਸਕੂਲ 'ਚ ਬਾਲ ਦਿਵਸ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਸਕੂਲ ਵੱਲੋਂ ਬਾਲ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਨੇ ਕਿਹਾ ਕਿ ਬਾਲ ਦਿਵਸ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਹੈ। ਪੰਡਿਤ ਨਹਿਰੂ ਜੀ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ। ਉਨ੍ਹਾ ਬੱਚਿਆਂ ਦੀ ਸਿੱਖਿਆ ਤੇ ਸਿਹਤ ਲਈ ਬਹੁਤ ਵੱਡਾ ਯੋਗਦਾਨ ਪਾਇਆ ਹੈ। ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਵੱਲੋਂ ਬਾਲ ਦਿਵਸ ਨਾਲ ਸਬੰਧਤ ਕਾਰਡ ਬਣਾਏ ਗਏ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਦੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਾਹਿਤਕ ਤੇ ਵਿਗਿਆਨ ਤਰੀਕਿਆਂ ਨਾਲ ਵਿੱਦਿਆ ਦੇਣ ਦਾ ਉਪਰਾਲਾ ਕੀਤਾ ਗਿਆ। ਸਕੂਲ ਦੇ ਚਅਰਮੈਨ ਤਰਸੇਮ ਲਾਲ ਗਰਗ ਨੇ ਬੱਚਿਆਂ ਨੂੰ ਸੰਬੋਧਨ ਕੀਤਾ।

## ਸੁਪਰੀਤਇੰਦਰ ਨੇ ਇੰਟਰਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ 'ਚ ਗੋਲਡ ਮੈਡਲ ਜਿੱਤਿਆ



**ਮੂਨਕ (ਰਾਜਪਾਲ ਸਿੰਗਲਾ)**-ਪਿੰਡ ਕਾਲੀਆ ਦੇ ਜੰਮਪਲ ਸੁਪਰੀਤਇੰਦਰ ਸਿੰਘ ਭੰਗੂ ਨੇ ਕੋਚ ਪਰਵੇਜ ਜੋਸ਼ੀ ਦੇ ਦਿਸ਼ਾ ਨਿਰਦੇਸ਼ ਹੇਠ ਇੰਡੋ ਥਾਈਲੈਂਡ ਵਿਖੇ ਇੰਟਰਨੈਸ਼ਨਲ ਕ੍ਰਾਸ ਬੋਅ ਚੈਂਪੀਅਨਸ਼ਿਪ ਸ਼ੂਟਿੰਗ ਦੌਰਾਨ ਅੰਡਰ-21 ਵਿੱਚ ਗੋਲਡ ਮੈਡਲ ਜਿੱਤ ਕੇ ਆਪਣੇ ਪਿੰਡ ਤੇ ਹਲਕਾ ਲਹਿਰਾਗਾਗਾ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਢੋਲ ਢਮੱਕਿਆਂ ਨਾਲ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਕਾਂਗਰਸ ਪਾਰਟੀ ਦੇ ਸ੍ਰ. ਦਲਵੀਰ ਸਿੰਘ ਗੋਲਡੀ ਸਾਬਕਾ ਐੱਮ ਐੱਲ ਏ ਧੂਰੀ ਤੇ ਜ਼ਿਲ੍ਹਾ ਪ੍ਰਧਾਨ ਸੰਗਰੂਰ, ਸਨਮੀਕ ਸਿੰਘ ਹੈਨਰੀ ਮੈਂਬਰ ਪੰਜਾਬ ਕਾਗਰਸ, ਕਾਕਾ ਸਿੰਘ ਤੂਰ ਤੇ ਉਸ ਦੇ ਵੱਡੇ ਭਰਾ ਮਨਦੀਪ ਭੰਗੂ (ਕਾਲੀਆ) ਨੇ ਆਪਣੇ ਸਾਥੀਆਂ ਡਾਕਟਰ ਕੁਲਦੀਪ ਸਿੰਘ ਚੂੜਲ, ਗੁਰਸੇਵਕ ਸਿੰਘ ਸਰਪੰਚ ਰੋੜੇਵਾਲ, ਬੀਰਬਲ ਸਿੰਘ ਸਰਪੰਚ, ਰਣਧੀਰ ਸਿੰਘ ਖਾਈ, ਯੂਥ ਆਗੂ ਪ੍ਰਭ ਸਿੱਧੂ ਵਾਈਸ ਪ੍ਰਧਾਨ ਜ਼ਿਲ੍ਹਾ ਸੰਗਰੂਰ, ਰਵਿੰਦਰ ਸਿੰਘ ਬਿੱਟੂ ਦੇਹਲਾ, ਰਵਿੰਦਰ ਸ਼ਰਮਾ ਯੂਥ ਆਗੂ, ਗੁਰਵਿੰਦਰ ਸਿੰਘ ਗੁਰੀ, ਬਲਾਕ ਵਾਇਸ ਪ੍ਰਧਾਨ, ਸੱਗੂ ਲਹਿਰਾ, ਸਮਸ਼ੇਰ ਸਿੰਘ ਚੂੜਲ, ਜੋਧਾ ਸਿੰਘ, ਜੋਗਾ ਸਿੰਘ, ਗੁਰਕਿਰਤ ਸਿੰਘ, ਹਰਸ਼ਦੀਪ ਸਿੰਘ, ਹਸਵੀਤ ਸਿੰਘ ਸਮੇਤ ਪਰਿਵਾਰ ਨੂੰ ਮਿਲ ਕੇ ਖੁਸ਼ੀ ਸਾਂਝੀ ਕੀਤੀ।

## ਸਰਕਾਰੀ ਕੰਨਿਆ ਸਕੂਲ 'ਚ ਬਾਲ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਸਾਹਿਬ ਵਿਖੇ ਬਾਲ ਦਿਵਸ ਮਨਾਇਆ ਗਿਆ। ਦਿਨ ਦੀ ਸ਼ੁਰੂਆਤ ਬੱਚਿਆਂ ਤੋਂ ਕੇਕ ਕਟਵਾ ਕੇ ਕੀਤੀ ਗਈ। ਇਸ ਮੌਕੇ ਬੱਚਿਆਂ ਦੇ ਨਾਲ ਸਮੂਹ ਸਟਾਫ ਹਾਜ਼ਰ ਸੀ, ਜਿਸ ਵਿੱਚ ਬੱਚਿਆਂ ਨੇ ਭੰਗੜਾ, ਗਿੱਧਾ, ਸੱਭਿਆਚਾਰਕ ਗਾਣਿਆਂ ਦੇ ਉੱਪਰ ਡਾਂਸ, ਬਾਲ ਦਿਵਸ ਨਾਲ ਸੰਬੰਧਤ ਗੀਤ, ਭਾਸ਼ਣ ਤੇ ਨਾਟਕ (ਇਕਾਂਗੀ ਜ਼ਫਰਨਾਮਾ) ਵਧੀਆ ਤਰੀਕੇ ਨਾਲ ਪੇਸ਼ ਕੀਤਾ ਗਿਆ। ਸਮੂਹ ਸਟਾਫ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਦਿਨ ਸਕੂਲ ਦੇ ਅੱਠਵੀਂ ਬੀ ਬੱਚੇ ਭਾਨੂੰਮਤੀ ਵੱਲੋਂ 'ਦੇਸ਼ ਰੰਗੀਲਾ ਹੈ ਮੇਰਾ' ਗਾਣੇ 'ਤੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਗਿਆ, ਜੋ ਸਕੂਲ ਦੀਆਂ ਸਾਰੀਆਂ ਵਿਦਿਆਰਥਣਾਂ ਲਈ ਖਿੱਚ ਦਾ ਕੇਂਦਰ ਰਿਹਾ। ਸਕੂਲ ਦੇ ਇੰਚਾਰਜ ਸ੍ਰੀਮਤੀ ਹਰਦੀਪ ਕੌਰ ਵੱਲੋਂ ਬੱਚੇ ਨੂੰ ਵਿਸ਼ੇਸ਼ ਰੂਪ 'ਚ ਵਧਾਈ ਦਿੱਤੀ ਗਈ ਅਤੇ ਕਿਹਾ ਕਿ ਸਾਰੇ ਬੱਚਿਆਂ ਲਈ ਭਾਨੂੰਮਤੀ ਇੱਕ ਉਦਾਹਰਣ ਹੈ ਕਿ ਜ਼ਿੰਦਗੀ ਵਿੱਚ ਮਿਹਨਤ ਕਰਕੇ ਅਸੀਂ ਕਿਸੇ ਵੀ ਮੁਕਾਮ ਨੂੰ ਹਾਸਲ ਕਰ ਸਕਦੇ ਹਾਂ।

## ਅੱਗ ਲੱਗਣ ਕਾਰਨ ਦੁਕਾਨ 'ਚ ਪਿਆ ਲੱਖਾਂ ਰੁਪਏ ਦਾ ਸਾਮਾਨ ਸਵਾਹ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੀ ਰਾਤ ਖਮਾਣੋਂ ਦੇ ਬਜ਼ਾਰ 'ਚ ਸਥਿਤ ਸੋਹਣਪਾਲ ਐਗਰੀਕਲਚਰਲ ਸਟੋਰ ਨਾਮਕ ਦੁਕਾਨ 'ਚ ਅੱਗ ਲੱਗ ਜਾਣ ਕਾਰਨ ਲੱਖਾਂ ਰੁਪਏ ਕੀਮਤ ਦਾ ਸਾਮਾਨ ਸੜ ਕੇ ਸੁਆਹ ਹੋ ਜਾਣ ਦਾ ਸਮਾਚਾਰ ਹੈ। ਦੁਕਾਨ ਦੇ ਮਾਲਕ ਕੁਲਵੰਤ ਸਿੰਘ ਤੇ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਬੁੱਧਵਾਰ ਦੇਰ ਰਾਤ ਕਰੀਬ ਦੋ ਤੋਂ ਢਾਈ ਵਜੇ ਦੇ ਦਰਮਿਆਨ ਸ਼ਾਰਟ ਸਰਕਟ ਹੋ ਜਾਣ ਕਾਰਨ ਉਨ੍ਹਾਂ ਦੀ ਦੁਕਾਨ 'ਚ ਅੱਗ ਲੱਗ ਗਈ, ਜਿਸ ਬਾਰੇ ਚੌਕੀਦਾਰ ਨੇ ਸੂਚਨਾ ਦਿੱਤੀ ਤਾਂ ਆਂਢ-ਗੁਆਂਢ ਦੇ ਲੋਕਾਂ ਨੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਜ਼ਿਆਦਾ ਵਧ ਗਈ, ਜਿਸ ਤੋਂ ਬਾਅਦ ਸਮਰਾਲਾ ਤੋਂ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤੇ ਫਾਇਰਮੈਨਾਂ ਨੇ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤੱਕ ਦੁਕਾਨ 'ਚ ਪਿਆ ਲੱਖਾਂ ਰੁਪਏ ਕੀਮਤ ਦਾ ਸਾਮਾਨ ਤੇ ਮੋਟਰਸਾਈਕਲ ਸੜ ਕੇ ਸੁਆਹ ਹੋ ਚੁੱਕਾ ਸੀ।

## ਅਧਿਆਪਕ ਆਗੂ ਪ੍ਰੇਮ ਚਾਵਲਾ ਨੇ ਵਿਦਿਆਰਥੀਆਂ ਨੂੰ ਸ਼ਨਾਖਤੀ ਕਾਰਡ ਬਣਾ ਕੇ ਵੰਡੇ



**ਕੋਟਕਪੂਰਾ (ਰਛਪਾਲ ਭੁੱਲਰ)**-ਇਥੋਂ ਥੋੜ੍ਹੀ ਦੂਰ ਪਿੰਡ ਔਲਖ ਦੇ ਸਰਕਾਰੀ ਹਾਈ ਸਕੂਲ ਤੋਂ ਲਗਭਗ 4 ਸਾਲ ਪਹਿਲਾਂ ਸੇਵਾ ਮੁਕਤ ਹੋਏ ਪੰਜਾਬੀ ਮਾਸਟਰ ਤੇ ਅਧਿਆਪਕ ਆਗੂ ਪ੍ਰੇਮ ਚਾਵਲਾ ਨੇ ਆਪਣੇ ਸਤਿਕਾਰਯੋਗ ਮਾਤਾ ਆਗਿਆ ਵੰਤੀ ਚਾਵਲਾ ਦੀ ਯਾਦ 'ਚ ਸਰਕਾਰੀ ਹਾਈ ਸਕੂਲ ਔਲਖ ਵਿੱਚ ਛੇਵੀਂ ਤੋਂ ਦਸਵੀਂ ਜਮਾਤ 'ਚ ਪੜ੍ਹ ਰਹੇ 234 ਵਿਦਿਆਰਥੀਆਂ ਨੂੰ ਸ਼ਨਾਖਤੀ ਕਾਰਡ ਬਣਾ ਕੇ ਵੰਡਣ ਲਈ ਸਕੂਲ 'ਚ ਸਮਾਗਮ ਕੀਤਾ ਗਿਆ। ਗ੍ਰਾਮ ਪੰਚਾਇਤ ਪਿੰਡ ਔਲਖ ਦੇ ਸਰਪੰਚ ਊਧਮ ਸਿੰਘ ਔਲਖ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਸਕੂਲ ਦੇ ਮੁੱਖ ਅਧਿਆਪਕ ਜਗਜੀਵਨ ਸਿੰਘ ਨੇ ਸਮੂਹ ਹਾਜ਼ਰੀਨ ਨੂੰ ਜੀ ਆਇਆਂ ਆਖਿਆ ਤੇ ਇਸ ਸਕੂਲ ਵਿੱਚੋਂ ਸੇਵਾ ਮੁਕਤ ਹੋਏ ਅਧਿਆਪਕ ਪ੍ਰੇਮ ਚਾਵਲਾ ਦੇ ਪਰਿਵਾਰ ਵੱਲੋਂ ਆਪਣੇ ਮਾਤਾ ਜੀ ਦੀ ਯਾਦ 'ਚ ਕੀਤੇ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ। ਸਮਾਗਮ ਦੌਰਾਨ ਸਕੂਲ ਦੇ ਸੀਨੀਅਰ ਅਧਿਆਪਕ ਸੁਖਚੈਨ ਸਿੰਘ ਰਾਮਸਰ, ਪ੍ਰੇਮ ਚਾਵਲਾ ਦੀ ਸੁਪਤਨੀ ਸੰਤੋਸ਼ ਕੁਮਾਰੀ, ਬੇਟੇ ਰਵਨੀਤ ਚਾਵਲਾ, ਪਵਨੀਤ ਚਾਵਲਾ, ਨੂੰਹ ਪਾਰੁਲ ਚਾਵਲਾ, ਸੁਖਵੰਤ ਸਿੰਘ ਮਨੂ ਚੇਅਰਮੈਨ ਤੇ ਮੈਂਬਰ ਪੰਚਾਇਤ ਅਤੇ ਸਕੂਲ ਅਧਿਆਪਕ ਭੁਪਿੰਦਰ ਪਾਲ ਸਿੰਘ, ਦੀਵੰਦਰ ਸਿੰਘ ਗਿੱਲ, ਨੀਰੂ ਸ਼ਰਮਾ, ਸੁਰੇਸ਼ ਕੁਮਾਰ, ਰਣਜੀਤ ਕੌਰ, ਹਰਜਿੰਦਰ ਕੌਰ, ਨਰਿੰਦਰਜੀਤ ਕੌਰ, ਰੇਸ਼ਮ ਸਿੰਘ ਸਰਾਂ, ਨਵਲ ਕਿਸ਼ੋਰ, ਗੁਰਿੰਦਰਪਾਲ ਸਿੰਘ, ਗੁਰਚਰਨ ਕੌਰ, ਰਾਜਵੀਰ ਕੌਰ, ਗੁਰਵਿੰਦਰ ਸਿੰਘ, ਸੱਜਣ ਕੁਮਾਰ ਤੇ ਰਾਜੇਸ਼ ਕੁਮਾਰ ਆਦਿ ਸ਼ਾਮਲ ਸਨ।

## ਨਗਰ ਪੰਚਾਇਤ ਭਗਤਾ ਦੇ ਜੇ ਈ ਤੋਂ ਲੋਕ ਡਾਢੇ ਪ੍ਰੇਸ਼ਾਨ

### ਏ ਡੀ ਸੀ ਨੂੰ ਮਾਮਲੇ ਦੀ ਜਾਂਚ ਲਈ ਕਿਹਾ ਜਾਵੇਗਾ : ਡੀ ਸੀ

**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਕ ਸ਼ਹਿਰ ਦੀ ਨਗਰ ਪੰਚਾਇਤ ਦੇ ਜੇ ਈ ਤੋਂ ਇਨ੍ਹੀਂ ਦਿਨੀਂ ਲੋਕ ਡਾਢੇ ਪ੍ਰੇਸ਼ਾਨ ਨਜ਼ਰ ਆ ਰਹੇ ਹਨ, ਕਿਉਂਕਿ ਉਕਤ ਜੇ ਈ ਸਾਹਿਬ ਨਾ ਤਾਂ ਦਫਤਰ 'ਚ ਹਾਜ਼ਰ ਮਿਲਦੇ ਹਨ ਤੇ ਨਾ ਹੀ ਕਿਸੇ ਦਾ ਫੋਨ ਚੁੱਕਣਾ ਮੁਨਾਸਿਬ ਸਮਝਦੇ ਹਨ। ਇੱਥੋਂ ਤੱਕ ਕਿ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਨਾਲ ਗੱਲ ਕਰਨ 'ਤੇ ਉਨ੍ਹਾ ਵੀ ਇਹੀ ਕਿਹਾ ਕਿ 'ਸਾਡਾ ਕਿਹੜਾ ਫੋਨ ਚੁੱਕਦੇ ਨੇ'!

ਉਧਰ ਦੂਜੇ ਪਾਸੇ ਜਦੋਂ ਹਲਕਾ ਵਿਧਾਇਕ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾ ਦੇ ਪੀ ਏ ਸੁੱਖੀ ਨੇ ਕਿਹਾ ਕਿ ਇਸ ਜੇ ਈ ਨੂੰ ਪਹਿਲਾਂ ਵੀ ਕਈ ਵਾਰ ਸਮਝਾਇਆ ਜਾ ਚੁੱਕਾ ਹੈ, ਹੁਣ ਇਹ ਬਦਲਣਾ ਹੀ ਪੈਣਾ, ਪਰ ਨਾਲ ਹੀ ਉਨ੍ਹਾ ਕਿਹਾ ਕਿ ਜੇ ਈ ਵੱਲੋਂ ਨਗਰ ਪੰਚਾਇਤ ਦੇ ਪ੍ਰਧਾਨ 'ਤੇ ਕੰਮ ਨਾ ਕਰਨ ਦੇਣ ਦੇ ਦੋਸ਼ ਲਗਾਏ ਗਏ ਹਨ। ਇਨ੍ਹਾਂ ਦੋਸ਼ਾਂ ਨੂੰ ਲੈ ਕੇ ਮੁੜ ਜਦੋਂ ਨਗਰ ਪੰਚਾਇਤ ਦੇ ਪ੍ਰਧਾਨ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੇਰੇ 'ਤੇ ਲਗਾਏ ਗਏ ਦੋਸ਼ ਬੇਬੁਨਿਆਦ ਹਨ, ਮੇਰਾ ਸੰਬੰਧ ਵਿਰੋਧੀ ਪਾਰਟੀ ਨਾਲ ਹੋਣ ਕਰਕੇ ਮੈਨੂੰ ਜਾਣਬੁੱਝ ਕੇ ਬਦਨਾਮ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਜੇ ਈ ਦਾ ਕੰਮ ਨਕਸ਼ਿਆਂ ਨਾਲ ਸੰਬੰਧਤ ਹੈ ਤੇ ਇਸ ਕੰਮ ਵਿੱਚ ਮੇਰੀ ਕਿਸੇ ਕਿਸਮ ਦੀ ਕੋਈ ਦਖਲ ਅੰਦਾਜ਼ੀ ਨਹੀਂ ਹੈ। ਉਧਰ ਇਸ ਮਸਲੇ ਨੂੰ ਲੈ ਕੇ ਜਦੋਂ ਡੀ ਸੀ ਬਠਿੰਡਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਕਿਹਾ ਕਿ ਇਸ ਮਾਮਲੇ ਦੀ ਜਾਂਚ ਲਈ ਏ.ਡੀ.ਸੀ. ਨੂੰ ਕਿਹਾ ਜਾਵੇਗਾ।

## ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਦੀਆਂ ਮੰਨੀਆਂ ਮੰਗਾਂ ਦਾ ਸਰਕਾਰ ਤੁਰੰਤ ਨੋਟੀਫਿਕੇਸ਼ਨ ਜਾਰੀ ਕਰੇ : ਜਥੇਬੰਦੀ



**ਮਾਨਸਾ (ਆਤਮਾ ਸਿੰਘ ਪਮਾਰ)**-ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ (ਪੀਪੀਪੀ ਤਰਜ਼) ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਸਕੱਤਰ ਜਨਰਲ ਸੁਖਦੀਪ ਕੌਰ ਸਰਾਂ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਗਲੋਟੀ, ਮੀਤ ਪ੍ਰਧਾਨ ਵਿਸ਼ਾਲ ਭਠੇਜਾ, ਮੀਡੀਆ ਇੰਚਾਰਜ ਸਲੀਮ ਮੁਹੰਮਦ, ਪ੍ਰਚਾਰ ਸਕੱਤਰ ਅਮਨਦੀਪ ਸ਼ਾਸਤਰੀ ਤੇ ਸੂਬਾ ਕਮੇਟੀ ਮੈਂਬਰ ਮੈਡਮ ਮੀਨੂੰ ਤੇ ਊਮਾ ਮਾਧਵੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਥੇਬੰਦੀ ਦੀ ਸਬ ਕੈਬਨਿਟ ਕਮੇਟੀ ਨਾਲ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਵਿੱਚ ਮੰਨੀਆਂ ਮੰਗਾਂ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਇਨ੍ਹਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ। ਉਨਾ ਕਿਹਾ ਕਿ ਸਰਕਾਰ ਤੇ ਸਿੱਖਿਆ ਵਿਭਾਗ ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਨੂੰ ਹੋਰ ਨਿਰਾਸ਼ਤਾ ਵੱਲ ਧੱਕ ਕੇ ਅਗਲਾ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਕਰ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਤੇ ਸਿੱਖਿਆ ਵਿਭਾਗ ਨੇ ਇਹ ਗੱਲ ਮੰਨੀ ਹੈ ਕਿ ਆਦਰਸ਼ ਸਕੂਲਾਂ ਦੇ ਮੁਲਾਜ਼ਮਾਂ ਦੀਆਂ ਬਰਾਬਰ ਅਹੁਦੇ 'ਤੇ ਕੰਮ ਕਰਦੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਆਪਸੀ ਵੱਡੇ ਵਖਰੇਵੇਂ ਹਨ, ਜਿਨ੍ਹਾਂ ਨੂੰ ਦੂਰ ਕਰਨ ਦੇ ਆਦੇਸ਼ ਦਿੱਤੇ ਸਨ, ਪਰ ਅਜੇ ਤੱਕ ਉਹ ਕੇਵਲ ਆਦੇਸ਼ ਹੀ ਸਾਬਿਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੁਲਾਈ 2019 ਦੇ ਨਾਰਮਜ਼ ਪੱਤਰ ਮੁਤਾਬਕ ਪੂਰੇ ਗਰੇਡ ਪੇਅ ਅਨੁਸਾਰ ਤਨਖਾਹਾਂ ਸਿੱਧੀਆਂ ਸਿੱਖਿਆ ਵਿਭਾਗ ਵੱਲੋਂ ਕਰਮਚਾਰੀਆਂ ਦੇ ਖਾਤਿਆਂ ਵਿੱਚ ਪਾਈਆਂ ਜਾਣ, ਜਦਕਿ ਹੁਣ ਆਦਰਸ਼ ਸਕੂਲਾਂ ਦੇ ਵੱਡੀ ਗਿਣਤੀ ਕਰਮਚਾਰੀ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਹਨ। ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਦੀਆਂ ਬਦਲੀਆਂ ਕਰਨ ਦੀ ਉੱਚਿਤ ਵਿਵਸਥਾ ਕਰਨ ਸਮੇਤ ਯੋਗਤਾ ਤੇ ਤਜਰਬੇ ਦੇ ਆਧਾਰ 'ਤੇ ਤਰੱਕੀਆਂ ਦੇਣ ਵਰਗੀਆਂ ਮੰਨੀਆਂ ਮੰਗਾਂ ਦਾ ਤੁਰੰਤ ਨੋਟੀਫਿਕੇਸ਼ਨ ਜਾਰੀ ਕਰਕੇ ਲਾਗੂ ਕਰਨ ਦੀ ਮੰਗ ਕੀਤੀ ਹੈ। ਉਨ੍ਹਾ ਕਿਹਾ ਕਿ ਜੇਕਰ ਸਰਕਾਰ ਯੂਨੀਅਨ ਦੀਆਂ ਮੰਗਾਂ ਨੂੰ ਨਵੰਬਰ ਮਹੀਨੇ ਦੇ ਅਖੀਰ ਤੱਕ ਅਮਲ ਵਿੱਚ ਨਾ ਲੈ ਕੇ ਆਈ ਤਾਂ ਦਸੰਬਰ ਦੇ ਪਹਿਲੇ ਹਫਤੇ ਐਕਸ਼ਨ ਕਰਨ ਲਈ ਤਰੀਕ ਦਾ ਐਲਾਨ ਕਰ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਸਹਿਜੜਾ 'ਚ ਝੋਨਾ ਨਾ ਵਿਕਣ ਕਰਕੇ ਅੱਕਿਆ ਕਿਸਾਨ ਟਾਵਰ 'ਤੇ ਚੜ੍ਹਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਅਨਾਜ ਮੰਡੀ ਸਹਿਜੜਾ ਵਿਖੇ ਪਿਛਲੇ ਤਿੰਨ ਹਫਤਿਆਂ ਤੋਂ ਝੋਨੇ ਦੀ ਖਰੀਦ ਨੂੰ ਉਡੀਕ ਰਹੇ ਦੁਖੀ ਕਿਸਾਨ ਨੇ ਦਾਣਾ ਮੰਡੀ ਦੇ ਲਾਈਟਾਂ ਵਾਲੇ ਟਾਵਰ 'ਤੇ ਚੜ੍ਹ ਕੇ ਰੋਸ ਦਾ ਪ੍ਰਗਟਾਵਾ ਕੀਤਾ। ਪੀੜਤ ਕਿਸਾਨ ਮੇਜਰ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਸਹਿਜੜਾ ਨੇ ਦੁਖੀ ਮਨ ਨਾਲ ਦੱਸਿਆ ਕਿ ਉਹ ਪਿਛਲੇ 20 ਦਿਨਾਂ ਤੋਂ ਆਪਣੇ ਪੁੱਤਾਂ ਵਰਗੀ ਪਾਲੀ ਝੋਨੇ ਦੀ ਫਸਲ ਵੇਚਣ ਲਈ ਖਰੀਦ ਅਧਿਕਾਰੀਆਂ ਦੀਆਂ ਲੇਲ੍ਹੜੀਆਂ ਕੱਢ ਰਿਹਾ ਹੈ, ਪਰ ਕਿਸੇ ਨੇ ਵੀ ਉਸ ਦਾ ਦੁਖੜਾ ਨਹੀਂ ਸੁਣਿਆ। ਭਾਕਿਯੂ ਡਕੌਂਦਾ ਦੇ ਆਗੂ ਗੁਰਪ੍ਰੀਤ ਸਿੰਘ ਸਹਿਜੜਾ, ਸਿੱਧੂਪੁਰ ਦੇ ਜਗਪਾਲ ਸਿੰਘ ਦਾ ਕਹਿਣਾ ਹੈ ਕਿ ਪਨਸਪ ਦੇ ਖਰੀਦ ਇੰਸਪੈਕਟਰ ਦੇ ਕਹਿਣ 'ਤੇ ਫਸਲ ਨੂੰ ਤਿੰਨ ਵਾਰ ਪੱਖਾ ਲਗਾਇਆ ਗਿਆ ਹੈ, ਇਹ 70 ਸਾਲਾਂ 'ਚ ਪਹਿਲੀ ਵਾਰ ਹੋਇਆ ਹੈ ਕਿ ਹਰ ਵਾਰ ਨਮੀ ਵੱਧ ਦੱਸ ਕੇ ਉਸ ਦੀ ਫਸਲ ਨਹੀਂ ਭਰੀ ਜਾ ਰਹੀ। ਪੀੜਤ ਕਿਸਾਨ ਮੇਜਰ ਸਿੰਘ ਨੇ ਕਿਹਾ ਕਿ ਉਹ ਅਗਲੀ ਕਣਕ ਦੀ ਫਸਲ ਬੀਜਣ ਤੋਂ ਲੇਟ ਹੋ ਰਿਹਾ ਹੈ। ਕਈ ਦਿਨਾਂ ਦੀ ਖੱਜਲ ਖੁਆਰੀ ਤੋਂ ਅੱਕ ਕੇ ਉਸ ਨੇ ਟਾਵਰ 'ਤੇ ਚੜ੍ਹ ਕੇ ਆਪਣਾ ਦੁਖੜਾ ਬਿਆਨ ਕੀਤਾ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਸੂਬਾ ਸਰਕਾਰ ਤੇ ਖਰੀਦ ਅਧਿਕਾਰੀਆਂ ਵੱਲੋਂ ਕਿਸਾਨਾਂ ਦੀ ਕੀਤੀ ਜਾ ਰਹੀ ਖੱਜਲ ਖੁਆਰੀ ਦੀ ਸਖਤ ਸ਼ਬਦਾਂ 'ਚ ਆਲੋਚਨਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਬਿਆਨ ਉਸ ਵੇਲੇ ਥੋਥੇ ਸਾਬਿਤ ਹੋ ਗਏ, ਜਦੋਂ ਅਨਾਜ ਮੰਡੀਆਂ 'ਚ ਕਿਸਾਨ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ।

## ਸਰਕਾਰਾਂ ਦੀ ਬਦਨੀਤੀ ਕਰਕੇ ਮਜ਼ਦੂਰ ਭੁੱਖਮਰੀ ਦੀ ਕਗਾਰ 'ਤੇ ਪਹੁੰਚੇ : ਕਲਾਲ ਮਾਜਰਾ

### ਪਿੰਡਾਂ 'ਚ ਮਨਰੇਗਾ ਠੁੱਸ ਹੋਣ ਕਿਨਾਰੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਵੋਟਾਂ ਵੇਲੇ ਵੱਡੇ ਵੱਡੇ ਦਾਅਵੇ ਕਰਨ ਵਾਲੇ ਆਪ ਆਗੂਆਂ ਵੱਲੋਂ ਰਾਜ ਭਾਗ ਉੱਪਰ ਕਾਬਜ਼ ਹੁੰਦਿਆਂ ਹੀ ਪੇਂਡੂ ਮਜ਼ਦੂਰਾਂ ਦੀਆਂ ਭਖਦੀਆਂ ਜਾਇਜ਼ ਮੰਗਾਂ ਨੂੰ ਲਾਗੂ ਕਰਨ ਤੋਂ ਪਾਸਾ ਵੱਟ ਲਿਆ ਹੈ। ਇਹ ਪ੍ਰਗਟਾਵਾ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ ਨੇ ਇੱਥੇ ਗੱਲਬਾਤ ਦੌਰਾਨ ਕੀਤਾ।

ਉਨ੍ਹਾ ਕਿਹਾ ਕਿ ਬਹੁਤ ਅਫਸੋਸ ਦੀ ਗੱਲ ਹੈ ਕਿ ਸਾਂਝੇ ਮਜ਼ਦੂਰ ਮੋਰਚੇ ਦੀ ਸੂਬਾ ਕਮੇਟੀ ਨੂੰ ਗੱਲਬਾਤ ਲਈ ਛੇ ਵਾਰ ਬੁਲਾ ਕੇ ਮੁੱਖ ਮੰਤਰੀ ਪੰਜਾਬ ਨੇ ਮੀਟਿੰਗ ਦਾ ਸਮਾਂ ਨਹੀਂ ਦਿੱਤਾ, ਜਿਸ ਕਰਕੇ ਸੂਬਾਈ ਮਜ਼ਦੂਰ ਆਗੂਆਂ ਨੂੰ ਨਿਰਾਸ਼ ਹੋ ਕੇ ਵਾਪਸ ਮੁੜਨਾ ਪਿਆ ਹੈ। ਵੋਟਾਂ ਵੇਲੇ ਗਰੀਬ ਪਰਿਵਾਰਾਂ ਦੇ ਚੁੱਲਿਆ ਤੱਕ ਜਾਣ ਵਾਲੇ ਇਹ ਲੋਕ ਅੱਜ ਗਰੀਬਾਂ ਦੀ ਗੱਲ ਸੁਣਨ ਨੂੰ ਤਿਆਰ ਨਹੀਂ। ਆਪਣੇ ਹੱਕਾਂ ਦੀ ਪ੍ਰਾਪਤੀ ਲਈ ਰੋਸ ਪ੍ਰਦਰਸ਼ਨ ਕਰਨ ਵਾਲੇ ਸੰਘਰਸ਼ੀ ਲੋਕਾਂ ਉਪਰ ਜਬਰ ਦਾ ਕੁਹਾੜਾ ਚਲਾ ਕੇ ਹੱਕ ਸੱਚ ਦੀ ਆਵਾਜ਼ ਨੂੰ ਕੁਚਲਣ ਦਾ ਕੋਝਾ ਯਤਨ ਕੀਤਾ ਜਾ ਰਿਹਾ, ਜਿਸ ਨੂੰ ਜਥੇਬੰਦੀ ਵੱਲੋਂ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾ ਸਕੇਗਾ। ਮਜ਼ਦੂਰ ਆਗੂ ਕਲਾਲ ਮਾਜਰਾ ਨੇ ਕਿਹਾ ਕਿ ਮਸ਼ੀਨੀਕਰਨ ਹੋਣ ਕਾਰਨ ਪੇਂਡੂ ਮਜ਼ਦੂਰ ਕੰਮ ਨਾ ਮਿਲਣ 'ਤੇ ਭੁੱਖਮਰੀ ਦੀ ਕਗਾਰ 'ਤੇ ਪਹੁੰਚ ਗਏ ਹਨ। ਮਨਰੇਗਾ ਤਹਿਤ ਮਿਲਦਾ ਰੁਜ਼ਗਾਰ ਵੀ ਸਰਕਾਰਾਂ ਤੇ ਅਧਿਕਾਰੀਆਂ ਦੀ ਬਦਨੀਤੀ ਕਰਕੇ ਲਗਪਗ ਠੁੱਸ ਹੋਣ ਦੇ ਬਰਾਬਰ ਹੀ ਹੈ। ਮਜ਼ਦੂਰ ਆਗੂ ਨੇ ਮਜ਼ਦੂਰਾਂ ਨੂੰ ਸਰਕਾਰਾਂ ਤੋਂ ਝਾਕ ਛੱਡ ਕੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸਾਂਝੇ ਸੰਘਰਸ਼ਾਂ ਵਿੱਚ ਕੁੱਦਣ ਦੀ ਅਪੀਲ ਕੀਤੀ।

## ਪਾਥਵੇਜ਼ ਗਲੋਬਲ ਸਕੂਲ ਨੇ ਮਨਾਇਆ ਭਾਈ ਦੂਜ ਦਾ ਤਿਉਹਾਰ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਭਾਈ ਦੂਜ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ। ਭਾਈ ਦੂਜ ਦੇ ਦਿਨ ਭੈਣਾਂ ਆਪਣੇ ਭਰਾਵਾਂ ਨੂੰ ਤਿਲਕ ਲਗਾਉਂਦੀਆਂ ਹਨ ਤੇ ਉਨ੍ਹਾਂ ਦੀ ਲੰਮੀ ਉਮਰ ਦੀ ਸਲਾਮਤੀ ਲਈ ਅਰਦਾਸ ਕਰਦੀਆਂ ਹਨ। ਤਿਲਕ ਤੇ ਆਰਤੀ ਤੋਂ ਬਾਅਦ ਭਰਾ ਭੈਣਾਂ ਨੂੰ ਤੋਹਫੇ ਦਿੰਦੇ ਹਨ। ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ ਪ੍ਰਧਾਨ ਡਾ. ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾਕਟਰ ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਨੂੰ ਭਾਈ ਦੂਜ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

## ਸੜਕ ਹਾਦਸੇ 'ਚ 1 ਦੀ ਮੌਤ, 2 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਬਾਹਮਣੀਵਾਲਾ ਨੇੜੇ ਮੋਟਰਸਾਈਕਲ ਰੇਹੜੀ, ਮੋਟਰਸਾਈਕਲ ਤੇ ਛੋਟਾ ਹਾਥੀ ਦੇ ਵਾਪਰੇ ਹਾਦਸੇ 'ਚ ਇੱਕ ਵਿਅਕਤੀ ਦੀ ਮੌਤ ਹੋ ਜਾਣ ਦੇ ਸਬੰਧ 'ਚ ਥਾਣਾ ਵੈਰੋਕੇ ਦੀ ਪੁਲਸ ਵੱਲੋਂ 2 ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਮੁਦੱਈ ਅੰਜੂ ਰਾਣੀ ਪਤਨੀ ਹਰਮੇਸ਼ ਸਿੰਘ ਵਾਸੀ ਚੱਕ ਅਰਨੀਵਾਲਾ ਉਰਫ ਕੱਟੀਆਂਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਉਸ ਦਾ ਪਤੀ ਹਰਮੇਸ਼ ਸਿੰਘ ਮੋਟਰਸਾਈਕਲ ਵਾਲੀ ਰੇਹੜੀ 'ਤੇ ਸਾਮਾਨ ਛੱਡ ਕੇ ਪਿੰਡ ਬਾਹਮਣੀਵਾਲਾ ਦੀ ਤਰਫੋਂ ਆ ਰਿਹਾ ਸੀ ਤੇ ਇਸ ਦੌਰਾਨ ਦਰਸ਼ਨ ਸਿੰਘ ਪੁੱਤਰ ਵਣਜਾਰ ਸਿੰਘ ਵਾਸੀ ਬਾਹਮਣੀਵਾਲਾ ਨੇ ਤੇਜ਼ ਰਫਤਾਰ ਨਾਲ ਆਪਣਾ ਛੋਟਾ ਹਾਥੀ ਪਿੰਡ ਬਾਹਮਣੀਵਾਲਾ ਨੇੜੇ ਉਸ ਦੇ ਪਤੀ ਦੀ ਮੋਟਰਸਾਈਕਲ ਰੇਹੜੀ 'ਚ ਮਾਰ ਦਿੱਤਾ, ਉਸ ਤੋਂ ਬਾਅਦ ਦੇਬੂ ਵਾਸੀ ਖਿਉਵਾਲਾ ਨੇ ਆਪਣਾ ਮੋਟਰਸਾਈਕਲ ਉਸ ਦੀ ਰੇਹੜੀ 'ਚ ਮਾਰ ਦਿੱਤਾ, ਜਿਸ 'ਤੇ ਉਸ ਦੇ ਪਤੀ ਨੂੰ ਗੰਭੀਰ ਸੱਟਾਂ ਲੱਗ ਗਈਆਂ ਤੇ ਇਲਾਜ ਲਈ ਸਰਕਾਰੀ ਹਸਪਤਾਲ ਜਲਾਲਾਬਾਦ ਵਿਖੇ ਦਾਖਲ ਕਰਵਾਇਆ ਗਿਆ, ਜਿਸ ਨੂੰ ਇਥੋਂ ਦੇ ਡਾਕਟਰਾਂ ਵੱਲੋਂ ਰੈਫਰ ਕੀਤਾ ਗਿਆ, ਉਸ ਦੀ ਇਲਾਜ ਦੌਰਾਨ ਮੌਤ ਹੋ ਗਈ। ਪੁਲਸ ਨੇ ਮੁਦੱਈ ਅੰਜੂ ਰਾਣੀ ਦੇ ਬਿਆਨਾਂ 'ਤੇ ਦਰਸ਼ਨ ਸਿੰਘ ਵਾਸੀ ਬਾਹਮਣੀਵਾਲਾ ਤੇ ਦੇਬੂ ਵਾਸੀ ਖਿਉਵਾਲਾ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

## ਸਾਂਸਦ ਮਾਨ ਨੇ ਕਾਤਰੋਂ ਲਈ ਦਿੱਤਾ ਨਵਾਂ ਜਿੰਮ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰ. ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਸੰਗਰੂਰ ਵੱਲੋਂ ਐੱਮ ਪੀ ਲੈਂਡ ਸਕੀਮ ਅਧੀਨ ਪਿੰਡ ਕਾਤਰੋਂ ਵਿਖੇ 16 ਸਟੇਸ਼ਨ ਮਲਟੀ ਜਿੰਮ ਦਿੱਤੀ ਗਈ। ਬਾਬਾ ਵੱਲੋਂ ਅਰਦਾਸ ਕਰਨ ਉਪਰੰਤ ਜਿੰਮ ਦਾ ਉਦਘਾਟਨ ਕੀਤਾ ਗਿਆ। ਇਸ ਸਮੇਂ ਹਰਬੰਸ ਸਿੰਘ ਸਲੇਮਪੁਰ ਇੰਚਾਰਜ ਹਲਕਾ ਧੂਰੀ, ਮਨਜੀਤ ਸਿੰਘ ਧਾਮੀ ਸ਼ੇਰਪੁਰ ਅਮਰਜੀਤ ਸਿੰਘ ਬਾਦਸ਼ਾਹਪੁਰ, ਗੁਰਦੀਪ ਸਿੰਘ ਬੜੀ, ਜਸਵੀਰ ਸਿੰਘ ਪ੍ਰਧਾਨ, ਗੁਰਪ੍ਰੀਤ ਸਿੰਘ ਖਾਲਸਾ, ਸਰਪੰਚ ਬਹਾਦਰ ਸਿੰਘ ਕਾਤਰੋਂ, ਲਖਵੀਰ ਸਿੰਘ ਲੱਖਾ, ਸ਼ਕੀਲ ਮੁਹੰਮਦ, ਨਿਰਮਲ ਸਿੰਘ ਕਾਤਰੋਂ, ਹੰਸ ਰਾਜ ਬਾਵਾ, ਡਾਕਟਰ ਗੁਰਵਿੰਦਰ ਸਿੰਘ, ਸੂਬੇਦਾਰ ਮਨੀ ਸਿੰਘ, ਪ੍ਰਧਾਨ ਤੇ ਅਹੁਦੇਦਾਰ ਅਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ। ਪਿੰਡ ਵਾਸੀਆਂ ਵੱਲੋਂ ਸ੍ਰ. ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਸੰਗਰੂਰ ਦਾ ਧੰਨਵਾਦ ਕੀਤਾ ਗਿਆ।

## ਜਗਸੀਰ ਖੇੜੀ ਚੰਦਵਾ ਭਾਰਤੀਯ ਅੰਬੇਡਕਰ ਮਿਸ਼ਨ ਦੇ ਕੌਮੀ ਜਨਰਲ ਸਕੱਤਰ ਨਿਯੁਕਤ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) ਵੱਲੋਂ ਦਲਿਤ ਸਮਾਜ ਦੇ ਸਰਗਰਮ ਆਗੂ ਸਰਪੰਚ ਜਗਸੀਰ ਸਿੰਘ ਖੇੜੀ ਚੰਦਵਾ ਨੂੰ ਮਿਸ਼ਨ ਦਾ ਕੌਮੀ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ, ਜਿਸ ਦਾ ਰਸਮੀ ਐਲਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਨੇ ਕੀਤਾ। ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਜਗਸੀਰ ਸਿੰਘ ਇੱਕ ਬਹੁਤ ਹੀ ਮਿਹਨਤੀ ਤੇ ਅਗਾਂਹਵਧੂ ਸੋਚ ਰੱਖਣ ਵਾਲਾ ਆਗੂ ਹੈ, ਜੋ ਲੰਮੇ ਸਮੇਂ ਤੋਂ ਜ਼ਿਲ੍ਹਾ ਸੰਗਰੂਰ ਦੇ ਨਾਲ ਨਾਲ ਹੋਰ ਵੱਖ ਵੱਖ ਥਾਵਾਂ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਅਪਣੀ ਜ਼ਿੰਮੇਵਾਰੀ ਨਿਭਾਅ ਰਿਹਾ ਹੈ, ਜਿਸ ਦੀਆਂ ਸੇਵਾਵਾਂ ਨੂੰ ਦੇਖਦਿਆਂ ਜਗਸੀਰ ਸਿੰਘ ਖੇੜੀ ਚੰਦਵਾ ਨੂੰ ਮਿਸ਼ਨ ਦੇ ਕੌਮੀ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾ ਕਿਹਾ ਕਿ ਉਹ ਸਮਾਜ ਸੇਵਾ ਦਾ ਜਜ਼ਬਾ ਰੱਖਣ ਵਾਲੇ ਸਾਥੀਆਂ ਨੂੰ ਹਰ ਪੱਧਰ ਤੋਂ ਉੱਪਰ ਉੱਠ ਕੇ ਮਿਸ਼ਨ ਦਾ ਹਿੱਸਾ ਬਣਨ ਲਈ ਖੁੱਲ੍ਹਾ ਸੱਦਾ ਦਿੰਦੇ ਹਨ। ਨਵ-ਨਿਯੁਕਤ ਜਨਰਲ ਸਕੱਤਰ ਜਗਸੀਰ ਸਿੰਘ ਨੇ ਕਿਹਾ ਕਿ ਉਹ ਮਿਲੀ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਹਮੇਸ਼ਾ ਮੈਡਮ ਪੂਨਮ ਕਾਂਗੜਾ ਤੇ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਸਮਾਜ ਦੀ ਭਲਾਈ ਤੇ ਮਿਸ਼ਨ ਦੀ ਬਿਹਤਰੀ ਲਈ ਕੰਮ ਕਰਨਗੇ। ਗੌਰਤਲਬ ਹੈ ਕਿ ਪਿਛਲੇ ਦਿਨੀਂ ਜਗਸੀਰ ਸਿੰਘ ਖੇੜੀ ਚੰਦਵਾ ਵੱਲੋਂ ਆਪਣੀ ਜਥੇਬੰਦੀ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਸੰਯੁਕਤ ਮੋਰਚਾ ਪੰਜਾਬ ਦਾ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) 'ਚ ਰਲੇਵਾਂ ਕਰ ਲਿਆ ਹੈ, ਜਿਸ ਦੇ ਚਲਦਿਆਂ ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਜਗਸੀਰ ਸਿੰਘ ਖੇੜੀ ਚੰਦਵਾ ਨੂੰ ਇਹ ਜ਼ਿੰਮੇਵਾਰੀ ਦਿੱਤੀ ਗਈ ਹੈ।

## ਰੇਲਗੱਡੀ ਲੇਟ ਹੋਣ 'ਤੇ ਯਾਤਰੀਆਂ ਵੱਲੋਂ ਸਰਹਿੰਦ ਰੇਲਵੇ ਸਟੇਸ਼ਨ 'ਤੇ ਹੰਗਾਮਾ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਹਾਰਸਾ (ਬਿਹਾਰ) ਨੂੰ ਜਾਣ ਵਾਲੀ ਰੇਲਗੱਡੀ ਸਰਹਿੰਦ ਰੇਲਵੇ ਸਟੇਸ਼ਨ ਵਿਖੇ ਸਮੇਂ ਸਿਰ ਨਾ ਪੁੱਜਣ 'ਤੇ ਗੁੱਸੇ 'ਚ ਆਏ ਰੇਲ ਯਾਤਰੀਆਂ ਵੱਲੋਂ ਸਰਹਿੰਦ ਰੇਲਵੇ ਸਟੇਸ਼ਨ 'ਤੇ ਜ਼ਬਰਦਸਤ ਹੰਗਾਮਾ ਕਰਦੇ ਹੋਏ ਰੇਲਗੱਡੀਆਂ 'ਤੇ ਪੱਥਰ ਸੁੱਟੇ ਗਏ। ਬੀਤੀ ਸ਼ਾਮ ਵੱਡੀ ਗਿਣਤੀ 'ਚ ਰੇਲ ਯਾਤਰੀ, ਜਿਨ੍ਹਾਂ 'ਚ ਜ਼ਿਆਦਾ ਪ੍ਰਵਾਸੀ ਮਜ਼ਦੂਰ ਸਨ, ਸਰਹਿੰਦ ਰੇਲਵੇ ਸਟੇਸ਼ਨ ਵਿਖੇ ਰੇਲਵੇ ਵੱਲੋਂ ਛੱਠ ਪੂਜਾ ਦੇ ਤਿਉਹਾਰ ਦੇ ਮੱਦੇਨਜ਼ਰ ਬਿਹਾਰ ਲਈ ਚਲਾਈ ਜਾ ਰਹੀ ਸਪੈਸ਼ਲ ਰੇਲਗੱਡੀ 04526 ਦਾ ਇੰਤਜ਼ਾਰ ਕਰ ਰਹੇ ਸਨ, ਪਰ ਰੇਲਗੱਡੀ ਜਦੋਂ ਨਿਰਧਾਰਤ ਸਮੇਂ 'ਤੇ ਨਾ ਪੁੱਜੀ ਤਾਂ ਯਾਤਰੀਆਂ ਨੇ ਪਹਿਲਾਂ ਬੁਕਿੰਗ ਕਾਊਂਟਰਾਂ ਤੇ ਰੇਲਵੇ ਪੁੱਛਗਿੱਛ ਵਾਲੇ ਕਾਊਂਟਰ 'ਤੇ ਤਾਇਨਾਤ ਰੇਲ ਕਰਮਚਾਰੀਆਂ ਕੋਲ ਜਾ ਕੇ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ, ਜਿਸ ਤੋਂ ਬਾਅਦ ਗੁੱਸੇ 'ਚ ਆਏ ਯਾਤਰੀ ਰੇਲਵੇ ਟਰੈਕ 'ਤੇ ਹੰਗਾਮਾ ਕਰਨ ਲੱਗ ਪਏ ਤੇ ਦੇਖਦੇ ਹੀ ਦੇਖਦੇ ਕੁਝ ਯਾਤਰੀਆਂ ਨੇ ਸਟੇਸ਼ਨ ਤੋਂ ਗੁਜ਼ਰ ਰਹੀਆਂ ਰੇਲਗੱਡੀਆਂ ਵੱਲ ਪੱਥਰ ਸੁੱਟਣੇ ਸ਼ੁਰੂ ਕਰ ਦਿੱਤੇ, ਜਿਸ 'ਤੇ ਜੀ.ਆਰ.ਪੀ. ਥਾਣਾ ਸਰਹਿੰਦ ਦੀ ਪੁਲਸ ਨੇ ਸਥਿਤੀ ਨੂੰ ਸੰਭਾਲਦੇ ਹੋਏ ਹੰਗਾਮਾ ਕਰ ਰਹੇ ਯਾਤਰੀਆਂ ਨੂੰ ਸ਼ਾਂਤ ਕੀਤਾ, ਜਿਸ ਤੋਂ ਬਾਅਦ ਤੜਕੇ ਕਰੀਬ 4 ਵਜੇ ਪਹੁੰਚੀ ਸਪੈਸ਼ਲ ਰੇਲਗੱਡੀ 'ਚ ਸਾਰੇ ਯਾਤਰੀਆਂ ਨੂੰ ਬਿਹਾਰ ਲਈ ਰਵਾਨਾ ਕਰ ਦਿੱਤਾ ਗਿਆ। ਹਾਲਾਂਕਿ ਇਸ ਘਟਨਾ 'ਚ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਸੂਚਨਾ ਨਹੀਂ, ਪਰ ਰੇਲਗੱਡੀ ਆਉਣ ਤੱਕ ਸਟੇਸ਼ਨ 'ਤੇ ਸਥਿਤੀ ਬੇਹੱਦ ਤਣਾਅਪੂਰਨ ਬਣੀ ਰਹੀ।

## ਨੁੱਕੜ ਨਾਟਕ ਰਾਹੀਂ ਕਿਸਾਨਾਂ ਨੂੰ ਪਰਾਲ਼ੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਐਕਸਟੈਂਸ਼ਨ ਸੈੱਲ ਵੱਲੋਂ ਸੀ ਆਈ ਆਈ ਫਾਉਂਡੇਸ਼ਨ ਤੇ ਐੱਚ ਡੀ ਐੱਫ਼ ਸੀ ਬੈਂਕ ਦੇ ਸਹਿਯੋਗ ਨਾਲ਼ ਨੁੱਕੜ ਨਾਟਕ ਰਾਹੀਂ ਕਿਸਾਨਾਂ ਨੂੰ ਪਰਾਲ਼ੀ ਨੂੰ ਅੱਗ ਨਾ ਲਗਾਉਣ ਲਈ ਜਾਗਰੂਕ ਕੀਤਾ। ਇਹ ਜਾਣਕਾਰੀ ਦਿੰਦਿਆਂ ਡੀਨ ਐਕਸਟੈਂਸ਼ਨ ਐਕਟੀਵਿਟੀਜ਼ ਡਾ. ਲਵਲੀਨ ਬੈਂਸ ਨੇ ਦੱਸਿਆ ਕਿ ਝੋਨੇ ਦੀ ਕਟਾਈ ਉਪਰੰਤ ਪਰਾਲ਼ੀ ਸਾੜਨ ਦੇ ਸੰਕਟ ਨਾਲ਼ ਨਜਿੱਠਣ ਲਈ ਕਾਲਜ ਦੇ ਐੱਨ ਐੱਸ ਐੱਸ ਦੇ ਵਲੰਟੀਅਰ ਵਿਦਿਆਰਥੀਆਂ ਵੱਲੋਂ ਗੀਤ ਨਾਟਕ ਰਾਹੀਂ ਖੰਨਾ ਇਲਾਕੇ ਦੇ ਪਿੰਡਾਂ ਈਸੜੂ, ਇਕੋਲਾਹਾ, ਭੁਮੱਦੀ, ਰਾਜੇਵਾਲ, ਬੀਪੁਰ, ਜਟਾਣਾ, ਦਹਿੜੂ, ਮੋਹਨਪੁਰ, ਘੁੰਗਰਾਲੀ ਆਦਿ ਦੇ ਕਿਸਾਨਾਂ ਨੂੰ ਪਰਾਲ਼ੀ ਨਾ ਸਾੜਨ ਦੇ ਪੇਸ਼ਕਾਰੀ ਕਰਦਿਆਂ ਕਾਲਜ ਵਿਦਿਆਰਥੀਆਂ ਨੇ ਕਿਸਾਨਾਂ ਨੂੰ ਧਰਤੀ ਤੇ ਧਰਤੀ ਦੇ ਜੀਵਨ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐੱਸ. ਡੀ. ਐੱਮ. ਬਲਜਿੰਦਰ ਸਿੰਘ ਢਿੱਲੋਂ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਜਾਗਰੂਕਤਾ ਗਤੀਵਿਧੀ ਦੀ ਅਗਵਾਈ ਡਾ. ਗੁਰਪ੍ਰੀਤ ਸਿੰਘ ਤੇ ਪ੍ਰੋ. ਰਵਿੰਦਰਪਾਲ ਕੌਰ ਮਾਂਗਟ ਅਤੇ ਸੀ ਆਈ ਆਈ ਫਾਉਂਡੇਸ਼ਨ ਵੱਲੋਂ ਸ੍ਰ. ਹਰਪ੍ਰੀਤ ਸਿੰਘ ਨੇ ਕੀਤੀ। ਇਸ ਜਾਗਰੂਕਤਾ ਰੈਲੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਸਮੁੱਚੀ ਟੀਮ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ। ਵਾਤਾਵਰਨ ਤੇ ਸਿਹਤ ਉੱਤੇ ਪੈਂਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਸਮਾਗਮ ਵਿੱਚ ਵਿਧਾਇਕ ਖੰਨਾ ਸ੍ਰੀ ਤਰੁਨਪ੍ਰੀਤ ਸਿੰਘ ਤੇ ਐੱਸ.ਡੀ.ਐੱਮ. ਖੰਨਾ ਸ੍ਰੀ ਬਲਜਿੰਦਰ ਸਿੰਘ ਢਿੱਲੋਂ ਮੁੱਖ ਮਹਿਮਾਨਾਂ ਵਜੋਂ ਸ਼ਾਮਲ ਹੋਏ। ਇਸ ਮੌਕੇ ਡਾ. ਸੋਮਪਾਲ ਹੀਰਾ ਦੁਆਰਾ ਨਿਰਦੇਸ਼ਤ ਤੇ ਨਾਮਵਰ ਸ਼ਾਇਰ ਤਰਲੋਚਨ ਲੋਚੀ ਦੁਆਰਾ ਲਿਖੇ ਗੀਤ ਉੱਤੇ ਆਧਾਰਤ ਨਾਟਕ ਦੀ

## ਸੈਂਕੜੇ ਟਰੈਕਟਰ-ਟਰਾਲੀਆਂ ਦਾ ਕਾਫਲਾ 26 ਨੂੰ ਚੰਡੀਗੜ੍ਹ ਪੁੱਜੇਗਾ : ਕੇਕੇਯੂ ਆਗੂ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26, 27 ਤੇ 28 ਨਵੰਬਰ ਨੂੰ ਕਿਸਾਨੀ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਘੇਰਨ ਦੇ ਪ੍ਰੋਗਰਾਮ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਤੋਂ ਸੈਂਕੜੇ ਕਿਸਾਨ ਟਰੈਕਟਰ ਟਰਾਲੀਆਂ ਸਮੇਤ ਸ਼ਮੂਲੀਅਤ ਕਰਨਗੇ। ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡਰੋੜੇ ਨੇ ਕਿਹਾ ਕਿ ਦਿੱਲੀ ਦੇ ਇਤਿਹਾਸਕ ਸੰਘਰਸ਼ ਦੌਰਾਨ ਰਹਿੰਦੀਆਂ ਮੰਗਾਂ ਪੂਰੀਆਂ ਕਰਵਾਉਣ ਲਈ ਪੂਰੇ ਦੇਸ਼ ਦੀਆਂ ਰਾਜਧਾਨੀਆਂ ਦਾ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਿੰਨ ਦਿਨ ਲਈ ਘਰਾਓ ਕੀਤਾ ਜਾਵੇਗਾ। ਮੋਦੀ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਕਿਸਾਨਾਂ ਦੀਆਂ ਫਸਲਾਂ ਤੇ ਘੱਟੋ ਘੱਟ ਸਮਰਥਨ ਮੁੱਲ ਦੇਣ ਲਈ ਕਮੇਟੀ ਦਾ ਗਠਨ ਕੀਤਾ ਜਾਵੇਗਾ, ਜਿਸ 'ਚ ਕਿਸਾਨਾਂ ਦੇ ਨੁਮਾਇੰਦਿਆਂ ਨੂੰ ਸ਼ਾਮਲ ਕੀਤਾ ਜਾਵੇਗਾ, ਪਰ ਮੋਦੀ ਸਰਕਾਰ ਵੱਲੋਂ ਨਾ ਸਿਰਫ ਕਿਸਾਨਾਂ ਨੂੰ ਅਣਗੌਲਿਆ ਕੀਤਾ ਗਿਆ, ਸਗੋਂ ਕਮੇਟੀ 'ਚ ਸਾਰੇ ਸਰਕਾਰ ਪੱਖੀ ਨੁਮਾਇੰਦੇ ਸ਼ਾਮਲ ਕੀਤੇ, ਜਿਨ੍ਹਾਂ ਨੇ ਖੇਤੀ ਕਨੂੰਨਾਂ ਨੂੰ ਜਾਇਜ਼ ਠਹਿਰਾਉਣ ਲਈ ਲਗਾਤਾਰ ਕੂੜ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲਾਂ ਦੇ ਵਾਜਬ ਰੇਟ ਨਾ ਮਿਲਣ ਕਰਕੇ ਅੱਜ ਕਿਸਾਨੀ ਧੰਦਾ ਲਾਹੇਵੰਦ ਨਹੀਂ ਰਿਹਾ, ਕਿਉਂਕਿ ਜਿਸ ਤਰ੍ਹਾਂ ਰੇਆਂ, ਸਪਰੇਆਂ, ਮਸ਼ੀਨਰੀ ਤੇ ਹੋਰ ਵਰਤਣ ਵਾਲੀਆਂ ਚੀਜ਼ਾਂ ਦੇ ਭਾਅ ਹਰ ਰੋਜ਼ ਵਧਦੇ ਹਨ, ਮੁਕਾਬਲਤਨ ਫਸਲਾਂ ਦੇ ਭਾਅ 'ਚ ਨਿਗੂਣਾ ਵਾਧਾ ਕੀਤਾ ਜਾਂਦਾ ਹੈ। ਸਿੱਟੇ ਵਜੋਂ ਅੱਜ ਪੂਰੇ ਦੇਸ਼ ਦਾ ਕਿਸਾਨ ਕਰਜ਼ੇ ਹੇਠ ਦੱਬਿਆ ਹੋਇਆ ਹੈ ਤੇ ਪੰਜਾਬ ਦੇ ਕਿਸਾਨ ਸਿਰ ਪੂਰੇ ਮੁਲਖ ਦੇ ਕਿਸਾਨਾਂ ਨਾਲੋਂ ਵੱਧ ਕਰਜ਼ਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਜ਼ਿਲ੍ਹਾ ਮੀਤ ਪ੍ਰਧਾਨ ਨਿਰਮਲ ਸਿੰਘ ਗੋਨਿਆਣੇ ਤੇ ਗੁਰਚਰਨ ਸਿੰਘ ਬੁੱਟਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਬਿਜਲੀ ਸੋਧ ਬਿਲ ਨੂੰ ਲਾਗੂ ਕਰਦਿਆਂ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਹਨ, ਜਿਸ ਕਰਕੇ ਬਿਜਲੀ ਖੇਤਰ 'ਚ ਕਿਸਾਨਾਂ ਮਜ਼ਦੂਰਾਂ ਨੂੰ ਮਿਲਦੀ ਸਬਸਿਡੀ ਬੰਦ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਵੱਲੋਂ ਪੰਜਾਬ ਸਰਕਾਰ ਦੀ ਇਸ ਨੀਤੀ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਕਿਰਤੀ ਕਿਸਾਨ ਯੂਨੀਅਨ ਵੱਲੋਂ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ 26, 27 ਤੇ 28 ਨਵੰਬਰ ਨੂੰ ਟਰੈਕਟਰ ਟਾਲਰੀਆਂ ਸਮੇਤ ਕਾਫਲਿਆਂ ਦੇ ਰੂਪ ਵਿੱਚ ਚੰਡੀਗੜ੍ਹ ਪਹੁੰਚੋ। ਇਸ ਮੌਕੇ ਬਲਜੀਤ ਸਿੰਘ ਫੌਜੀ ਝਮੇਲ ਵਾਲੀ, ਗਗਨਦੀਪ ਗੱਗਾ, ਜਗਸੀਰ ਸਿੰਘ ਥਾਂਦੇਵਾਲਾ, ਤੇਜ ਸਿੰਘ ਖਾਲਸਾ, ਚਮਕੌਰ ਸਿੰਘ ਤਖਤ ਮੁਲਾਨਾ, ਮਿੱਠਾ ਸਿੰਘ, ਜੁਗਰਾਜ ਸਿੰਘ, ਦਵਿੰਦਰ ਸਿੰਘ ਲੁਬਾਣੇ ਵਾਲੀ, ਬੀਰਾ ਸਿੰਘ, ਚੈਨਾ ਸਿੰਘ ਆਦਿ ਹਾਜ਼ਰ ਸਨ।

## ਸਵਾਮੀ ਰੂਪ ਚੰਦ ਜੈਨ ਸਕੂਲ ਨੇ ਸੱਭਿਆਚਾਰਕ ਮੁਕਾਬਲਿਆਂ 'ਚ ਓਵਰਆਲ ਟਰਾਫੀ ਜਿੱਤੀ



**ਜਗਰਾਓਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸਕੂਲ ਦੀ ਵਿਦਿਆਰਥੀ ਹਮੇਸ਼ਾ ਹੀ ਹਰ ਖੇਤਰ ਵਿੱਚ ਆਪਣੀ ਛਾਪ ਛੱਡਦੇ ਆ ਰਹੇ ਹਨ, ਚਾਹੇ ਉਹ ਅਕਾਦਮਿਕ ਪ੍ਰਾਪਤੀਆਂ ਦੀ ਗੱਲ ਹੋਏ, ਚਾਹੇ ਖੇਡ ਪ੍ਰਾਪਤੀਆਂ ਦੀ ਜਾਂ ਕਿਸੇ ਵੀ ਤਰ੍ਹਾਂ ਦੇ ਮੁਕਾਬਲੇਬਾਜ਼ੀ ਦੀ, ਹਰ ਖੇਤਰ ਵਿੱਚ ਅੱਵਲ ਆਉਣਾ, ਹਰ ਕਿਤੇ ਛਾ ਜਾਣਾ, ਉਨ੍ਹਾਂ ਦੇ ਸੁਭਾਅ ਵਿੱਚ ਸ਼ਾਮਲ ਹੋ ਚੁੱਕਾ ਹੈ। ਗੁਰੂ ਤੇਗ ਬਹਾਦਰ ਨੈਸ਼ਨਲ ਕਾਲਜ ਮੁੱਲਾਂਪੁਰ ਦਾਖਾ ਵਿਖੇ ਹੋਏ ਵੱਖ ਵੱਖ ਮੁਕਾਬਲਿਆਂ 'ਚ ਮੁੱਲਾਂਪੁਰ, ਰਾਏਕੋਟ, ਮੋਗਾ ਤੋਂ ਲੈ ਕੇ ਲੁਧਿਆਣਾ ਤੱਕ ਦੇ ਕਈ ਸਕੂਲਾਂ ਨੇ ਭਾਗ ਲਿਆ, ਜਿਸ ਵਿੱਚ ਸਵਾਮੀ ਰੂਪ ਚੰਦ ਜੈਨ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਖੂਬਸੂਰਤ ਅਦਾ ਤੇ ਕਲਾ ਦੇ ਜੌਹਰ ਦਿਖਾਉਂਦੇ ਹੋਏ ਜਿੱਤ ਹਾਸਲ ਕੀਤੀ। ਹਰ ਮੁਕਾਬਲੇ ਵਿੱਚ ਅੱਵਲ ਰਹਿ ਕੇ ਟਰਾਫੀਆਂ ਪ੍ਰਾਪਤ ਕਰਕੇ ਆਪਣੀ ਜਿੱਤ ਦਾ ਝੰਡਾ ਲਹਿਰਾਇਆ। ਜਗਰਾਉਂ ਦੇ ਆਲੇ ਦੁਆਲੇ ਦੇ ਸਕੂਲਾਂ ਵਿੱਚ ਆਪਣੇ ਮਾਂ-ਬਾਪ ਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ। ਪ੍ਰਿੰਸੀਪਲ ਰਾਜਪਾਲ ਕੌਰ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਭੰਗੜਾ ਮਮੈਕਰੀ, ਗੀਤ, ਸਕਿੱਟ, ਦਸਤਾਰਬੰਦੀ ਤੇ ਕੋਲਾਜ ਮੇਕਿੰਗ ਦੀ ਮੁਕਾਬਲੇਬਾਜ਼ੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਪੋਸਟਰ ਮੇਕਿੰਗ, ਰੰਗੋਲੀ ਮੌਕੇ ਅਨੁਸਾਰ ਕਰਵਾਈ ਗਈ ਅਤੇ ਪੇਂਟਿੰਗ, ਪੀਪੀਟੀ ਮਾਡਲਿੰਗ ਤੇ ਦਸਤਾਰਬੰਦੀ ਦੀ ਮੁਕਾਬਲੇਬਾਜ਼ੀ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਕਵਿਤਾ ਪੇਸ਼ਕਾਰੀ, ਨਿਬੰਧ ਲਿਖਣ, ਸੁੰਦਰ ਲਿਖਾਈ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਸਾਰੀਆਂ ਗਤੀਵਿਧੀਆਂ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਇਨ੍ਹਾਂ ਸਾਰੇ ਮੁਕਾਬਲਿਆਂ ਵਿੱਚ ਓਵਰਆਲ ਟਰਾਫੀ ਸਮੇਤ ਸ਼ਾਨਦਾਰ ਜਿੱਤ ਹਾਸਲ ਕੀਤੀ। ਪ੍ਰਿੰਸੀਪਲ ਰਾਜਪਾਲ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਇਸ ਚੰਗੀ ਕਾਰਗੁਜ਼ਾਰੀ 'ਤੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਕਰੜੀ ਮਿਹਨਤ ਤੇ ਲਗਨ ਦੀ ਪ੍ਰਸੰਸਾ ਕੀਤੀ। ਪ੍ਰਿੰਸੀਪਲ ਨੇ ਹਰ ਬੱਚੇ ਨੂੰ ਪੜ੍ਹਾਈ ਦੇ ਨਾਲ ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੀ ਪ੍ਰੇਰਣਾ ਦਿੱਤੀ ਤੇ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰਨ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਸਮੇਂ ਸਮੇਂ 'ਤੇ ਸਹਿਯੋਗ ਦੇਣ ਲਈ ਸਮੂਹ ਮੈਨੇਜਮੈਂਟ ਦਾ ਧੰਨਵਾਦ ਕੀਤਾ।

## ਗੁਰਦੁਆਰਾ ਚੰਦ ਪੁਰਾਣਾ 'ਚ ਬਜ਼ੁਰਗਾਂ ਨੂੰ ਵੰਡੀਆਂ ਮਠਿਆਈਆਂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਤਿਉਹਾਰਾਂ ਦੀਆਂ ਖੁਸ਼ੀਆਂ ਉਦੋਂ ਹੋਰ ਵੀ ਦੂਣ ਸਵਾਈਆਂ ਹੋ ਜਾਂਦੀਆਂ ਹਨ, ਜਦੋਂ ਇਹ ਖੁਸ਼ੀਆਂ ਅਸੀਂ ਆਪਣੇ ਬਜ਼ੁਰਗਾਂ ਨਾਲ ਮਨਾਉਂਦੇ ਹਾਂ, ਕਿਉਂਕਿ ਬਜ਼ੁਰਗਾਂ ਨੇ ਹਮੇਸ਼ਾ ਹੀ ਸਾਨੂੰ ਆਸ਼ੀਰਵਾਦ ਬਖਸ਼ਿਆ ਹੈ। ਇਨ੍ਹਾਂ ਬਖਸ਼ਿਸ਼ਾਂ ਦੇ ਨਾਲ ਹੀ ਅਸੀਂ ਅੱਗੇ ਵਧਣ ਲਈ ਪ੍ਰੇਰਿਤ ਹੁੰਦੇ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਲਵੇ ਦੇ ਪ੍ਰਸਿੱਧ ਤੇ ਪਵਿੱਤਰ ਇਤਿਹਾਸਕ ਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਚੰਦ ਪੁਰਾਣਾ ਦੇ ਮੁੱਖ ਸੇਵਾਦਾਰ ਸਮਾਜ ਸੇਵੀ ਬਾਬਾ ਗੁਰਦੀਪ ਸਿੰਘ ਜੀ ਨੇ ਦੀਵਾਲੀ ਦੇ ਪਵਿੱਤਰ ਦਿਹਾੜੇ 'ਤੇ ਬਜ਼ੁਰਗਾਂ ਨੂੰ ਫਲ ਤੇ ਮਠਿਆਈਆਂ ਵੰਡਦਿਆਂ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਦੀਵਾਲੀ ਦਾ ਤਿਉਹਾਰ ਇਕ ਅਜਿਹਾ ਤਿਉਹਾਰ ਹੈ, ਜੋ ਸਾਡੇ ਲਈ ਖੁਸ਼ੀਆਂ ਲੈ ਕੇ ਆਉਂਦਾ ਹੈ। ਸਾਨੂੰ ਇਹ ਤਿਉਹਾਰ ਖੁਸ਼ੀ ਤੇ ਸਦਭਾਵਨਾ ਨਾਲ ਮਨਾਉਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਅੱਜ ਕਲਯੁਗ ਦੇ ਸਮੇਂ ਵਿੱਚ ਅਗਿਆਨਤਾ ਦਾ ਅੰਧੇਰ ਪਸਰ ਰਿਹਾ ਹੈ, ਸਾਨੂੰ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਅਗਿਆਨਤਾ ਦਾ ਹਨੇਰਾ ਦੂਰ ਕਰ ਕੇ ਸੱਚ ਦਾ ਚਾਨਣ ਫੈਲਾਉਣਾ ਚਾਹੀਦਾ ਹੈ, ਜਿਸ ਨਾਲ ਸਾਡਾ ਇਸ ਜੱਗ 'ਤੇ ਆਉਣਾ ਸਫਲ ਹੋ ਸਕੇ। ਉਨ੍ਹਾ ਕਿਹਾ ਕਿ ਅੱਜ ਬਜ਼ੁਰਗਾਂ ਦੀ ਸੇਵਾ ਸੰਭਾਲ ਬਹੁਤ ਜ਼ਰੂਰੀ ਹੈ, ਕਿਉਂਕਿ ਬਜ਼ੁਰਗ ਸਾਡੀ ਵਿਰਾਸਤ ਦਾ ਵੀ ਹਿੱਸਾ ਹਨ। ਸਾਨੂੰ ਗੁਰੂ ਦੀ ਬਾਣੀ ਵੀ ਵਡੇਰਿਆਂ ਦਾ ਸਤਿਕਾਰ ਕਰਨਾ ਸਮਝਾਉਂਦੀ ਹੈ, ਇੱਥੋਂ ਤੱਕ ਕਿ ਸਾਡੇ ਵਿਦਵਾਨ ਕਹਿੰਦੇ ਹਨ ਕਿ ਬਜ਼ੁਰਗਾਂ ਦੀ ਸੇਵਾ ਤੇ ਉਨ੍ਹਾਂ ਦੀ ਸਾਂਭ ਸੰਭਾਲ, ਜਿਸ ਵੀ ਇਨਸਾਨ ਨੂੰ ਮਿਲਦੀ ਹੈ, ਉਹ ਉਹ ਵੱਡੇ ਭਾਗਾਂ ਵਾਲੇ ਹਨ। ਸਤਿਗੁਰ ਆਪ ਉਨ੍ਹਾਂ ਨੂੰ ਖੁਸ਼ੀਆਂ ਬਖਸ਼ਿਸ਼ ਕਰਦੇ ਹਨ।

ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਕੁਲਵੀਰ ਸਿੰਘ ਪੱਤੀ ਕੋਠੇ ਪੱਤੀ ਮੁਹੱਬਤ, ਸੂਬਾ ਸਿੰਘ ਫੌਜੀ, ਭਾਈ ਚਮਕੌਰ ਸਿੰਘ ਚੰਦ ਪੁਰਾਣਾ, ਬਿੱਲੂ ਸਿੰਘ ਚੰਦ ਪੁਰਾਣਾ, ਦਵਿੰਦਰ ਸਿੰਘ ਬਾਜੜਾ, ਧਰਮ ਸਿੰਘ ਕਾਲੇ ਕੇ, ਏ.ਐੱਸ.ਏ. ਧਲਵਿੰਦਰ ਸਿੰਘ, ਜੀਤਾ ਸਿੰਘ ਜਨੇਰ ਤੇ ਹੋਰ ਸੰਗਤਾਂ ਹਾਜ਼ਰ ਸਨ।

17-Nov-PAGE-8.qxd 11/16/2023 10:54 PM Page 1



# ਅੱਠ ਦਿਨਾਂ ਤੋਂ ਲਾਪਤਾ ਨੌਜਵਾਨ ਦੀ ਖੇਤਾਂ 'ਚੋਂ ਮਿਲੀ ਲਾਸ਼



**ਗੁਰਾਇਆ (ਬਿੰਦਰ ਸੁਮਨ)**-ਗੋਰਾਇਆ ਦੀ ਦਿਲਬਾਗ ਕਲੋਨੀ ਵਿਚ ਖੇਤਾਂ ਚੋਂ ਇਕ ਨੌਜਵਾਨ ਦੀ ਗਲੀ ਸੜੀ ਲਾਸ਼ ਮਿਲੀ ਹੈ ਅਤੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਐਸਐਚਓ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਖੇਤਾਂ ਵਿੱਚੋਂ ਬਦਬੂ ਆ ਰਹੀ ਹੈ ਤੇ ਜਦ ਪੁਲਸ ਤੇ ਮਹੱਲਾ ਵਾਸੀਆਂ ਨੇ ਜਾ ਕੇ ਦੇਖਿਆ ਤਾਂ ਪਰਾਲੀ ਦੇ ਥੱਲੇ ਇੱਕ ਲਾਸ਼ ਪਈ ਸੀ ਜਿਸ ਦੀ ਹਾਲਤ ਬੇਹਦ ਖਰਾਬ ਹੋ ਚੁੱਕੀ ਸੀ। ਜਾਂਚ ਕਰਨ 'ਤੇ ਸਾਹਮਣੇ ਆਇਆ ਕਿ ਅੱਠ ਨਵੰਬਰ ਤੋਂ ਇੱਕ 35 ਸਾਲਾ ਹਰੀਸ਼ ਨਾਂਅ ਦਾ ਇੱਕ ਨੌਜਵਾਨ ਲਾਪਤਾ ਸੀ ਜਿਸ ਦੇ ਪਰਵਾਰਕ ਮੈਂਬਰਾਂ ਨੇ ਗੁਰਾਇਆ ਥਾਣੇ ਵਿੱਚ ਸ਼ਿਕਾਇਤ ਵੀ ਦਰਜ ਕਰਵਾਈ ਹੋਈ ਸੀ ਤੇ ਪੁਲਸ ਵੀ ਉਸਦੀ ਤਲਾਸ਼ ਕਰ ਰਹੀ ਸੀ। ਹਰੀਸ਼ ਗੁਰਾਇਆ ਵਿਖੇ ਇਕ ਫੈਕਟਰੀ ਵਿੱਚ ਕੰਮ ਕਰਦਾ ਸੀ ਤੇ ਉਹ ਇਥੇ ਕਿਰਾਏ ਦੇ ਕੁਆਰਟਰ ਵਿੱਚ ਇਕੱਲਾ ਹੀ ਰਹਿੰਦਾ ਸੀ ਅਤੇ ਉਸਦਾ ਜੀਜਾ ਵੀ ਨੇੜੇ ਹੀ ਇੱਕ ਵੱਖਰੇ ਕੁਆਰਟਰ ਵਿੱਚ ਰਹਿੰਦਾ ਸੀ। ਜੀਜੇ ਨੇ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸਦਾ ਸਾਲਾ ਹਰੀਸ਼ ਘਰ ਤੋਂ ਸੈਰ ਕਰਨ ਲਈ ਨਿਕਲਿਆ ਸੀ। ਉਸਦਾ ਫੋਨ ਮੋਟਰਸਾਈਕਲ ਤੇ ਪਰਸ ਘਰ ਵਿੱਚ ਹੀ ਪਿਆ ਸੀ ਤੇ ਉਹ ਘਰ ਦੇ ਗੇਟ ਨੂੰ ਬਾਹਰੋਂ ਕੁੰਡੀ ਲਗਾ ਗਿਆ ਸੀ।

ਮ੍ਰਿਤਕ ਦੇਹ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਮੌਕੇ 'ਤੇ ਮੌਜੂਦ ਲੋਕਾਂ ਤੇ ਹਰੀਸ਼ ਦੇ ਜੀਜਾ ਨੇ ਦੱਸਿਆ ਕਿ ਹਰੀਸ਼ ਸ਼ਾਦੀਸ਼ੁਦਾ ਹੈ ਜਿਸਦੀ ਘਰਵਾਲੀ ਤੇ ਉਸ ਦੇ ਦੋ ਬੱਚੇ ਪਿੰਡ 'ਚ ਰਹਿੰਦੇ ਹਨ। ਇੱਥੇ ਨੇੜੇ ਹੀ ਰਹਿੰਦੀ ਔਰਤ ਦੇ ਨਾਲ ਉਸਦੇ ਸਬੰਧ ਸਨ, ਕਈ ਵਾਰ ਉਨ੍ਹਾਂ ਵਿਚਕਾਰ ਝਗੜਾ ਵੀ ਹੋਇਆ ਸੀ ਅਤੇ ਕਈ ਵਾਰ ਪਤਵੰਤਿਆਂ ਨੇ ਉਨ੍ਹਾਂ ਦਾ ਰਾਜ਼ੀਨਾਮਾ ਵੀ ਕਰਵਾਇਆ ਸੀ। 8 ਨਵੰਬਰ ਨੂੰ ਹਰੀਸ਼ ਘਰ ਦੇ ਬਾਹਰ ਸੈਰ ਕਰਨ ਗਿਆ ਸੀ ਅਤੇ ਵਾਪਸ ਨਹੀਂ ਆਇਆ। ਉਦੋਂ ਤੋਂ ਹੀ ਹਰੀਸ਼ ਦੇ ਪਰਵਾਰਕ ਮੈਂਬਰ ਔਰਤ ਅਤੇ ਉਸ ਦੇ ਸਾਥੀਆਂ 'ਤੇ ਸ਼ੱਕ ਜਤਾਉਂਦੇ ਆ ਰਹੇ ਸਨ ਅਤੇ ਗੁਰਾਇਆ ਪੁਲਸ ਨੂੰ ਉਸ ਤੋਂ ਪੁੱਛਗਿੱਛ ਕਰਨ ਲਈ ਵੀ ਕਹਿ ਰਹੇ ਸਨ। ਮ੍ਰਿਤਕ ਦੇ ਗਲੇ 'ਚ ਪਰਨਾ ਬੰਨ੍ਹਿਆ ਹੋਇਆ ਸੀ ਤੇ ਕੀੜੇ-ਮਕੌੜੇ ਦੌੜ ਰਹੇ ਸਨ।

# ਮਾਨ ਦੀ ਅਗਵਾਈ ਹੇਠ ਭਲਕੇ ਰਵਾਨਾ ਹੋਵੇਗਾ 'ਆਪ' ਵਾਲੰਟੀਅਰਾਂ ਦਾ ਵੱਡਾ ਜੱਥਾ



**ਫਗਵਾੜਾ ( ਡਾ. ਰਮਨ, ਢੱਡਾ)**- ਆਮ ਆਦਮੀ ਪਾਰਟੀ ਹਲਕਾ ਵਿਧਾਨ ਸਭਾ ਫਗਵਾੜਾ ਦੇ 'ਆਪ' ਵਲੰਟੀਅਰਾਂ ਦਾ ਵੱਡਾ ਜੱਥਾ 18 ਨਵੰਬਰ ਦਿਨ ਸ਼ਨੀਵਾਰ ਨੂੰ ਫਗਵਾੜਾ ਤੋਂ ਹੁਸ਼ਿਆਰਪੁਰ ਲਈ ਰਵਾਨਾ ਹੋਵੇਗਾ। ਇਸ ਜੱਥੇ ਦੀ ਰਵਾਨਗੀ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਗ੍ਰਹਿ ਵਿਖੇ ਹੋਈ। ਜਿਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੋਗਿੰਦਰ ਮਾਨ ਨੇ ਦੱਸਿਆ ਕਿ 18 ਨਵੰਬਰ ਨੂੰ 'ਆਪ' ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹੁਸ਼ਿਆਰਪੁਰ ਆ ਰਹੇ ਹਨ। ਜਿੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਭਰ ਤੋਂ ਪਹੁੰਚ ਰਹੇ ਲੱਖਾਂ ਪਾਰਟੀ ਵਰਕਰਾਂ ਵਲੋਂ ਕੇਜਰੀਵਾਲ ਦਾ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਇਸ ਦੌਰਾਨ ਹੁਸ਼ਿਆਰਪੁਰ ਵਿੱਚ ਮੈਡੀਕਲ ਕਾਲਜ ਦਾ ਨੀਂਹ ਪੱਥਰ ਰੱਖਣ ਉਪਰੰਤ ਕੇਜਰੀਵਾਲ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਨਗੇ। ਉਨ੍ਹਾਂ ਦੱਸਿਆ ਕਿ ਉਕਤ ਰੈਲੀ ਵਿੱਚ ਸ਼ਾਮਲ ਹੋਣ ਲਈ 'ਆਪ' ਵਰਕਰ ਹੁਸ਼ਿਆਰਪੁਰ ਰੋਡ ਸਥਿਤ ਕੇ.ਜੀ ਰਿਜ਼ੋਰਟ ਤੋਂ 60 ਬੱਸਾਂ ਦੇ ਕਾਫਲੇ ਦੇ ਰੂਪ ਵਿਚ ਰਵਾਨਾ ਹੋਣਗੇ। ਇਸ ਮੀਟਿੰਗ ਵਿੱਚ 'ਆਪ' ਦੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ, ਹਰਮੇਸ਼ ਪਾਠਕ, ਅਵਤਾਰ ਸਿੰਘ ਸਰਪੰਚ ਪੰਡਵਾਂ, ਬਲਾਕ ਪ੍ਰਧਾਨ ਵਰੁਣ ਬੰਗੜ ਚੱਕ ਹਕੀਮ, ਫੌਜੀ ਸ਼ੇਰਗਿੱਲ, ਨਰੇਸ਼ ਸ਼ਰਮਾ, ਬਲਬੀਰ ਠਾਕੁਰ, ਆਸ਼ੂ, ਜੱਸੀ, ਦੇਸਰਾਜ ਝੰਮਟ, ਰਾਜਾ ਕੌਂਸਲਰ, ਸਤਨਾਮ ਸਿੰਘ ਸ਼ਾਮਾ ਡਾ. ਵਿਜੇ ਤੋਂ ਇਲਾਵਾ ਰੁਪਿੰਦਰ ਕੌਰ ਹੋਠੀ, ਰਘਬੀਰ ਕੌਰ, ਅਮਨ ਬਾਬਾ ਗੱਦੀਆ, ਪ੍ਰਿਤਪਾਲ ਕੌਰ ਤੁਲੀ, ਗੁਰਦੀਪ ਸਿੰਘ ਤੁਲੀ, ਓਮ ਪ੍ਰਕਾਸ਼ ਸਰਪੰਚ ਵਜੀਦੋਵਾਲ, ਮਨਪ੍ਰੀਤ ਕੀਰਤੀ ਨਗਰ, ਕੇਸ਼ੀ ਗੰਢਵਾ, ਰਣਬੀਰ ਸਿੰਘ ਜਗਤਪੁਰ ਜੱਟਾਂ, ਸਮਰ ਗੁਪਤਾ, ਸਰਵਣ ਸਿੰਘ ਚਹੇੜੂ, ਬਿੰਦਰ ਸਿੰਘ ਸਰਪੰਚ ਮੀਰਾਪੁਰ, ਨਿੱਕਾ ਸਾਹਨੀ, ਕਸ਼ਮੀਰ ਕੌਰ ਸਰਪੰਚ ਬੇਗਮਪੁਰ, ਅਮਰਜੀਤ ਸਿੰਘ ਸਾਬਕਾ ਸਰਪੰਚ ਨੰਗਲ, ਕਸ਼ਮੀਰ ਸਿੰਘ ਖਲਵਾੜਾ, ਰਾਜੂ ਆਨੰਦ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ, ਬਲਾਕ ਸਮਿਤੀ ਮੈਂਬਰ, ਸ਼ਹਿਰ ਦੇ ਵਾਰਡ ਪ੍ਰਧਾਨ ਅਤੇ ਵਲੰਟੀਅਰ ਆਦਿ ਹਾਜ਼ਰ ਸਨ।

## ਪੀਰ ਸਾਈਂ ਨਾਜਰ ਸ਼ਾਹ ਦਾ 40ਵਾਂ ਅੰਤਮ ਦੁਆ 20 ਨੂੰ



**ਫਿਲੌਰ (ਬੀ ਐਸ ਕੈਨੇਡੀ)**- ਇੱਥੇ ਤਿਲਕ ਰਾਜ ਲੰਬੜਦਾਰ ਨੇ ਦਸਿਆ ਕਿ ਉਨਾਂ ਦੇ ਪਿਤਾ ਪੀਰ ਸਾਈਂ ਨਾਜਰ ਸ਼ਾਹ ਜੀ ਚਿਸ਼ਤੀ ਸਾਬਰੀ ਸਰਕਾਰ 10 ਅਕਤੂਬਰ ਨੂੰ ਪਰਦਾ ਕਰ ਕੇ ਸਾਈਂ ਸੁੰਦਰ ਸ਼ਾਹ ਜੀ ਦੇ ਚਰਨਾਂ ਵਿੱਚ ਬਿਰਾਜ ਗਏ ਹਨ। ਸਾਈਂ ਜੀ ਦਾ 40ਵਾਂ ਅੰਤਮ ਦੁਆ 20 ਨਵੰਬਰ ਦਿਨ ਸੋਮਵਾਰ ਨੂੰ ਮੁਹੱਲਾ ਰਵਿਦਾਸਪੁਰਾ ਨੂਰਮਹਿਲ ਰੋਡ ਫਿਲੌਰ ਵਿਖੇ ਸ਼ਰਧਾਪੂਰਵਕ ਕਰਵਾਇਆ ਜਾ ਰਿਹਾ ਹੈ।

## ਮੁਸ਼ਕਲ ਸ਼ਬਦ ਨੂੰ ਆਪਣੇ ਸ਼ਬਦਕੋਸ਼ 'ਚੋਂ ਕੱਢਣਾ ਹੋਵੇਗਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ )** - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਦੇਸ਼ ਦੇ ਭਵਿੱਖ ਦਾ ਆਧਾਰ ਬਨਣ ਵਾਲੇ ਸੂਬੇ ਦੇ ਨੌਜਆਨਾਂ ਨਾਲ ਸਿੱਧਾ ਸੰਵਾਦ ਕਰ ਉਨ੍ਹਾਂ ਨੂੰ ਜੀਵਨ 'ਚ ਸਕਾਰਾਤਮਕ ਦਿਸ਼ਾ 'ਚ ਅੱਗੇ ਵੱਧਦੇ ਹੋਏ ਸਫਲ ਹੋਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਕਿਹਾ ਕਿ ਨੌਜਆਨ ਖੁੱਦ 'ਤੇ ਭਰੋਸਾ ਕਰਨ ਅਤੇ ਸਕਾਰਾਤਮਕਤਾ ਬਣਾਏ ਰੱਖਣ, ਜੀਵਨ 'ਚ ਜੋ ਵੀ ਮੌਕਾ ਪ੍ਰਾਪਤ ਹੋਵੇ, ਉਨ੍ਹਾਂ ਨੂੰ ਮੌਕਿਆਂ ਦਾ ਲਾਭ ਚੁੱਕ ਕੇ ਪਰਵਾਰ, ਸਮਾਜ ਅਤੇ ਰਾਸ਼ਟਰ ਦੇ ਉਥਾਨ ਵਿਚ ਆਪਣਾ ਮਹੱਤਵਪੂਰਨ ਯੋਗਦਾਨ ਦੇਣ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਇਕ ਸ਼ਬਦ ਸਭ ਦੇ ਸਾਹਮਣੇ ਆਉਂਦਾ ਹੈ, ਉਹ ਹੈ ਮੁਸ਼ਕਲ। ਸਾਨੂੰ ਇਹ ਮੰਨਣਾ ਹੈ ਕਿ ਮੁਸ਼ਕਲ ਕੁਝ ਵੀ ਨਹੀਂ ਹੈ, ਸਗੋਂ ਸਾਨੂੰ ਉਸ ਨੂੰ ਚੁਣੌਤੀ ਮੰਨ ਕੇ ਉਸ ਦਾ ਮੁਕਾਬਲਾ ਕਰਨਾ ਚਾਹੀਦਾ ਹੈ, ਤਾਂ ਹੀ ਸਾਨੂੰ ਸਫਲਤਾ ਮਿਲਦੀ ਹੈ। ਉਨ੍ਹਾਂ ਨੇ ਕਿਹਾ ਕਿ ਜੀਵਨ ਵਿਚ ਰੁਕਾਵਟਾਂ ਆਉਣਗੀਆਂ, ਪਰ ਉਨ੍ਹਾਂ ਰੁਕਾਵਟਾਂ ਨੂੰ ਪਾਰ ਕਰ ਕੇ ਅੱਗੇ ਵੱਧਣਾ ਹੋਵੇਗਾ।

## ਭਾਪਾ ਪ੍ਰੀਤਮ ਸਿੰਘ ਯਾਦਗਾਰੀ ਭਾਸ਼ਣ ਭਲਕੇ



**ਨਵੀਂ ਦਿੱਲੀ:** ਪੰਜਾਬੀ ਸਾਹਿਤ ਸਭਾ ਵੱਲੋਂ ਆਪਣੇ ਮਰਹੂਮ ਚੇਅਰਮੈਨ ਤੇ ਪੰਜਾਬੀ ਭਵਨ ਦੇ ਸੰਸਥਾਪਕ ਭਾਪਾ ਪ੍ਰੀਤਮ ਸਿੰਘ ਦੀ ਯਾਦ ਵਿਚ 18 ਨਵੰਬਰ, ਸਨਿੱਚਰਵਾਰ ਨੂੰ 18ਵਾਂ ਭਾਸ਼ਣ ਪੰਜਾਬੀ ਭਵਨ ਵਿਖੇ ਕਰਵਾਇਆ ਜਾ ਰਿਹਾ ਹੈ। ਪ੍ਰਸਿੱਧ ਸਾਹਿਤ ਚਿੰਤਕ ਡਾ. ਮਨਮੋਹਨ 'ਪੱਛਮੀ ਗਿਆਨ ਸਰੋਤ ਅਤੇ ਭਾਰਤੀ ਦਰਸ਼ਨ' ਉਤੇ ਆਪਣੇ ਭਾਸ਼ਣ ਕੇਂਦਰਿਤ ਕਰਨਗੇ। ਭਾਸ਼ਣ ਲੜੀ ਦੇ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਪੰਜਾਬੀ ਦੇ ਨਾਮੀ ਗਲਪਕਾਰਾ ਅਜੀਤ ਕੌਰ ਕਰਨਗੇ। ਪੰਜਾਬੀ ਭਵਨ ਦੇ ਡਾਇਰੈਕਟਰ ਬਲਬੀਰ ਮਾਧੋਪੁਰੀ ਨੇ ਸਭਾ ਦੇ ਚੇਅਰਪਰਸਨ ਪ੍ਰੋ. ਰੇਣੁਕਾ ਸਿੰਘ ਦੇ ਹਵਾਲੇ ਨਾਲ ਦੱਸਿਆ ਕਿ ਇਹ ਭਾਸ਼ਣ ਲੜੀ ਵਿਦਿਆਰਥੀਆਂ ਤੇ ਖੋਜਾਰਥੀਆਂ ਲਈ ਵਿਸ਼ੇਸ਼ ਤੌਰ 'ਤੇ ਲਾਹੇਵੰਦ ਸਾਬਤ ਹੋ ਰਹੀ ਹੈ।। ਇਸ ਵਿਚ ਸ਼ਾਮਲ ਹੋਣ ਲਈ ਸਭ ਨੂੰ ਹਾਰਦਿਕ ਸੱਦਾ ਹੈ।

## ਤੀਜੇ ਸਥਾਨ 'ਤੇ ਰਹੀ ਕਾਲਜ ਦੀ ਥੀਏਟਰ ਟੀਮ ਦਾ ਸਨਮਾਨ



**ਮਾਹਿਲਪੁਰ :** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਦੇਵ ਸਮਾਜ ਕਾਲਜ ਫਾਰ ਵੂਮੈਨ, ਫਿਰੋਜ਼ਪੁਰ ਵਿੱਚ ਕਰਵਾਏ 64ਵੇਂ ਇੰਟਰ ਜੋਨਲ ਯੁਥ ਯੁਵਕ ਅਤੇ ਵਿਰਾਸਤੀ ਮੇਲੇ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਥੀਏਟਰ ਟੀਮ ਨੇ ਸਕਿੱਟ ਮੁਕਾਬਲੇ ਵਿੱਚ ਤੀਜੀ ਪੁਜੀਸ਼ਨ ਹਾਸਿਲ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸਬੰਧੀ ਕਾਲਜ ਵਿਚ ਕਰਵਾਏ ਸਨਮਾਨ ਸਮਾਰੋਹ ਦੌਰਾਨ ਥੀਏਟਰ ਟੀਮ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਕੌਂਸਲ ਦੇ ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ ਮਾਹਿਲਪੁਰੀ ਅਤੇ ਪ੍ਰਿੰ ਡਾ ਪਰਵਿੰਦਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਹੋਰ ਮਿਹਨਤ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕੌਨਟੀਜੈਂਟ ਇੰਚਾਰਜ ਪ੍ਰੋ ਦੇਵ ਕੁਮਾਰ ਅਤੇ ਥੀਏਟਰੀਕਲ ਆਈਟਮਜ ਦੇ ਕਨਵੀਨਰ ਡਾ ਜੇ ਬੀ ਸੇਖੋਂ ਨੇ ਕਿਹਾ ਕਿ ਥੀਏਟਰੀਕਲ ਆਈਟਮਜ ਦੇ ਵਿਦਿਆਰਥੀ ਹਰ ਸਾਲ ਜੋਨਲ ਅਤੇ ਇੰਟਰ ਜੋਨਲ ਮੁਕਾਬਲਿਆਂ ਵਿੱਚ ਮਾਣਯੋਗ ਪ੍ਰਾਪਤੀਆਂ ਕਰਦੇ ਹਨ ਜੋ ਕਿ ਕਾਲਜ ਲਈ ਮਾਣ ਵਾਲੀ ਗੱਲ ਹੈ। ਇਸੇ ਤਰ੍ਹਾਂ ਉਕਤ ਇੰਟਰ ਜੋਨਲ ਮੁਕਾਬਲੇ ਵਿੱਚ ਸੁੰਦਰ ਲਿਖਾਈ ਮੁਕਾਬਲੇ ਵਿਚ ਤੀਜਾ ਸਥਾਨ ਹਾਸਿਲ ਕਰਨ ਵਾਲੀ ਵਿਦਿਆਰਥਣ ਕਿਰਤਪ੍ਰੀਤ ਕੌਰ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਅਮਿਤੋਜ ਸਿੰਘ, ਡਾ. ਬਲਵੀਰ ਕੌਰ, ਡਾਇਰੈਕਟਰ ਜਗਦੀਪ ਸਿੰਘ,ਪ੍ਰੋ ਅਸ਼ੋਕ ਕੁਮਾਰ ਆਦਿ ਸਮੇਤ ਹੋਰ ਸਟਾਫ ਅਤੇ ਇੰਟਰ ਜੋਨਲ ਦੀਆਂ ਜੇਤੂ ਕਾਲਜ ਦੀ ਗਿੱਧਾ ਟੀਮ ਦੀਆਂ ਵਿਦਿਆਰਥਣਾਂ ਵੀ ਹਾਜ਼ਰ ਸਨ।

## ਸਰਕਾਰੀ ਮਿਡਲ ਸਕੂਲ ਪਦਰਾਣਾ ਵਿਖੇ ਬਾਲ ਦਿਵਸ ਮਨਾਇਆ



**ਮਾਹਿਲਪੁਰ (ਸਫਰੀ)** ਗੜ੍ਹਸ਼ੰਕਰ ਦੇ ਪਿੰਡ ਪਦਰਾਣਾ ਵਿਖੇ ਸਰਕਾਰੀ ਮਿਡਲ ਸਕੂਲ ਵਿਖੇ ਮੁੱਖ ਅਧਿਆਪਕ ਪਰਮਜੀਤ ਸਿੰਘ ਦੀ ਅਗਵਾਈ ਚ ਬਾਲ ਦਿਵਸ ਮਨਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਵੱਖ ਵੱਖ ਸਕਿਟਾਂ, ਗਾਨ ਅਤੇ ਸਭਿਆਚਾਰ ਨੂੰ ਦਰਸਾਉਂਦੇ ਪ੍ਰੋਗਰਾਮ ਪੇਸ਼ ਕੀਤੇ। ਇਸ ਮੌਕੇ ਪਰਮਜੀਤ ਸਿੰਘ ਨੇ ਕਿਹਾ ਕਿ ਸਾਨੂੰ ਆਪਣੇ ਦਸ਼ਸ ਲਈ ਮਰ ਮਿਟਣ ਵਾਲੇ ਯੋਧਿਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਅਤੇ ਬੱਚਿਆਂ ਨੂੰ ਦੇਸ਼ ਲਈ ਕੁਰਬਾਨ ਹੋਣ ਵਾਲੇ ਯੋਧਿਆਂ ਦੀਆਂ ਗਾਥਾਵਾਂ ਤੋਂ ਜਾਣੂ ਕਰਵਾਉਣ ਲਈ ਇਸ ਤਰ੍ਹਾਂ ਦੇ ਸਮਾਗਮ ਕਰਵਾਉਂਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜਰ ਸੀ।

# ਸਕੂਲ ਦੀ ਅਧੂਰੀ ਇਮਾਰਤ ਨੂੰ ਮੁਕੰਮਲ ਕੀਤੇ ਜਾਣ ਤੱਕ ਧਰਨਾ ਜਾਰੀ ਰਹੇਗਾ : ਬਾਲੀ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਨਾ ਸਾਨੂੰ ਕ੍ਰੇਡਿਟ ਦੀ ਲੋੜ ਹੈ, ਨਾ ਸਾਨੂੰ ਬੱਲੇ ਬੱਲੇ ਦੀ ਲੋੜ ਹੈ, ਲੋੜ ਹੈ ਕਿ ਸਕੂਲ ਦੀ ਇਮਾਰਤ ਨੂੰ ਪੂਰੀ ਕਰਕੇ ਸਕੂਲ ਚਾਲੂ ਕੀਤਾ ਜਾਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਰਕਾਰੀ ਸਕੂਲ ਬਚਾਓ ਮੋਰਚਾ ਦੇ ਕਨਵੀਨਰ ਕਾਮਰੇਡ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਕਿਹਾ ਕਿ ਅਸੀਂ ਅੱਜ ਦੇ ਨਹੀਂ ਧਰਨੇ, ਮੁਜਾਹਰੇ ਕਰਨ ਲੱਗੇ, ਸਾਨੂੰ 17 ਸਾਲ ਅੱਜ 68 ਦਿਨ ਹੋ ਗਏ ਹਨ। 2006 ਵਿੱਚ ਨੂਰਮਹਿਲ ਦੀ ਸਰਾਂ ਵਿੱਚੋਂ ਇਹ ਸਰਕਾਰੀ ਸਕੂਲ, ਨਗਰ ਕੌਂਸਲ ਦਫਤਰ, ਪੀ ਡਬਲਯੂ ਡੀ ,ਪਟਵਾਰ ਖਾਨਾ, ਅਤੇ ਥਾਣਾ, ਇਹ ਪੁਰਾਤਤਵ ਵਿਭਾਗ, ਅਨੁਸਾਰ ਨੂਰਮਹਿਲ ਦੀ ਸਰਾਂ ਵਿੱਚੋਂ ਬਾਹਰ ਕੱਢ ਦਿੱਤੇ ਸਨ। ਬਾਕੀ ਦਫਤਰ ਅਤੇ ਥਾਣਾ ਤਾਂ ਬਣ ਗਏ ਪਰ ਸਕੂਲ ਬਦਕਿਸਮਤੀ ਨਾਲ ਨਹੀਂ ਬਣਿਆ। ਇਸ ਵਿੱਚਲੇ ਬੱਚਿਆਂ ਨੂੰ ਉਸ ਸਮੇਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਨੂਰਮਹਿਲ ਦੇ ਵਿੱਚ ਰਲੇਵਾਂ ਕਰ ਦਿੱਤਾ ਸੀ। ਜੋ ਕਿ ਅੱਜ ਵੀ ਨੂਰਮਹਿਲ ਦੇ ਲੰਮੇ ਬਜਾਰ ਵਿੱਚ ਅਤੇ ਸੰਘਣੀ ਆਬਾਦੀ ਵਿੱਚ ਚੱਲਦਾ ਹੈ। ਸਕੂਲ ਦੇ ਕਮਰੇ ਘੱਟ ਅਤੇ ਦੋਨਾਂ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ ਦੁੱਗਣੀ ਹੋਣ ਕਰਕੇ ਇੱਕ ਇੱਕ ਕਮਰਿਆਂ ਵਿੱਚ ਤਿੰਨ ਤਿੰਨ ਕਲਾਸਾਂ ਬੈਠਣ ਕਰਕੇ ਪੜ੍ਹਾਈ ਦਾ ਬਹੁਤ ਮਾੜਾ ਹਾਲ ਹੋਣ ਲੱਗਾ। ਉਸ ਵਕਤ ਇਹ ਮੁੱਦਾ 2006 ਤੋਂ ਲੈ ਕੇ 2010 ਤੱਕ ਅਖਬਾਰਾਂ ਚੈਨਲਾਂ ਟੀ ਵੀ ਆਦਿ ਰਾਹੀਂ ਸਰਕਾਰ ਤੱਕ ਪਹੁੰਚਾਇਆ ਸੀ। ਜਿਸ ਦੀ ਬਦੌਲਤ, 2008 ਵਿੱਚ ਸਿੱਖਿਆ ਵਿਭਾਗ ਦੇ ਨਾਂਅ 14 ਕਨਾਲ 17 ਮਰਲੇ ਹੋ ਗਈ । 2010 ਤੋਂ 2016 ਤੱਕ ਬਾਲੀ ਕਨਵੀਨਰ ਵਲੋਂ ਬਣਾਈ, ਲੋਕ ਰੱਖਿਆ ਕਮੇਟੀ ਨੂਰਮਹਿਲ ਵਲੋਂ ਅਤੇ ਪੇਂਡੂ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾ ਅਤੇ ਹੋਰ ਵੱਖ ਵੱਖ ਜਨਤਕ ਜਥੇਬੰਦੀਆਂ ਵੱਲੋਂ ਲਗਾਤਾਰ ਰੋਸ ਧਰਨੇ, ਰੈਲੀਆਂ, ਮੁਜਾਹਰੇ,ਚੱਕੇ ਜਾਮ ਅਤੇ ਭੁੱਖ ਹੜਤਾਲ ਧਰਨੇ ਲੱਗੇ। ਉਸ ਸਮੇਂ ਵੱਖ ਵੱਖ ਸਿਆਸੀ ਪਾਰਟੀਆਂ, ਕਾਂਗਰਸ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੀ ਸਾਂਝੀ ਸਰਕਾਰ ਆਦਿ ਦੇ ਖਿਲਾਫ ਅਤੇ ਨਗਰ ਕੌਂਸਲ ਨੂਰਮਹਿਲ ਦੇ ਖਿਲਾਫ ਧਰਨੇ ਲੱਗਣ ਲੱਗੇ। ਉਸ ਸਮੇਂ ਨਗਰ ਕੌਂਸਲ ਨੂਰਮਹਿਲ ਦੇ ਪ੍ਰਧਾਨ ਵਲੋਂ ਅਤੇ ਲੋਕ ਰੱਖਿਆ ਕਮੇਟੀ ਨੂਰਮਹਿਲ ਵਲੋਂ, ਨਗਰ ਕੌਂਸਲ ਨੂਰਮਹਿਲ ਦੇ ਦਫਤਰ ਵਿੱਚ ਇੱਕ ਸਾਂਝੀ ਸਕੂਲ ਨੂੰ ਬਣਾਉਣ ਵਾਸਤੇ ਮੀਟਿੰਗ ਰੱਖੀ ਗਈ। ਜਿਸ ਵਿੱਚ ਕਿਹਾ ਗਿਆ ਕਿ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਜ਼ਰੂਰ ਬਣਾ ਕੇ ਚਾਲੂ ਕੀਤਾ ਜਾਵੇਗਾ। ਇਸੇ ਦੌਰਾਨ ਵੱਖ ਵੱਖ ਪੱਤਰਕਾਰਾਂ, ਚੈਨਲਾਂ ਆਦਿ ਨੇ ਵੀ ਇਸ ਸਕੂਲ ਨੂੰ ਬਣਾਉਣ ਲਈ ਅਖਬਾਰਾਂ ਚਿੱਠੀਆਂ ਆਦਿ ਰਾਹੀਂ ਉਸ ਸਮੇਂ ਦੀਆਂ ਵੱਖ ਵੱਖ ਸਰਕਾਰਾਂ ਤੱਕ ਪਹੁੰਚ ਕੀਤੀ। 2016 ਵਿੱਚ ਉਸ ਸਮੇਂ ਦੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਿੱਖਿਆ ਵਿਭਾਗ ਵਲੋਂ ਇੱਕ ਕਰੋੜ 14 ਲੱਖ ਰੁਪਏ ਦੀ ਗ੍ਰਾਂਟ ਮਨਜੂਰ ਹੋਈ। ਜਿਸ ਦੀ ਜਿੱਤ ਦੀ ਖੁਸ਼ੀ ਵਿੱਚ ਲੋਕ ਰੱਖਿਆ ਕਮੇਟੀ ਨੂਰਮਹਿਲ ਦੇ ਕਨਵੀਨਰ ਕਾਮਰੇਡ ਬਾਲੀ, ਚੇਅਰਪਰਸਨ ਮੈਡਮ ਸੁਮਨ ਲਤਾ ਪਾਠਕ, ਵਾਈਸ ਚੇਅਰਪਰਸਨ ਮਨਜੀਤ ਕੌਰ ਪੰਡੋਰੀ ਅਤੇ ਪ੍ਰਚਾਰ ਸਕੱਤਰ ਮੈਡਮ ਸੀਮਾ ਸ਼ਰਮਾ ਵਲੋਂ ਉਸ ਸਮੇਂ ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਧੰਨਵਾਦ ਤੇ ਸਨਮਾਨ ਚਿੰਨ੍ਹ, ਉਨ੍ਹਾਂ ਦੇ ਗ੍ਰਹਿ ਚੰਡੀਗੜ੍ਹ ਵਿਖੇ ਦਿੱਤਾ ਗਿਆ ਸੀ। 14 ਦਸੰਬਰ 2016 ਵਿੱਚ ਉਸ ਸਮੇਂ ਸਿੱਖਿਆ ਮੰਤਰੀ ਦਲਜੀਤ ਸਿੰਘ ਚੀਮਾ ਵਲੋਂ ਹਲਕਾ ਨਕੋਦਰ ਦੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਸ ਸਕੂਲ ਦੇ ਇਮਾਰਤ ਦੀ ਉਸਾਰੀ, ਸਿੱਖਿਆ ਵਿਭਾਗ ਵਲੋਂ ਅਤੇ ਪੀ ਡਬਲਯੂ ਡੀ ਵਿਭਾਗ ਵਲੋਂ ਸ਼ੁਰੂ ਕੀਤੀ ਗਈ। ਜਿਸ 'ਤੇ ਇਸ ਇਮਾਰਤ 'ਤੇ ਲੱਗਭੱਗ 57 ਲੱਖ ਰੁਪਏ ਦੀ ਲਾਗਤ ਨਾਲ ਇਹ ਅੱਧੀ ਅਧੂਰੀ ਇਮਾਰਤ ਬਣੀ ਹੋਈ ਹੈ ਅਤੇ ਇਹ ਇਸ ਇਮਾਰਤ ਦੀਆਂ ਨੀਹਾਂ ਵਿੱਚ ਵੀ ਨਗਰ ਕੌਂਸਲ ਨੂਰਮਹਿਲ ਵਲੋਂ ਸ਼ਹਿਰ ਨੂਰਮਹਿਲ ਦੇ ਘਰਾਂ ਦਾ ਗੰਦਾ ਪਾਣੀ ਪਾਇਆ ਜਾ ਰਿਹਾ ਹੈ ਅਤੇ ਇਸ ਨੂੰ ਖੰਡਰ ਬਣਾਉਣ 'ਤੇ ਤੁੱਲੀ ਹੋਈ ਹੈ। 2017, ਤੋਂ 2022 ਕਾਂਗਰਸ ਸਰਕਾਰ ਆਉਣ ਤੋਂ ਅਤੇ 2022 ਤੋਂ 17 ਨਵੰਬਰ 2023, ਤੱਕ ਸਰਕਾਰਾਂ ਆਈਆਂ ਤੇ ਗਈਆਂ। ਇਸੇ ਦੌਰਾਨ ਕਾਮਰੇਡ ਬਾਲੀ ਵਲੋਂ ਲੋਕ ਰੱਖਿਆ ਕਮੇਟੀ ਨੂਰਮਹਿਲ ਵਲੋਂ ਅਖਬਾਰਾਂ ਵਿੱਚ ਚੈਨਲਾਂ ਆਦਿ ਰਾਹੀਂ ਮੰਗ ਪੱਤਰ ਦਿੱਤੇ ਗਏ ਪਰ ਸਰਕਾਰਾਂ ਦਾ ਹਾਲ ਓਹੀ ਰਿਹਾ। ਕਾਮਰੇਡ ਬਾਲੀ ਨੇ ਅਤੇ ਹੋਰ ਵੱਖ ਵੱਖ ਜਨਤਕ ਜਥੇਬੰਦੀਆਂ, ਪੇਂਡੂ ਮਜਦੂਰ ਯੂਨੀਅਨ ਪ੍ਰਧਾਨ ਹੰਸ ਰਾਜ ਪੱਬਵਾ, ਸੰਯੁਕਤ ਮੋਰਚੇ ਦੇ ਪ੍ਰਧਾਨ ਸੰਤੋਖ ਸਿੰਘ ਸੰਧੂ,ਨੰਬਰਦਾਰ ਯੂਨੀਅਨ ਪ੍ਰਧਾਨ ਅਸ਼ੋਕ ਸੰਧੂ, ਭਾਰਤੀ ਕਿਸਾਨ ਯੂਨੀਅਨ ਪੰਜਾਬ,ਪੂਰਨ ਸਿੰਘ ਬੁਰਜ ਹਸਨ, ਭਾਰਤੀ ਕਿਸਾਨ ਯੂਨੀਅਨ ਦੁਆਬਾ ਰਛਪਾਲ ਸਿੰਘ ਗਰਚਾ ਅਤੇ ਪਰਦੀਪ ਸਿੰਘ ਤਲਵਣ, ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ ਸਕੱਤਰ ਤੀਰਥ ਸਿੰਘ ਬਾਸੀ,ਮਨੋਜ ਕੁਮਾਰ ਸਰੋਏ, ਕੁਲਦੀਪ ਵਾਲੀਆ ,ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸਕੱਤਰ ਗੁਰਕਮਲ ਸਿੰਘ, ਪੱਤਰਕਾਰ ਅਵਤਾਰ ਚੰਦ ਆਦਿ ਵਲੋਂ ਲੋਕ ਰੱਖਿਆ ਕਮੇਟੀ ਨੂਰਮਹਿਲ ਦਾ ਨਾਂਅ ਬਦਲ ਕੇ, ਸਰਕਾਰੀ ਸਕੂਲ ਬਚਾਓ ਮੋਰਚਾ ਨੂਰਮਹਿਲ ਰੱਖਿਆ ਗਿਆ। ਸਕੂਲ ਦੀ ਅੱਧੀ ਅਧੂਰੀ ਇਮਾਰਤ ਨੂੰ ਪੂਰੀ ਇਮਾਰਤ ਬਣਾਉਣ ਦੇ ਸਬੰਧ ਵਿੱਚ ਲਗਾਤਾਰ ਧਰਨਾ ਕਨਵੀਨਰ ਕਾਮਰੇਡ ਬਾਲੀ ਦੀ ਅਗਵਾਈ ਵਿੱਚ ਲਗਾਤਾਰ ਧਰਨਾ ਜਾਰੀ ਹੈ ਜਿਸ ਨੂੰ ਧਰਨੇ 'ਤੇ ਬੈਠਿਆਂ ਅੱਜ 68 ਦਿਨ ਹੋ ਗਏ ਹਨ। ਇਸ ਧਰਨੇ ਦੌਰਾਨ ਆਮ ਆਦਮੀ ਪਾਰਟੀ ਦੇ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੂੰ ਮੰਗ ਪੱਤਰ ਵੀ ਦਿੱਤੇ ਗਏ ਅਤੇ ਇਸ ਇਮਾਰਤ ਦੀਆਂ ਨੀਹਾਂ ਵਿੱਚ ਪੈਂਦਾਂ ਪਾਣੀ ਨੂੰ ਰੋਕਣ ਲਈ ਨਗਰ ਕੌਂਸਲ ਨੂਰਮਹਿਲ ਦੇ ਈ ਓ ਨੂੰ ਮੰਗ ਪੱਤਰ ਦਿੱਤਾ ਅਤੇ ਬੇਨਤੀਆਂ ਵੀ ਕੀਤੀਆਂ ਹਨ। ਕਿਸੇ ਨੇ ਵੀ ਚੰਗੀ ਤਰ੍ਹਾਂ ਇਸ ਸਕੂਲ ਦੀ ਅਤੇ ਧਰਨਾਕਾਰੀਆਂ ਦੀ ਸਾਰ ਨਹੀਂ ਲਈ, ਧਰਨਾ ਲਗਾਤਾਰ ਜਾਰੀ ਰਹੇਗਾ।

# ਹਨੂਮਤ ਦੇ ਵਿਦਿਆਰਥੀਆਂ ਨੂੰ ਰਾਸ਼ਟਰਪਤੀ ਨਾਲ ਮਿਲਣ ਦਾ ਮਿਲਿਆ ਮੌਕਾ



**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੁਰਾਇਆ ਦੇ ਵਿਦਿਆਰਥੀਆਂ ਨੇ ਰਾਸ਼ਟਰਪਤੀ ਭਵਨ ਵਿਖੇ ਬਾਲ ਦਿਵਸ ਦੇ ਮੌਕੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਦਾ ਅਨੁਭਵ ਹਾਸਿਲ ਕੀਤਾ। ਹਨੂਮਤ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਆਪਣੇ ਆਪ ਨੂੰ ਬਹੁਤ ਭਾਗਸ਼ਾਲੀ ਮੰਨਦੇ ਹਨ, ਕਿਉਂਕਿ ਹਨੂਮਤ ਦੇ ਵਿਦਿਆਰਥੀ ਸਾਲ 2014 ਅਤੇ 2017 ਵਿੱਚ ਪ੍ਰਣਬ ਮੁਖਰਜੀ ਅਤੇ ਰਾਮ ਨਾਥ ਕੋਵਿੰਦ ਨੂੰ ਵੀ ਮਿਲ ਚੁੱਕੇ ਹਨ, ਜਿੱਥੇ ਉਨ੍ਹਾਂ ਨੂੰ ਦੋਵਾਂ ਰਾਸ਼ਟਰਪਤੀਆਂ ਨਾਲ ਗੱਲਬਾਤ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਲਗਭਗ 400 ਤੋਂ ਵੱਧ ਵਿਦਿਆਰਥੀਆਂ ਅਤੇ 200 ਦੇ ਕਰੀਬ ਅਧਿਆਪਕਾਂ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ, ਰਾਕੇਸ਼ ਕੁਮਾਰ (ਸ਼ਿਪਸ, ਸੀ ਬੀ ਐਸ ਈ - ਕੋਆਰਡੀਨੇਟਰ), ਤਨਮਯ ਬਜਾਜ, ਕੀਰਤਪ੍ਰੀਤ, ਹਰਨੀਤ ਕੌਰ ਅਤੇ ਜਪਸਹਜ ਸਿੰਘ ਨੇ ਰਾਸ਼ਟਰਪਤੀ ਨਾਲ ਗੱਲਬਾਤ ਕੀਤੀ। ਇਸ ਮੌਕੇ ਰਾਸ਼ਟਰਪਤੀ ਨੇ ਕਿਹਾ ਕਿ ਅੱਜ ਅਸੀਂ ਬੱਚਿਆਂ ਦੀ ਮਾਸੂਮੀਅਤ ਅਤੇ ਸ਼ੁੱਧਤਾ ਦਾ ਤਿਉਹਾਰ ਮਨਾ ਰਹੇ ਹਾਂ। ਰਾਸ਼ਟਰਪਤੀ ਨੇ ਬੱਚਿਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਨਵੇਂ ਅਤੇ ਵਿਕਸਤ ਭਾਰਤ ਦਾ ਸੁਪਨਾ ਦੇਖਣ ਲਈ ਕਿਹਾ। ਉਨ੍ਹਾਂ ਕਿਹਾ ਕਿ ਅੱਜ ਦੇ ਸੁਪਨੇ ਕੱਲ੍ਹ ਸਾਕਾਰ ਹੋ ਸਕਦੇ ਹਨ। ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਉਹ ਵੱਡੇ ਹੋ ਕੇ ਇਹ ਸੋਚਣ ਕਿ ਉਹ ਕਿਸ ਤਰ੍ਹਾਂ ਦੇ ਭਾਰਤ ਵਿੱਚ ਰਹਿਣਾ ਚਾਹੁੰਦੇ ਹਨ। ਉਨ੍ਹਾਂ ਨਤੀਜਿਆਂ ਦੀ ਚਿੰਤਾ ਕੀਤੇ ਬਿਨਾਂ ਡਿਊਟੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਤੁਸੀਂ ਅੱਜ ਜੋ ਰਾਹ ਚੁਣਦੇ ਹੋ, ਉਹ ਆਉਣ ਵਾਲੇ ਦਿਨਾਂ ਵਿੱਚ ਭਾਰਤ ਦਾ ਰਸਤਾ ਤੈਅ ਕਰੇਗਾ। ਉਨ੍ਹਾਂ ਇਹ ਵੀ ਕਿਹਾ ਕਿ ਵੱਡੇ ਹੋ ਕੇ ਵੀ ਉਨ੍ਹਾਂ ਨੂੰ ਆਪਣੇ ਅੰਦਰਲੇ ਬੱਚੇ ਨੂੰ ਜ਼ਿੰਦਾ ਰੱਖਣਾ ਚਾਹੀਦਾ ਹੈ। ਉਨ੍ਹਾਂ ਨੇ ਉਨ੍ਹਾਂ ਨੂੰ ਭਾਰਤ ਦੇ ਸੱਭਿਆਚਾਰ ਨਾਲ ਜੁੜੇ ਰਹਿਣ, ਮਾਤਾ-ਪਿਤਾ ਦਾ ਹਮੇਸਾ ਸਤਿਕਾਰ ਕਰਨ ਅਤੇ ਮਾਤ ਭੂਮੀ ਨਾਲ ਜੁੜੇ ਰਹਿਣ ਲਈ ਕਿਹਾ। ਪ੍ਰਿੰਸੀਪਲ ਆਰਤੀ ਸੋਬਤੀ ਨੇ ਕਿਹਾ ਕਿ ਅੱਜ-ਕੱਲ੍ਹ ਦੇ ਬੱਚੇ ਵੱਖ-ਵੱਖ ਘਰੇਲੂ, ਸਮਾਜਿਕ ਅਤੇ ਵਾਤਾਵਰਨ ਸਬੰਧੀ ਮਸਲਿਆਂ ਬਾਰੇ ਜਾਗਰੂਕ ਹੋ ਰਹੇ ਹਨ। ਇਸ ਲਈ ਇਹ ਹੋਰ ਵੀ ਮਹੱਤਵਪੂਰਨ ਹੈ ਕਿ ਅਸੀਂ ਉਨ੍ਹਾਂ ਨੂੰ ਸਹੀ ਕਦਰਾਂ-ਕੀਮਤਾਂ ਸਿਖਾਉਣ ਅਤੇ ਉਨ੍ਹਾਂ ਨੂੰ ਵੱਖ-ਵੱਖ ਗਤੀਵਿਧੀਆਂ ਅਤੇ ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਕਰਨ ਲਈ ਵਧੇਰੇ ਯਤਨ ਕਰੀਏ। ਉਨ੍ਹਾਂ ਕਿਹਾ ਕਿ ਅਸੀਂ ਬੱਚਿਆਂ ਤੋਂ ਵੀ ਬਹੁਤ ਕੁਝ ਸਿੱਖ ਸਕਦੇ ਹਾਂ। ਹਨੂਮਤ ਦੇ ਵਿਦਿਆਰਥੀ, ਪ੍ਰਿੰਸੀਪਲ ਤੇ ਅਧਿਆਪਕ ਰਾਸ਼ਟਰਪਤੀ ਨੂੰ ਮਿਲ ਕੇ ਬਹੁਤ ਖੁਸ਼ ਨਜ਼ਰ ਆ ਰਹੇ ਸਨ।

# ਪੰਚਾਇਤ ਮੰਤਰੀ ਨੇ 203 ਏਕੜ ਜ਼ਮੀਨ ਤੋਂ ਨਾਜਾਇਜ਼ ਕਬਜ਼ਾ ਛੁਡਵਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਜ਼ਿਲ੍ਹੇ ਦੇ ਤਲਵਾੜਾ ਬਲਾਕ ਦੇ ਪਿੰਡ ਭੰਬੋਤਾੜ ਦੀ 203 ਏਕੜ ਪੰਚਾਇਤੀ ਜ਼ਮੀਨ ਤੋਂ ਨਾਜਾਇਜ਼ ਕਬਜਾ ਛੁਡਵਾਇਆ। ਇਸ ਮੌਕੇ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਵੀ ਉਨ੍ਹਾਂ ਦੇ ਨਾਲ ਸਨ। ਪਿੰਡ ਦੇ ਕਮਿਊਨਿਟੀ ਸੈਂਟਰ 'ਚ ਕਰਵਾਏ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਚਾਇਤ ਮੰਤਰੀ ਨੇ ਦੱਸਿਆ ਕਿ ਭੰਬੋਤਾੜ ਅਧੀਨ ਪੈਂਦੇ ਚਾਰ ਪਿੰਡਾਂ 'ਚ 252 ਏਕੜ ਪੰਚਾਇਤੀ ਜ਼ਮੀਨ 'ਤੇ ਕਬਜਾ ਸੀ ਅਤੇ 203 ਏਕੜ ਜ਼ਮੀਨ 'ਤੇ ਨਾਜਾਇਜ਼ ਕਬਜਾ ਪਿੰਡਾਂ ਦੀਆਂ ਪੰਚਾਇਤਾਂ ਅਤੇ ਕਿਸਾਨਾਂ ਵੱਲੋਂ ਆਪਣੀ ਮਰਜੀ ਨਾਲ ਛੱਡਿਆ ਗਿਆ ਹੈ, ਜੋ ਕਿ ਸ਼ਲਾਘਾਯੋਗ ਕੰਮ ਹੈ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੀ ਜ਼ਮੀਨ 'ਤੇ ਲੋਕਾਂ ਨੇ ਆਪਣੇ ਘਰ ਬਣਾ ਲਏ ਹਨ, ਇਸ ਸੰਬੰਧੀ ਨੀਤੀ ਬਣਾ ਕੇ ਜਲਦੀ ਹੀ ਕਬਜੇ ਛੁਡਵਾ ਲਏ ਜਾਣਗੇ ਅਤੇ ਲੋਕਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇੱਕ ਸਵਾਲ ਦੇ ਜਵਾਬ 'ਚ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੂਬੇ 'ਚ ਵੱਖ-ਵੱਖ ਥਾਵਾਂ 'ਤੇ ਕਰੀਬ 13 ਹਜ਼ਾਰ ਏਕੜ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜੇ ਛੁਡਵਾਏ ਗਏ ਹਨ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਅਦਾਲਤੀ ਕੇਸਾਂ ਦੇ ਨਿਪਟਾਰੇ ਸੰਬੰਧੀ ਵਕਾਲਤ 'ਚ ਤੇਜੀ ਲਿਆਂਦੀ ਜਾਵੇਗੀ ਅਤੇ ਸੂਬੇ ਦੀਆਂ ਹੋਰ ਜ਼ਮੀਨਾਂ ਨੂੰ ਵੀ ਜਲਦੀ ਹੀ ਕਬਜ਼ਿਆਂ ਤੋਂ ਮੁਕਤ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰੀ ਜ਼ਮੀਨਾਂ 'ਤੇ ਨਾਜਾਇਜ਼ ਕਬਜਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਭਾਵੇਂ ਉਹ ਕਿੰਨਾ ਵੀ ਪ੍ਰਭਾਵਸਾਲੀ ਕਿਉਂ ਨਾ ਹੋਵੇ, ਬਖਸ਼ਿਆ ਨਹੀਂ ਜਾਵੇਗਾ।

# ਸੈਣੀ ਦੀਆਂ ਤਸਵੀਰਾਂ ਫੂਕ ਕੇ ਕਾਲੀ ਦੀਵਾਲੀ ਮਨਾਈ

**ਸੁਭਾਨਪੁਰ (ਹਰਮੇਸ਼ ਦੱਤ)** ਕਪੂਰਥਲਾ ਦੇ ਵੱਖ ਵੱਖ ਪਿੰਡਾਂ ਵਿੱਚ ਗਰੀਬ ਮਜਦੂਰ ਬਹੁਜਨ ਸਮਾਜ ਦੇ ਲੋਕਾਂ ਵੱਲੋਂ ਐਸ ਸੀ ਸਮਾਜ ਦੇ ਵਿਰੋਧੀ ਆਰ ਪੀ ਸੈਣੀ ਦੀਆਂ ਤਸਵੀਰਾਂ ਫੂਕ ਕੇ ਕਾਲੀ ਦਿਵਾਲੀ ਮਨਾਈ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਭੀਮ ਆਰਮੀ ਭਾਰਤ ਏਕਤਾ ਮਿਸ਼ਨ ਅਤੇ ਅਜ਼ਾਦ ਸਮਾਜ ਪਾਰਟੀ ਕਪੂਰਥਲਾ ਦੇ ਜ਼ਿਲ੍ਹਾ ਇੰਚਾਰਜ ਜਸਬੀਰ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਦਿਨੀ ਹਮੀਰਾ ਫੈਕਟਰੀ ਦੇ ਕਰਮਚਾਰੀ ਅਕਲੇਸ ਕੁਮਾਰ ਨੂੰ ਗਰਿੱਡ ਸਕਿਓਰਟੀ ਦੇ ਮੈਨੇਜਰ ਆਰ ਪੀ ਸੈਣੀ ਵੱਲੋਂ ਅਨੁਸੂਚਕ ਜਾਤੀ ਸ਼ਬਦ ਬੋਲੇ ਗਏ ਸੀ । ਇਸ ਸਬੰਧ ਵਿੱਚ ਅਕਲੇਸ ਕੁਮਾਰ ਵੱਲੋਂ ਆਪਣੀ ਦਰਖਾਸਤ ਥਾਣਾ ਸੁਭਾਨਪੁਰ ਦੇ ਐਸ. ਐਚ.ਓ. ਹਰਦੀਪ ਸਿੰਘ ਨੂੰ ਰੂਪ ਵਿੱਚ ਦਿੱਤੀ ਗਈ ਸੀ ਪਰ ਪੁਲਸ ਵੱਲੋਂ ਇਸ ਦਰਖ਼ਾਸਤ ਉੱਪਰ ਕੋਈ ਵੀ ਅਜੇ ਤੱਕ ਕਾਰਵਾਈ ਨਹੀਂ ਕੀਤੀ ਗਈ ਇਸ ਲਈ ਬਹੁਜਨ ਸਮਾਜ ਅਤੇ ਗਰੀਬ ਮਜਦੂਰ ਲੋਕਾਂ ਨੇ ਦਿਵਾਲੀ ਵਾਲੇ ਦਿਨ ਆਰ ਪੀ ਸੈਣੀ ਦੀਆਂ ਕਪੂਰਥਲਾ ਦੇ ਵੱਖ ਵੱਖ ਪਿੰਡਾਂ ਵਿੱਚ ਤਸਵੀਰਾਂ ਸਾੜ ਕੇ ਕਾਲੀ ਦਿਵਾਲੀ ਮਨਾਈ ਗਈ ਅਤੇ ਬਹੁਜਨ ਸਮਾਜ ਦੇ ਲੋਕਾਂ ਨੇ ਕਪੂਰਥਲਾ ਦੇ ਐਸ.ਐਸ.ਪੀ. ਨੂੰ ਅਪੀਲ ਕੀਤੀ ਹੈ ਕਿ ਆਰ ਪੀ ਸੈਣੀ ਉੱਪਰ ਐਸ ਸੀ ਐਕਟ ਦੇ ਤਹਿਤ ਮੁਕੱਦਮਾ ਦਰਜ ਕਰਕੇ ਉਸ ਨੂੰ ਤੁਰੰਤ ਗਿਰਫਤਾਰ ਕੀਤਾ ਜਾਵੇ ਅਤੇ ਅਕਲੇਸ਼ ਕੁਮਾਰ ਨੂੰ ਇਨਸਾਫ ਦਿੱਤਾ ਜਾਵੇ ।

## ਫਲਸਤੀਨੀ ਲੋਕਾਂ ਦੀ ਨਸਲਕੁਸ਼ੀ....

(ਸਫ਼ਾ 4 ਦੀ ਬਾਕੀ)

ਇਸੇ ਦੌਰਾਨ ਹੀ ਇਜ਼ਰਾਈਲ ਦੀ ਘੇਰਾਬੰਦੀ ਵਾਲੇ ਖੇਤਰ ਗਾਜ਼ਾ ਪੱਟੀ 'ਚ ਹੋਏ ਚੁਣਾਵ 'ਚ 2007 'ਚ ਹਮਾਸ ਦਾ ਪਾਰਲੀਮਾਨੀ ਵਿੰਗ ਜਮਹੂਰੀ ਤਰਜੇਅਮਲ ਨਾਲ ਸੱਤਾ 'ਚ ਆਇਆ ਅਤੇ ਉਹ ਅਜੇ ਤੱਕ ਵੀ ਗੱਦੀ 'ਤੇ ਹੈ। ਨੇਤਨਯਾਹੂ ਹਮਾਸ ਨੂੰ ਅੱਤਵਾਦੀ ਜੱਥੇਬੰਦੀ ਐਲਾਨਦਾ ਹੈ ਅਤੇ ਉਸ ਦਾ ਅਤੇ ਫਲਸਤੀਨੀ ਲੋਕਾਂ ਦਾ ਇਸ ਜਗਤ 'ਚੋਂ ਨਾਮੋ-ਨਿਸ਼ਾਨ ਮਿਟਾਉਣ ਲਈ ਆਮਦਾ ਹੈ।

**ਫਲਸਤੀਨੀਆਂ ਦੀ ਨਸਲਕੁਸ਼ੀ 'ਤੇ ਆਮਦਾ ਇਜ਼ਰਾਈਲੀ ਹੁਕਮਰਾਨ**

ਮੀਕੋ ਪੇਲੇਡ ਇਜ਼ਰਾਈਲੀ ਫੌਜ ਦੇ ਇੱਕ ਜਨਰਲ ਦਾ ਪੁੱਤਰ ਹੈ ਅਤੇ ਲੇਖਕ ਹੋਣ ਦੇ ਨਾਲ-ਨਾਲ ਉਹ ਇੱਕ ਸਮਾਜਿਕ ਕਾਰਕੁਨ ਵੀ ਹੈ। ਉਸ ਨੇ ਆਪਣੇ ਵੱਲੋਂ ਜਾਰੀ ਇੱਕ ਵੀਡੀਓ 'ਚ ਇਹ ਬਿਆਨ ਦਿੱਤਾ ਹੈ ਕਿ ਇਜ਼ਰਾਈਲੀ ਫੌਜ (ਆਈ ਡੀ ਐੱਫ) ਇੱਕ ਆਧੁਨਿਕਤਮ ਹਥਿਆਰਾਂ ਤੇ ਹੋਰ ਸਾਜ਼ੋ-ਸਾਮਾਨ ਨਾਲ ਲੈਸ ਬਹੁਤ ਆਲੀਸ਼ਾਨ ਵਰਦੀਧਾਰੀ, ਪੂਰਨ ਰੂਪ 'ਚ ਸਿੱਖਿਅਤ, ਤਕਨੀਕ ਪੱਖੋਂ ਪੂਰੀ ਲੈਸ, ਕੋਈ ਫੌਜੀ ਜਥੇਬੰਦੀ ਨਹੀਂ ਹੈ, ਬਲਕਿ ਇਹ ਇੱਕ ਅੱਤਵਾਦੀ ਜੱਥੇਬੰਦੀ ਹੈ। ਉਸ ਨੇ ਆਪਣੀ ਇਸ ਗੱਲ ਦੀ ਹਮਾਇਤ 'ਚ ਇੱਕ ਘਟਨਾ ਦਾ ਜ਼ਿਕਰ ਕੀਤਾ ਹੈ ਕਿ ਕਿਵੇਂ 2007/8 'ਚ ਇਜ਼ਰਾਈਲੀ ਫੌਜ ਨੇ 11 ਵੱਜ ਕੇ 25 ਮਿੰਟ 'ਤੇ ਇੱਕੋ ਸਮੇਂ ਹੀ ਸਕੂਲੀ ਬੱਚਿਆਂ 'ਤੇ ਬੰਬਾਰੀ ਕੀਤੀ ਸੀ। ਹਮਲੇ ਦਾ ਇਹ ਵਕਤ ਮਿੱਥਣਾ ਇੱਕ ਬਹੁਤ ਹੀ ਡੂੰਘੀ, ਕਮੀਨੀ ਤੇ ਕਚਿਆਈ ਲਿਆਉਣ ਵਾਲੀ ਵੱਡੀ ਸਾਜ਼ਿਸ਼ ਦਾ ਇੱਕ ਹਿੱਸਾ ਸੀ, ਜੀਹਦੇ ਮੁਤਾਬਕ ਇਜ਼ਰਾਈਲੀਆਂ ਨੇ ਫਲਸਤੀਨੀ ਲੋਕਾਂ ਦੀ ਵੱਡੇ ਪੱਧਰ 'ਤੇ ਨਸਲਕੁਸ਼ੀ ਕਰਨੀ ਹੈ, ਕਿਉਂਕਿ ਹਮਲੇ ਦਾ ਇਹ ਸਮਾਂ ਉਹ ਸਮਾਂ ਸੀ, ਜਦੋਂ ਸਕੂਲੀ ਬੱਚਿਆਂ ਦੀ ਪਹਿਲੀ ਸ਼ਿਫਟ ਖਤਮ ਹੁੰਦੀ ਹੈ ਅਤੇ ਦੂਜੀ ਸ਼ੁਰੂ ਹੁੰਦੀ ਹੈ, ਯਾਨਿ ਕਿ ਇਸ ਸਮੇਂ 'ਚ ਬਹੁਤ ਹੀ ਵੱਡੀ ਤਾਦਾਦ 'ਚ ਫਲਸਤੀਨੀ ਬੱਚੇ ਸੜਕਾਂ 'ਤੇ ਅਤੇ ਸਕੂਲਾਂ ਦੇ ਨੇੜ-ਤੇੜ ਹੁੰਦੇ ਹਨ, ਯਾਨੀ ਕਿ ਬੱਚਿਆਂ ਨੂੰ ਮਾਰ ਮੁਕਾ ਕੇ ਫਲਸਤੀਨੀ ਕੌਮ ਨੂੰ ਹੀ ਨੇਸਤੋਨਾਬੂਦ ਕਰ ਦੇਣ ਦਾ ਇਜ਼ਰਾਈਲੀ ਹਾਕਮਾਂ ਦੇ ਮਨਸ਼ੇ ਜੱਗ-ਜ਼ਾਹਰ ਹੁੰਦੇ ਹਨ। ਇਸ ਤੋਂ ਘਿਨਾਉਣੀ ਕੋਈ ਹੋਰ ਕਾਰਵਾਈ ਹੋ ਨਹੀਂ ਸਕਦੀ।

ਇਜ਼ਰਾਈਲ ਦੀ ਇੱਕ ਪੱਤਰਕਾਰ ਦਾ ਕਹਿਣਾ ਹੈ ਕਿ ਜਰਮਨੀ 'ਚ ਨਾਜ਼ੀਆਂ ਵੱਲੋਂ ਰਚਾਏ ਮਹਾਂ-ਕਤਲੇਆਮ (ਹੋਲੋਕਾਸਟ) 'ਚ ਉਸ ਦੀ ਦਾਦੀ/ਨਾਨੀ ਦੇ ਸਾਰੇ ਪਰਵਾਰ ਦੇ ਮੈਂਬਰਾਂ ਦੇ ਮਾਰੇ ਜਾਣ ਉਪਰੰਤ ਉਹ ਬਚ-ਬਚਾ ਕੇ ਇੱਕ ਯਹੂਦੀ ਏਜੰਸੀ ਕੋਲ ਆ ਗਈ ਅਤੇ ਉਸ ਨੇ ਉਹਨਾਂ ਪਾਸੋਂ ਰਹਿਣ ਲਈ ਇੱਕ ਘਰ ਮੰਗਿਆ। ਘਰ ਮਿਲਣ ਦੀ ਉਡੀਕ 'ਚ ਉਸ ਨੂੰ ਇੱਕ ਸ਼ਰਨਾਰਥੀ ਕੈਂਪ 'ਚ ਸਥਾਪਤ ਟੈਂਟ 'ਚ ਪਨਾਹ ਦਿੱਤੀ ਗਈ। ਕਾਫੀ ਚਿਰ ਬਾਅਦ ਉਸ ਨੂੰ ਦੱਸਿਆ ਗਿਆ ਕਿ ਉਸ ਲਈ ਘਰ ਦਾ ਇੰਤਜ਼ਾਮ ਕਰ ਲਿਆ ਗਿਆ ਹੈ ਅਤੇ ਉਸ ਨੂੰ ਆਪਣੇ ਨਾਲ ਲਿਜਾ ਕੇ ਉਹਨੂੰ ਸਮੁੰਦਰ ਕਿਨਾਰੇ ਇੱਕ ਬੀਚ ਹਾਊਸ 'ਚ ਲਿਜਾਇਆ ਗਿਆ ਤੇ ਕਿਹਾ ਕਿ ਇਹ ਹੈ ਤੇਰਾ ਘਰ। ਉਹ ਬਹੁਤ ਹੀ ਖੁਸ਼ੀ-ਖੁਸ਼ੀ ਉਸ ਘਰ ਦੇ ਅੰਦਰ ਗਈ ਤਾਂ ਜਦੋਂ ਅੰਦਰ ਜਾ ਕੇ ਇੱਕ ਕਮਰੇ ਅੰਦਰ ਪਏ ਇੱਕ ਮੇਜ਼ 'ਤੇ ਕੁਝ ਖਾਣੇ ਦੀ ਰਹਿੰਦ-ਖੂੰਹਦ ਨੂੰ ਦੇਖਿਆ ਤਾਂ ਉਹ ਸਮਝ ਗਈ ਕਿ ਅਸਲ ਮਾਜ਼ਰਾ ਕੀ ਹੈ। ਉਹ ਉਲਟੇ ਪੈਰੀਂ ਹੀ ਵਾਪਸ ਆ ਗਈ ਤੇ ਉਸ ਨੇ ਸੁਰੱਖਿਆ ਦਸਤਿਆਂ ਨੂੰ ਕਿਹਾ ਕਿ ਉਸ ਨੂੰ ਵਾਪਸ ਟੈਂਟ 'ਚ ਛੱਡ ਦਿੱਤਾ ਜਾਵੇ, ਕਿਉਂਕਿ ਉਸ ਨੂੰ ਦਿੱਤੇ ਜਾਣ ਵਾਲੇ ਘਰ 'ਚੋਂ ਹੁਣੇ ਹੀ ਉਸ ਘਰ ਦੇ ਅਰਬੀ ਮਾਲਕਾਂ ਨੂੰ ਹਥਿਆਰਾਂ ਦੇ ਜ਼ੋਰ ਮਾਰ ਭਜਾਇਆ ਗਿਆ ਸੀ ਅਤੇ ਉਹ ਡਰਦੇ ਮਾਰੇ ਆਪਣਾ ਖਾਣਾ ਵੀ ਅੱਧ-ਵਿਚਾਲੇ ਪਲੇਟਾਂ 'ਚ ਪਿਆ ਛੱਡ ਕੇ ਆਪਣੀ ਜਾਨ ਬਚਾਉਂਦਿਆਂ ਭੱਜ ਨਿਕਲੇ ਸਨ।

ਅਜੇ ਤਾਜ਼ਾ-ਤਾਜ਼ਾ ਆਈ ਇੱਕ ਰਿਪੋਰਟ 'ਚ ਇਹ ਇੰਕਸ਼ਾਫ ਹੋਇਆ ਹੈ ਕਿ ਇਜ਼ਰਾਈਲੀ ਹੁਕਮਰਾਨ ਜਿਸ ਦਿਨ ਹਵਾ ਦਾ ਰੁਖ ਆਪਣੇ ਕਬਜ਼ੇ ਹੇਠਲੇ ਖੇਤਰ ਗਾਜ਼ਾ ਪੱਟੀ ਵੱਲ ਹੁੰਦਾ ਹੈ ਤਾਂ ਉਹ ਆਪਣੇ ਅਮਲੇ ਰਾਹੀਂ ਗਲਾਈਫੋਸੇਟ ਨਾਮਕ ਪਾਬੰਦੀਸੁਦਾ ਕੀੜੇਮਾਰ ਦਵਾਈ ਸਮੇਤ ਹੋਰਨਾਂ ਖਤਰਨਾਕ ਕੀੜੇਮਾਰ ਦਵਾਈਆਂ ਦਾ ਛਿੜਕਾਅ ਇਸ ਢੰਗ ਨਾਲ ਕਰਦੇ ਹਨ ਤਾਂ ਕਿ ਉਹ ਹਵਾ ਨਾਲ ਰਲ ਕੇ ਗਾਜ਼ਾ ਪੱਟੀ 'ਚ ਮੌਜੂਦ ਪੱਕਣ 'ਤੇ ਆਈਆਂ ਫਸਲਾਂ ਨੂੰ ਤਬਾਹ ਕਰ ਦੇਵੇ ਅਤੇ ਲੋਕ/ਕਿਸਾਨ ਭੁੱਖਮਰੀ ਨਾਲ ਮਰ-ਮੁੱਕ ਜਾਣ। ਅਜਿਹੀਆਂ ਹੀ ਹੋਰ ਬੰਦਸ਼ਾਂ ਤੇ ਜ਼ਾਲਮ ਢੰਗ-ਤਰੀਕਿਆਂ ਨਾਲ ਨਸਲਕੁਸ਼ੀ 'ਤੇ ਉਤਾਰੂ ਹਨ ਇਜ਼ਰਾਈਲੀ ਹੁਕਮਰਾਨ।

ਮੌਜੂਦਾ ਤਣਾਅ ਭਰੇ ਹਾਲਾਤ 'ਚ ਇਜ਼ਰਾਈਲੀ ਫੌਜ ਕੋਲ ਆਹਲਾ ਤਕਨੀਕ ਵਾਲੇ ਹਵਾਈ ਜਹਾਜ਼, ਰਸਾਇਣਕ ਹਥਿਆਰ, ਫਾਸਫੋਰਸ ਬੰਬ ਤੇ ਸਪੰਜ ਬੰਬ ਮੌਜੂਦ ਹਨ, ਜਿਹਨਾਂ ਨੂੰ ਇਹ ਹਾਕਮ ਫਲਸਤੀਨੀ ਲੋਕਾਂ ਖਿਲਾਫ ਵਰਤੋਂ 'ਚ ਲਿਆ ਰਹੇ ਹਨ। ਨਸਲਕੁਸ਼ੀ ਦੀ ਇੱਕ ਹੋਰ ਮਿਸਾਲ ਹਸਪਤਾਲਾਂ 'ਤੇ ਅਤੇ ਖਾਸਕਰ ਬੱਚਿਆਂ ਦੇ ਹਸਪਤਾਲਾਂ ਉੱਪਰ ਬੰਬਾਰੀ ਕਰਨ ਦੀ ਹੈ। ਬਹਾਨਾ ਇਹ ਬਣਾਇਆ ਜਾਂਦਾ ਹੈ ਕਿ ਇਹਨਾਂ ਥਾਵਾਂ 'ਤੇ ਹਮਾਸ ਦੇ ਅੱਤਵਾਦੀ ਛੁਪੇ ਹੋਏ ਹਨ।

**ਹਿੰਦੋਸਤਾਨ ਦੇ ਲੋਕਾਂ ਨਾਲ ਕੀ ਰਿਸ਼ਤਾ ਹੈ ਇਸ ਜੰਗ ਦਾ?**

ਸੁਆਲ ਪੈਦਾ ਹੁੰਦਾ ਹੈ ਕਿ ਸਾਡੇ ਮੁਲਕ ਦੇ ਲੋਕਾਂ ਦਾ ਕੀ ਵਾਸਤਾ ਹੈ ਇਸ ਯੁੱਧ ਨਾਲ? ਹੈ, ਬਹੁਤ ਹੀ ਨੇੜਲਾ ਸੰਬੰਧ। ਭਾਰਤ ਦੇ ਹਾਕਮਾਂ ਵੱਲੋਂ ਇਸ ਮਸਲੇ 'ਤੇ ਯੂ ਐੱਨ ਓ ਦੇ ਮਤੇ 'ਤੇ ਹੋਈ ਵੋਟਿੰਗ 'ਚੋਂ ਗੈਰਹਾਜ਼ਰ ਰਹਿ ਕੇ ਇਜ਼ਰਾਈਲ ਦੇ ਹੱਕ 'ਚ ਭੁਗਤਣਾ ਅਤੇ ਭਾਰਤ ਦੇ ਹੁਕਮਰਾਨਾਂ ਵੱਲੋਂ ਇਜ਼ਰਾਈਲੀ ਹਾਕਮਾਂ ਦੇ ਇਸ਼ਾਰਿਆਂ 'ਤੇ ਹਮਾਸ ਨੂੰ ਅੱਤਵਾਦੀ ਜੱਥੇਬੰਦੀ ਗਰਦਾਨਣਾ ਇਹ ਦਿਖਾਉਂਦਾ ਹੈ ਕਿ ਸਾਡੇ ਮੁਲਕ ਦੇ ਇਹਨਾਂ ਹਾਕਮਾਂ ਦੇ ਹਿੱਤ ਇਜ਼ਰਾਈਲ ਦੇ ਹਿੱਤਾਂ ਨਾਲ ਐਨ ਮੇਲ ਖਾਂਦੇ ਹਨ, ਨਾ ਕਿ ਭਾਰਤ ਦੇ ਲੋਕਾਂ ਨਾਲ। ਭਾਰਤੀ ਹਾਕਮਾਂ ਨੇ ਵੱਖ-ਵੱਖ ਢੰਗਾਂ ਨਾਲ ਸਾਡੇ ਆਪਣੇ ਮੁਲਕ ਅੰਦਰ ਵੀ ਹਾਲਾਤ ਇਸ ਤਰ੍ਹਾਂ ਦੇ ਬਣਾ ਰੱਖੇ ਹਨ ਕਿ ਲੋਕਾਂ ਦੇ ਨੱਕ 'ਚ ਦਮ ਆਇਆ ਹੋਇਆ ਹੈ। ਮਨੀਪੁਰ ਦੀਆਂ ਮੈਤੇਈ-ਕੁੱਕੀ ਝੜਪਾਂ, ਝਾਰਖੰਡ ਤੇ ਮੱਧ ਭਾਰਤ 'ਚ ਆਦਿਵਾਸੀਆਂ ਨੂੰ ਜਲ-ਜੰਗਲ-ਜ਼ਮੀਨ ਤੋਂ ਬੇਦਖਲ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਇਹਨਾਂ ਖਜ਼ਾਨਿਆਂ ਨੂੰ ਲੁੱਟਣ ਦੀਆਂ ਖੁੱਲ੍ਹੀਆਂ ਛੁੱਟੀਆਂ ਦੇਣਾ, ਭਾਰਤ ਦੀ ਮਜ਼ਦੂਰ ਜਮਾਤ ਨੂੰ ਆਪਣੇ ਲੰਮੇ ਸੰਘਰਸ਼ਾਂ ਬਾਅਦ ਹਾਸਲ ਕੀਤੇ 40 ਲੇਬਰ ਕਾਨੂੰਨਾਂ ਦੀ ਥਾਂ 'ਤੇ 4 ਲੇਬਰ ਕੋਡ ਲਾਗੂ ਕਰਕੇ ਮਜ਼ਦੂਰਾਂ ਦੇ ਹੱਕਾਂ 'ਤੇ ਛਾਪੇ ਮਾਰਨ ਰਾਹੀਂ ਕਾਰਖਾਨਿਆਂ ਦੇ ਮਾਲਕਾਂ ਨੂੰ ਮਜ਼ਦੂਰਾਂ ਦੀ ਲੁੱਟ ਕਰਨ ਦੀ ਖੁੱਲ੍ਹੀ ਛੁੱਟੀ ਦੇਣਾ ਕੀ ਲੋਕਾਂ 'ਤੇ ਜ਼ੁਲਮ ਢਾਹੁਣਾ ਨਹੀਂ ਹੈ? ਸਾਡੇ ਮੁਲਕ ਦੀਆਂ ਜਮਹੂਰੀ ਤਾਕਤਾਂ ਨੂੰ ਇੱਕਮੁੱਠ ਹੋ ਕੇ ਫਲਸਤੀਨੀ ਲੋਕਾਂ ਨਾਲ ਯਕਜਹਿਤੀ ਦਾ ਮੁਜ਼ਾਹਰਾ ਕਰਨਾ ਚਾਹੀਦਾ ਹੈ ਅਤੇ ਸਰਕਾਰ 'ਤੇ ਇਹ ਦਬਾਅ ਬਣਾਉਣਾ ਚਾਹੀਦਾ ਹੈ ਕਿ ਉਹ ਅੰਤਰਰਾਸ਼ਟਰੀ ਪਲੇਟਫਾਰਮਾਂ ਤੋਂ ਫਲਸਤੀਨੀ ਲੋਕਾਂ 'ਤੇ ਹੋ ਰਹੇ ਜਬਰ ਖਿਲਾਫ ਉਹਨਾਂ ਨਾਲ ਖੜ੍ਹੇ ਅਤੇ ਕੌਮਾਂਤਰੀ ਮੁਆਹਿਦਿਆਂ ਮੁਤਾਬਕ ਫਲਸਤੀਨੀ ਲੋਕਾਂ ਨੂੰ ਬਣਦਾ ਹੱਕ ਦੇਵੇ।

*ਸੰਪਰਕ- 9417079720*

# ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ 'ਚ ਖਿਡਾਰੀਆਂ ਨੂੰ ਹਮੇਸ਼ਾ ਉਤਸ਼ਾਹਤ ਕੀਤਾ : ਹਰਜੋਤ ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾ ਕਾਰਨ ਖਿਡਾਰੀ ਸੂਬੇ ਦਾ ਸੰਸਾਰ ਭਰ ਵਿਚ ਮਾਣ ਵਧਾ ਰਹੇ ਹਨ, ਖੇਡ ਮੈਦਾਨਾ ਵਿਚ ਪਰਤੀਆਂ ਰੋਣਕਾਂ ਸੂਬੇ ਦੀ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ। ਮਾਨ ਸਰਕਾਰ ਨੇ ਸੂਬੇ ਵਿੱਚ ਹਮੇਸ਼ਾ ਖਿਡਾਰੀਆਂ ਦਾ ਉਤਸ਼ਾਹ ਵਧਾਉਣ ਲਈ ਪੂਰਜੋਰ ਯਤਨ ਕੀਤੇ ਹਨ, ਜਿਸ ਸਦਕਾ ਪੰਜਾਬ ਦੇ ਖਿਡਾਰੀ ਦੇਸ਼ ਵਿਦੇਸ਼ ਵਿੱਚ ਮੱਲਾ ਮਾਰ ਰਹੇ ਹਨ। ਬੀਤੀ ਕੱਲ੍ਹ ਇਥੋਂ ਨੇੜਲੇ ਪਿੰਡ ਚੰਡੇਸਰ ਵਿਖੇ ਸ਼ਹੀਦ ਭਗਤ ਸਿੰਘ ਵੈਲਫੇਅਰ ਕਲੱਬ ਵੱਲੋਂ ਕਰਵਾਏ ਨੈਸ਼ਨਲ ਸਟਾਈਲ ਕਬੱਡੀ ਟੂਰਨਾਮੈਂਟ ਵਿਚ ਸ਼ਿਰਕਤ ਕਰਨ ਮੌਕੇ ਖਿਡਾਰੀਆਂ ਨਾਲ ਜਾਣ ਪਛਾਣ ਕਰਨ ਉਪਰੰਤ ਹਰਜੋਤ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ ਹੁਣ ਪੰਜਾਬ ਦੇ ਪਿੰਡਾਂ ਵਿਚ ਖੇਡ ਮੁਕਾਬਲੇ ਚੱਲ ਰਹੇ ਹਨ, ਨੌਜਵਾਨ ਖੇਡਾਂ ਪ੍ਰਤੀ ਬਹੁਤ ਉਤਸ਼ਾਹ ਨਾਲ ਭਾਗ ਲੈ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਾਡੇ ਨੌਜਵਾਨਾਂ ਨੇ ਨਸ਼ਿਆ ਦੀ ਲਾਹਨਤ ਨੂੰ ਹਮੇਸ਼ਾ ਨਕਾਰਿਆ ਹੈ, ਅਮਨ ਅਤੇ ਸ਼ਾਤੀ ਸਾਡੇ ਸੂਬੇ ਵਿਚ ਮੁੜ ਪਰਤ ਆਈ ਹੈ, ਤਰੱਕੀ ਤੇ ਖੁਸ਼ਹਾਲੀ ਵੱਲ ਸਾਡੀ ਸਰਕਾਰ ਨੇ ਕਦਮ ਵਧਾ ਦਿੱਤੇ ਹਨ, ਲੋਕਾਂ ਨੂੰ ਵੱਡੀਆ ਰਿਆਇਤਾ ਦੇ ਕੇ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਆਪਣੇ ਕੀਤੇ ਵਾਅਦੇ ਪੂਰੇ ਕਰ ਰਹੀ ਹੈ। ਅਸੀਂ ਆਪਣੀਆਂ ਗੰਟੀਆਂ ਪੂਰੀਆਂ ਕਰ ਰਹੇ ਹਾਂ, ਸੂਬੇ ਦੀ ਆਰਥਿਕਤਾ ਦੀ ਲੀਹ ਤੋ ਲੱਥੀ ਗੱਡੀ ਮੁੜ ਲੀਹ ਤੇ ਲਿਆਉਣ ਲਈ ਸਰਕਾਰ ਪੂਰੀ ਤਰਾਂ ਯਤਨਸ਼ੀਲ ਹੈ। ਹਰਜੋਤ ਬੈਂਸ ਨੇ ਕਿਹਾ ਕਿ ਅੱਜ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਵੱਲ ਖਿੱਚਣ ਵਿੱਚ ਸਫਲ ਹੋਈ ਹੈ, ਸਾਡੇ ਖੇਡ ਮੈਦਾਨਾਂ ਵਿੱਚ ਲੱਗੀਆਂ ਰੌਣਕਾ ਸਾਡਾ ਅਮੀਰ ਵਿਰਸਾ ਅਤੇ ਸਭਿਆਚਾਰ, ਪੇਡੂ ਖੇਡ ਮੇਲੇ ਇਸ ਗੱਲ ਦੇ ਪ੍ਰਤੀਕ ਹਨ ਕਿ ਸੂਬੇ ਵਿੱਚ ਤਰੱਕੀ ਅਤੇ ਖੁਸ਼ਹਾਲੀ ਪਰਤ ਆਈ ਹੈ। ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਮੈਦਾਨਾਂ ਵੱਲ ਆਕਰਸ਼ਿਤ ਕੀਤਾ ਹੈ, ਜਿਸ ਨਾਲ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਹੋਈ ਹੈ। ਕੈਬਨਿਟ ਮੰਤਰੀ ਨੇ ਸ਼ਹੀਦ ਭਗਤ ਸਿੰਘ ਵੈਲਫੇਅਰ ਕਲੱਬ ਚੰਡੇਸਰ ਵੱਲੋਂ ਕਰਵਾਏ ਨੈਸ਼ਨਲ ਸਟਾਈਲ ਕਬੱਡੀ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਅਤੇ ਪ੍ਰਬੰਧਕਾਂ ਨੂੰ ਉਨ੍ਹਾਂ ਨੇ ਕਲੱਬ ਨੂੰ 1 ਲੱਖ ਰੁਪਏ ਦੀ ਗ੍ਰਾਟ ਅਤੇ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਕਾਸ ਲਈ ਲਈ ਵੀ ਹਰ ਲੋੜੀਂਦੀ ਸਹਾਇਤਾ ਉਪਲੱਬਧ ਕਰਵਾਉਣ ਦਾ ਐਲਾਨ ਕੀਤਾ। ਉਨ੍ਹਾਂ ਨੇ ਕਿਹਾ ਕਿ ਪਿੰਡ ਵਿੱਚ ਟੋਬੇ ਦੀ ਸਮੱਸਿਆ ਅਤੇ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਕੀਤੇ ਜਾਣਗੇ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਕਲੱਬ ਪ੍ਰਧਾਨ ਮਨੀਸ਼ ਚੋਧਰੀ, ਹੈਕੀ, ਸਰਪੰਚ ਜਗਰੂਪ ਬੈਂਸ, ਮੰਚ ਸੰਚਾਲਨ ਅਜੇ ਬੈਂਸ, ਰਮਣੀਕ ਸਿੰਘ, ਸੰਜੂ ਬੈਂਸ, ਸੇਠੀ ਚੋਧਰੀ, ਸਿਮਰਨ ਬੈਂਸ, ਹਰਜਾਪ, ਮਹਿਮਲ ਸਿੰਘ ਵੱਲੋਂ ਵਿਸੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਡਾ.ਸੰਜੀਵ ਗੌਤਮ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਗੁਰਮੀਤ ਕਲੋਤਾ ਬਲਾਕ ਪ੍ਰਧਾਨ, ਅਜੇ ਬੈਂਸ, ਦਲਜੀਤ ਸਿੰਘ ਕਾਕਾ ਨਾਨਗਰਾ, ਸੱਮੀ ਬਰਾਰੀ, ਨਿਤਿਨ, ਅੰਕੁਸ਼, ਮਹੇਸ਼ ਜੋਸ਼ੀ, ਸੁਖਦੇਵ ਸਿੰਘ, ਮਨਿੰਦਰ ਬੈਂਸ, ਮੈ.ਰਿਕੀ, ਜੋਗਾ ਬੈਂਸ, ਮਿੰਟੂ ਮਾਗੇਵਾਲ, ਸੁਜੇਨ ਸ਼ਾਹ, ਮਨੂ ਪੁਰੀ, ਮਨਦੀਪ ਮਹਿਰੋਲੀ, ਜਾਗਰ ਸਿੰਘ, ਤੀਰਥ ਰਾਮ, ਕੋਚ ਅਨਿਲ, ਵਰਿੰਦਰ ਚੋਧਰੀ, ਬਲਵੀਰ ਧਰਮਾਣੀ, ਮਹਿੰਦਰ ਪੰਚ, ਸਰਪੰਚ ਸੁਰਜੀਤ, ਵਰਿੰਦਰ ਬੈਂਸ, ਪੱਪੂ, ਅਮਨ, ਰਾਹੁਲ, ਬਿੱਲੂ ਬੈਂਸ, ਹਰਵਿੰਦਰ ਫੋਜੀ, ਜਸਵੀਰ, ਨਰਿੰਦਰ ਚੋਧਰੀ, ਮਨੀਸ਼ ਚੌਧਰੀ ਤੇ ਪਤਵੰਤੇ ਹਾਜ਼ਰ ਸਨ।

# ਯਾਦਗਾਰੀ ਹੋ ਨਿਬੜਿਆ ਸਿੱਖਿਆ ਬੋਰਡ ਦੇ ਸੇਵਾ-ਮੁਕਤ ਆਫੀਸਰ ਐਸੋਸੀਏਸ਼ਨ ਦਾ ਮੇਲ-ਜੋਲ ਸਮਾਗਮ



**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਸੇਵਾ ਨਿਵਰਤ ਆਫੀਸਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਬੋਰਡ ਦੇ ਆਫੀਟੋਰੀਅਮ ਵਿੱਚ ਕਰਵਾਇਆ ਗਿਆ ਪਲੇਠਾ ਮੇਲਜੋਲ ਸਮਾਗਮ ਯਾਦਗਾਰੀ ਹੋ ਨਿਬੜਿਆ। ਇਸ ਮੌਕੇ ਸਿੱਖਿਆ ਬੋਰਡ ਦੀ ਚੇਅਰਪਰਸਨ ਡਾ ਸਤਬੀਰ ਬੇਦੀ ਆਈ.ਏ.ਐਸ (ਰੀਟ) ਨੇ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਇਸ ਪ੍ਰੋਗਰਾਮ ਵਿੱਚ ਹੱਥਾਂ ਵਿੱਚ ਡੰਡਰੀਆਂ ਪਕੜ ਕੇ ਸ਼ਾਮਲ ਹੋਏ ਅਧਿਕਾਰੀਆਂ ਵੱਲੋਂ ਇਕ ਦੂਜੇ ਨੂੰ ਮਿਲਕੇ ਬਹੁਤ ਖੁਸ਼ ਹੋਏ ਇਸ ਤਰ੍ਹਾਂ ਲੱਗਦਾ ਸੀ ਕਿ ਬੜੇ ਸਮੇਂ ਬਾਅਦ ਇਕ ਦੂਜੇ ਨੂੰ ਮਿਲਕੇ ਉਨ੍ਹਾਂ ਦੇ ਸਰੀਰ ਵਿੱਚ ਨਵੀਂ ਉਰਜਾ ਪੈਦਾ ਹੋਈ।

ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਗੁਰਮੀਤ ਸਿੰਘ ਰੰਧਾਵਾਂ ਨੇ ਦੱਸਿਆ ਕਿ ਸਾਮਗਮ ਦੇ ਪ੍ਰੋਗਰਾਮ ਦੀ ਕਾਰਵਾਈ ਬੋਰਡ ਕਰਮਚਾਰੀ ਐਸੋਸੀਏਸ਼ਨ ਸੰਥਾਪਕ ਹਰਬੰਸ ਬਾਗੜੀ ਵੱਲੋਂ ਚਲਾਈ ਗਈ। ਪ੍ਰੋਗਰਾਮ ਦਾ ਅਗਾਜ਼ ਬੋਰਡ ਦੇ ਨੌਜਵਾਨ ਗਾਇਕ ਮਲਕੀਤ ਸਿੰਘ ਮੰਗਾਂ ਅਤੇ ਨਿੰਦਰ ਸਿੰਘ ਨੇ ਅਪਣੀ ਬੁਲੰਦ ਅਵਾਜ ਵਿੱਚ ਧਾਰਮਿਕ ਗੀਤ ਪੇਸ਼ ਕਰਕੇ ਕੀਤਾ। ਸਿੱਖਿਆ ਬੋਰਡ ਦੀ ਚੇਅਰਪਰਸਨ ਡਾ. ਸਤਿਬੀਰ ਬੇਦੀ ਨੇ ਸਿੱਖਿਆ ਬੋਰਡ ਨੂੰ ਸਥਾਪਤ ਕਰਨ ਵਾਲੇ ਸੇਵਾ ਮੁਕਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਸ ਕਾਰਜ ਲਈ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਸਕੂਲੀ ਸਿੱਖਿਆ ਨੂੰ ਮਿਆਰੀ ਅਤੇ ਮਾਡਲ ਬਣਾਉਣ ਦੀ ਜਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਲੰਬਾਂ ਸਮੇਂ ਸੀ ਬੀ ਐਸ ਈ ਦੀ ਅਗਵਾਈ ਕਰਦੇ ਰਹੇ ਹਨ ਉਨ੍ਹਾਂ ਵੱਲੋਂ ਭਾਰਤ ਵਿੱਚ ਮਾਡਲ ਆਦਰਸ਼ ਸਕੂਲਾਂ ਦੀ ਸਥਾਪਨਾ ਕੀਤੀ ਗਈ ਸੀ, ਜਿਸ ਨੂੰ ਸਾਰੇ ਦੇਸ਼ ਵਿੱਚ ਮਾਡਲ ਤੌਰ 'ਤੇ ਲਾਗੂ ਵੀ ਕੀਤਾ ਗਿਆ। ਉਨ੍ਹਾਂ ਸਿੱਖਿਆ ਬੋਰਡ ਦੇ ਆਦਰਸ ਸਕੂਲਾਂ ਦੇ ਢਾਂਚੇ ਤੇ ਪ੍ਰਿੰਸੀਪਲ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਮਿਲਕੇ ਬਹੁਤ ਖੁਸ਼ੀ ਹੋਈ ਤੇ ਕਿਹਾ ਕਿ ਉਨ੍ਹਾਂ ਦੀ ਇਹ ਕੋਸ਼ਿਸ਼ ਹੋਵੇਗੀ ਕਿ ਇਨ੍ਹਾਂ ਸਕੂਲਾਂ ਨੂੰ ਮਾਡਲ ਬਣਾਇਆ ਜਾਵੇ। ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਾਨ ਨੇ ਸਿੱਖਿਆ ਬੋਰਡ ਦੀ ਚੇਅਰਪਰਸ਼ਨ ਡਾ. ਸਤਿਬੀਰ ਬੇਦੀ ਨੂੰ ਜੀ ਆਇਆਂ ਕਹਿੰਦੇ ਹੋਏ ਕਿਹਾ ਕਿ ਸੇਵਾ ਮੁਕਤ ਅਧਿਕਾਰੀਆਂ ਦੀ ਮੁੱਖ ਲੋੜ ਪੈਨਸ਼ਨ ਹੈ, ਉਨ੍ਹਾਂ ਚੇਅਰਪਰਸਨ ਵੱਲੋਂ ਸਿੱਖਿਆ ਬੋਰਡ ਦੀ ਚੇਅਰਪਰਸਨ ਡਾ. ਬੇਦੀ ਵੱਲੋਂ ਨੂੰ ਬੋਰਡ ਨੂੰ ਵਿਤੀ ਪੱਖੋਂ ਮੁੜ ਤੋਂ ਆਤਮ ਨਿਰਭਰ ਬਣਾਉਣ ਲਈ ਚੁੱਕੇ ਗਏ ਕਦਮਾਂ ਦੀ ਭਰਭੂਰ ਸ਼ਲਾਘਾ ਕੀਤੀ ਗਈ ਅਤੇ ਆਸ ਪ੍ਰਗਟ ਕੀਤੀ ਕਿ ਉਹ ਅਪਣੇ ਯਤਨਾਂ ਸਦਕਾ ਪੰਜਾਬ ਸਰਕਾਰ ਵੱਲੋਂ ਬੋਰਡ ਦਾ ਰਹਿੰਦਾ ਬਕਾਇਆ ਲਿਆਉਣ ਵਿੱਚ ਸਫਲ ਹੋਣਗੇ। ਇਸ ਤੋਂ ਬੋਰਡ ਚੇਅਰਪਰਸਨ ਡਾ ਬੇਦੀ ਵੱਲੋਂ ਸਿੱਖਿਆ ਬੋਰਡ ਦੇ ਸਾਬਕਾ ਸਕੱਤਰ ਜਗਜੀਤ ਸਿੰਘ ਸਿੱਧੂ, ਉਪ ਸਕੱਤਰ ਚੌਧਰੀ ਦਲੀਪ ਚੰਦ, ਉਪ ਸਕੱਤਰ ਰੌਣਕ ਲਾਲ ਅਰੋੜਾ ਸਿੱਖਿਆ ਬੋਰਡ ਦੀ ਲੰਬਾਂ ਸਮਾਂ ਪ੍ਰਧਾਨ ਰਹੇ ਗੁਰਦੀਪ ਸਿੰਘ ਢਿੱਲੋਂ ਅਤੇ ਐਸੋਸੀਏਸ਼ਨ ਦੇ ਸੰਥਾਪਿਕ ਹਰਬੰਸ ਬਾਗੜੀ ਨੂੰ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਿੱਖਿਆ ਬੋਰਡ ਦੀ ਸੇਵਾ ਮੁਕਤ ਅਧਿਕਾਰੀ ਸ੍ਰੀ ਮਤੀ ਉਸ਼ਾ ਸਰਮਾਂ ਨੂੰ ਅੰਤਰਰਾਸਟਰੀ ਪੱਧਰ ਤੇ ਸੇਵਾ ਮੁਕਤੀ ਤੋਂ ਬਾਅਦ ਅਥਲੈਟਿਕ 100 ਮੀਟਰ, ਸ਼ਾਟਪੁਟ ਵਿੱਚ 20 ਗੋਲਡ ਮੈਡਲ ਜਿਤਕੇ ਬੋਰਡ ਦਾ ਨਾਂ ਉਚਾ ਕਰਨ ਤੇ ਵਧਾਈ ਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੈਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਬੰਸ ਸਿੰਘ ਢੋਲੇਵਾਲ ਵੱਲੋਂ ਇਕ ਮਤਾ ਪੇਸ਼ ਕਰਕੇ ਸਾਬਕਾ ਜਨਰਲ ਸਕੱਤਰ ਜਗਮੋਹਨ ਸ਼ਾਰਦਾ ਵੱਲੋਂ ਪੁਰਾਣਾ ਰਿਕਾਰਡ ਸੌਂਪਣ ਤੇ ਰਣਜੀਤ ਸਿੰਘ ਨੂੰ ਮਾਨ, ਹਰਬੰਸ ਸਿੰਘ ਢੋਲੇਵਾਲ ਨੂੰ ਜਨਰਲ ਸਕੱਤਰ ਨਾਮਜ਼ਦ ਕਰਨ ਦੀ ਹਾਊਸ ਵੱਲੋਂ ਪ੍ਰਵਾਨਗੀ ਲਈ ਗਈ। ਇਸ ਮੌਕੇ ਐਸੋਸੀਏਸ਼ਨ ਵਿੱਚ ਸੀਨੀਅਰ ਮੀਤ ਪ੍ਰਧਾਨ ਨਿਸ਼ਾਨ ਸਿੰਘ ਕਾਹਲੋਂ, ਮੀਤ ਪ੍ਰਧਾਨ ਜਸਵੀਰ ਸਿੰਘ, ਕਨਵੀਰ ਗੁਰਦੀਪ ਸਿੰਘ ਢਿਲੋਂ, ਸਕੱਤਰ ਗੁਰਦੇਵ ਸਿੰਘ, ਹਰਵਿੰਦਰ ਸਿੰਘ ਸੰਯੁਕਤ ਸਕੱਤਰ ਅਤੇ ਮੇਘ ਰਾਜ ਗੋਇਲ ਨੂੰ ਖਜਾਨਚੀ ਵੀ ਚੁਣਿਆ ਗਿਆ। ਇਸ ਤੋਂ ਇਲਾਵਾ ਰਛਵਿੰਦਰ ਸਿੰਘ, ਰਾਮ ਨਾਥ ਗੋਇਲ, ਸੁਰਿੰਦਰ ਪਾਲ ਸਿੰਘ ਬੈਦਵਾਣ, ਵਰਿੰਦਰ ਕੁਮਮਾਰ ਮਹਿਤਾ, ਪ੍ਰਗਟ ਸਿੰਘ ਅਤੇ ਗੁਰਦੀਪ ਸਿੰਘ ਨੂੰ ਕਾਰਜਕਾਰਨੀ ਮੈਂਬਰ ਨਾਮਜਦ ਕੀਤਾ ਗਿਆ। ਇਸ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਖਚੈਨ ਸਿੰਘ ਸੈਣੀ ਵੱਲੋਂ ਬੋਰਡ ਦੀ ਵਿਤੀ ਹਾਲਤ ਸਬੰਧੀ ਜਾਣਕਾਰੀ ਦਿਤੇ ਅਤੇ ਬੋਰਡ ਚੇਅਰਪਰਸਨ ਦੀਆਂ ਕੋਸ਼ਿਸ਼ਾਂ ਦੀ ਭਰਭੂਰ ਸ਼ਲਾਘਾ ਕੀਤੀ ਗਈ।

17-Nov-PAGE-9.qxd 11/16/2023 10:53 PM Page 1



# ਪੈਨਸ਼ਨਰਾਂ ਨਾਲ ਕੀਤਾ ਜਾ ਰਿਹਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਜੱਗੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਪੈਨਸ਼ਨਰ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾ ਵਾਰ ਮੀਟਿੰਗ ਪਾਰਟੀ ਦਫਤਰ ਵਿਖੇ ਕੁਲਦੀਪ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਸੁਰਿੰਦਰ ਸਿੰਘ ਡਰਾਈਵਰ ਦੀ ਭੈਣ ਦੀ ਅਚਾਨਕ ਹੋਈ ਮੌਤ 'ਤੇ ਸ਼ੋਕ ਮਤਾ ਪਾਸ ਕੀਤਾ ਗਿਆ ਅਤੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਗਈ। ਬਾਅਦ ਵਿੱਚ ਪੈਨਸ਼ਨਰਜ ਦੀਆਂ ਮੰਗਾਂ 'ਤੇ ਵਿਚਾਰ ਚਰਚਾ ਕਰਦੇ ਹੋਏ ਪੈਨਸ਼ਨਰ ਆਗੂਆਂ ਓਂਕਾਰ ਸਿੰਘ, ਚਰਨ ਸਿੰਘ, ਅਮਰੀਕ ਸਿੰਘ ਅਤੇ ਜਗਜੀਤ ਸਿੰਘ ਜੱਗੀ ਨੇ ਕਿਹਾ ਕਿ ਸਰਕਾਰ ਨੇ ਪੈਨਸ਼ਨਰਜ ਨੂੰ ਕਾਲੀ ਦਿਵਾਲੀ ਮਨਾਉਣ ਲਈ ਮਜਬੂਰ ਕੀਤਾ। ਇਹ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਲਾਜਮਾਂ ਪੈਨਸ਼ਨਰਾਂ ਨੂੰ ਦਿਵਾਲੀ ਦੇ ਮੌਕੇ ਅਣਗੌਲਿਆਂ ਕੀਤਾ। ਜਦ ਕਿ ਪਿਛਲੀਆਂ ਸਰਕਾਰਾਂ ਇਸ ਦਿਨ ਤੇ ਕਰਮਚਾਰੀਆਂ/ਪੈਨਸ਼ਨਰਾਂ ਨੂੰ ਕੁਝ ਨਾ ਕੁਝ ਰਾਹਤ ਤੋਹਫਾ ਜਰੂਰ ਦਿੰਦੀਆਂ ਸਨ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਤੇ ਹੋਰ ਸੂਬਿਆਂ ਨੇ ਡੀਏ ਦੀਆਂ ਤਿੰਨ ਕਿਸ਼ਤਾਂ ਭਾਵ ਡੀਏ 46 ਪ੍ਰਤੀਸ਼ਤ ਕਰ ਦਿੱਤਾ ਹੈ ਪਰ ਪੰਜਾਬ ਸਰਕਾਰ ਵੱਲੋਂ ਕੇਵਲ 34% ਡੀਏ ਦਿੱਤਾ ਜਾ ਰਿਹਾ ਹੈ ਜੋ ਕਿ ਨਿਰਾਸ਼ਾਜਨਕ ਹੈ। ਪੈਨਸ਼ਨਰਜ ਨੇ ਸਰਕਾਰ ਦੇ ਵਿਰੁੱਧ ਨਾਅਰੇਬਾਜੀ ਕੀਤੀ ਅਤੇ ਮੰਗ ਕੀਤੀ ਕਿ ਪੈਨਸ਼ਨਰਜ ਦੀਆਂ ਰਹਿੰਦੀਆਂ ਤਿੰਨ ਡੀਏ ਦੀਆਂ ਕਿਸ਼ਤਾਂ, ਮਿਤੀ 1-1-16 ਤੋਂ 30-6-21 ਤੱਕ ਪੈਨਸ਼ਨਰ ਦਾ ਬਕਾਇਆ, ਪੈਨਸ਼ਨਰ ਦੀ 2.59 ਦੇ ਗੁਣਾਂਕ ਨਾਲ ਸੁਧਾਈ, ਹਾਈਕੋਰਟ ਦੇ ਫੈਸਲੇ ਇਨ ਬਿਨ ਜਨਰਲਲਾਈਜ ਕੀਤੇ ਜਾਣ। ਉਪਰੋਕਤ ਮੰਗਾਂ ਸਰਕਾਰ ਵੱਲੋਂ ਨਾ ਮੰਨ ਕੇ ਪੈਨਸ਼ਨਰਾਂ ਨਾਲ ਸਰਾਸਰ ਧੱਕਾ ਕੀਤਾ ਜਾ ਰਿਹਾ ਹੈ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਪੈਨਸ਼ਨਰ ਯੂਨੀਅਨ ਨੇ ਇੱਕ ਵੱਖਰੇ ਮਤੇ ਰਾਹੀਂ ਮਨਸਟੀਰੀਅਲ ਸਟਾਫ ਵੱਲੋਂ ਕੀਤੀ ਜਾ ਰਹੀ ਕਲਮ ਛੋੜ ਹੜਤਾਲ ਦਾ ਪੂਰਨ ਤੌਰ 'ਤੇ ਸਮਰਥਨ ਕਰਨ ਦਾ ਵੀ ਫੈਸਲਾ ਕੀਤਾ। ਉਪਰੋਕਤ ਤੋਂ ਇਲਾਵਾ ਮੀਟਿੰਗ ਵਿੱਚ ਕਰਨੈਲ ਸਿੰਘ, ਮਹਿੰਦਰ ਸਿੰਘ, ਗੁਰਚਰਨ ਸਿੰਘ, ਜਸਵੀਰ ਸਿੰਘ, ਗੁਰਬਿੰਦਰ ਸਿੰਘ, ਅਰਜਨ ਸਿੰਘ, ਬਿੱਕਰ ਸਿੰਘ, ਜੋਗਾ ਸਿੰਘ, ਸਤਨਾਮ ਸਿੰਘ, ਗੁਰਦੇਵ ਸਿੰਘ ਆਦਿ ਹਾਜਰ ਸਨ।



# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਮਨਾਇਆ 'ਬਾਲ ਦਿਵਸ'

**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**- ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ, ਲੋਹੀਆਂ ਖਾਸ 'ਚ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਬਾਲ ਦਿਵਸ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਕਿੰਡਰ ਗਾਰਟਨ ਵਿਦਿਆਰਥੀਆਂ ਦਾ ਫੈਂਸੀ ਡਰੈੱਸ ਕੰਪੀਟੀਸ਼ਨ ਆਯੋਜਿਤ ਕੀਤਾ ਗਿਆ, ਜਿਸ 'ਚ ਬੱਚਿਆਂ ਦੁਆਰਾ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ ਅਤੇ ਸਾਰੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਫਾਰਮੈਂਸ ਦਿੱਤੀ ਗਈ। ਇਸ ਉਪਰੰਤ ਸਾਰੇ ਵਿਦਿਆਰਥੀਆਂ ਨੂੰ ਟਾਫੀਆਂ ਵੰਡੀਆਂ ਗਈਆਂ। ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਸਮੂਹ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਪੰਡਤ ਜਵਾਹਰ ਲਾਲ ਨਹਿਰੂ ਦੀ ਜੀਵਨੀ ਬਾਰੇ ਜਾਣਕਾਰੀ ਦਿੰਦਿਆ ਬੱਚਿਆਂ ਨੂੰ ਹਮੇਸ਼ਾ ਸੱਚਾਈ ਦੇ ਰਾਹ 'ਤੇ ਚੱਲਣ ਅਤੇ ਵੱਡਿਆਂ ਦਾ ਸਤਿਕਾਰ ਕਾਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਵਿਦਿਆਰਥੀਆਂ 'ਚ ਕਾਫੀ ਉਤਸਾਹ ਵੇਖਣ ਨੂੰ ਮਿਲਿਆ।




# ਡੀ ਐਮ ਐੱਫ ਨੇ ਘੱਗਰ ਤੇ ਟਾਂਗਰੀ ਦੇ ਨਾਲ 12000 ਬਾਂਸ ਦੇ ਬੂਟੇ ਲਗਾਉਣ ਦੀ ਦਿੱਤੀ ਮਨਜ਼ੂਰੀ

**ਮੋਹਾਲੀ, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਜਿਲ੍ਹਾ ਮਿਨਰਲ ਫਾਊਂਡੇਸ਼ਨ ਨੇ ਜਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਵਿਖੇ ਕੀਤੀ ਮੀਟਿੰਗ ਦੌਰਾਨ ਡੇਰਾਬੱਸੀ ਦੇ ਮੁਬਾਰਕਪੁਰ ਰੇਲਵੇ ਅੰਡਰ ਬ੍ਰਿਜ ਦੀ ਮੁਰੰਮਤ ਲਈ 60 ਲੱਖ ਰੁਪਏ ਦੇ ਫੰਡ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਜੈਨ ਨੇ ਦੱਸਿਆ ਕਿ ਹੜ੍ਹਾਂ ਦੌਰਾਨ ਇਹ ਰਸਤਾ ਨੁਕਸਾਨਿਆ ਗਿਆ ਸੀ ਅਤੇ ਰੇਲਵੇ ਅੰਡਰ ਬ੍ਰਿਜ ਨੂੰ ਰੇਲਵੇ ਵੱਲੋਂ ਲੋਕ ਨਿਰਮਾਣ ਵਿਭਾਗ ਨੂੰ ਸੌਂਪ ਦਿੱਤਾ ਗਿਆ ਸੀ, ਇਸ ਲਈ ਰੱਖ-ਰਖਾਅ ਦਾ ਕੰਮ ਲੋਕ ਨਿਰਮਾਣ ਵਿਭਾਗ ਵੱਲੋਂ ਕੀਤਾ ਜਾਣਾ ਹੈ। ਇਸ ਲਈ ਲੋਕ ਨਿਰਮਾਣ ਵਿਭਾਗ ਵੱਲੋਂ 1.20 ਕਰੋੜ ਰੁਪਏ ਦਾ ਅਨੁਮਾਨ ਤਿਆਰ ਕੀਤਾ ਗਿਆ ਹੈ। ਕੁੱਲ ਰਕਮ 'ਚੋਂ ਅੱਧਾ ਹਿੱਸਾ ਲੋਕ ਨਿਰਮਾਣ ਵਿਭਾਗ ਵੱਲੋਂ ਸਹਿਣ ਕੀਤਾ ਜਾਣਾ ਹੈ ਜਦਕਿ ਬਾਕੀ ਹਿੱਸਾ ਜਿਲ੍ਹਾ ਪ੍ਰਸ਼ਾਸਨ ਵੱਲੋਂ। ਹੁਣ ਜਿਲ੍ਹਾ ਪ੍ਰਸ਼ਾਸਨ ਨੇ ਆਪਣੇ ਹਿੱਸੇ ਨੂੰ ਮਨਜ਼ੂਰੀ ਦੇ ਦਿੱਤੀ ਹੈ ਅਤੇ ਇਸ ਸੰਬੰਧ 'ਚ ਜਲਦੀ ਤੋਂ ਜਲਦੀ ਟੈਂਡਰ ਜਾਰੀ ਕਰਨ ਲਈ ਬਾਕੀ ਰਕਮ ਜਾਰੀ ਕਰਨ ਲਈ ਪੀ ਡਬਲਯੂ ਡੀ ਮੁੱਖ ਦਫਤਰ ਨੂੰ ਸੂਚਨਾ ਭੇਜ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਜਿਲ੍ਹਾ ਮਿਨਰਲ ਫਾਊਂਡੇਸਨ ਵੱਲੋਂ ਘੱਗਰ ਅਤੇ ਟਾਂਗਰੀ ਦੇ ਕੰਢਿਆਂ 'ਤੇ 12000 ਬਾਂਸ ਦੇ ਬੂਟੇ ਲਗਾਉਣ ਦੀ ਵੀ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਗਈ ਹੈ ਤਾਂ ਜੋ ਦੋਵਾਂ ਨਦੀਆਂ ਦੇ ਕੰਢਿਆਂ ਦੀ ਮਿੱਟੀ ਨੂੰ ਮਜ਼ਬੂਤ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਬਾਂਸ ਦੇ ਰੁੱਖ ਮਿੱਟੀ ਨੂੰ ਖੁਰਨ ਤੋਂ ਬਚਾਅ ਦਾ ਕੰਮ ਕਰਨਗੇ। ਇਸੇ ਤਰ੍ਹਾਂ ਫਾਊਂਡੇਸ਼ਨ ਨੇ ਡੇਰਾਬੱਸੀ ਬਲਾਕ ਦੇ 11 ਪਿੰਡਾਂ ਨੂੰ ਜਿੰਮ ਕਿੱਟਾਂ/ਸਾਮਾਨ ਮੁਹੱਈਆ ਕਰਵਾਉਣ ਲਈ ਵੀ ਪ੍ਰਵਾਨਗੀ ਦੇ ਦਿੱਤੀ ਹੈ। ਹਰੇਕ ਪਿੰਡ ਨੂੰ 2.5 ਲੱਖ ਰੁਪਏ ਅਤੇ ਇਸ ਤਰ੍ਹਾਂ ਕੁੱਲ 27.5 ਲੱਖ ਰੁਪਏ ਦੀਆਂ ਜਿੰਮ ਕਿੱਟ/ਸਾਮਾਨ ਦਿੱਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਹੜ੍ਹਾਂ ਦੌਰਾਨ ਸਪਲਾਈ ਬੰਦ ਕਰ ਦੇਣ ਵਾਲੀਆਂ ਤਿੰਨ ਜਨਤਕ ਰੇਤ ਖਾਣਾਂ ਪਿਛਲੇ ਦੋ ਹਫਤਿਆਂ ਤੋਂ ਮੁੜ ਸ਼ੁਰੂ ਹੋ ਗਈਆਂ ਹਨ ਅਤੇ 5.50 ਰੁਪਏ ਪ੍ਰਤੀ ਘਣ ਫੁੱਟ ਦੇ ਹਿਸਾਬ ਨਾਲ ਸਸਤੀ ਰੇਤ ਪਿਟ ਹੈੱਡਜ 'ਤੇ ਉਪਲੱਬਧ ਹੈ। ਉਨ੍ਹਾਂ ਕਿਹਾ ਕਿ ਟਰਾਂਸਪੋਰਟੇਸ਼ਨ ਅਤੇ ਲੋਡਿੰਗ ਦੀ ਲਾਗਤ ਖਰੀਦਦਾਰ ਦੀ ਆਪਣੀ ਹੋਵੇਗੀ।

## ਭਰੋਲੀ 'ਚ ਛਿੰਝ ਮੇਲਾ ਅੱਜ

**ਬਹਿਰਾਮ (ਅਵਤਾਰ ਕਲੇਰ)** ਗੁੱਗਾ ਜਾਹਰ ਪੀਰ ਨੂੰ ਸਮਰਪਿਤ ਪ੍ਰਵਾਸੀ ਭਾਰਤੀਆਂ, ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ 17 ਨਵੰਬਰ ਦਿਨ ਸ਼ੁੱਕਰਵਾਰ ਨੂੰ ਪਿੰਡ ਭਰੋਲੀ ਵਿਖੇ ਛਿੰਝ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਹਿਲਵਾਨ ਚਰਨਜੀਤ ਚੰਨੀ ਭਰੋਲੀ ਨੇ ਦੱਸਿਆ ਹੈ ਕਿ ਵੱਖ ਵੱਖ ਅਖਾੜਿਆਂ ਦੇ ਸਿਰਫ ਸੱਦੇ ਹੋਏ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਜਾਣਗੀਆਂ ਬਿਨਾਂ ਸੱਦੇ ਪਹਿਲਵਾਨਾਂ ਦੀਆਂ ਨਹੀਂ। ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਅਤੇ ਭੁਪਿੰਦਰ ਅਜਨਾਲਾ ਵਿਚਕਾਰ ਕਰਵਾਈ ਜਾਵੇਗੀ। ਇਨਾਮਾਂ ਦੀ ਵੰਡ ਪ੍ਰਮੁੱਖ ਸ਼ਖਸੀਅਤਾਂ ਤੇ ਪ੍ਰਬੰਧਕ ਕਮੇਟੀ ਕਰੇਗੀ।

## ਗਵਰਨਰ ਹਾਊਸਾਂ ਅੱਗੇ 72 ਘੰਟਿਆਂ ਦੇ ਧਰਨੇ 26 ਤੋਂ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਜਨਰਲ ਸਕੱਤਰ ਹਰਬੰਸ ਸਿੰਘ ਸੰਘਾ ਨੇ ਪ੍ਰੈੱਸ ਦੇ ਨਾਂਅ ਇੱਕ ਬਿਆਨ ਜਾਰੀ ਕਰਦੇ ਹੋਏ ਕਿਹਾ ਕੀ ਕੇਂਦਰ ਸਰਕਾਰ ਨੇ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਸਮੇਂ ਜਿਹੜੇ ਵਾਹਦੇ ਸੰਘਰਸ਼ ਸ਼ੀਲ ਕਿਸਾਨਾਂ ਨਾਲ ਕੀਤੇ ਸਨ ਉਹ ਅੱਜ ਤੱਕ ਪੂਰੇ ਨਹੀਂ ਕੀਤੇ। ਜਿਵੇਂ ਕਿ ਜਿਹੜੇ ਕਿਸਾਨਾਂ 'ਤੇ ਝੂਠੇ ਕੇਸ ਪਾਏ ਸਨ ਅਜੇ ਤੱਕ ਵਾਪਸ ਨਹੀਂ ਲਏ, ਆਈ ਸੀ 2+50% ਫਾਰਮੂਲੇ ਅਨੁਸਾਰ ਫਸਲਾਂ ਦੀ ਐਮ ਐਸ ਪੀ ਸੰਬੰਧੀ ਕਾਨੂੰਨ ਅਜੇ ਤੱਕ ਨਹੀਂ ਬਣਾਇਆ ਆਦਿ ਮੰਗਾਂ ਮਨਵਾਉਣ ਲਈ ਭਾਰਤ ਦੇ ਸਾਰੇ ਸੂਬਿਆਂ ਦੀਆਂ ਰਾਜਧਾਨੀਆਂ 'ਚ ਗਵਰਨਰ ਹਾਊਸਾਂ ਅੱਗੇ 72 ਘੰਟਿਆਂ ਦਾ ਧਰਨਾ 26-27-28 ਨੰਵਬਰ ਨੂੰ ਦਿੱਤਾ ਜਾ ਰਿਹਾ ਹੈ। ਇਸੇ ਸੰਬੰਧ ਵਿੱਚ ਚੰਡੀਗੜ੍ਹ ਵਿੱਚ ਵੀ ਧਰਨਾ ਦਿੱਤਾ ਜਾ ਰਿਹਾ ਹੈ। ਐਸ ਕੇ ਐਮ ਨਾਲ ਸੰਬਧਤ ਸਾਰੀਆਂ ਜਥੇਬੰਦੀਆਂ ਵੱਲੋਂ ਇਸ 'ਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਕਿਸਾਨ ਕਮੇਟੀ ਦੋਆਬਾ ਵੱਲੋਂ ਜ਼ੋਰ ਸ਼ੋਰ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸਾਰੇ ਕਿਸਾਨਾਂ ਨੂੰ ਅਪੀਲ ਹੈ ਕਿ ਆਪਣੇ ਸਾਧਨਾਂ ਰਾਹੀਂ ਤਿੰਨ ਦਿਨਾਂ ਦਾ ਪ੍ਰਬੰਧ ਕਰ ਕੇ ਚੰਡੀਗੜ੍ਹ ਸਮੇਂ ਸਿਰ ਪੰਹੁਚਣ।

## 'ਮੇਰੀ ਕਹਾਣੀ-ਸਫਲ ਇਨੋਵੇਟਰਾਂ ਦੁਆਰਾ ਪ੍ਰੇਰਨਾਦਾਇਕ ਸੈਸ਼ਨ'

**ਜਲੰਧਰ ( ਇਕਬਾਲ ਸਿੰਘ ਉੱਭੀ)** ਨੌਜਵਾਨ ਵਿਦਿਆਰਥੀਆਂ 'ਚ ਨਵੀਨਤਾ ਅਤੇ ਉੱਦਮਤਾ ਨੂੰ ਉਤਸਾਹਤ ਕਰਨ ਦੀ ਕੋਸ਼ਿਸ਼ 'ਚ ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਨੇ 'ਮੇਰੀ ਕਹਾਣੀ-ਸਫਲ ਇਨੋਵੇਟਰਾਂ ਦੁਆਰਾ ਪ੍ਰੇਰਕ ਸ਼ੈਸ਼ਨ' ਦਾ ਆਯੋਜਨ ਕੀਤਾ। ਸੰਸਥਾ ਦੀ ਇਨੋਵੇਟਿਵ ਕਾਊਂਸਲ ਦੁਆਰਾ ਆਯੋਜਿਤ ਇਸ ਸਮਾਗਮ ਦਾ ਉਦੇਸ਼ ਕੱਲ੍ਹ ਦੇ ਉਭਰਦੇ ਖੋਜਕਾਰਾਂ ਨੂੰ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਦਾ ਪਾਲਣ ਪੋਸਣ ਕਰਨਾ ਸੀ। ਇਸ ਸ਼ੈਸ਼ਨ ਦੀ ਖਾਸ ਗੱਲ ਜਲੰਧਰ 'ਚ ਰਿੰਪੀ ਮੇਕਓਵਰਜ਼ ਦੀ ਨਿਪੁੰਨ ਮਾਲਕ ਸ੍ਰੀਮਤੀ ਜਤਿੰਦਰ ਕੌਰ ਦੁਆਰਾ ਦਿੱਤਾ ਗਿਆ ਸਮਝਦਾਰ ਭਾਸ਼ਣ ਸੀ। ਇੱਕ ਸਫਲ ਇਨੋਵੇਟਰ ਵਜੋਂ ਸਪੀਕਰ ਦੀ ਯਾਤਰਾ ਨੇ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਵਜੋਂ ਕੰਮ ਕੀਤਾ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਯੋਗ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਇਨੋਵੇਟਿਵ ਕੌਂਸਲ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਲੋੜਵੰਦ ਬੱਚਿਆਂ ਨੂੰ ਵੰਡੇ ਬੈਗ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਐਸ ਡੀ ਐਮ ਨਵਾਂਸ਼ਹਿਰ ਡਾ. ਸ਼ਿਵਰਾਜ ਸਿੰਘ ਬੱਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਦੁਰਗਾਪੁਰ ਵਿਖੇ ਲੋੜਵੰਦ ਸਕੂਲੀ ਬੱਚਿਆਂ ਨੂੰ ਸਕੂਲੀ ਬੈਗ ਵੰਡੇ। ਉਨ੍ਹਾਂ ਜਿਥੇ ਬੱਚਿਆਂ ਨਾਲ ਗੱਲਬਾਤ ਕੀਤੀ ਉਥੇ ਪੜ੍ਹਾਈ ਦੇ ਮਿਆਰ ਦੀ ਵੀ ਚੈਕਿੰਗ ਕੀਤੀ। ਉਨ੍ਹਾਂ ਨੇ ਸਕੂਲ ਦੀ ਇਮਾਰਤ ਦਾ ਵੀ ਨਿਰੀਖਣ ਕੀਤਾ ਅਤੇ ਬੱਚਿਆਂ ਲਈ ਬਣ ਰਹੇ ਮਿਡ-ਡੇ-ਮੀਲ ਕੀਚਨ ਦੀ ਸਾਫ-ਸਫ਼ਾਈ ਦੀ ਚੈਕਿੰਗ ਵੀ ਕੀਤੀ ਅਤੇ ਹਦਾਇਤ ਕੀਤੀ ਕਿ ਬੱਚਿਆਂ ਦੀ ਸਿਹਤ ਨੂੰ ਧਿਆਨ 'ਚ ਰੱਖਦੇ ਹੋਏ, ਇਸੇ ਤਰ੍ਹਾਂ ਹੀ ਮਿਡ-ਡੇ-ਮੀਲ ਕੀਚਨ ਦੀ ਸਾਫ-ਸਫ਼ਾਈ ਅਤੇ ਬੱਚਿਆਂ ਨੂੰ ਪੌਸ਼ਟਿਕ ਅਹਾਰ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਮਾਸਟਰ ਭੁਪਿੰਦਰ ਸਿੰਘ, ਤਜਿੰਦਰ ਕੌਰ, ਕਰਮਜੀਤ ਕੌਰ ਕੁਲਵਿੰਦਰ ਸਿੰਘ ਦੁਰਗਾਪੁਰ ਹਾਜ਼ਰ ਸਨ।

## ਨਵੇਂ ਭਾਰਤ ਵਿਕਾਸ ਦੀ ਯਾਤਰਾ ਸ਼ੁਰੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਭਾਰਤ ਦੇ ਵਿਕਾਸ ਅਤੇ ਖੁਸ਼ਹਾਲ ਵਿਰਾਸਤ ਵਿਚ ਅਮੁੱਲ ਯੋਗਦਾਨ ਦੇਣ ਵਾਲੇ ਆਦੀਵਾਸੀ ਤੇ ਜਨਜਾਤੀ ਕਮਿਊਨਿਟੀਆਂ ਦੇ ਪ੍ਰਤੀਨਿਧੀ ਆਬਾ ਭਗਵਾਨ ਬਿਰਸਾ ਮੁੰਡੀ ਦੀ ਜਨਮ ਜੈਯੰਤੀ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਕਸਿਤ ਭਾਰਤ ਦਾ ਇਕ ਨਵਾਂ ਵਿਜਨ ਦੇਸ਼ ਦੇ ਸਾਹਮਣੇ ਰੱਖਿਆ। ਪ੍ਰਧਾਨ ਮੰਤਰੀ ਨੇ ਝਾਰਖੰਡ ਰਾਜ ਦੇ ਖੁੰਟੀ ਜਿਲ੍ਹੇ ਵਿੱਚ ਆਬਾ ਭਗਵਾਨ ਬਿਰਸਾ ਮੁੰਡੀ ਦੀ ਜਨਮ ਸਥਲੀ ਉਲਿਹਾਤੂ ਵਿਚ ਵਿਕਸਿਤ ਭਾਰਤ ਸੰਕਲਪ ਯਾਤਰਾ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੇ ਨਾਲ ਹੀ ਜਨਜਾਤੀ ਗੌਰਵ ਦਿਵਸ 'ਤੇ ਇਕ ਇਤਿਹਾਸ ਬਣ ਗਿਆ, ਕਿਉਂਕਿ ਦੇਸ਼ ਦੀ ਆਜ਼ਾਦੀ ਦੇ ਬਾਅਦ ਭਗਵਾਨ ਬਿਰਸਾ ਮੁੰਡੇ ਦੀ ਜਨਮ ਸਥਲੀ ਉਲਿਹਾਤੂ ਵਿੱਚ ਪਹੁੰਚਣ ਵਾਲੇ ਨਰੇਂਦਰ ਮੋਦੀ ਪਹਿਲੇ ਪ੍ਰਧਾਨ ਮੰਤਰੀ ਹਨ। ਇਸ ਮੌਕੇ ਪ੍ਰਧਾਨ ਮੰਤਰੀ ਨੇ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੇ ਸੰਕਲਪ ਦੀ ਸੁਹੰ ਦਿਵਾਈ।

## ਬੀ ਕੇ ਸਕੂਲ 'ਚ ਬਾਲ ਦਿਵਸ ਮਨਾਇਆ




**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ) :** ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਅਤੇ ਬਾਲ ਦਿਵਸ ਨੂੰ ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਾੜਾ ਜੋਧ ਸਿੰਘ ਵਿਚ ਬੜੇ ਹੀ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਮਨੋਰੰਜਨ ਲਈ ਵੱਖ ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਮੈਡਮ ਨੀਤੀਮਾ ਵਲੋਂ ਵਿਦਿਆਰਥੀਆਂ ਨੂੰ ਚਾਚਾ ਨਹਿਰੂ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਂਦੇ ਹੋਏ ਉਚੇਰੀ ਵਿੱਦਿਆ ਹਾਸਲ ਕਰ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਨਾਂ ਰੌਸ਼ਨ ਕਰਨ ਲਈ ਪ੍ਰੇਰਿਆ।

# ਚਿਲਡਰਨ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਬੇਟ ਖੇਤਰ ਦੀ ਨਾਮਵਰ ਵਿਦਿਅਕ ਸੰਸਥਾ ਮਾਤਾ ਸਾਹਿਬ ਕੌਰ ਇੰਟਰਨੈਸ਼ਨਲ ਪਬਲਿਕ ਹਾਈ ਸਕੂਲ ਤਲਵੰਡੀ ਡੱਡੀਆਂ ਵਿਖੇ ਸਕੂਲ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਪ੍ਰਿੰਸੀਪਲ ਸ਼ਾਰਦਾ ਦੱਤ ਅਤੇ ਸਟਾਫ ਵੱਲੋਂ ਚਿਲਡਰਨ-ਡੇ 'ਤੇ ਬੱਚਿਆਂ ਦਾ ਖਾਸ ਪ੍ਰੋਗਰਾਮ ਪੇਸ਼ ਕੀਤਾ ਗਿਆ।

ਇਸ ਮੌਕੇ ਮੈਡਮ ਪਰਮਜੀਤ ਕੌਰ ਨੇ ਬੱਚਿਆਂ ਨੂੰ ਗੁਰੂ ਗੋਬਿੰਦ ਸਿੰਘ ਦੇ ਚਾਰ ਸਾਹਿਬਜਾਦਿਆਂ ਦੇ ਜੀਵਨ ਵੇਰਵਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ ਇਸੇ ਤਰ੍ਹਾਂ ਮੈਡਮ ਜਸਵਿੰਦਰ ਕੌਰ ਨੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਦੇ ਜੀਵਨ ਵੱਖ ਵੱਖ ਘਟਨਾਵਾਂ ਨੂੰ ਬੱਚਿਆਂ ਨਾਲ ਸਾਂਝਾ ਕੀਤਾ। ਪ੍ਰਿੰਸੀਪਲ ਨੇ ਕਿਹਾ ਕਿ ਜੀਵਨ 'ਚ ਹਮੇਸ਼ਾ ਅੱਗੇ ਵਧਣ ਲਈ ਸਾਨੂੰ ਚੰਗੀ ਸੋਚ ਚੰਗੇ ਖਿਆਲ ਅਤੇ ਚੰਗੇ ਲੋਕਾਂ ਨਾਲ ਰਹਿਣਾ ਚਾਹੀਦਾ ਹੈ। ਉਹਨਾਂ ਬੱਚਿਆਂ ਨੂੰ ਪ੍ਰੇਰਨਾ ਕੀਤੀ ਕਿ ਉਹ ਆਪਣੇ ਜੀਵਨ ਲਕਸ ਦੀ ਪ੍ਰਾਪਤੀ ਲਈ ਜੀ ਜਾਣ ਨਾਲ ਮਿਹਨਤ ਕਰਨ। ਇਸ ਮੌਕੇ ਸਕੂਲ ਸਟਾਫ ਵਿਚ ਮੈਡਮ ਜਸਵੀਰ ਕੌਰ, ਅੰਜੂ ਬਾਲਾ, ਮੋਨੀਕਾ, ਮਨਪ੍ਰੀਤ ਕੌਰ, ਤਰਨਜੀਤ ਕੌਰ, ਦਮਨਜੀਤ ਕੌਰ, ਡਿੰਪਲ, ਕਮਲਜੀਤ ਕੌਰ ਆਦਿ ਹਾਜ਼ਰ ਸਨ।

# ਐੱਸ ਜੀ ਪੀ ਸੀ ਵੋਟਰ ਵਜੋਂ ਨਾਂਅ ਦਰਜ ਕਰਵਾਉਣ ਦੀ ਆਖਰੀ ਮਿਤੀ 'ਚ ਵਾਧਾ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕੀ ਕਮੇਟੀ ਦੀਆਂ ਚੋਣਾਂ ਵਿੱਚ ਵੋਟ ਪਾਉਣ ਲਈ ਵੋਟਰ ਵਜੋਂ ਨਾਂਅ ਰਜਿਸਟਰ ਕਰਵਾਉਣ ਦੀ ਆਖਰੀ ਮਿਤੀ 15 ਨਵੰਬਰ 2023 ਤੋਂ ਵਧਾ ਕੇ 29 ਫਰਵਰੀ, 2024 ਕਰ ਦਿੱਤੀ ਗਈ ਹੈ। ਇੱਥੇ ਸੋਧਿਆ ਹੋਇਆ ਸ਼ਡਿਊਲ ਜਾਰੀ ਕਰਦਿਆਂ ਕਮਿਸ਼ਨਰ ਗੁਰਦੁਆਰਾ ਚੋਣਾਂ, ਪੰਜਾਬ, ਗੁਰਕੀਰਤ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਜਸਟਿਸ (ਸੇਵਾਮੁਕਤ) ਐਸ ਐਸ ਸਾਰੋਂ, ਚੀਫ ਕਮਿਸ਼ਨਰ, ਗੁਰਦੁਆਰਾ ਚੋਣਾਂ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਇਹ ਸ਼ਡਿਊਲ ਜਾਰੀ ਕੀਤਾ ਗਿਆ ਹੈ। ਸਾਰੇ ਜ਼ਿਲ੍ਹਿਆਂ ਦੇ ਸਬੰਧਤ ਡਿਪਟੀ ਕਮਿਸ਼ਨਰ 21 ਮਾਰਚ, 2024 ਤੱਕ ਮੁਢਲੀ ਸੂਚੀਆਂ ਦੀ ਪ੍ਰਕਾਸਨਾ ਯਕੀਨੀ ਬਣਾਉਣਗੇ ਜਦਕਿ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਦੀ ਆਖਰੀ ਮਿਤੀ ਅਗਲੇ ਸਾਲ 11 ਅਪ੍ਰੈਲ ਹੈ। ਦਾਅਵਿਆਂ ਤੇ ਇਤਰਾਜਾਂ ਦੇ ਨਿਪਟਾਰੇ ਅਤੇ ਇਸ ਸੰਬੰਧੀ ਸੰਸੋਧਿਤ ਅਥਾਰਟੀ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਫੈਸਲਿਆਂ ਦੇ ਸੰਚਾਰ ਦੀ ਆਖਰੀ ਮਿਤੀ 21 ਅਪ੍ਰੈਲ, 2024 ਹੈ ਅਤੇ ਸਪਲੀਮੈਂਟਰੀ ਵੋਟਰ ਸੂਚੀ ਦੇ ਖਰੜੇ ਦੀਆਂ ਤਿਆਰੀਆਂ ਅਤੇ ਸਪਲੀਮੈਂਟ ਦੀ ਛਪਾਈ ਦੀ ਮਿਤੀ 2 ਮਈ, 2024 ਨੂੰ ਹੋਵੇਗੀ। ਵੋਟਰ ਸੂਚੀ ਦੀ ਅੰਤਿਮ ਪ੍ਰਕਾਸਨ 3 ਮਈ, 2024 ਨੂੰ ਹੋਵੇਗੀ।

# ਸਫਾਈ ਕਰਮਚਾਰੀਆਂ ਦੀਆਂ ਮੰਗਾਂ ਪ੍ਰਵਾਨ ਨਾ ਹੋਣ 'ਤੇ ਸੰਘਰਸ਼ ਕਰਾਂਗੇ ਤੇਜ਼ : ਸੇਠੀ, ਹੀਰਾ, ਖੋਸਲਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)** ਬੀਤੇ ਕਾਫੀ ਸਮੇਂ ਤੋਂ ਲਟਕਦੀਆਂ ਆ ਰਹੀਆਂ ਨਗਰ ਕੌਂਸਲ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਪ੍ਰਵਾਨ ਨਾ ਕਰਨ ਦੇ ਰੋਸ ਵਜੋਂ ਵਿਚਾਰ ਵਟਾਂਦਰਾ ਕਰਨ ਲਈ ਵਾਲਮੀਕਿ ਸਭਾ ਟਾਂਡਾ ਸ਼ਹਿਰ ਦੇ ਪ੍ਰਧਾਨ ਵਿਨੋਦ ਖੋਸਲਾ ਦੀ ਅਗਵਾਈ 'ਚ ਸ਼ਿਮਲਾ ਪਹਾੜੀ ਉੜਮੁੜ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ 'ਚ ਭਾਵਾਧਸ ਪੰਜਾਬ ਦੇ ਪ੍ਰਧਾਨ ਸੇਠ ਰਾਮ ਸੇਠੀ ਅਤੇ ਚੇਅਰਮੈਨ ਹੀਰਾ ਲਾਲ ਭੱਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੇਠ ਰਾਮ ਸੇਠੀ, ਹੀਰਾ ਲਾਲ ਭੱਟੀ ਅਤੇ ਵਿਨੋਦ ਖੋਸਲਾ ਨੇ ਕਿਹਾ ਕਿ ਸਫਾਈ ਸੇਵਕ ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ ਮੰਗਾਂ ਸੰਬੰਧੀ ਕਈ ਵਾਰ ਪੰਜਾਬ ਸਰਕਾਰ ਨੂੰ ਅਪੀਲਾਂ ਕੀਤੀਆਂ ਜਾ ਚੁੱਕੀਆਂ ਹਨ, ਪਰ ਸਰਕਾਰ ਮੰਗਾਂ ਪ੍ਰਵਾਨ ਕਰਨ ਦੀ ਥਾਂ ਟਾਲਮਟੋਲ ਨੀਤੀ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਕਾਲ ਦੌਰਾਨ ਜਦੋਂ ਆਮ ਜਨਤਾ ਆਪਣੇ ਘਰਾਂ 'ਚੋਂ ਨਿਕਲਣ ਤੋਂ ਪਰਹੇਜ਼ ਕਰਦੀ ਸੀ ਉਸ ਵਕਤ ਵੀ ਸਫਾਈ ਕਰਮਚਾਰੀ ਆਪਣੀ ਜ਼ਿੰਦਗੀ ਖਤਰੇ 'ਚ ਪਾ ਕੇ ਸੜਕਾਂ ਅਤੇ ਗਲੀਆਂ ਨਾਲੀਆਂ ਦੀ ਸਫਾਈ ਕਰਦੇ ਸਨ ਤਾਂ ਜੋ ਫੈਲ ਰਹੀ ਗੰਦਗੀ ਕਾਰਨ ਬਿਮਾਰੀਆਂ 'ਚ ਹੋਰ ਵਾਧਾ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਭਾਵਾਧਸ ਵੱਲੋਂ ਕਈ ਵਾਰ ਪੰਜਾਬ ਸਰਕਾਰ ਤੋਂ ਇਹ ਮੰਗ ਕੀਤੀ ਜਾ ਚੁੱਕੀ ਹੈ ਕਿ ਠੇਕੇਦਾਰੀ ਪ੍ਰਣਾਲੀ ਖਤਮ ਕੀਤੀ ਜਾਵੇ ਅਤੇ ਪੁਰਾਣੇ ਸਫਾਈ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ, ਪਰ ਨਾ ਜਾਨੇ ਕੁੰਭਕਰਨੀ ਨੀਂਦੇ ਸੁੱਤੀ ਪਈ ਸਰਕਾਰ ਕਿਉਂ ਨਹੀਂ ਜਾਗ ਰਹੀ। ਉਨ੍ਹਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਫਾਈ ਕਰਮਚਾਰੀਆਂ ਦੀਆਂ ਜਾਇਜ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਤਾਂ ਭਾਵਾਧਸ ਸਫਾਈ ਕਰਮਚਾਰੀਆਂ ਦੇ ਸਹਿਯੋਗ ਨਾਲ ਪੰਜਾਬ ਭਰ ਵਿੱਚ ਸੰਘਰਸ਼ ਦਾ ਬਿਗੁਲ ਵਜਾ ਦੇਵੇਗੀ। ਇਸ ਮੌਕੇ ਸੌਰਵ ਮਹਿਤਾ, ਵਰੁਣ, ਸੈਰੀ, ਜਸਵਿੰਦਰ ਸਹੋਤਾ, ਕਾਕਾ, ਬੋਬੀ, ਅਤਵਾਰੀ ਲਾਲ ਅਤੇ ਹੋਰ ਹਾਜ਼ਰ ਸਨ।



# ਕਾਸੂਪੁਰ ਦਾ ਖੇਡ ਮੇਲਾ 9 ਤੇ 10 ਦਸੰਬਰ ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)** ਚਾਨਣ ਸਿੰਘ ਚੰਦੀ ਪ੍ਰਦੁੱਮਣ ਸਿੰਘ ਚੰਦੀ ਯਾਦਗਾਰੀ ਸਪੋਰਟਸ ਕਲੱਬ (ਰਜਿ.) ਕਾਸੂਪੁਰ ਵੱਲੋਂ 29ਵਾਂ ਸਾਲਨਾ ਟੂਰਨਾਮੈਂਟ 9 ਅਤੇ 10 ਦਸੰਬਰ ਨੂੰ ਕਰਵਾਇਆ



ਮੀਟਿੰਗ ਮੌਕੇ ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਚੰਦੀ, ਜਥੇਬੰਦਕ ਸਕੱਤਰ ਲਵਲੀ ਚੰਦੀ, ਟੂਰਨਾਮੈਂਟ ਡਾਇਰੈਕਟਰ ਭੁਪਿੰਦਰ ਸਿੰਘ ਬਿੰਦ ਅਤੇ ਹੋਰ

ਜਾਵੇਗਾ। ਇਸ ਦਾ ਐਲਾਨ ਬੁੱਧਵਾਰ ਨੂੰ ਕਾਸੂਪੁਰ ਦੇ ਖੇਡ ਸਟੇਡੀਅਮ 'ਚ ਇਸ ਵਾਰ ਦੇ ਟੂਰਨਾਮੈਂਟ ਦੀ ਹੋਈ ਪਲੇਠੀ ਮੀਟਿੰਗ 'ਚ ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਚੰਦੀ ਨੇ ਕੀਤਾ ਨੇ ਕੀਤਾ। ਉਨ੍ਹਾਂ ਦੱਸਿਆ ਕਿ ਇਹ ਟੂਰਨਾਮੈਂਟ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਸ਼ਹੀਦ ਉਧਮ ਸਿੰਘ ਨੂੰ ਸਮਰਪਿਤ ਹੋਵੇਗਾ। ਇਸੇ ਦੌਰਾਨ ਪਿਛਲੇ ਸਮੇਂ ਵਿਛੋੜਾ ਦੇ ਗਏ ਕਲੱਬ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਵਿਰਦੀ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸਰਧਾਂਜਲੀ ਭੇਟ ਕੀਤੀ ਗਈ।

ਚੰਦੀ ਹੁਰਾਂ ਆਪਣੀ ਗੱਲ ਜਾਰੀ ਰੱਖਦਿਆਂ ਕਿਹਾ ਕਿ ਸਾਡੀ ਕਲੱਬ ਦਾ ਸ਼ੁਰੂ ਤੋਂ ਹੀ ਮੰਤਵ ਰਿਹਾ ਹੈ ਕਿ ਪੰਜਾਬ ਦੀ ਮਾਂ ਖੇਡ ਕਬੱਡੀ ਦੀ ਪਨੀਰੀ ਤਿਆਰ ਕਰਨੀ ਅਤੇ ਵਾਲੀਬਾਲ ਨੂੰ ਹੋਰ ਬੁਲੰਦੀਆਂ 'ਤੇ ਲੈ ਕੇ ਜਾਣਾ। ਇਸੇ ਲਈ ਇਸ ਟੂਰਨਾਮੈਂਟ ਦੀ ਪਛਾਣ ਕਬੱਡੀ ਅਤੇ ਵਾਲੀਬਾਲ ਨੂੰ ਪ੍ਰਫੁੱਲਤ ਕਰਨ ਵਜੋਂ ਬਣੀ ਹੋਈ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਇਸ ਵਾਰ ਦੀ ਕਬੱਡੀ ਦੀ ਜੇਤੂ ਟੀਮ ਨੂੰ ਸੁਰਿੰਦਰ ਸਿੰਘ ਵਿਰਦੀ ਦੇ ਨਾਂਅ ਦੀ ਟਰਾਫੀ ਦਿੱਤੀ ਜਾਵੇਗੀ। ਇਸ ਤੋਂ ਪਹਿਲਾਂ ਕਲੱਬ ਦੇ ਜਥੇਬੰਦਕ ਸਕੱਤਰ ਕੰਵਰਜੀਤ ਸਿੰਘ ਚੰਦੀ ਨੇ ਟੂਰਨਾਮੈਂਟ ਦੀ ਰੂਪ ਰੇਖਾ ਦੱਸੀ। ਟੂਰਨਾਮੈਂਟ ਦੇ ਡਾਇਰੈਕਟਰ ਭੁਪਿੰਦਰ ਸਿੰਘ ਬਿੰਦ ਸੇਵਾ ਮੁਕਤ ਡੀ ਐਸ ਪੀ ਨੇ ਜੀ ਆਇਆ ਕਹਿੰਦਿਆਂ ਟੂਰਨਾਮੈਂਟ ਦੀ ਹੋਰ ਬਿਹਤਰੀ ਲਈ ਹਾਜ਼ਰ ਮੈਂਬਰਾਨ ਕੋਲੋਂ ਸੁਝਾਅ ਮੰਗੇ।

ਲਗਭਗ ਹਰੇਕ ਮੈਂਬਰ ਨੇ ਪਿਛਲੇ ਟੂਰਨਾਮੈਂਟਾਂ ਦੇ ਤਜ਼ਰਬਿਆ ਦੇ ਹਵਾਲੇ ਨਾਲ ਟੂਰਨਾਮੈਂਟ ਨੂੰ ਹੋਰ ਖੂਬਸੂਰਤ ਬਣਾਉਣ ਲਈ ਸੁਝਾਅ ਦਿੱਤੇ। ਇਨ੍ਹਾਂ ਮੈਂਬਰਾਂ 'ਚ ਵਾਲੀਬਾਲ ਆਫੀਸਲ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆ, ਕਬੱਡੀ ਕਨਵੀਨਰ ਅਜੀਤ ਸਿੰਘ ਮਲਸੀਆਂ, ਸੁਭੇਦੂ ਸ਼ਰਮਾ, ਹਰਸ ਲੋਬੀਆ, ਮਲਕੀਤ ਸਿੰਘ ਮੁਰੀਦਵਾਲ, ਸਦਾ ਰਾਮ ਮੀਏਂਵਾਲ, ਅਮਰਜੀਤ ਸੱਭਰਵਾਲ, ਰਣਜੀਤ ਸਿੰਘ ਫੁੱਲਵਾੜੀ ਪਬਲਿਕ ਸਕੂਲ (ਲੋਹੀਆ), ਅਜੀਤ ਸਿੰਘ ਝੀਤਾ ਆਦਿ ਸ਼ਾਮਲ ਸਨ।

# ਮਧੂ ਰਚਨਾ ਨੇ ਸੰਤ ਨਿਰਮਲ ਦਾਸ ਡੇਰਾ ਬਾਬਾ ਜੌੜਾ ਤੋਂ ਲਿਆ ਆਸ਼ੀਰਵਾਦ



**ਜਲੰਧਰ ( ਰਾਜੇਸ਼ ਥਾਪਾ)** ਐਡਵੋਕੇਟ ਮਧੂ ਰਚਨਾ ਨੇ ਸਟੇਟ ਲੀਗਲ ਏਡ ਕੋ ਆਰਡੀਨੇਟਰ ਪੰਜਾਬ ਕਾਂਗਰਸ ਬਣਨ ਤੋਂ ਬਾਅਦ ਡੇਰਾ ਬਾਬਾ ਜੌੜਾ ਸੰਤ ਨਿਰਮਲ ਦਾਸ ਕੋਲੋਂ ਆਸ਼ੀਰਵਾਦ ਲਿਆ। ਉਨ੍ਹਾਂ ਨੇ ਭੈਣ ਸੰਤੋਸ਼ ਕੁਮਾਰੀ ਦੇ ਨਾਲ ਗੱਲ ਕਰਦਿਆਂ ਕਿਹਾ ਕਿ ਉਹ ਲੋਕ ਭਲਾਈ ਦੇ ਕੰਮ ਕਰਨ ਲਈ ਹਮੇਸ਼ਾ ਤਤਪਰ ਰਹਿਣਗੇ। ਖਾਸ ਕਰਕੇ ਸਮਾਜ ਵਿੱਚ ਜਿਹੜੀਆਂ ਸਾਡੀਆਂ ਭੈਣਾਂ ਪੜ੍ਹ ਲਿਖ ਉਹਨਾਂ ਨੂੰ ਸਮਾਜਿਕ ਤੌਰ 'ਤੇ ਪੜ੍ਹ ਲਿਖ ਨਹੀਂ ਸਕਿਆ ਉਹਨਾਂ ਨੂੰ ਸਮਾਜਿਕ ਤੌਰ 'ਤੇ ਚੇਤਨ ਕਰਾਂਗੇ ਤੇ ਛੋਟੀਆਂ ਬੱਚੀਆਂ ਨੂੰ ਪੜ੍ਹਾਉਣ ਦਾ ਕੰਮ ਕਰਾਂਗੇ ਤਾਂ ਜੋ ਉਹ ਅੱਗੇ ਚੱਲ ਕੇ ਚੰਗੇ ਸਮਾਜ ਦੀ ਸਿਰਜਣਾ ਕਰ ਸਕਣ ਤੇ ਆਪਣਾ ਯੋਗਦਾਨ ਦੇ ਸਕਣ।

ਇਸ ਤੋਂ ਇਲਾਵਾ ਪੰਜਾਬ 'ਚ ਜੋ ਨਸ਼ਿਆਂ ਦਾ ਵਰਤਾਰਾ ਹੈ ਉਸ ਨੂੰ ਪਿੰਡਾਂ ਦੀਆਂ ਸ਼ਹਿਰਾਂ ਦੀਆਂ ਔਰਤਾਂ ਨੂੰ ਭੈਣਾਂ ਨੂੰ ਨਾਲ ਲੈ ਕੇ ਉਹਨਾਂ ਵੀਰਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕਰਾਂਗੇ ਤੇ ਨਸ਼ੇ ਛੱਡ ਕੇ ਸਮਾਜ ਵਿੱਚ ਆਪਣਾ ਚੰਗਾ ਯੋਗਦਾਨ ਪਾਉਣ। ਮਧੂ ਰਚਨਾ ਨੇ ਅੱਗੇ ਕਿਹਾ ਭਾਵੇਂ ਕਿ ਇਹ ਬਹੁਤ ਵੱਡੀ ਜ਼ਿੰਮੇਵਾਰੀ ਦਾ ਕਾਰਜ ਹੈ ਪਰ ਕਾਂਗਰਸ ਪਾਰਟੀ ਨੇ ਮੇਰੇ 'ਤੇ ਵਿਸ਼ਵਾਸ਼ ਕੀਤਾ ਹੈ ਇਸ ਕਰਕੇ ਮੈਂ ਇਸ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਊਂਗੀ ਤੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਤੇ ਬੁਲੰਦੀਆਂ 'ਤੇ ਪਹੁੰਚਾਉਣ ਦੇ ਪੂਰਾ ਯਤਨ ਕਰਾਂਗੀ।

ਇਸ ਮੌਕੇ ਐਡਵੋਕੇਟ ਰਜਿੰਦਰ ਪਾਲ ਬੋਪਾ ਰਾਏ ਅਤੇ ਰਮੇਸ਼ ਚੋਹਕਾਂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਮਾਪੇ ਬੱਚਿਆਂ ਨੂੰ ਵੱਧ ਤੋਂ ਵੱਧ ਵਿੱਦਿਆ ਪ੍ਰਾਪਤ ਕਰਵਾਉਣ : ਸੁਨੇਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪ੍ਰੀਤ ਨਗਰ, ਅੱਜੋਵਾਲ ਵਿਖੇ ਬਾਲ ਮੇਲਾ ਕਰਵਾਇਆ ਗਿਆ। ਵੱਖ ਵੱਖ ਵਿਸ਼ਿਆਂ ਜਿਵੇਂ ਕਿ ਸਰੀਰਕ ਵਿਕਾਸ, ਭਾਸ਼ਾਈ ਵਿਕਾਸ , ਗਣਿਤ ਵਿਕਾਸ ਆਦਿ ਦੇ ਸਟਾਲ ਲਗਾਏ ਗਏ, ਜਿਸ 'ਚ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਉਤਸ਼ਾਹ ਵਿਖਾਇਆ ਗਿਆ। ਇਸ ਸਕੂਲ 'ਚ ਗਰੀਬੀ ਰੇਖਾ ਤੋਂ ਹੇਠਾਂ ਤਰਸਯੋਗ ਹਾਲਤ 'ਚ ਝੁੱਗੀਆਂ ਝੌਂਪੜੀਆਂ 'ਚ ਰਹਿ ਰਹੇ ਪਰਵਾਰਾਂ ਦੇ ਬੱਚਿਆਂ ਨੂੰ ਵਿੱਦਿਆ ਪ੍ਰਾਪਤ ਕਰਵਾਉਣ ਅਤੇ ਇਨ੍ਹਾਂ ਦੀ ਉਨਤੀ ਲਈ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨਲ ਟਰੱਸਟ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਸਕੂਲ ਦੇ ਪ੍ਰਿੰਸੀਪਲ ਪਰਵੀਨ ਕੁਮਾਰ, ਟਰੱਸਟ ਦੇ ਪ੍ਰਧਾਨ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ, ਗੁਰਪ੍ਰੀਤ ਸਿੰਘ, ਜਤਿੰਦਰ ਕੌਰ, ਪ੍ਰਿੰਸੀਪਲ ਰਚਨਾ ਕੌਰ ਅਤੇ ਸਮੂਹ ਸਟਾਫ ਅਤੇ ਟਰੱਸਟ ਦੇ ਮੈਂਬਰਾਂ ਵੱਲੋਂ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਮੌਕੇ ਮੁਬਾਰਕਾਂ ਦਿੱਤੀਆਂ। ਪ੍ਰੋਫੈਸਰ ਸੁਨੇਤ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਵਿੱਦਿਆ ਪ੍ਰਾਪਤ ਕਰਵਾਉਣ ਤਾਂ ਕਿ ਉਹ ਵੀ ਵਿਦਿਆ ਪ੍ਰਾਪਤ ਕਰਕੇ ਆਪਣੇ ਜੀਵਨ ਪੱਧਰ ਨੂੰ ਉੱਚਾ ਚੁੱਕ ਸਕਣ।

# ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਹਰਿਆਣਾ ਹਾਈ ਕੋਰਟ ਦੇ ਫੈਸਲੇ ਦੀ ਸ਼ਲਾਘਾ




**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਪਰਮਿੰਦਰ ਸਿੰਘ ਢੀਗਰਾ ਨੇ ਪੰਜਾਬ 'ਚ ਆਵਾਰਾ ਅਤੇ ਪਾਲਤੂ ਕੁੱਤਿਆਂ ਵੱਲੋਂ ਵੱਢਣ ਦੇ ਵੱਧ ਰਹੇ ਮਾਮਲਿਆਂ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ।

ਉਨ੍ਹਾਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ 10 ਹਜ਼ਾਰ ਰੁਪਏ ਦੇਣ ਅਤੇ ਇਸ ਤੋਂ ਵੱਧ। ਕੁੱਤੇ ਦੇ ਕੱਟਣ ਵਾਲੇ ਪੀੜਤਾਂ ਨੂੰ ਮੁਆਵਜਾ ਦੇਣ ਦੇ ਆਪਣੇ ਤਾਜ਼ਾ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਇੱਕ ਮਹੱਤਵਪੂਰਨ ਅਤੇ ਤਰਸ ਭਰਿਆ ਫੈਸਲਾ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਰਵਾਈ ਦੇ ਨਾਲ ਮੁਆਵਜੇ ਸੰਬੰਧੀ ਦਿੱਤੇ ਹੁਕਮਾਂ ਦੀ ਸ਼ਲਾਘਾ ਕਰਦਿਆਂ ਪੀਰ ਮੁਹੰਮਦ ਨੇ ਸਰਕਾਰ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਇਨ੍ਹਾਂ ਘਟਨਾਵਾਂ ਦੇ ਮੂਲ ਕਾਰਨਾਂ ਨਾਲ ਨਜਿੱਠਣ ਲਈ ਤੁਰੰਤ ਕਦਮ ਚੁੱਕਣ ਦੀ ਬੇਨਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਦੀ ਆਬਾਦੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਅਤੇ ਕੁੱਤਿਆਂ ਦੇ ਕੱਟਣ ਦੇ ਜੋਖਮ ਨੂੰ ਘੱਟ ਕਰਨ ਲਈ ਜਿੰਮੇਵਾਰ ਪਾਲਤੂ ਜਾਨਵਰਾਂ ਦੀ ਮਾਲਕੀ, ਟੀਕਾਕਰਨ ਮੁਹਿੰਮਾਂ ਅਤੇ ਨਸਬੰਦੀ ਮੁਹਿੰਮਾਂ 'ਤੇ ਕੇਂਦ੍ਰਿਤ ਵਿਆਪਕ ਪ੍ਰੋਗਰਾਮਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ ਹੈ ।

# ਸੇਂਟ ਸੋਲਜ਼ਰ ਹੋਟਲ ਮੈਨੇਜਮੈਂਟ ਨੇ ਵਿਦਿਆਰਥੀਆਂ ਨੂੰ ਸਿਖਾਈ ਇੰਟੀਰੀਅਰ ਡੇਕੋਰੇਸ਼ਨ

**ਜਲੰਧਰ (ਇਕਬਾਲ ਸਿੰਘ ਉੱਭੀ)** ਸੇਂਟ ਸੋਲਜ਼ਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨਾਲੋਜੀ ਨੇ ਥੀਮ ਆਧਾਰਿਤ ਇਨਟੀਰਿਅਰ ਡੇਕੋਰੇਸ਼ਨ ਗਤੀਵਿਧੀ ਦਾ ਆਯੋਜਨ ਕੀਤਾ। ਇਸ ਥੀਮ ਆਧਾਰਿਤ ਗਤੀਵਿਧੀ 'ਚ ਵਿਦਿਆਰਥੀਆਂ ਅਨਿਰੁਧ, ਕੈਲਵਿਨ, ਹਰਮਨ ਮਹੇ, ਅੰਮ੍ਰਿਤ, ਹਰਮਨਜੀਤ, ਮੋਨਿਕਾ, ਆਕਾਸ਼, ਕੋਮਲ, ਅਮਨਦੀਪ ਆਦਿ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਐਨੀਵਰਸਰੀ, ਬਰਥਡੇ, ਪ੍ਰਪੋਜ਼ਲ, ਹਨੀਮੂਨ ਆਦਿ ਥੀਮਾਂ 'ਤੇ ਕਮਰੇ ਨੂੰ ਸਜਾਇਆ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਤਰੀਕੇ ਨਾਲ ਅਸੀਂ ਆਪਣੇ ਘਰਾਂ ਨੂੰ ਖਾਸ ਮੌਕਿਆਂ 'ਤੇ ਚੀਜ਼ਾਂ ਨਾਲ ਸਜਾ ਸਕਦੇ ਹਾਂ। ਪ੍ਰਿੰਸੀਪਲ ਸੰਦੀਪ ਲੋਹਾਨੀ ਨੇ ਵਿਦਿਆਰਥੀਆਂ ਨੂੰ ਥੀਮ ਆਧਾਰਿਤ ਇਨਟੀਰਿਅਰ ਡੇਕੋਰੇਸ਼ਨ ਲਈ ਉਤਸ਼ਾਹਿਤ ਕੀਤਾ ਅਤੇ ਵਿਦਿਆਰਥੀਆਂ ਦੀ ਨਵੀਨਤਾ ਬਾਰੇ ਦੱਸਿਆ ਅਤੇ ਦੱਸਿਆ ਕਿ ਹੋਰ ਵੀ ਕਈ ਰਚਨਾਤਮਕ ਤਰੀਕੇ ਹਨ ਜਿਨ੍ਹਾਂ ਨਾਲ ਅਸੀਂ ਮੌਕੇ ਅਨੁਸਾਰ ਕਮਰੇ ਨੂੰ ਸਜਾ ਸਕਦੇ ਹਾਂ। ਐਚ ਓ ਡੀ ਸ਼੍ਰੀਮਤੀ ਕੀਰਤੀ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਅਤੇ ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਦੇਖਿਆ ਅਤੇ ਪ੍ਰਬੰਧਿਤ ਕੀਤਾ। ਗਰੁੱਪ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਹੋਟਲ ਉਦਯੋਗ 'ਚ ਥੀਮ ਆਧਾਰਿਤ ਸਜਾਵਟ ਦੀ ਮੰਗ ਨੂੰ ਦੇਖਦੇ ਹੋਏ ਇਹ ਗਤੀਵਿਧੀ ਆਯੋਜਿਤ ਕੀਤੀ ਗਈ ਹੈ।



# ਐੱਲ ਪੀ ਯੂ ਵੱਲੋਂ ਟਰਾਂਸ-ਇਨਕਲੂਸਿਵ ਸੁਸਾਇਟੀ ਤੇ ਸਾਲਾਨਾ ਯੂਥ ਫੈਸਟੀਵਲ ਸਪੈਕਟਰਾ

**ਜਲੰਧਰ ( ਸ਼ੈਲੀ ਐਲਬਰਟ)**-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੇ ਵਿਦਿਆਰਥੀ ਕਲਿਆਣ ਵਿੰਗ ਵਿਖੇ ਕਲਾ ਅਤੇ ਸੱਭਿਆਚਾਰ ਵਿਭਾਗ ਨੇ ਆਪਣਾ ਤਿੰਨ-ਰੋਜ਼ਾ ਸਾਲਾਨਾ 16ਵਾਂ ਇੰਟਰ ਸਕੂਲ ਯੂਥ ਫੈਸਟੀਵਲ ਸਪੈਕਟਰਾ 2023 ਆਯੋਜਿਤ ਕੀਤਾ । ਇਸ ਸਾਲ ਮਨਾਈ ਗਈ ਥੀਮ ਟਰਾਂਸ-ਇਨਕਲੂਸਿਵ ਸੁਸਾਇਟੀ ਦਾ ਪ੍ਰਚਾਰ ਸੀ। ਇਸ ਦੇ ਲਈ, 4000 ਤੋਂ ਵੱਧ ਵਿਦਿਆਰਥੀਆਂ ਨੇ ਡਾਂਸ, ਸੰਗੀਤ, ਸਾਹਿਤ, ਫਾਈਨ ਆਰਟਸ, ਅਤੇ, ਥੀਏਟਰ ਅਤੇ ਸੋਸ਼ਲ ਮੀਡੀਆ ਦੀਆਂ ਸ਼ੈਲੀਆਂ ਵਿੱਚ ਆਯੋਜਿਤ ਵਿਸ਼ੇ ਨਾਲ ਸਬੰਧਤ 40 ਮੁਕਾਬਲਿਆਂ ਵਿੱਚ ਭਾਗ ਲਿਆ। ਇਹ ਅਸਲ ਵਿੱਚ ਇੱਕ ਸ਼ਾਨਦਾਰ ਅਨੁਭਵ ਸੀ ਕਿਉਂਕਿ ਐਲਪੀਯੂ ਦੇ ਪ੍ਰੋਫੈਸ਼ਨਲ ਪ੍ਰੋਗਰਾਮਾਂ ਦੇ ਵਿਦਿਆਰਥੀਆਂ ਨੂੰ ਸੱਭਿਆਚਾਰਕ ਮੁਕਾਬਲਿਆਂ ਲਈ ਸ਼ਾਨਦਾਰ ਪ੍ਰਦਰਸ਼ਨ ਕਰਦੇ ਦੇਖਿਆ ਗਿਆ ।ਸਮਾਪਤੀ ਵਾਲੇ ਦਿਨ, ਐਲਪੀਯੂ ਦੇ ਸਕੂਲ ਆਫ਼ ਕੰਪਿਊਟਰ ਸਾਇੰਸ ਐਂਡ ਇੰਜਨੀਅਰਿੰਗ ਨੇ ਜੇਤੂਆਂ ਦੀ ਟਰਾਫੀ ਜਿੱਤੀ; ਸਕੂਲ ਆਫ਼ ਆਰਕੀਟੈਕਚਰ ਨੂੰ ਪਹਿਲਾ ਰਨਰ ਘੋਸ਼ਿਤ ਕੀਤਾ ਗਿਆ । ਜਦੋਂ ਕਿ, ਸਕੂਲ ਆਫ਼ ਕ੍ਰਿਏਟਿਵ ਆਰਟਸ ਲਈ ਦੂਜੇ ਰਨਰ-ਅੱਪ ਵਜੋਂ ਨਿਰਣਾ ਕੀਤਾ ਗਿਆ । ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ ਰਾਜ ਸਭਾ ਡਾ. ਅਸ਼ੋਕ ਕੁਮਾਰ ਮਿੱਤਲ ਅਤੇ ਪ੍ਰੋ ਚਾਂਸਲਰ ਸ਼੍ਰੀਮਤੀ ਰਸ਼ਮੀ ਮਿੱਤਲ ਨੇ ਜੇਤੂਆਂ ਨੂੰ ਸਨਮਾਨਿਤ ਕੀਤਾ। ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ, ਡਾ: ਮਿੱਤਲ ਨੇ ਕਾਮਨਾ ਕੀਤੀ ਕਿ ਉਹ ਸਮਾਜ ਦੇ ਭਲੇ ਲਈ ਆਪਣੀ ਪ੍ਰਤਿਭਾ ਅਤੇ ਜਨੂੰਨ ਦਾ ਪ੍ਰਦਰਸ਼ਨ ਕਰਦੇ ਰਹਿਣ ਅਤੇ ਯੂਨੀਵਰਸਿਟੀ ਅਤੇ ਆਪਣੇ ਆਪ ਦਾ ਨਾਂਅ ਰੌਸ਼ਨ ਕਰਨ । ਇਹ ਇਵੈਂਟ ਦਾ ਮਕਸੱਦ ਨਾ ਸਿਰਫ਼ ਐਲਪੀਯੂ ਦੇ ਵਿਦਿਆਰਥੀਆਂ ਦਾ ਮਨੋਰੰਜਨ ਕਰਨਾ ਹੀ ਸੀ, ਸਗੋਂ ਜੀਵਨ ਵਿੱਚ ਉੱਤਮ ਹੋਣ ਲਈ ਉਨ੍ਹਾਂ ਦੀ ਪ੍ਰਤੀਯੋਗੀ ਭਾਵਨਾ ਨੂੰ ਉਜਾਗਰ ਕਰਨਾ ਅਤੇ ਵਧਾਉਣਾ ਵੀ ਸੀ। ਲੋੜੀਂਦੇ ਟਰਾਂਸ-ਇਨਕਲੂਸਿਵ ਸਮਾਜ ਨੂੰ ਦਰਸਾਉਂਦੇ ਹੋਏ, ਪ੍ਰੋਗਰਾਮ ਦਾ ਉਦਘਾਟਨ ਟ੍ਰਾਂਸ-ਪ੍ਰਤੀਨਿਧਤਾ ਦੇ ਨਾਲ ਇੱਕ ਸੋਚ-ਪ੍ਰੇਰਕ ਡਾਂਸ-ਸੀਕਵਲ ਨਾਲ ਕੀਤਾ ਗਿਆ ਸੀ । ਸਾਹਿਤਕ ਮੁਕਾਬਲਿਆਂ ਵਿੱਚ ਉਨ੍ਹਾਂ ਦੀਆਂ ਫੌਰੀ ਲੋੜਾਂ ਨਾਲ ਸਬੰਧਤ ਵਿਸ਼ੇ ਵੀ ਸਨ । ਅਜਿਹੀਆਂ ਪੇਸ਼ਕਾਰੀਆਂ ਰਾਹੀਂ ਟਰਾਂਸ-ਲਾਈਵਜ਼ ਦੇ ਵਿਅਕਤੀਗਤ ਮਾਣ ਲਈ ਬੇਨਤੀਆਂ ਸਨ । ਇਸ ਤੋਂ ਇਲਾਵਾ, ਪੂਰੇ ਈਵੈਂਟ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਸਨ, ਜਿਸ ਵਿੱਚ ਇੱਕ ਫੈਸ਼ਨ ਸ਼ੋਅ ਵੀ ਸ਼ਾਮਲ ਸੀ ਜੋ ਕਿ ਰਾਸ਼ਟਰ ਲਈ ਖਾਦੀ ਫੈਸ਼ਨ ਲਈ ਖਾਦੀ ਦੇ ਥੀਮ 'ਤੇ ਅਧਾਰਤ ਸੀ। ਇੰਡੀਆਜ਼ ਗੌਟ ਟੇਲੈਂਟ ਰਾਸ਼ਟਰੀ ਟੀਵੀ ਸ਼ੋਅ ਰਨਰ-ਅੱਪ ਐਲਪੀਯੂ ਦੀ ਟੀਮ- ਰਾਗਾ ਫਿਊਜ਼ਨ ਦੁਆਰਾ ਸੰਗੀਤਕ ਐਗਜ਼ੀਕਿਊਸ਼ਨ ਇਸ ਸਮਾਗਮ ਵਿੱਚ ਇੱਕ ਹੋਰ ਚਮਕ ਸੀ। ਫੈਸਟ ਵਿੱਚ ਦਰਸਾਈਆਂ ਗਈਆਂ ਸਮਾਜ ਨਾਲ ਸੰਬੰਧਿਤ ਜੰਗ, ਭ੍ਰਿਸ਼ਟਾਚਾਰ, ਅੱਤਵਾਦ, ਹਰਿਆਵਲ, ਸਫਾਈ, ਹੁਨਰ ਵਿਕਾਸ, ਉੱਦਮਤਾ, ਰਾਸ਼ਟਰੀਅਤਾ ਅਤੇ ਹੋਰ ਵੱਖ-ਵੱਖ ਸ਼੍ਰੇਣੀਆਂ ਲਈ ਸਨ । ਹੋਰ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਨ ਲਈ ਗੈਰ-ਮੁਕਾਬਲੇ ਵਾਲੇ ਪ੍ਰਦਰਸ਼ਨ ਜਿਵੇਂ ਕਿ ਸਟ੍ਰੀਟ ਪਲੇ, ਰਾਕ ਬੈਂਡ ਸ਼ੋਅ, ਸਟ੍ਰੀਟ ਡਾਂਸ ਅਤੇ ਹੋਰ ਬਹੁਤ ਕੁਝ ਵੀ ਤਿਆਰ ਕੀਤਾ ਗਿਆ ਸੀ। ।ਐਲਪੀਯੂ ਹਰ ਸਾਲ ਸਪੈਕਟਰਾ ਫੈਸਟ ਨੂੰ ਸ਼ਡਿਊਲ ਕਰਦਾ ਹੈ, ਖਾਸ ਕਰਕੇ ਨਵੇਂ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਪਛਾਣ ਕਰਨ ਲਈ। ਜੇਤੂਆਂ ਅਤੇ ਹੋਰ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਹੋਰ ਵੱਡੇ ਰਾਸ਼ਟਰੀ ਅਤੇ ਇੱਥੋਂ ਤੱਕ ਕਿ ਅੰਤਰਰਾਸ਼ਟਰੀ ਪੱਧਰ ਦੇ ਪਲੇਟਫਾਰਮਾਂ ਨੂੰ ਸਾਂਝਾ ਕਰਨ ਲਈ ਮਾਰਗਦਰਸ਼ਨ ਕੀਤਾ ਜਾਂਦਾ ਹੈ, ਜਿਸ ਵਿੱਚ ਐਸੋਸੀਏਸ਼ਨ ਆਫ ਇੰਡੀਅਨ ਯੂਨਿਵਰਸਿਟੀਜ਼ ਨੈਸ਼ਨਲਜ਼, ਯੂਥ ਵਾਈਬ, ਵਨ ਇੰਡੀਆ, ਵਨ ਵਰਲਡ ਅਤੇ ਹੋਰ ਵੀ ਸ਼ਾਮਲ ਹਨ।




# ਜ਼ਿਲ੍ਹੇ 'ਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਕਾਬੂ : ਅਰਪਿਤ ਸ਼ੁਕਲਾ

**ਬਲਾਚੌਰ/ਕਾਠਗੜ੍ਹ (ਸੁਭਾਸ਼ ਭਾਟੀਆ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਲੋਕਾਂ ਨੂੰ ਸੁਰੱਖਿਅਤ ਮਾਹੌਲ ਪ੍ਰਦਾਨ ਕਰਨ ਲਈ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾ ਰਹੀ ਹੈ ਤੇ ਜ਼ਿਲ੍ਹੇ 'ਚ ਅਮਨ ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਸਮਾਜ ਵਿਰੋਧੀ ਅਨਸਰਾਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਮੁਸਤੈਦ ਹੈ। ਇਹ ਗੱਲਬਾਤ ਅਰਪਿਤ ਸ਼ੁਕਲਾ ਆਈ ਪੀ ਐਸ ਡਬਲਯੂ/ਐਸ ਪੀ ਐਲ ਡੀ ਜੀ ਪੀ ਲਾਅ ਨੇ ਬਲਾਚੌਰ ਪੁਲਸ ਸਟੇਸ਼ਨ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਕਰਦਿਆਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖਣ ਲਈ ਥਾਣਾ ਕਾਠਗੜ੍ਹ, ਸਤਲੁਜ ਪੁਲ ਤੋਂ ਕਨੂੰਨ ਥਾਣਾ, ਮੋਹਾਲੀ ਦੇ ਥਾਣਾ ਬਹਿਰਾਮ ਅਤੇ ਸਿੰਘਪੁਰ ਥਾਣਾ ਪੋਜੇਵਾਲ ਤੋਂ ਹੁੰਦੇ ਹੋਏ ਸਤਲੁਜ ਪੁਲ 'ਤੇ ਹਾਈਟੈਕ ਨਾਕੇ ਲਗਾ ਕੇ ਜ਼ਿਲ੍ਹੇ ਦੀਆਂ ਸਰਹੱਦਾਂ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਹੈ ਜਿੱਥੇ ਸਨਕੀ ਵਿਅਕਤੀਆਂ ਅਤੇ ਵਾਹਨਾਂ ਦੀ ਆਵਾਜਾਈ 'ਤੇ ਪਾਬੰਦੀ ਲਗਾਈ ਗਈ ਹੈ। ਲਗਾਤਾਰ 24 ਘੰਟੇ ਚੈਕਿੰਗ ਕੀਤੀ ਜਾ ਰਹੀ ਹੈ ਤੇ ਇਸ ਕੰਮ ਲਈ 40 ਮੁਲਾਜ਼ਮ ਦਿਨ-ਰਾਤ ਡਿਊਟੀ 'ਤੇ ਲੱਗੇ ਹੋਏ ਹਨ। ਜ਼ਿਲ੍ਹਾ ਪੱਧਰ 'ਤੇ ਇੰਸਪੈਕਟਰ ਰੈਂਕ ਦੇ ਮੁਲਾਜ਼ਮਾਂ ਅਤੇ ਗਜ਼ਟਿਡ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਨਵਾਂਸ਼ਹਿਰ ਸ਼ਹਿਰੀ ਖੇਤਰ 'ਚ ਨਿਗਰਾਨੀ ਲਈ 51 ਸੀ ਸੀ ਟੀ ਵੀ ਕੈਮਰੇ ਲਗਾਏ ਗਏ ਹਨ। ਜ਼ਿਲ੍ਹੇ 'ਚ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੁਲਸ ਲਾਈਨ 'ਚ ਹਥਿਆਰਬੰਦ ਕਿਊਆਰ ਟੀਮ 24 ਘੰਟੇ ਤਿਆਰ ਰੱਖੀ ਗਈ ਹੈ। ਅਰਪਿਤ ਸ਼ੁਕਲਾ ਨੇ ਅੱਗੇ ਕਿਹਾ ਬੇਟਾ ਕਿ ਜ਼ਿਲ੍ਹੇ 'ਚ ਪਰਾਲੀ ਸਾੜਨ ਨੂੰ ਰੋਕਣ ਲਈ 25 ਪੁਲਸ ਪਾਰਟੀਆਂ ਤਾਇਨਾਤ ਕੀਤੀਆਂ ਗਈਆਂ ਹਨ। ਪੁਲਸ ਪਿੰਡਾਂ 'ਚ ਪਹੁੰਚ ਕੇ ਕਿਸਾਨਾਂ ਤੇ ਗ੍ਰਾਮ ਪੰਚਾਇਤਾਂ ਨਾਲ ਰਾਬਤਾ ਕਾਇਮ ਕਰ ਰਹੀ ਹੈ ਅਤੇ ਲੋਕਾਂ ਨੂੰ ਝੋਨੇ ਦੀ ਪਰਾਲੀ ਨਾ ਸਾੜਨ ਬਾਰੇ ਜਾਗਰੂਕ ਕਰ ਰਹੀ ਹੈ।



### ਮਾਮਲਾ ਐਕਸਪ੍ਰੈੱਸ ਵੇਅ ਨੂੰ ਪਿੱਲਰਾਂ 'ਤੇ ਬਣਾਉਣ ਦਾ

# ਪੱਕੇ ਮੋਰਚੇ 'ਤੇ ਬੈਠੇ ਕਿਸਾਨਾਂ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਐਲਾਨ

**ਕੇ ਕੇ ਯੂ ਵੱਲੋਂ ਸੰਘਰਸ਼ਸ਼ੀਲ ਕਿਸਾਨਾਂ ਦੇ ਹੱਕ 'ਚ ਵਿਸ਼ਾਲ ਮੀਟਿੰਗ**



ਸ਼ੁਤਰਾਣਾ ਵਿਖੇ ਵਿਰੋਧ ਪ੍ਰਦਰਸ਼ਨ ਕਰ ਰਹੇ ਕਿਸਾਨ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਕੇਂਦਰ ਸਰਕਾਰ ਵੱਲੋਂ ਭਾਰਤ ਮਾਲਾ ਪਰਿਯੋਜਨਾ ਤਹਿਤ ਬਣਾਏ ਜਾ ਰਹੇ ਦਿੱਲੀ-ਜੰਮੂ-ਕੱਟੜਾ ਐਕਸਪ੍ਰੈੱਸ ਵੇਅ ਨੂੰ ਹਲਕਾ ਸ਼ਤਰਾਣਾ ਦੇ ਘੱਗਰ ਦਰਿਆ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਿੱਲਰਾਂ ਉੱਤੇ ਬਣਾਏ ਜਾਣ ਦੀ ਮੰਗ ਨੂੰ ਲੈ ਕੇ ਪਿਛਲੇ ਚਾਰ ਮਹੀਨਿਆਂ ਤੋਂ ਪਿੰਡ ਸ਼ੁਤਰਾਣਾ ਵਿਖੇ ਪੱਕਾ ਮੋਰਚਾ ਲਗਾ ਕੇ ਸੰਘਰਸ਼ ਕਰ ਰਹੇ ਕਿਸਾਨਾਂ ਦੇ ਹੱਕ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਵਰਕਰਾਂ ਨੇ ਵਿਸ਼ਾਲ ਮੀਟਿੰਗ ਕਰਕੇ ਸੰਘਰਸ਼ ਨੂੰ ਤੇਜ਼ ਕਰਨ ਲਈ ਨਵੀਂ ਯੋਜਨਾ ਬੰਦੀ ਉਲੀਕੀ ਹੈ। ਇਸ ਦੌਰਾਨ ਇਕੱਤਰ ਵੱਡੀ ਗਿਣਤੀ 'ਚ ਕਿਸਾਨਾਂ ਨੇ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਮਾਮਲੇ ਦੇ ਹੱਲ 'ਚ ਵਰਤੀ ਜਾ ਰਹੀ ਢਿੱਲ ਦੇ ਵਿਰੋਧ ਵਿੱਚ ਸੰਘਰਸ਼ ਨੂੰ ਤੇਜ਼ ਕਰਨ ਦਾ ਐਲਾਨ ਕੀਤਾ ਹੈ। ਪੱਕਾ ਮੋਰਚਾ ਲਗਾ ਕੇ ਕਿਸਾਨਾਂ ਦੀ ਅਗਵਾਈ ਕਰ ਰਹੇ ਕਿਸਾਨ ਆਗੂ ਸਤਨਾਮ ਸਿੰਘ ਵਧਾਵਾ ਸਿੰਘ ਤੇ ਹਰਪਾਲ ਸਿੰਘ ਵੜੈਚ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਆਏ ਹੜ੍ਹਾਂ ਕਾਰਨ ਐਕਸਪ੍ਰੈੱਸ ਹਾਈਵੇ ਲੰਘਣ ਵਾਲੇ ਖੇਤਰ 'ਚ ਹੜ੍ਹਾਂ ਦਾ ਪਾਣੀ ਰੁਕ ਜਾਣ ਕਾਰਨ ਫਸਲਾਂ ਦਾ ਵੱਡਾ ਨੁਕਸਾਨ ਹੋਇਆ ਸੀ, ਜਿਸ ਤੋਂ ਬਾਅਦ ਇਸ ਦੇ ਹੱਲ ਲਈ ਦਿੱਤੇ ਜਾ ਰਹੇ ਧਰਨਿਆਂ ਤੋ ਬਾਅਦ ਕੇਂਦਰ ਸਰਕਾਰ ਤੋਂ ਵਿਭਾਗ ਦੀਆਂ ਟੀਮਾਂ ਵੱਲੋਂ ਵਿਸ਼ਵਾਸ ਦਿਵਾਇਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਐਕਸਪ੍ਰੈੱਸ ਵੇਅ ਨੂੰ ਪਿੱਲਰਾਂ 'ਤੇ ਬਣਾ ਕੇ ਇਸ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ, ਪ੍ਰੰਤੂ ਚਾਰ ਮਹੀਨਿਆਂ ਦਾ ਸਮਾਂ ਬੀਤਣ ਦੇ ਬਾਵਜੂਦ ਵਿਭਾਗ ਵੱਲੋਂ ਦਿੱਤੇ ਵਿਸ਼ਵਾਸ ਦੇ ਬਾਵਜੂਦ ਕੋਈ ਕਾਰਵਾਈ ਸ਼ੁਰੂ ਨਹੀਂ ਹੋਈ, ਜਿਸ ਕਾਰਨ ਅੱਜ ਮੀਟਿੰਗ ਕਰਕੇ ਨਵੀਂ ਰਣਨੀਤੀ ਤਿਆਰ ਕੀਤੀ ਗਈ ਹੈ। ਮਾਮਲੇ ਦੇ ਹੱਲ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਕਿਸਾਨਾਂ ਨੇ ਐਲਾਨ ਕੀਤਾ ਕਿ ਜੇਕਰ ਸੜਕ ਨੂੰ ਪਿੱਲਰਾਂ 'ਤੇ ਨਾ ਬਣਾਇਆ ਗਿਆ ਤਾਂ ਉਹ ਮਜਬੂਰਨ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਦੌਰਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਹਰਭਜਨ ਸਿੰਘ ਬੁੱਟਰ ਨੇ ਕਿਹਾ ਕਿ ਪਿਛਲੇ ਚਾਰ ਮਹੀਨੇ ਤੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸਹਿਯੋਗ ਨਾਲ ਕਿਸਾਨਾਂ ਵੱਲੋਂ ਦਿੱਤੇ ਜਾ ਰਹੇ ਧਰਨੇ ਵਿੱਚ ਅੱਜ ਹਜ਼ਾਰਾਂ ਦੀ ਗਿਣਤੀ 'ਚ ਕਿਸਾਨਾਂ ਵੱਲੋਂ ਸ਼ਮੂਲੀਅਤ ਕਰਕੇ ਕੇਂਦਰ ਸਰਕਾਰ ਤੇ ਨੈਸ਼ਨਲ ਹਾਈਵੇ ਅਥਾਰਟੀ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਬੁੱਟਰ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਪਿੱਲਰਾਂ ਉੱਪਰ ਸੜਕ ਬਣਾਉਣ ਤੋਂ ਆਨਾਕਾਨੀ ਕਰਦੀ ਹੈ ਤਾਂ ਇਸ ਇਲਾਕੇ ਵਿੱਚ ਚੱਲ ਰਿਹਾ ਨੈਸ਼ਨਲ ਹਾਈਵੇ ਦਿੱਲੀ ਕਟਰਾ ਸੜਕ ਦਾ ਕੰਮ ਬੰਦ ਕਰਵਾਉਣ ਲਈ ਵਿਚਾਰ ਚਰਚਾ ਵੀ ਕੀਤੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਭਜਨ ਸਿੰਘ ਧੂਹੜ, ਸੁਖਦੇਵ ਸਿੰਘ ਬਲਾਕ ਪ੍ਰਧਾਨ, ਸਾਹਿਬ ਸਿੰਘ ਬਲਾਕ ਪ੍ਰਧਾਨ, ਜਲੰਧਰ ਸਿੰਘ, ਸਬੇਗ ਸਿੰਘ, ਸਲਵਿੰਦਰ ਸਿੰਘ, ਲਖਵਿੰਦਰ ਸਿੰਘ, ਲਾਭ ਸਿੰਘ ਦੁਗਾਲ, ਮੇਜਰ ਸਿੰਘ ਗੁਲਾੜ, ਨਰਾਤਾ ਸਿੰਘ, ਰਘਬੀਰ ਸਿੰਘ ਹਰਪਾਲ ਸਿੰਘ ਵੜੈਚ, ਸਤਨਾਮ ਸਿੰਘ ਵੜੈਚ, ਵਧਾਵਾ ਸਿੰਘ, ਸੁਖਦੇਵ ਸਿੰਘ ਨੰਬਰਦਾਰ, ਵਰਿੰਦਰ ਸਿੰਘ, ਯਾਦਵਿੰਦਰ ਸਿੰਘ, ਮਾਲਕ ਸਿੰਘ, ਬਾਊ ਸਿੰਘ ਰਸੌਲੀ, ਜਸਵੰਤ ਸਿੰਘ, ਸੁਖਦੇਵ ਸਿੰਘ ਥਾਬਲ, ਕੇਵਲ ਸਿੰਘ ਆਦਿ ਹਾਜ਼ਰ ਸਨ।

## ਡੀ ਟੀ ਐੱਫ ਮੋਗਾ ਕਰੇਗੀ 26 ਦੀ ਸੰਗਰੂਰ ਰੈਲੀ 'ਚ ਵੱਡੀ ਸ਼ਮੂਲੀਅਤ

ਮੋਗਾ (ਅਮਰਜੀਤ ਬੱਬਰੀ)-ਡੈਮੋਕ੍ਰੇਟਿਕ ਟੀਚਰਸ ਫ਼ਰੰਟ ਜ਼ਿਲ੍ਹਾ ਇਕਾਈ ਮੋਗਾ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਨੇਚਰ ਪਾਰਕ ਮੋਗਾ ਵਿਖੇ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 26 ਨਵੰਬਰ ਦੀ ਸੰਗਰੂਰ ਵਿਖੇ ਹੋਣ ਵਾਲੀ ਸੰਯੁਕਤ ਅਧਿਆਪਕ ਫ਼ਰੰਟ ਦੀ ਸੂਬਾ ਪੱਧਰੀ ਰੈਲੀ ਲਈ ਅਧਿਆਪਕਾਂ ਦੀ ਲਾਮਬੰਦੀ ਲਈ ਯੋਜਨਾਬੰਦੀ ਕੀਤੀ ਗਈ। ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਸਵਰਨਦਾਸ ਨੇ ਦੱਸਿਆ ਕਿ ਸੰਯੁਕਤ ਅਧਿਆਪਕ ਫਰੰਟ ਦੀਆਂ ਬਾਕੀ ਜਥੇਬੰਦੀਆਂ ਦੀਆਂ ਜ਼ਿਲ੍ਹਾ ਇਕਾਈਆਂ ਨਾਲ ਜਲਦੀ ਹੀ ਜ਼ਿਲ੍ਹਾ ਕਾਰਜਕਰਨੀ ਵੱਲੋਂ ਮੀਟਿੰਗ ਕਰਕੇ ਬਲਾਕ ਪੱਧਰ 'ਤੇ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਅਧਿਆਪਕਾਂ ਦੀ ਲਾਮਬੰਦੀ ਕਰਨ ਦਾ ਫੈਸਲਾ ਕੀਤਾ ਗਿਆ। ਅਧਿਆਪਕਾਂ ਦੀ ਲਾਮਬੰਦੀ ਲਈ ਬਲਾਕ ਪੱਧਰੀ ਮੀਟਿੰਗਾਂ ਕਰਨ ਅਤੇ ਸਕੂਲਾਂ ਵਿੱਚ ਜਾ ਕੇ ਅਧਿਆਪਕਾਂ ਨਾਲ ਰਾਬਤਾ ਕਰਨ ਦਾ ਫੈਸਲਾ ਕੀਤਾ ਗਿਆ। ਜਥੇਬੰਦੀ ਦੇ ਪਿਛਲੇ ਸੰਘਰਸ਼ਾਂ ਦਾ ਵਿਸਥਾਰ ਵਿਚ ਰੀਵਿਊ ਕੀਤਾ ਗਿਆ ਅਤੇ ਮੌਜੂਦਾ ਸਥਿਤੀ ਨੂੰ ਵਿਚਾਰ ਕੇ ਭਵਿੱਖ ਵਿੱਚ ਜਥੇਬੰਦੀ ਨੂੰ ਹੋਰ ਮਜਬੂਤ ਕਰਨ ਬਾਰੇ ਵਿਚਾਰਾਂ ਕੀਤੀਆਂ ਗਈਆਂ। ਆਗੂਆਂ ਨੇ ਕਿਹਾ ਕਿ ਬਲਾਕ ਕਮੇਟੀਆਂ 18 ਨਵੰਬਰ ਤੱਕ ਆਪਣੀਆਂ ਬਲਾਕ ਕਮੇਟੀ ਮੀਟਿੰਗਾਂ ਕਰਨਗੀਆਂ।

## ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਵਿਰਾਸਤ 'ਤੇ ਪਹਿਰਾ ਦੇਣ ਦਾ ਸੱਦਾ




ਜਗਰਾਉਂ (ਅਮਿਤ ਖੰਨਾ)-ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ 'ਚ 26 ਤੋਂ 28 ਨਵੰਬਰ ਕਿਸਾਨੀ ਮੰਗਾਂ ਤੇ ਦਿਨ ਰਾਤ ਦੇ ਚੰਡੀਗੜ੍ਹ ਧਰਨੇ 'ਚ ਪੁੱਜਣ ਦੀ ਅਪੀਲ ਫਲਸਤੀਨ ਉਪਰ ਇਜ਼ਰਾਈਲ ਵਲੋਂ ਠੋਸੀ ਨਿਹੱਕੀ ਜੰਗ ਬੰਦ ਕਰਨ ਦੀ ਮੰਗ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੱਦੇ 'ਤੇ ਅੱਜ ਪਿੰਡ ਭੁਮਾਲ ਵਿਖੇ ਬਲਾਕ ਦੀਆਂ ਸਾਰੀਆਂ ਇਕਾਈਆਂ ਦੇ ਚੁਣੇ ਨੁਮਾਇੰਦਿਆਂ ਦੀ ਜਨਰਲ ਮੀਟਿੰਗ ਬਲਾਕ ਪ੍ਰਧਾਨ ਜਗਜੀਤ ਸਿੰਘ ਕਲੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਸਭ ਤੋਂ ਪਹਿਲਾਂ ਗਦਰ ਪਾਰਟੀ ਦੇ ਯੋਧੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਭਲਕੇ ਦੇ ਸ਼ਹਾਦਤ ਦਿਵਸ 'ਤੇ ਹਾਜ਼ਰ ਆਗੂਆਂ ਵਲੋਂ ਦੋ ਮਿੰਟ ਦਾ ਮੋਨ ਧਾਰ ਕੇ ਅਤੇ ਫੁੱਲ ਪੱਤੀਆਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਲੋਕ ਆਗੂ ਕੰਵਲਜੀਤ ਖੰਨਾ ਨੇ ਸ਼ਹੀਦ ਸਰਾਭਾ ਦੀ ਜੀਵਨੀ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਅੰਗਰੇਜ਼ਾਂ ਖਿਲਾਫ ਦੇਸ਼ ਦੀ ਆਜ਼ਾਦੀ ਲਈ ਲੜੇ ਸੀ, ਉਨ੍ਹਾਂ ਦੇ ਵਾਰਸਾਂ ਨੂੰ ਅੱਜ ਦੀ ਸਾਮਰਾਜ ਦੀ ਗੁਲਾਮੀ ਅਤੇ ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਲੜਨਾ ਪੈਣਾ ਹੈ। 19 ਸਾਲ ਦੀ ਉਮਰ 'ਚ ਗਦਰ ਪਾਰਟੀ ਦੀ ਅਗਵਾਈ ਕਰਦਿਆਂ ਦੇਸ਼ ਨੂੰ ਆਜ਼ਾਦ ਕਰਾਉਣ ਲਈ ਫਾਂਸੀ ਦਾ ਰੱਸਾ ਚੁੰਮ ਗਏ ਸ਼ਹੀਦ ਸਰਾਭਾ ਦੇ ਅਧੂਰਾ ਸੁਪਨਾ ਪੂਰਾ ਕਰਨ ਲਈ ਲੋਕ ਲਹਿਰ ਤੇਜ਼ ਕਰਨੀ ਹੋਵੇਗੀ। ਇਸ ਸਮੇਂ ਜਿਲਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਕਿਸਾਨੀ ਮੰਗਾਂ ਦੀ ਪ੍ਰਾਪਤੀ ਲਈ ਦੋ ਸਾਲ ਦੇ ਇੰਤਜ਼ਾਰ ਤੋਂ ਬਾਅਦ ਦਿੱਲੀ ਅੰਦੋਲਨ ਦੀ ਤਰਜ਼ 'ਤੇ 26 ਨਵੰਬਰ ਤੋਂ 28 ਨਵੰਬਰ ਤੱਕ ਤਿੰਨ ਰੋਜ਼ਾ ਚੰਡੀਗੜ੍ਹ ਗਵਰਨਰ ਦੇ ਘਿਰਾਓ ਲਈ ਪਿੰਡਾਂ 'ਚ ਪੂਰੀ ਤਿਆਰੀ ਕਰਨ ਦਾ ਸੱਦਾ ਦਿੱਤਾ। ਉਨਾਂ ਕਿਹਾ ਕਿ ਨਵੀਂ ਖੇਤੀ ਨੀਤੀ ਲਿਆਉਣ, ਤੇਈ ਫਸਲਾਂ 'ਤੇ ਐਮ ਐਸ ਪੀ ਲਾਗੂ ਕਰਨ, ਪ੍ਰਦੂਸ਼ਨ ਐਕਟ 2020 ਚੋਂ ਕਿਸਾਨੀ ਮਦ ਮਨਫੀ ਕਰਨ, ਬਿਜਲੀ ਐਕਟ 2020 ਰੱਦ ਕਰਾਉਣ, ਚਿੱਪ ਵਾਲੇ ਮੀਟਰ ਲਗਾਉਣੇ ਬੰਦ ਕਰਵਾਉਣ, ਲਖੀਮਪੁਰ ਖੀਰੀ ਕਤਲ ਕਾਂਡ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿਵਾਉਣ, ਦੇਸ਼ ਭਰ 'ਚ ਦਿੱਲੀ ਅੰਦੋਲਨ ਦੌਰਾਨ ਕਿਸਾਨਾਂ 'ਤੇ ਦਰਜ ਪਰਚੇ ਰੱਦ ਕਰਾਉਣ, ਕਿਸਾਨੀ ਸਿਰ ਖੜ੍ਹੇ ਸਾਰੇ ਕਰਜ਼ੇ ਰੱਦ ਕਰਾਉਣ, ਫਸਲ ਬੀਮਾ ਸਕੀਮ ਚਾਲੂ ਕਰਾਉਣ, ਸੱਠ ਸਾਲ ਤੋਂ ਉਪਰ ਕਿਸਾਨ ਲਈ ਦਸ ਹਜ਼ਾਰ ਰੁਪਏ ਮਾਸਕ ਪੈਨਸ਼ਨ ਲਾਗੂ ਕਰਨ, ਪਿਛਲੇ ਸਮੇਂ 'ਚ ਫਸਲਾਂ ਦੇ ਖਰਾਬੇ ਦਾ ਮੁਆਵਜ਼ਾ ਦੇਣ, ਸ਼ਹੀਦ ਕਿਸਾਨ ਪਰਵਾਰਾਂ ਲਈ ਮੁਆਵਜ਼ਾ ਅਤੇ ਨੌਕਰੀ ਦੇ ਬਕਾਇਆ ਕੇਸਾਂ ਦਾ ਨਿਪਟਾਰਾ ਕਰਨ ਲਈ ਪੂਰੇ ਦੇਸ਼ ਦੀਆਂ ਰਾਜਧਾਨੀਆਂ 'ਚ ਇਹ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਰਾਲੀ ਦੇ ਪਰਚਿਆਂ ਦਾ ਪੱਕਾ ਫਸਤਾ ਵੱਢਣ ਲਈ ਚੰਡੀਗੜ੍ਹ ਪ੍ਰਦਰਸ਼ਨ ਚ ਸ਼ਾਮਲ ਹੋਣਾ ਸਮੇਂ ਦੀ ਲੋੜ ਹੈ। ਇਸ ਸਮੇਂ ਹਰਜਿੰਦਰ ਸਿੰਘ ਭਮਾਲ, ਰੁਪਿੰਦਰ ਸਿੰਘ ਭਮਾਲ, ਜਸਵਿੰਦਰ ਸਿੰਘ ਭਮਾਲ, ਤੀਰਥ ਸਿੰਘ ਲੀਲਾਂ, ਹਰਪਾਲ ਸਿੰਘ ਸ਼ੇਖਦੌਲਤ ,ਇੰਦਰਜੀਤ ਸਿੰਘ ਗਾਲਬ ਖੁਰਦ, ਹਰਜੀਤ ਸਿੰਘ ਮਾਹਣਾ ਸਵੱਦੀ, ਮੋਹਨ ਸਿੰਘ ਬੰਗਸੀਪੁਰਾ ,ਇੰਦਰਜੀਤ ਸਿੰਘ ਲੋਧੀਵਾਲ, ਪਰਮਿੰਦਰ ਸਿੰਘ ਪਿੱਕਾ ਗਾਲਬ , ਸੁਖਵਿੰਦਰ ਸਿੰਘ ਤਲਵਾੜਾ ਆਦਿ ਹਾਜ਼ਰ ਸਨ।

## ਕਾਤਰਾਂ

### ਇੰਗਲਿਸ਼ ਸਟੂਡੀਓ ਸੰਸਥਾ ਲਗਾਤਾਰ ਲਗਵਾ ਰਹੀ ਕੈਨੇਡਾ ਦੇ ਸਟੱਡੀ ਵੀਜ਼ੇ



ਬਾਘਾ ਪੁਰਾਣਾ (ਮਨੀ ਸਿੰਗਲਾ)-ਕੋਟਕਪੂਰਾ ਰੋਡ 'ਤੇ ਸਥਿਤ ਸੰਸਥਾ ਇੰਗਲਿਸ਼ ਸਟੂਡੀਓ ਲਗਾਤਾਰ ਵਿਦਿਆਰਥੀਆਂ ਦੇ ਬਾਹਰ ਜਾਣ ਦੇ ਸੁਪਨਿਆਂ ਨੂੰ ਪੂਰਾ ਕਰ ਰਹੀ ਹੈ। ਇਸ ਵਾਰ ਸੰਸਥਾ ਨੇ ਵਿਦਿਆਰਥਣ ਵਿਸ਼ਮਨਪ੍ਰੀਤ ਕੌਰ ਸਪੁੱਤਰੀ ਪਰਮਜੀਤ ਸਿੰਘ ਵਾਸੀ ਬਾਘਾ ਪੁਰਾਣਾ ਦਾ ਕੈਨੇਡਾ ਦੇ ਸ਼ਹਿਰ ਸਰੀ ਵਿਚ ਸਥਿਤ ਵੈਸਟਰਨ ਕਮਿਊਨਿਟੀ ਕਾਲਜ ਦਾ ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿਚ ਲਗਵਾ ਕੇ ਦਿੱਤਾ। ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਉਜਵਲ ਭਵਿੱਖ ਦੀ ਕਾਮਨਾ ਕੀਤੀ।

### ਪਲੇਸਮੈਂਟ ਕੈਂਪ ਅੱਜ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਮੰਤਵ ਨਾਲ 17 ਨਵੰਬਰ ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਭਾਰਤ ਫਾਇਨਾਂਸ ਤੇ ਆਈ.ਸੀ.ਆਈ.ਸੀ.ਆਈ. ਫਾਉਂਡੇਸ਼ਨ ਕੰਪਨੀਆਂ ਦੇ ਨੁਮਾਇੰਦੇ ਭਾਗ ਲੈਣਗੇ। ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀਮਤੀ ਈਸ਼ਾ ਸਿੰਗਲ ਨੇ ਦੱਸਿਆ ਕਿ ਇਸ ਵਿੱਚ ਲੜਕੇ ਤੇ ਲੜਕੀਆਂ ਦੋਵੇਂ ਭਾਗ ਲੈ ਸਕਣਗੇ। ਇਸ ਲਈ ਵਿੱਦਿਅਕ ਯੋਗਤਾ 10+2 (ਬਾਰਵੀਂ ਪਾਸ) ਹੋਣੀ ਚਾਹੀਦੀ ਹੈ।

### ਕਲੇਰ ਸਕੂਲ 'ਚ ਬਾਲ ਦਿਵਸ ਮਨਾਇਆ

ਭਗਤਾ ਭਾਈ ਕਾ (ਰਾਜੀਵ ਗੋਇਲ)-ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਚੇਅਰਪਰਸਨ ਮੈਡਮ ਰਣਧੀਰ ਕੌਰ ਕਲੇਰ, ਡਾਇਰੈਕਟਰ ਕੋਹਿਨੂਰ ਸਿੱਧੂ, ਹਾਊਸ ਕੁਆਰਡੀਨੇਟਰ ਕਰਮਜੀਤ ਕੌਰ, ਸੀਨੀਅਰ ਕੁਆਰਡੀਨੇਟਰ ਰੰਜੀਵ ਸ਼ਰਮਾ ਅਤੇ ਪ੍ਰਿੰਸੀਪਲ ਸ਼ਸ਼ੀ ਕਾਂਤ ਦੀ ਅਗਵਾਈ ਹੇਠ ਬਾਲ ਦਿਵਸ ਮਨਾਇਆ ਗਿਆ। ਇਸ ਮੌਕੇ ਕੰਪਿਊਟਰ ਅਧਿਆਪਕਾ ਨਵਪ੍ਰੀਤ ਕੌਰ ਨੇ ਪੰਡਿਤ ਜਵਾਹਰ ਲਾਲ ਨਹਿਰੂ ਦੇ ਜੀਵਨ ਉੱਤੇ ਚਾਨਣਾ ਪਾਇਆ। ਇਸ ਮੌਕੇ ਵਿਦਿਆਰਥੀਆਂ ਦੇ ਮਨੋਰੰਜਨ ਲਈ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸੇਧ ਦੇਣ ਵਾਲੀਆਂ ਸਕਿੱਟਾਂ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਤੋਂ ਇਲਾਵਾ ਕਿੰਡਰਗਾਰਟਨ ਦੇ ਬੱਚਿਆਂ ਦੇ ਮਨੋਰੰਜਨ ਲਈ ਵੱਖ-ਵੱਖ ਖੇਡਾਂ ਕਰਵਾਈਆਂ ਗਈਆਂ। ਇਸ ਮੌਕੇ ਸਕੂਲ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਅਤੇ ਪ੍ਰਿੰਸੀਪਲ ਸ਼ਸ਼ੀ ਕਾਂਤ ਨੇ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਕਿ ਉਹ ਪਾਠਕ੍ਰਮ ਦੀਆਂ ਕਿਤਾਬਾਂ ਪੜ੍ਹਨ ਦੇ ਨਾਲ-ਨਾਲ ਸਾਹਿਤਕ ਕਿਤਾਬਾਂ ਪੜ੍ਹਨ ਦੀ ਆਦਤ ਅਪਣਾਉਣ ਤੇ ਮੋਬਾਈਲ ਫੋਨਾਂ ਤੋਂ ਦੂਰ ਰਹਿਣ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀਆਂ ਵਧਾਈਆਂ ਦਿੱਤੀਆਂ।

### ਵਿਦੇਸ਼ ਭੇਜਣ ਦੇ ਨਾਂਅ 'ਤੇ 5 ਲੱਖ ਦੀ ਧੋਖਾਧੜੀ ਦੇ ਦੋਸ਼ 'ਚ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਰਹਿੰਦ ਪੁਲਸ ਵੱਲੋਂ ਧੋਖਾਧੜੀ ਦੇ ਦੋਸ਼ ਹੇਠ ਸਾਈਪ੍ਰਸ ਬੈਠੇ ਇੱਕ ਵਿਅਕਤੀ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਰਨਦੀਪ ਸਿੰਘ ਵਾਸੀ ਪਿੰਡ ਜੱਲ੍ਹਾ ਤੇ ਸੁਖਮਨਵੀਰ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਏ ਸਨ ਕਿ ਜਲੰਧਰ ਵਾਸੀ ਸਾਹਿਲ, ਜੋ ਕਿ ਹੁਣ ਸਾਈਪ੍ਰਸ 'ਚ ਰਹਿ ਰਿਹਾ ਹੈ, ਨੇ ਵਿਦੇਸ਼ ਭੇਜਣ ਦੇ ਨਾਮ 'ਤੇ ਉਨ੍ਹਾਂ ਤੋਂ ਪੈਸੇ ਲਏ ਸਨ, ਪਰ ਉਸ ਵੱਲੋਂ ਉਨ੍ਹਾਂ ਨੂੰ ਵਿਦੇਸ਼ ਨਹੀਂ ਭੇਜਿਆ ਗਿਆ ਤੇ ਜਦੋਂ ਉਸ ਨੂੰ ਪੈਸੇ ਵਾਪਸ ਕਰਨ ਲਈ ਕਿਹਾ ਗਿਆ ਤਾਂ ਉਸ ਵੱਲੋਂ ਸੁਖਮਨਵੀਰ ਸਿੰਘ ਦੀ ਮਾਤਾ ਦੇ ਬੈਂਕ ਖਾਤੇ 'ਚ ਕੇਵਲ 80,000/- ਰੁਪਏ ਪਵਾਏ ਗਏ। ਸ਼ਿਕਾਇਤਕਰਤਾਵਾਂ ਨੇ ਦੋਸ਼ ਲਗਾਏ ਕਿ ਸਾਹਿਲ ਵੱਲੋਂ ਨਾ ਤਾਂ ਉਨ੍ਹਾਂ ਦੇ ਪੈਸੇ ਮੋੜੇ ਜਾ ਰਹੇ ਹਨ ਤੇ ਨਾ ਹੀ ਉਨ੍ਹਾਂ ਨੂੰ ਵਿਦੇਸ਼ ਭੇਜਿਆ ਜਾ ਰਿਹਾ ਹੈ। ਸਾਹਿਲ ਵਿਰੁੱਧ ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਵਾ ਕੇ ਡੀ.ਐੱਸ.ਪੀ. ਰਾਜ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

### ਅਕਾਲ ਅਕੈਡਮੀ ਵਿਖੇ ਸਰਾਭਾ ਦੀ ਯਾਦ 'ਚ ਸਮਾਗਮ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਅਕਾਲ ਅਕੈਡਮੀ ਮਨਾਲ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਸਮਾਗਮ ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਦੀ ਅਗਵਾਈ 'ਚ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਦੁਆਰਾ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਬਾਰੇ ਵਿਚਾਰ ਚਰਚਾ, ਕਵਿਤਾ ਤੇ ਕੋਰੀਓਗ੍ਰਾਫੀ ਰਾਹੀਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾ ਦੀ ਸ਼ਹਾਦਤ ਬਾਰੇ ਚਰਚਾ ਕੀਤੀ। ਆਗੂਆਂ ਨੇ ਕਿਹਾ ਕਿ ਮਹਾਨ ਸੂਰਬੀਰਾਂ ਨੇ ਦੇਸ਼, ਕੌਮ ਲਈ ਮਰ ਮਿਟਣ ਦਾ ਜਜ਼ਬਾ ਸਾਂਝਾ ਕੀਤਾ, ਜੋ ਸਾਨੂੰ ਸਾਰਿਆਂ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੀਆਂ ਸਿੱਖਿਆਵਾਂ ਉੱਪਰ ਚੱਲਦਿਆਂ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।

## 12 ਘੰਟੇ ਦਿਹਾੜੀ ਸਮਾਂ ਵਧਾਉਣ 'ਤੇ 25 ਨੂੰ ਕਰਾਂਗੇ ਰੋਸ ਰੈਲੀ : ਚੌਹਾਨ



ਮਾਨਸਾ (ਆਤਮਾ ਸਿੰਘ ਪਮਾਰ)-ਕੇਂਦਰ ਦੀ ਮੋਦੀ ਤੇ ਸੂਬੇ ਦੀ ਮਾਨ ਸਰਕਾਰ ਦੇ ਨਾਦਰਸ਼ਾਹੀ ਫਰਮਾਨ ਤੇ ਕਿਰਤ ਵਿਰੋਧੀ ਫੈਸਲੇ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਪੰਜਾਬ ਇਕਾਈ ਨੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕਰਕੇ 25 ਨਵੰਬਰ ਨੂੰ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਹੈ। ਜਿਸ ਦੀ ਸਫਲਤਾ ਲਈ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਘੱਟੋ ਘੱਟ 600 ਸਾਥੀਆਂ ਦੀ ਸ਼ਮੂਲੀਅਤ ਕਰਾਉਣ ਦਾ ਅਹਿਦ ਕੀਤਾ ਗਿਆ ਹੈ। ਜਨ ਸੰਪਰਕ ਮੁਹਿੰਮ ਰਾਹੀਂ ਵੱਖ ਵੱਖ ਪਿੰਡਾਂ ਕੋਟ ਲੱਲੂ, ਦਲੇਲ ਸਿੰਘ ਵਾਲਾ, ਮੂਲਾ ਸਿੰਘ ਵਾਲਾ ਆਦਿ ਵਿੱਚ ਮਜ਼ਦੂਰਾਂ ਦੇ ਹੱਕਾਂ ਦੀ ਬਹਾਲੀ ਲਈ ਰੈਲੀਆਂ ਕੀਤੀਆਂ ਗਈਆਂ। ਰੈਲੀਆਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਦੇਸ਼ ਦੀ ਮੋਦੀ ਹਕੂਮਤ ਨੇ ਸੰਵਿਧਾਨਕ ਸੰਸਥਾਵਾਂ ਤੇ ਜਮਹੂਰੀ ਪ੍ਰਬੰਧ ਨੂੰ ਨਕਾਰਦਿਆ, ਫਿਰਕੂ ਫਾਸ਼ੀਵਾਦੀ ਤੇ ਫਿਰਕਾਪ੍ਰਸਤੀ ਦਾ ਪੱਤਾ ਖੇਡ ਕੇ ਦੇਸ਼ ਦੀ ਲੋਕਤੰਤਰੀ ਪ੍ਰਣਾਲੀ ਦੀ ਖ਼ੂਬਸੂਰਤੀ ਨੂੰ ਢਾਅ ਲਗਾਈ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਸੂਬਾ ਸਰਕਾਰ ਦੇ ਦਾਅਵੇ ਤੇ ਗਰੰਟੀਆਂ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਝੂਠੇ ਸਾਬਿਤ ਹੋ ਰਹੇ ਹਨ। ਮੋਦੀ ਸਰਕਾਰ ਦੇ ਪੈਰ ਕਦਮਾਂ 'ਤੇ ਚਲਦਿਆਂ ਪੰਜਾਬ ਸਰਕਾਰ ਨੇ ਵੀ 8 ਤੋਂ 12 ਘੰਟੇ ਕੰਮ ਦਿਹਾੜੀ ਦਾ ਸਮਾਂ ਵਧਾ ਕੇ ਮਜ਼ਦੂਰ ਵਿਰੋਧੀ ਹੋਣ ਦਾ ਸਬੂਤ ਦੇ ਦਿੱਤਾ ਹੈ ਜੋ ਕਿ ਕਿਰਤੀਆ ਦੇ ਹੱਕਾਂ 'ਤੇ ਚਿੱਟੇ ਦਿਨ ਡਾਕਾ ਹੈ। ਇਸ ਨੋਟੀਫਿਕੇਸਨ ਨੂੰ ਰੱਦ ਕਰਾਉਣ ਲਈ ਤਿੱਖਾ ਸੰਘਰਸ਼ ਕੀਤਾ ਜਾਏਗਾ। ਸਾਥੀ ਚੌਹਾਨ ਨੇ ਮੰਗ ਕਰਦਿਆਂ ਕਿਹਾ ਕਿ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ, ਘੱਟੋ ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ , ਮਨਰੇਗਾ 200 ਦਿਨ ਕੰਮ ਤੇ 700 ਰੁ. ਦਿਹਾੜੀ, ਸਮਾਜਿਕ ਸੁਰੱਖਿਆ ਤਹਿਤ ਬੁਢਾਪਾ ਪੈਨਸ਼ਨ 5000 ਰੁਪੈ, ਲੋੜਵੰਦ ਲੋਕਾਂ ਲਈ ਪਲਾਟ ਤੇ ਮਕਾਨ ਉਸਾਰੀ ਲਈ ਗਰਾਂਟ ਦਿੱਤੀ ਜਾਵੇ।

ਨੌਜਵਾਨ ਆਗੂ ਹਰਪ੍ਰੀਤ ਮਾਨਸਾ ਤੇ ਰੋਹਿਤ ਨੇ ਰੈਲੀ ਦੀ ਸਫਲਤਾ ਦੀ ਅਪੀਲ ਕਰਦਿਆਂ ਕਿਹਾ ਕਿ 25 ਨਵੰਬਰ ਨੂੰ ਫਰੀਦਕੋਟ ਪੁੱਜ ਕੇ ਆਪਣੀ ਤਾਕਤ ਦਾ ਜ਼ਬਰਦਸਤ ਮੁਜਾਹਰਾ ਕੀਤਾ ਜਾਵੇਗਾ। ਇਸ ਸਮੇਂ ਕਪੂਰ ਸਿੰਘ, ਸੁਖਵਿੰਦਰ ਸਿੰਘ, ਰਾਜੂ ਕੋਟ ਲੱਲੂ, ਗੁਰਦੇਵ ਸਿੰਘ, ਗੁਰਦਿਆਲ ਸਿੰਘ ਦਲੇਲ ਸਿੰਘ ਵਾਲਾ, ਪੱਪੀ ਮੂਲਾ ਸਿੰਘ ਵਾਲਾ, ਭਜਨ ਸਿੰਘ ਆਦਿ ਤੋਂ ਇਲਾਵਾ ਹੋਰ ਸਾਥੀ ਵੀ ਸ਼ਾਮਲ ਸਨ।

# ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਗੇਟ ਰੈਲੀ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ) ਟੈਕਨੀਕਲ ਸਰਵਿਸਿਜ਼ ਯੂਨੀਅਨ ਡਵੀਜ਼ਨ ਜਲਾਲਾਬਾਦ ਦੇ ਸੱਦੇ 'ਤੇ ਮੁਲਾਜ਼ਮ ਮੰਗਾਂ ਨਾ ਮੰਨੇ ਜਾਣ ਦੇ ਵਿਰੋਧ ਵਜੋਂ ਐਕਸੀਅਨ ਜਲਾਲਾਬਾਦ ਵਿਰੁੱਧ ਗੁਰੂ ਹਰਸਹਾਏ ਬਿਜਲੀ ਦਫਤਰ ਦੇ ਗੇਟ ਤੇ ਦੋਨੋਂ ਸਬ ਡਵੀਜ਼ਨਾਂ ਦੀ ਸਾਂਝੀ ਗੇਟ ਰੈਲੀ ਕੀਤੀ ਗਈ। ਜਿਸ ਦੀ ਪ੍ਰਧਾਨਗੀ ਸਾਥੀ ਨਾਨਕ ਚੰਦ ਪ੍ਰਧਾਨ ਸ਼ਹਿਰੀ ਸਬ ਡਵੀਜ਼ਨ ਨੇ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੱਸਿਆ ਕਿ ਐਕਸੀਅਨ ਜਲਾਲਾਬਾਦ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਮੰਨਣ ਤੋਂ ਇਨਕਾਰੀ ਹੋ ਗਿਆ ਹੈ। ਪਿਛਲੇ ਸਮੇਂ ਦੌਰਾਨ ਜਥੇਬੰਦੀ ਵੱਲੋਂ ਡਵੀਜ਼ਨ ਅਤੇ ਸਬ ਡਵੀਜ਼ਨਾਂ ਦੇ ਦਫਤਰਾਂ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਗਏ ਸਨ ਜਿਨ੍ਹਾਂ ਵਿੱਚ ਦਿਨ-ਬ-ਦਿਨ ਵਧ ਰਹੀਆਂ ਫੀਡਰਾਂ ਦੀਆਂ ਕਰਾਸਿੰਗਾਂ ਖਤਮ ਕਰਨ ਸਬੰਧੀ, ਡਬਲ ਸਪਲਾਈ ਖਤਮ ਕਰਨ ਸਬੰਧੀ ਅਤੇ ਮੁਲਾਜ਼ਮਾਂ ਨੂੰ ਟੂਲ ਕਿੱਟਾਂ, ਸੇਫਟੀ ਕਿੱਟਾਂ, ਟੀ ਐਂਡ ਪੀ, ਅਰਥ ਸਟਿੱਕਾਂ ਆਦਿ ਮੁਹਈਆ ਕਰਵਾਉਣ ਸਬੰਧੀ ਮੁੱਖ ਮੰਗਾਂ ਸਨ ਪਰੰਤੂ ਅਫਸੋਸ ਨਾਲ ਕਹਿਣਾ ਪੈ ਰਿਹਾ ਕਿ ਇਨ੍ਹਾਂ ਵਿੱਚੋਂ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਗਈ । ਕਰਾਸਿੰਗਾਂ ਖਤਮ ਨਾ ਕਰਨ ਕਰਕੇ ਪਿਛਲੇ 5-6 ਮਹੀਨਿਆਂ ਵਿੱਚ 6-7 ਮੁਲਾਜ਼ਮ ਸਾਥੀਆਂ ਨਾਲ ਵੱਖ ਵੱਖ ਸਬ ਡਵੀਜ਼ਨਾਂ ਵਿੱਚ ਘਾਤਕ ਹਾਦਸੇ ਵਾਪਰ ਚੁੱਕੇ ਹਨ ਅਤੇ ਪਿਛਲੇ ਦਿਨੀਂ ਜਲਾਲਾਬਾਦ ਸ਼ਹਿਰੀ ਸਬ ਡਵੀਜ਼ਨ ਵਿਖੇ ਇੱਕ ਸੀ ਐੱਚ ਬੀ ਕਾਮੇ ਦੀ ਮੌਤ ਵੀ ਹੋ ਚੁੱਕੀ ਹੈ ਪਰ ਫਿਰ ਵੀ ਐਕਸੀਅਨ ਇਨ੍ਹਾਂ ਜਾਇਜ਼ ਮੰਗਾਂ ਪ੍ਰਤੀ ਸੰਜੀਦਾ ਨਹੀਂ ਅਤੇ ਧੱਕੇ ਨਾਲ ਮੁਲਾਜ਼ਮਾਂ ਦੀਆਂ ਬਦਲੀਆਂ ਕਰਕੇ ਤੰਗ ਪ੍ਰੇਸ਼ਾਨ ਕਰ ਰਿਹਾ ਹੈ। ਇਸੇ ਕੜੀ ਤਹਿਤ ਟੀ ਐੱਸ ਯੂ ਸ਼ਹਿਰੀ ਸਬ ਡਵੀਜ਼ਨ ਜਲਾਲਾਬਾਦ ਦੇ ਪ੍ਰਧਾਨ ਕ੍ਰਿਸ਼ਨ ਸਿੰਘ ਦੀ ਜਬਰੀ ਬਦਲੀ ਕਰ ਦਿੱਤੀ ਗਈ ਹੈ, ਇਹ ਬਦਲੀ ਕਿਸੇ ਸਿਆਸੀ ਲੀਡਰ ਦੇ ਦਬਾਅ ਹੇਠ ਕੀਤੀ ਗਈ ਹੈ। ਜਿਸ ਨੂੰ ਜਥੇਬੰਦੀ ਬਰਦਾਸ਼ਤ ਨਹੀਂ ਕਰੇਗੀ। ਇਸ ਲਈ ਇਸ ਧੱਕੇਸ਼ਾਹੀ ਦੇ ਵਿਰੁੱਧ ਸੰਘਰਸ਼ ਉਲੀਕਿਆ ਗਿਆ ਹੈ। ਰੈਲੀ ਵਿੱਚ ਡਵੀਜ਼ਨ ਪ੍ਰਧਾਨ ਰਜਿੰਦਰ ਸਿੰਘ ਵੀ ਪਹੁੰਚੇ। ਉਨ੍ਹਾਂ ਦੱਸਿਆ ਕਿ ਜਲਾਲਾਬਾਦ ਡਵੀਜ਼ਨ ਦੀਆਂ ਸਾਰੀਆਂ ਸਬ ਡਵੀਜ਼ਨਾਂ ਵਿੱਚ ਰੈਲੀਆਂ ਕਰਨ ਤੋਂ ਬਾਅਦ 22 ਨਵੰਬਰ ਨੂੰ ਡਵੀਜ਼ਨ ਦਫਤਰ ਜਲਾਲਾਬਾਦ ਵਿਖੇ ਐਕਸੀਅਨ ਜਲਾਲਾਬਾਦ ਦੀ ਧੱਕੇਸ਼ਾਹੀ ਦੇ ਵਿਰੁੱਧ ਡਵੀਜ਼ਨ ਪੱਧਰ ਦਾ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਰੈਲੀ ਨੂੰ ਹੋਰਨਾਂ ਤੋਂ ਇਲਾਵਾ ਡਵੀਜ਼ਨ ਆਗੂ ਸੰਦੀਪ ਕੁਮਾਰ, ਬਲਕਾਰ ਚੰਦ, ਵਿਪਨ ਕੁਮਾਰ ਸਬ ਡਵੀਜ਼ਨ ਪ੍ਰਧਾਨ ਸੁਰਿੰਦਰ ਕੁਮਾਰ, ਰਾਜੇਸ਼ ਕੁਮਾਰ, ਕ੍ਰਿਸ਼ਨ ਸਿੰਘ ਸਬ ਡਵੀਜਨ ਆਗੂ ਰਾਮ ਕਿਸ਼ੋਰ ਆਦਿ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਸਾਥੀ ਸੁਖਦੇਵ ਸਿੰਘ ਸਕੱਤਰ ਸਬ ਅਰਬਨ ਨੇ ਨਿਭਾਈ।

## ਬੰਦੀ ਸਿੰਘਾਂ ਦੀ ਰਿਹਾਈ ਲਈ ਦੂਜਾ ਅਰਦਾਸ ਸਮਾਗਮ 19 ਨੂੰ : ਲੌਂਗੋਵਾਲ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ) ਬੰਦੀ ਸਿੰਘਾਂ ਦੀ ਰਿਹਾਈ ਲਈ ਦੂਜਾ ਅਰਦਾਸ ਸਮਾਗਮ 19 ਨਵੰਬਰ ਨੂੰ ਸਵੇਰੇ 10.30 ਵਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਿਖੇ ਹੋਵੇਗਾ। ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਕੌਮੀ ਜਨਰਲ ਸਕੱਤਰ ਤੇ ਪੀ.ਏ.ਸੀ. ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਅਤੇ ਸੀਨੀਅਰ ਮੀਤ ਪ੍ਰਧਾਨ ਕਿਸਾਨ ਯੂਨੀਅਨ ਅੰਮ੍ਰਿਤਸਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਗ੍ਰਿਫ਼ਤਾਰੀ ਦੇਣ ਸਮੇਂ ਨੌਜਵਾਨਾਂ ਨੂੰ ਨਸ਼ੇ ਛੱਡ ਕੇ ਅੰਮ੍ਰਿਤ ਛਕ ਕੇ ਸਿੰਘ ਸਜਣ ਦੀ ਬੇਨਤੀ ਕੀਤੀ ਤਾਂ ਕਿ ਜ਼ਾਲਮ ਹਕੂਮਤਾਂ ਨੂੰ ਹਾਰ ਦਿੱਤੀ ਜਾ ਸਕੇ। ਉਸੇ ਤਹਿਤ ਅੰਮ੍ਰਿਤ ਛਕਣ ਲਈ ਸ੍ਰੀ ਅਨੰਦਪੁਰ ਸਾਹਿਬ ਪਹੁੰਚੀਆਂ ਸੰਗਤਾਂ ਲਈ ਕਕਾਰਾਂ ਦੀ ਸੇਵਾ ਮਾਤਾ ਬਲਵਿੰਦਰ ਕੌਰ ਪਿੰਡ ਜੱਲੂਪੁਰ ਖੇੜਾ ਤੋਂ ਕਕਾਰ ਆਦਿ ਲੈ ਕੇ ਸੰਗਤੀ ਰੂਪ ਵਿੱਚ 18 ਨਵੰਬਰ ਨੂੰ ਅਨੰਦਪੁਰ ਸਾਹਿਬ ਪਹੁੰਚਣਗੇ। ਪਹਿਲਾਂ ਸਮਾਗਮ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵਹੀਰ ਵਾਲਿਆਂ ਦੇ ਮਾਤਾ ਬਲਵਿੰਦਰ ਕੌਰ ਨੇ 5 ਨਵੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਗਤਾਂ ਤੇ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਇਆ ਸੀ ਅਤੇ ਸਮੂਹ ਸੰਗਤ/ਪੰਥਕ ਜਥੇਬੰਦੀਆਂ/ਸੰਸਥਾਵਾਂ ਵੱਲੋਂ ਦਿੱਤੇ ਸਹਿਯੋਗ ਸਦਕਾ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜ ਤਖ਼ਤ ਸਾਹਿਬਾਨਾਂ ਤੇ ਅਰਦਾਸ ਸਮਾਗਮ ਕਰਨ ਦਾ ਪ੍ਰੋਗਰਾ ਉਲੀਕਿਆ ਗਿਆ ਸੀ, ਉਸ ਤਹਿਤ 5 ਨਵੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਦੇ ਨਾਲ ਇਹ ਅਰੰਭਤਾ ਕੀਤੀ ਗਈ ਸੀ ਤੇ ਸੈਂਕੜੇ ਸਿੰਘ ਸਿੰਘਣੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਅਰਦਾਸ ਸਮਾਗਮ ਵਿੱਚ ਪਹੁੰਚੇ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਪਰਵਾਰਾਂ ਵੱਲੋਂ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਭਾਈ ਸਾਹਿਬ ਵੱਲੋਂ ਰੋਡੇ ਵਿਖੇ ਗ੍ਰਿਫ਼ਤਾਰੀ ਦੇਣ ਸਮੇਂ ਜੋ ਨੌਜਵਾਨਾਂ ਨੂੰ ਸੱਦਾ ਦਿੱਤਾ ਗਿਆ ਸੀ, 19 ਨਵੰਬਰ ਨੂੰ ਸਵੇਰੇ 10.30 ਵਜੇ ਤੋਂ 11.30 ਵਜੇ ਤੱਕ ਅਰਦਾਸ ਸਮਾਗਮ ਹੋਵੇਗਾ।

## ਰਾਜ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤਾ ਦੇਣ ਸੰਬੰਧੀ ਪੱਤਰ ਤੁਰੰਤ ਜਾਰੀ ਕਰੇ ਸਰਕਾਰ : ਫੈਡਰੇਸ਼ਨ



ਮੋਗਾ (ਅਮਰਜੀਤ ਬੱਬਰੀ)-ਵਿੱਤ ਵਿਭਾਗ ਪੰਜਾਬ ਦੀ ਪ੍ਰਵਾਨਗੀ ਅਨੁਸਾਰ ਪੰਜਾਬ ਸਰਕਾਰ ਦੇ ਗ੍ਰਿਹ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ 14 ਨਵੰਬਰ ਨੂੰ ਪੰਜਾਬ ਰਾਜ ਵਿੱਚ ਕੰਮ ਕਰਦੇ ਜੁਡੀਸ਼ੀਅਲ ਅਫਸਰਾਂ ਨੂੰ ਵਧੇ ਹੋਏ ਮਹਿੰਗਾਈ ਭੱਤੇ ਦੀ ਅਦਾਇਗੀ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਅਨੁਸਾਰ ਜੁਡੀਸ਼ੀਅਲ ਅਫਸਰਾਂ ਨੂੰ ਭਾਰਤ ਸਰਕਾਰ ਵੱਲੋਂ ਦਿੱਤੇ ਜਾ ਰਹੇ ਮਹਿੰਗਾਈ ਭੱਤੇ ਦੇ ਬਰਾਬਰ ਮਹਿੰਗਾਈ ਭੱਤਾ ਦਿੱਤਾ ਜਾਵੇਗਾ। ਭਾਰਤ ਸਰਕਾਰ ਵੱਲੋਂ ਜਿਸ ਮਿਤੀ ਤੋਂ ਮਹਿੰਗਾਈ ਭੱਤਾ ਦਿੱਤਾ ਜਾਵੇਗਾ ਉਸੇ ਮਿਤੀ ਤੋਂ ਮਹਿੰਗਾਈ ਭੱਤਾ ਉਕਤ ਅਧਿਕਾਰੀਆਂ 'ਤੇ ਲਾਗੂ ਹੋਵੇਗਾ। ਇਨ੍ਹਾਂ ਜਾਰੀ ਹੋਏ ਤਾਜ਼ਾ ਹੁਕਮਾਂ 'ਤੇ ਟਿੱਪਣੀ ਕਰਦਿਆਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1600 ਸੈਕਟਰ 22 ਬੀ , ਚੰਡੀਗੜ੍ਹ ਦੇ ਸੂਬਾਈ ਆਗੂ ਰਣਬੀਰ ਸਿੰਘ ਢਿੱਲੋਂ, ਦਰਸ਼ਨ ਸਿੰਘ ਲੁਬਾਣਾ, ਰਣਜੀਤ ਸਿੰਘ ਰਾਣਵਾਂ, ਚਰਨ ਸਿੰਘ ਸਰਾਭਾ, ਸੁਰਿੰਦਰ ਕੁਮਾਰ ਪੁਆਰੀ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਕਰਤਾਰ ਸਿੰਘ ਪਾਲ, ਪ੍ਰਵੀਨ ਕੁਮਾਰ ਲੁਧਿਆਣਾ, ਅਮਰਜੀਤ ਕੌਰ ਰਣ ਸਿੰਘ ਵਾਲਾ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਮੇਲਾ ਸਿੰਘ ਪੁਨਵਾਲ, ਗੁਰਮੇਲ ਸਿੰਘ ਮੈਲਡੇ ਤੇ ਜਸਪਾਲ ਸੰਧੂ ਨੇ ਕਿਹਾ ਕਿ ਭਾਰਤ ਦੇਸ਼ ਦੀ ਲੋਕਤੰਤਰੀ ਪ੍ਰਣਾਲੀ ਵਿੱਚ ਵਿਧਾਨ ਪਾਲਿਕਾ, ਕਾਰਜ ਪਾਲਿਕਾ ਅਤੇ ਨਿਆਂ ਪਾਲਿਕਾ ਤਿੰਨ ਮਜ਼ਬੂਤ ਥੰਮ੍ਹ ਹਨ। ਹਰ ਥੰਮ੍ਹ ਦਾ ਆਪਣੇ ਆਪਣੇ ਥਾਂ 'ਤੇ ਮਹੱਤਵਪੂਰਨ ਰੋਲ ਹੈ। ਪਰ ਪੰਜਾਬ ਸਰਕਾਰ ਦੇ ਉਕਤ ਪੱਤਰ ਅਨੁਸਾਰ ਨਿਆਂ ਪਾਲਿਕਾ ਤੋਂ ਬਿਨਾਂ ਦੂਜੇ ਮਹੱਤਵਪੂਰਨ ਥੰਮ੍ਹਾਂ ਕਾਰਜ ਪਾਲਿਕਾ ਤੇ ਵਿਧਾਨ ਪਾਲਿਕਾ ਨੂੰ ਨਜ਼ਰ ਅੰਦਾਜ਼ ਕਰਨਾ ਭਰਤੀ ਸੰਵਿਧਾਨ ਦੀ ਮੂਲ ਭਾਵਨਾ ਦੇ ਖਿਲਾਫ ਹੈ। ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਸਮਾਂ ਇਸ ਗੱਲ ਦੀ ਮੰਗ ਕਰਦਾ ਹੈ ਕਿ ਭਾਰਤ ਸਰਕਾਰ ਦੇ ਪੈਟਰਨ ਅਨੁਸਾਰ ਪੰਜਾਬ ਰਾਜ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬਣਦਾ 46 ਫੀਸਦੀ ਮਹਿੰਗਾਈ ਭੱਤਾ ਤੁਰੰਤ ਦੇਣ ਸਬੰਧੀ ਪੱਤਰ ਜਾਰੀ ਕੀਤਾ ਜਾਵੇ।

## 35 ਕਿੱਲੋ ਭੁੱਕੀ ਸਮੇਤ ਗ੍ਰਿਫਤਾਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਨਬੀਪੁਰ ਚੌਕੀ ਦੀ ਪੁਲਸ ਵੱਲੋਂ ਇੱਕ ਕੈਂਟਰ ਚਾਲਕ ਨੂੰ 35 ਕਿੱਲੋ ਭੁੱਕੀ (ਚੂਰਾ ਪੋਸਤ) ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰਾਤ ਸਵਾ ਬਾਰਾਂ ਵਜੇ ਦੇ ਕਰੀਬ ਜਲਵੇੜ੍ਹਾ ਨਜ਼ਦੀਕ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਨਬੀਪੁਰ ਚੌਕੀ ਦੀ ਇੱਕ ਪੁਲਸ ਪਾਰਟੀ ਨੂੰ ਦੇਖ ਕੇ ਰਾਜਪੁਰਾ ਵੱਲੋਂ ਆ ਰਹੇ ਕੈਂਟਰ ਨੰਬਰ -22-8531 ਦੇ ਚਾਲਕ ਹਰਭਜਨ ਸਿੰਘ ਉਰਫ ਕਾਲਾ ਵਾਸੀ ਪਿੰਡ ਸਾਮਦੋ (ਪਟਿਆਲਾ) ਨੂੰ ਕਾਬੂ ਕਰਕੇ ਕੈਂਟਰ ਦੀ ਤਲਾਸ਼ੀ ਲਈ ਗਈ ਤਾਂ ਇੱਕ ਪਲਾਸਟਿਕ ਦੇ ਥੈਲੇ 'ਚੋਂ 35 ਕਿੱਲੋ ਭੁੱਕੀ ਬਰਾਮਦ ਹੋਈ। ਇਸ ਸਬੰਧੀ ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਕੇ ਹਰਭਜਨ ਸਿੰਘ ਉਰਫ ਕਾਲਾ ਨੂੰ ਗ੍ਰਿਫਤਾਰ ਕਰਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਗਲੋਬਲ ਵਿਜ਼ਡਮ ਕਾਨਵੈਂਟ ਸਕੂਲ 'ਚ ਬਾਲ ਦਿਵਸ ਮਨਾਇਆ




ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਗਲੋਬਲ ਵਿਜ਼ਡਮ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਮੰਗਲਵਾਰ ਨੂੰ ਬਾਲ ਦਿਵਸ ਮਨਾਇਆ ਗਿਆ। ਜਿਸ ਵਿੱਚ ਅੱਠਵੀਂ ਕਲਾਸ ਦੇ ਗੁਰਪ੍ਰੀਤ ਕੌਰ ਅਧਿਆਪਕ ਨੇ ਸਪੀਚ ਦਿੱਤੀ । ਜਿਸ ਵਿੱਚ ਨਰਸਰੀ ਕਲਾਸ ਤੋਂ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਯੂ ਕੇ ਜੀ ਦੇ ਵਿਦਿਆਰਥੀਆਂ ਨੇ ਸੁੰਦਰ ਡਰਾਇੰਗ ਵੀ ਬਣਾਈ। ਇਸ ਮੌਕੇ ਸਕੂਲ ਦੇ ਚੇਅਰਮੈਨ ਡਾਕਟਰ ਗੁਰਨਾਮ ਸਿੰਘ ਭੁੱਲਰ, ਮੈਨੇਜਿੰਗ ਡਾਇਰੈਕਟਰ ਬਲਜੀਤ ਕੌਰ ਭੁੱਲਰ ਅਤੇ ਪ੍ਰਿੰਸੀਪਲ ਸਮਿਤਾ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਬਾਲ ਦਿਵਸ ਕਿਉਂ ਮਨਾਇਆ ਜਾਂਦਾ ਹੈ। ਪੰਡਿਤ ਜਵਾਹਰ ਲਾਲ ਨਹਿਰੂ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ। ਹਰ ਸਾਲ 14 ਨਵੰਬਰ ਨੂੰ ਬਾਲ ਦਿਵਸ ਵਜੋਂ ਮਨਾਇਆ ਜਾਂਦਾ ਹੈ। 14 ਨਵੰਬਰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦਾ ਜਨਮ ਦਿਨ ਹੁੰਦਾ ਹੈ। ਜਿਸ ਕਰਕੇ ਇਸ ਦਿਨ ਨੂੰ ਬਾਲ ਦਿਵਸ ਵਜੋਂ ਮਨਾਇਆ ਜਾਂਦਾ ਹੈ।

## ਦੂਸਰਾ ਸਥਾਨ ਪ੍ਰਾਪਤ ਕਰਨ 'ਤੇ ਅਰਸ਼ਪ੍ਰੀਤ ਸਿੰਘ ਨੂੰ ਕੀਤਾ ਸਨਮਾਨਤ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀ ਅਰਸ਼ਪ੍ਰੀਤ ਸਿੰਘ ਜੋ ਕਿ ਜ਼ਿਲਾ ਮੋਗਾ 'ਚੋਂ ਦੌੜਾਂ ਦੀ ਪ੍ਰਤੀਯੋਗਤਾ ਵਿਚ ਦੂਸਰਾ ਸਥਾਨ ਪ੍ਰਾਪਤ ਕਰਨ 'ਤੇ ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਦੀਪਕ ਤਲਵਾੜ ਅਤੇ ਉਨ੍ਹਾਂ ਦੀ ਟੀਮ ਵੱਲੋਂ ਬੱਚੇ ਨੂੰ ਸਨਮਾਨਤ ਕੀਤਾ ਗਿਆ ਅਤੇ ਬੱਚੇ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ। ਦੀਪਕ ਤਲਵਾੜ ਨੇ ਕਿਹਾ ਕਿ ਅਰਸ਼ਪ੍ਰੀਤ ਸਿੰਘ ਨੇ ਦੌੜਾਂ 'ਚ ਜ਼ਿਲਾ ਮੋਗਾ 'ਚ ਦੂਸਰਾ ਸਥਾਨ ਪ੍ਰਾਪਤ ਕਰ ਕੇ ਮੋਗੇ ਜ਼ਿਲੇ ਦਾ ਨਾਮ ਰੋਸ਼ਨ ਕੀਤਾ, ਕਿਉਂਕ ਅਰਸ਼ਪ੍ਰੀਤ ਸਿੰਘ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿਚ ਮੱਲਾਂ ਮਾਰ ਰਿਹਾ ਹੈ। ਇਸ ਮੌਕੇ ਪ੍ਰਦੀਪ ਤਲਵਾੜ ਜ਼ਿਲਾ ਸੈਕਟਰੀ, ਗਗਨਦੀਪ ਲੂੰਬਾ ਯੁਵਾ ਮੋਰਚਾ ਪ੍ਰਧਾਨ, ਨਵਦੀਪ ਤਲਵਾੜ ਵਾਈਸ ਪ੍ਰਧਾਨ, ਪੰਕਜ ਅਰੋੜਾ ਆਈ ਟੀ ਸੈੱਲ ਪ੍ਰਧਾਨ, ਮਮਤਾ ਸਿੰਗਲਾ ਮਹਿਲਾ ਮੋਰਚਾ ਪ੍ਰਧਾਨ, ਜਤਿਨ ਬੱਠਲਾਂ ਵਾਈਸ ਪ੍ਰਧਾਨ ਯੁਵਾ ਮੋਰਚਾ, ਰਮੇਸ਼ ਕੁਮਾਰ, ਰਣਜੀਤ ਸਿੰਘ ਅਤੇ ਮੈਡਮ ਰਮਨਪ੍ਰੀਤ ਕੌਰ ਅਤੇ ਜੀਵਨ ਕੁਮਾਰ ਬਿੰਦੂ ਹਾਜ਼ਰ ਰਹੇ।



## ਪ੍ਰਕਾਸ਼ ਪੁਰਬ ਨੂੰ ਲੈ ਕੇ ਪ੍ਰਭਾਤ ਫੇਰੀਆਂ ਆਰੰਭ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਅਤੇ ਨਗਰ ਦੀਆਂ ਸੰਗਤਾਂ ਵੱਲੋਂ ਪ੍ਰਭਾਤ ਫੇਰੀਆਂ ਆਰੰਭ ਹੋ ਚੁੱਕੀਆਂ ਹਨ। ਅੱਜ ਸਿੱਖ ਕੌਮ ਦੇ ਮਹਾਨ ਢਾਡੀ ਮਲਕੀਤ ਸਿੰਘ ਲੌਂਗੋਵਾਲ ਦੇ ਗ੍ਰਹਿ ਵਿਖੇ ਪ੍ਰਕਾਸ਼ ਪੁਰਬ ਨੂੰ ਲੈ ਕੇ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਭਾਈ ਕੁਲਵੰਤ ਸਿੰਘ ਕਾਂਤੀ ਅਤੇ ਭਾਈ ਮੋਹਣ ਸਿੰਘ ਦੇ ਜਥਿਆਂ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਜਿੱਥੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਉੱਥੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈ ਦਿੱਤੀਆਂ। ਸੰਗਤਾਂ ਲਈ ਚਾਹ ਤੇ ਪਕੌੜਿਆਂ ਦੇ ਲੰਗਰ ਲਗਾਏ ਗਏ ਅਤੇ ਭਾਈ ਲੌਂਗੋਵਾਲ ਤੇ ਪਰਵਾਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਪ੍ਰਧਾਨ ਗੁਰਜੰਟ ਸਿੰਘ, ਬਲਵਿੰਦਰ ਸਿੰਘ ਕੈਂਬੋਵਾਲ, ਸਾਬਕਾ ਕੌਂਸਲਰ ਅਵਤਾਰ ਸਿੰਘ ਦੁਲਟ, ਸ਼ੇਰ ਸਿੰਘ ਖੰਨਾ, ਸੁਸਾਇਟੀ ਪ੍ਰਧਾਨ ਜਸਵਿੰਦਰ ਸਿੰਘ, ਸਰਪੰਚ ਸੁਖਵਿੰਦਰ ਸਿੰਘ, ਗੁਰਮੀਤ ਸਿੰਘ ਲੱਲੀ, ਸੁਰਜੀਤ ਸਿੰਘ ਮੱਸੇਕਾ, ਗੁਰਜੰਟ ਸਿੰਘ ਢਾਬੇ ਵਾਲਾ, ਬਲਜੀਤ ਕੌਰ, ਕੁਲਦੀਪ ਸਿੰਘ ਡੋਗਰ, ਗੁਰਸੇਵਕ ਸਿੰਘ ਸਿੱਧੂ, ਅੰਮ੍ਰਿਤਪਾਲ ਸਿੰਘ ਅਮੀ, ਗੁਰਸੇਵਕ ਸਿੰਘ ਪੰਧੇਰ, ਜੁਗਰਾਜ ਸਿੰਘ, ਹਰਬਿੰਦਰ ਸਿੰਘ,ਆਦਿ ਸੰਗਤਾਂ ਹਾਜ਼ਰ ਸਨ।

## ਚੌਥੇ ਕਬੱਡੀ ਕੱਪ ਦਾ ਪੋਸਟਰ ਪ੍ਰੋਫੈਸਰ ਸਿੱਧੂ ਨੇ ਕੀਤਾ ਰਿਲੀਜ਼

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਯੂਥ ਸਪੋਰਟਸ ਵੈਲਫ਼ੇਅਰ ਐਂਡ ਕਲਚਰਲ ਕਲੱਬ ਧੂਰੀ ਪਿੰਡ ਦੇ ਪ੍ਰਧਾਨ ਤਲਵਿੰਦਰ ਸਿੰਘ ਨੀਟੂ ਮੰਡੇਰ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਚੌਥੇ ਕਬੱਡੀ ਕੱਪ ਦਾ ਪੋਸਟਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐਸ.ਡੀ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਰਿਲੀਜ਼ ਕੀਤਾ। ਉਨ੍ਹਾ ਕਲੱਬ ਦੇ ਉਦਮ ਦੀ ਸ਼ਲਾਘਾ ਕਰਦਿਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵੱਲ ਆਕਰਸ਼ਿਤ ਹੋਣ ਦੀ ਅਪੀਲ ਵੀ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਲਗਾਤਾਰ ਖੇਡਾਂ ਨੂੰ ਪ੍ਰਫੁੱਲਤ ਕਰ ਰਹੀ ਹੈ। ਕਲੱਬ ਪ੍ਰਧਾਨ ਤਲਵਿੰਦਰ ਸਿੰਘ ਨੀਟੂ ਮੰਡੇਰ ਨੇ ਦੱਸਿਆ ਕਿ ਐਨ.ਆਰ.ਆਈ ਭਰਾਵਾਂ ਅਤੇ ਧੂਰੀ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਚੌਥਾ ਇੱਕ ਰੋਜ਼ਾ ਕਬੱਡੀ ਕੱਪ 25 ਨਵੰਬਰ ਨੂੰ ਧੂਰੀ ਪਿੰਡ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਖੇਡ ਮੇਲੇ ਵਿੱਚ ਕਬੱਡੀ ਇੱਕ ਪਿੰਡ ਓਪਨ ਦੇ ਮੁਕਾਬਲੇ ਕਰਵਾਏ ਜਾਣਗੇ। ਅੱਵਲ ਟੀਮ ਨੂੰ 61000 ਰੁਪੈ ਤੇ ਦੂਜੇ ਨੰਬਰ 'ਤੇ ਰਹਿਣ ਵਾਲੀ ਟੀਮ ਨੂੰ 51000 ਰੁਪੈ ਦਾ ਨਕਦ ਇਨਾਮ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨਾਮ ਵੰਡ ਸਮਾਗਮ ਮੌਕੇ ਪੰਜਾਬੀ ਦੋਗਾਣਾ ਜੋੜੀ ਬਲਕਾਰ ਅਣਖੀਲਾ ਅਤੇ ਮਨਜਿੰਦਰ ਗੁਲਸ਼ਨ ਸਰੋਤਿਆਂ ਦਾ ਮੰਨੋਰੰਜਨ ਕਰਨਗੇ। ਇਸ ਮੌਕੇ ਆਪ ਆਗੂ ਸਤਿੰਦਰ ਸਿੰਘ ਚੱਠਾ, ਡਾ. ਅਨਵਰ ਭਸੌੜ, ਰਾਜ ਦੱਤਾ, ਜਗਤਾਰ ਸਿੰਘ ਘੁੰਮਣ, ਅਮਰ ਬਾਵਾ ਆਦਿ ਹਾਜ਼ਰ ਸਨ।

## ਪੰਜਾਬੀ ਲੇਖਕ ਪ੍ਰਗਟ ਸਿੰਘ ਜੰਬਰ ਵਿਦਿਆਰਥੀਆਂ ਦੇ ਰੂਬਰੂ





ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) ਸਰਕਾਰੀ ਹਾਈ ਸਕੂਲ ਸਵਾਹ ਵਾਲਾ ਦੀ ਮੁੱਖ ਅਧਿਆਪਕਾ ਸ਼ੀਨਮ ਗੋਕਲਾਨੀ ਅਤੇ ਭਾਸ਼ਾ ਮੰਚ ਦੇ ਇੰਚਾਰਜ ਸੁਰਿੰਦਰ ਕੰਬੋਜ ਵੱਲੋਂ ਸਮੂਹ ਸਟਾਫ ਦੇ ਸਹਿਯੋਗ ਨਾਲ ਪੰਜਾਬੀ ਦੇ ਨਾਮਵਰ ਲੇਖਕ ਪ੍ਰਗਟ ਸਿੰਘ ਜੰਬਰ ਨੂੰ ਵਿਦਿਆਰਥੀਆਂ ਦੇ ਰੂਬਰੂ ਕੀਤਾ ਗਿਆ। ਪ੍ਰੋਗਰਾਮ ਦੇ ਸ਼ੁਰੂਆਤ ਵਿੱਚ ਸੀਨੀਅਰ ਅਧਿਆਪਕ ਮਨੇਸ਼ਵਰ ਚੰਦਰ ਨੇ ਜੀ ਆਇਆਂ ਕਿਹਾ। ਸੁਰਿੰਦਰ ਕੰਬੋਜ ਨੇ ਜਾਣ ਪਹਿਚਾਣ ਕਰਵਾਉਂਦਿਆ ਕਿਹਾ ਕਿ ਪਰਗਟ ਸਿੰਘ ਜੰਬਰ ਦੀ ਮਿੰਨੀ ਕਹਾਣੀ ਵਾਪਸੀ ਦਿੱਲੀ ਯੂਨੀਵਰਸਿਟੀ ਦੇ ਬੀ ਏ ਫਾਈਨਲ ਦੇ ਸਿਲੇਬਸ ਵਿੱਚ ਪੜ੍ਹਾਈ ਜਾ ਰਹੀ ਹੈ। ਪ੍ਰਗਟ ਸਿੰਘ ਜੰਬਰ ਨੇ ਵਿਦਿਆਰਥੀਆਂ ਦੇ ਰੂਬਰੂ ਹੁੰਦੇ ਹੋਏ ਆਪਣੇ ਸਾਹਿਤਕ ਸਫਰ ਬਾਰੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਆਪਣੀਆਂ ਕੁਝ ਕਵਿਤਾਵਾਂ ਅਤੇ ਮਿੰਨੀ ਕਹਾਣੀਆਂ ਵਿਦਿਆਰਥੀਆਂ ਨੂੰ ਸੁਣਾਈਆਂ ਅਤੇ ਉਨ੍ਹਾਂ ਨਾਲ ਨੈਤਿਕ ਸਿੱਖਿਆ ਬਾਰੇ ਗੱਲਬਾਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਕਿਤਾਬਾਂ ਸਾਨੂੰ ਜੀਵਨ ਜਾਚ ਸਿਖਾਉਂਦੀਆਂ ਹਨ। ਇਸ ਲਈ ਸਾਨੂੰ ਵੱਧ ਵੱਧ ਕਿਤਾਬਾਂ ਪੜ੍ਹਨੀਆਂ ਚਾਹੀਦੀਆਂ ਹਨ। ਗੁਰਪ੍ਰੀਤ ਸਿੰਘ ਸੰਧੂ ਅਤੇ ਬਖਸ਼ੀਸ਼ ਚੰਦ ਥਿੰਦ ਵੱਲੋਂ ਵੀ ਆਪਣੇ ਵਿਚਾਰ ਰੱਖੇ ਗਏ। ਇਸ ਮੌਕੇ ਸਕੂਲ ਅਧਿਆਪਕ ਅਸ਼ੋਕ ਕੁਮਾਰ, ਸਰਬੂਟਾ ਸਿੰਘ, ਰਾਜੇਸ਼ ਕੁਮਾਰ, ਸੁਭਾਸ਼ ਚੰਦਰ, ਗੁਰਪ੍ਰੀਤ ਕੌਰ, ਰਾਜ ਰਾਣੀ, ਰਿੰਕੂ ਬਾਲਾ, ਮੋਨਿਕਾ ਰਹੇਜਾ, ਛਾਂਗਾ ਰਾਮ ਅਤੇ ਕਰਮੋਂ ਰਾਣੀ ਨੇ ਰੂਬਰੂ ਪ੍ਰੋਗਰਾਮ ਸਫਲ ਬਣਾਉਣ ਵਿੱਚ ਸਹਿਯੋਗ ਦਿੱਤਾ। ਮਹਿਮਾਨ ਲੇਖਕ ਪ੍ਰਗਟ ਸਿੰਘ ਜੰਬਰ ਨੇ ਆਪਣੀਆਂ ਲਿਖੀਆਂ ਅਤੇ ਘਰ ਦੀ ਲਾਇਬ੍ਰੇਰੀ ਵਿੱਚੋਂ ਸਕੂਲ ਦੀ ਲਾਇਬ੍ਰੇਰੀ ਲਈ ਕਿਤਾਬਾਂ ਭੇਟ ਕੀਤੀਆਂ।

## ਆਕਸਫੋਰਡ ਸਕੂਲ 'ਚ ਮਨਾਇਆ ਬਾਲ ਦਿਵਸ




ਭਗਤਾ ਭਾਈ ਕਾ (ਰਾਜੀਵ ਗੋਇਲ)-'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ, ਸੰਸਥਾ ਵਿੱਚ ਬਾਲ ਦਿਵਸ ਨੂੰ ਇੱਕ ਵੱਖਰੇ ਢੰਗ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਦੌਰਾਨ ਮਨਾਏ ਗਏ ਇਸ ਦਿਵਸ ਲਈ ਸਟੇਜ ਅਧਿਆਪਕਾਂ ਵੱਲੋਂ ਹੀ ਸੰਭਾਲੀ ਗਈ। ਪ੍ਰੋਗਰਾਮ ਦਾ ਆਗਮਨ ਅਧਿਆਪਕਾਂ ਵੱਲੋਂ ਸ਼ਬਦ ਗਾਇਨ ਨਾਲ ਹੋਇਆ। ਇਸ ਤੋਂ ਬਾਅਦ ਨਰਸਰੀ ਤੋਂ ਪਹਿਲੀ ਜਮਾਤ ਤੱਕ ਦੇ ਅਧਿਆਪਕਾਂ ਵੱਲੋਂ "ਹਾਸਿਆਂ ਦੀ ਪਟਾਰੀ" ਪ੍ਰੋਗਰਾਮ ਪੇਸ਼ ਕੀਤਾ ਗਿਆ। ਦੂਸਰੀ ਤੋਂ ਅੱਠਵੀਂ ਜਮਾਤ ਤੱਕ ਅਧਿਆਪਕਾਂ ਵੱਲੋਂ ਸਟੇਜ ਸਕੱਤਰ ਬਣਨ ਦੇ ਨਾਲ-ਨਾਲ ਹੋਰ ਕਈ ਗਤੀਵਿਧੀਆਂ ਜਿਵੇਂ ਦੈਨਿਕ ਸਹੁੰ ਚੁੱਕ ਗਤੀਵਿਧੀ, ਅੱਜ ਦਾ ਵਿਚਾਰ, ਖ਼ਬਰਾਂ ਆਦਿ ਪੇਸ਼ ਕੀਤੀਆਂ ਗਈਆਂ। ਇਸ ਸਮੇਂ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਅਧਿਆਪਕਾਂ ਵੱਲੋਂ ਵਿਦਿਆਰਥੀ ਜੀਵਨ 'ਤੇ ਝਾਤ ਪਾਉਂਦਾ ਇੱਕ ਲੇਜ਼ੀ ਡਾਂਸ ਪੇਸ਼ ਕੀਤਾ ਗਿਆ। ਸਕੂਲ ਦੇ ਸਪੋਰਟਸ ਅਧਿਆਪਕਾਂ ਵੱਲੋਂ ਪੇਸ਼ ਕੀਤਾ ਗਿਆ ਐਰੋਬਿਕਸ ਵੀ ਸਲਾਹੁਣਯੋਗ ਸੀ। ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਇਸ ਸਭਾ ਦੌਰਾਨ ਕਿਹਾ ਕਿ ਅਜ਼ਾਦ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਨੂੰ ਬਾਲ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ ਕਿਉਂਕਿ ਉਹ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ।

ਉਨ੍ਹਾਂ ਨੇ ਨਹਿਰੂ ਦੀਆਂ ਦੇਸ਼ ਲਈ ਯੋਜਨਾਵਾਂ ਅਤੇ ਦੇਸ਼ ਨੂੰ ਦੇਣ ਦਾ ਵਿਸਥਾਰ ਪੂਰਵਕ ਜ਼ਿਕਰ ਕਰਦਿਆਂ ਦੇਸ਼ ਨੂੰ ਪਿਆਰ ਕਰਨ ਅਤੇ ਆਪਾ ਵਾਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਅਧਿਆਪਕਾਂ ਵੱਲੋਂ ਪੇਸ਼ ਕੀਤੀਆਂ ਗਈਆਂ ਗਤੀਵਿਧੀਆਂ ਦੀ ਵੀ ਸਲਾਹੁਤਾ ਕੀਤੀ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਸਮੇਤ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਸੂਬੇ ਦੀ ਚੁਫੇਰਿਓਂ ਕਾਇਆ-ਕਲਪ ਕਰ ਰਹੇ ਮੁੱਖ ਮੰਤਰੀ ਮਾਨ : ਘੁੱਲੀ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ 75 ਸਾਲਾਂ ਤੋਂ ਸਾਡੇ ਦੇਸ਼ ਨੂੰ ਲੁੱਟ ਰਹੀਆਂ ਹਨ ਅਤੇ ਹੁਣ ਦੇਸ਼ ਦੇ ਲੋਕ ਲਗਾਤਾਰ ਇਨ੍ਹਾਂ ਲੋਟੂ ਪਾਰਟੀਆਂ ਨੂੰ ਚੱਲਦਾ ਕਰਨ ਲਈ ਉਤਾਵਲਾ ਹਨ, ਜਿਸ ਦੀ ਸ਼ੁਰੂਆਤ ਦਿੱਲੀ ਅਤੇ ਪੰਜਾਬ ਤੋਂ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ 'ਆਪ' ਦਾ 'ਝਾੜੂ' ਸਾਡੇ ਦੇਸ਼ ਦੀ ਸਿਆਸੀ ਗੰਦਗੀ ਨੂੰ ਸਾਫ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਦਿੱਲੀ ਵਿੱਚ ਲੋਕਾਂ ਕੋਲ ਚੰਗੇ ਸਰਕਾਰੀ ਸਕੂਲ ਅਤੇ ਹਸਪਤਾਲ ਹਨ, ਸਾਫ ਪਾਣੀ ਹੈ ਅਤੇ ਪੰਜਾਬ ਦੇ 90 ਫੀਸਦੀ ਘਰਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆਉਂਦਾ ਹੈ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਅਤੇ ਹੋਰ ਸੂਬਿਆਂ ਵਿੱਚ ਭਾਰੀ ਭੀੜ ਮੱਧ ਪ੍ਰਦੇਸ਼ 'ਚ ਬਦਲਾਅ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਆਪ ਆਦਮੀ ਪਾਰਟੀ ਨੇ ਆਮ ਘਰਾਂ ਦੇ ਮੁੰਡੇ ਕੁੜੀਆਂ ਨੂੰ ਸਿਆਸਤ ਵਿੱਚ ਅੱਗੇ ਲਿਆਂਦਾ ਹੈ, ਜਦਕਿ ਬਾਕੀ ਪਾਰਟੀਆਂ ਨੇ ਹਮੇਸ਼ਾ ਆਪਣੇ ਪਰਵਾਰਵਾਦ ਨੂੰ ਅੱਗੇ ਰੱਖਿਆ ਹੈ।

## ਝਾੜ ਸਾਹਿਬ ਕਾਲਜ 'ਚ ਪਰਾਲੀ ਸਾੜਨ ਵਿਰੁੱਧ ਸਲੋਗਨ ਮੁਕਾਬਲੇ ਕਰਵਾਏ



ਸਮਰਾਲਾ (ਸੁਰਜੀਤ ਸਿੰਘ)-ਵਾਤਾਵਰਣ ਦੀ ਸਾਂਭ-ਸੰਭਾਲ ਨੂੰ ਲੈ ਕੇ ਆਪਣੇ ਚੌਗਿਰਦੇ ਅਤੇ ਲੋਕਾਂ ਨੂੰ ਵਾਤਾਵਰਣ ਦੇ ਦੁਸ਼ਪ੍ਰਭਾਵਾਂ ਪ੍ਰਤੀ ਸਮਾਜ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਵਿਸ਼ਵ ਸਮਾਜ ਸਾਸਤਰ ਦਿਵਸ ਨੂੰ ਸਮਰਪਿਤ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਝਾੜ ਸਾਹਿਬ ਵਿਖੇ ਅੱਜ ਸਥਾਨਕ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗ ਨਾਲ ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਵਲੋਂ ਪ੍ਰਿੰ: ਡਾ. ਰਜਿੰਦਰ ਕੌਰ ਅਤੇ ਵਿਭਾਗ ਦੇ ਮੁਖੀ ਡਾ. ਸੁਨੀਤਾ ਕੌਸ਼ਲ ਦੇ ਨਿਰਦੇਸ਼ਨ ਹੇਠ ਕਾਲਜ ਦੀਆਂ ਵਿਦਿਆਰਥਣਾਂ ਨੇ 'ਪਰਾਲੀ ਸਾੜਨ ਦੇ ਸਮਾਜ ਉੱਤੇ ਮਾੜੇ ਪ੍ਰਭਾਵ' ਵਿਸ਼ੇ 'ਤੇ ਸਲੋਗਨ ਲਿਖਣ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਲਈ ਸਮੱਗਰੀ ਜਿਵੇਂ ਕਿ ਕਲਰ, ਸੀਟ, ਪੈਂਸਿਲ ਆਦਿ ਕ੍ਰਿਸ਼ੀ ਵਿਗਿਆਨ ਕੇਂਦਰ ਸਮਰਾਲਾ ਵਲੋਂ ਵਿਦਿਆਰਥਣਾਂ ਨੂੰ ਉਪਲਬਧ ਕਰਾਈ ਗਈ। ਇਨ੍ਹਾਂ ਪੇਂਟਿੰਗ ਮੁਕਾਬਲਿਆਂ ਵਿਚ ਜੈਸਮੀਨ ਕੌਰ ਨੇ ਪਹਿਲਾ, ਜੀਵਨਜੋਤ ਕੌਰ ਨੇ ਦੂਜਾ ਅਤੇ ਪੁਨੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਸਲੋਗਨ ਲਿਖਣ ਮੁਕਾਬਲਿਆਂ ਵਿਚ ਜਸ਼ਨਪ੍ਰੀਤ ਕੌਰ ਨੇ ਪਹਿਲਾ, ਕੁਲਦੀਪ ਕੌਰ ਨੇ ਦੂਜਾ ਅਤੇ ਆਸ਼ਾ ਰਾਣੀ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਡਾ. ਕਰਨ ਸਿੰਘ ਅਤੇ ਮੈਡਮ ਪਰਮਿੰਦਰ ਕੌਰ ਕ੍ਰਿਸ਼ੀ ਵਿਗਿਆਨ ਕੇਂਦਰ ਸਮਰਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਜੇਤੂ ਵਿਦਿਆਰਥਣਾਂ ਨੂੰ ਇਨਾਮ ਵੀ ਵੰਡੇ। ਪ੍ਰਿੰ: ਡਾ. ਰਜਿੰਦਰ ਕੌਰ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਸੁਚੇਤ ਕਰਨਾ ਅਜੋਕੇ ਸਮੇਂ ਦੀ ਲੋੜ ਹੈ। ਇਸ ਮੌਕੇ ਡਾ. ਕਰਨ ਸਿੰਘ ਨੇ ਕਿਹਾ ਕਿ ਪਰਾਲੀ ਨੂੰ ਖੇਤਾਂ ਵਿਚ ਹੀ ਰਹਿਣ ਦੇਣਾ ਚਾਹੀਦਾ ਹੈ ਤਾਂ ਜੋ ਇਹ ਗਲ-ਸੜ ਕੇ ਖਾਦ ਦੇ ਰੂਪ ਵਿਚ ਜ਼ਮੀਨ ਵਿਚ ਹੀ ਰਲ ਜਾਵੇਗੀ ਅਤੇ ਜ਼ਮੀਨ ਵਧੇਰੇ ਉਪਜਾਊ ਹੋਵੇਗੀ। ਅੰਤ ਵਿਚ ਡਾ. ਸੁਨੀਤਾ ਕੌਸ਼ਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਰਾਲੀ ਨੂੰ ਵਿਗਿਆਨਕ ਤਰੀਕੇ ਨਾਲ ਉਪਯੋਗ ਵਿਚ ਲੈ ਕੇ ਆਈਏ ਤਾਂ ਧਰਤੀ ਦੀ ਉਪਜਾਊ ਸਕਤੀ ਵਿਚ ਚੋਖਾ ਵਾਧਾ ਹੋਵੇਗਾ ਜੋ ਕਿ ਫਸਲਾਂ ਲਈ ਲਾਹੇਵੰਦ ਸਾਬਤ ਹੋਵੇਗਾ।

# ਭੱਠਿਆਂ 'ਤੇ ਅਣਮਿੱਥੇ ਸਮੇਂ ਦੀ ਹੜਤਾਲ ਤੇ ਡੀ ਸੀ ਦਫਤਰ ਧਰਨੇ ਦਾ ਐਲਾਨ



ਪਠਾਨਕੋਟ (ਦਵਿੰਦਰ ਸਿੰਘ)- ਗਰਮੀ ਸੀਜ਼ਨ ਦੌਰਾਨ ਕੰਮ ਕਰਾ ਕੇ ਘੱਟ ਮਜ਼ਦੂਰੀ ਦੇਣ ਵਾਲੇ ਭੱਠਾ ਮਾਲਕਾਂ ਖਿਲਾਫ ਕਾਰਵਾਈ ਕਰਨ ਲਈ ਅਤੇ ਭੱਠਾ ਮਜ਼ਦੂਰਾਂ ਨੂੰ ਉਨ੍ਹਾਂ ਦੀ ਬਣਦੀ ਬਕਾਇਆ ਮਜ਼ਦੂਰੀ ਦਿਵਾਉਣ ਲਈ 27 ਅਕਤੂਬਰ ਨੂੰ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਵਿਖੇ ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਸੈਂਕੜਿਆਂ ਦੀ ਗਿਣਤੀ ਇਕੱਠੇ ਹੋਏ ਭੱਠਾ ਮਜ਼ਦੂਰਾਂ ਨੇ ਮੰਗ ਪੱਤਰ ਦਿੱਤਾ ਸੀ। ਮੰਗ ਪੱਤਰ ਦੇ ਨਿਪਟਾਰੇ ਲਈ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਤਹਿਤ ਲੇਬਰ ਵਿਭਾਗ ਦੇ ਅਧਿਕਾਰੀਆਂ ਨੇ ਸਬੰਧਤ ਭੱਠਾ ਮਾਲਕਾਂ ਨੂੰ 15 ਨਵੰਬਰ ਦਾ ਸਮਾਂ ਨਿਸ਼ਚਿਤ ਕਰਕੇ ਭੱਠਾ ਮਾਲਕਾਂ ਅਤੇ ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਦੇ ਆਗੂਆਂ ਨੂੰ ਆਪਣੇ ਦਫਤਰ ਸੱਦਿਆ ਸੀ। ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੇ ਦਫਤਰ ਲੇਬਰ ਇਨਫੋਰਸਮੈਂਟ ਅਫਸਰ ਪਠਾਨਕੋਟ ਨਵਦੀਪ ਸਿੰਘ ਘੰਟਿਆਂ ਬੱਧੀ ਭੱਠਾ ਮਾਲਕਾਂ ਦਾ ਇੰਤਜ਼ਾਰ ਕਰਦੇ ਰਹੇ ਪਰ ਜ਼ਿਲ੍ਹਾ ਅਧਿਕਾਰੀਆਂ ਦੇ ਹੁਕਮਾਂ ਨੂੰ ਟਿੱਚ ਜਾਣਦਿਆਂ ਕੋਈ ਵੀ ਭੱਠਾ ਮਾਲਕ ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੇ ਦਫਤਰ ਨਹੀਂ ਪਹੁੰਚਿਆ ਨਾ ਹੀ ਕਿਸੇ ਭੱਠਾ ਮਾਲਕ ਨੇ ਅਧਿਕਾਰੀਆਂ ਦਾ ਫੋਨ ਉਠਾਇਆ। ਜ਼ਿਲ੍ਹਾ ਅਧਿਕਾਰੀਆਂ ਦੇ ਸੱਦੇ ਮੁਤਾਬਕ ਮਜ਼ਦੂਰਾਂ ਵਲੋਂ ਪਹੁੰਚੇ ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ ਅਤੇ ਵਿੱਤ ਸਕੱਤਰ ਕਾਮਰੇਡ ਸ਼ਿਵ ਕੁਮਾਰ ਦੀ ਅਗਵਾਈ ਹੇਠ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਬੁੱਟਰ, ਮੀਤ ਪ੍ਰਧਾਨ ਦਰਸ਼ਨ ਸਿੰਘ ਅਖਰੋਟਾ, ਮਨਹਰਨ ਅਤੇ ਹੋਰ ਸਾਥੀ ਹਾਜ਼ਰ ਹੋਏ।

ਉਪਰੋਕਤ ਸਾਰੀ ਘਟਨਾ ਦੀ ਜਾਣਕਾਰੀ ਦਿੰਦਿਆਂ ਕਾਮਰੇਡ ਸ਼ਿਵ ਕੁਮਾਰ ਨੇ ਦੱਸਿਆ ਕਿ ਪਠਾਨਕੋਟ ਜ਼ਿਲ੍ਹੇ ਅੰਦਰ ਪਿੰਡ ਅਲੀਖਾਂਹ, ਤੱਗੋਸ਼ਾਹ, ਪਰਮਾਨੰਦ, ਮਾੜੀ, ਜੰਗਲਾਂ, ਭਵਾਨੀ, ਚੌਹਾਨਾ, ਨਾਲਾ, ਘਰੋਟਾ ਏਰੀਏ ਦੇ ਭੱਠਾ ਮਾਲਕਾਂ ਨੇ ਗਰਮੀ ਸੀਜ਼ਨ ਦੌਰਾਨ ਪਥੇਰ ਕਿਰਤੀਆਂ ਨੂੰ ਪੂਰੀ ਮਜ਼ਦੂਰੀ ਨਹੀਂ ਦਿੱਤੀ। ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੀ ਹਾਜ਼ਰੀ ਵਿੱਚ 15 ਮਈ 2023 ਨੂੰ ਹੋਏ ਸਮਝੌਤੇ ਦੀ ਉਲੰਘਣਾ ਕਰਕੇ 34 ਰੁਪਏ ਪ੍ਰਤੀ ਹਜ਼ਾਰ ਇੱਟਾਂ ਪਿੱਛੇ ਰੇਟ ਘੱਟ ਦਿੱਤਾ ਸੀ। ਇਸ ਸਬੰਧੀ ਵਾਰ ਵਾਰ ਮੰਗ ਪੱਤਰ ਦੇ ਲੇਬਰ ਵਿਭਾਗ ਦੇ ਅਧਿਕਾਰੀਆਂ ਨੂੰ ਜੂਨ ਮਹੀਨੇ ਐਸ ਡੀ ਐਮ ਪਠਾਨਕੋਟ ਅਤੇ ਹੁਣ 27 ਅਕਤੂਬਰ ਨੂੰ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਨੂੰ ਮੰਗ ਪੱਤਰ ਦੇ ਕੇ ਬੇਨਤੀ ਹੈ ਕਿ ਮਜ਼ਦੂਰਾਂ ਨੂੰ ਉਨ੍ਹਾਂ ਦੀ ਬਣਦੀ ਬਕਾਇਆ ਮਜ਼ਦੂਰੀ ਦਿਵਾਈ ਜਾਵੇ ਪਰ ਅੱਜ ਦੀ ਕਾਰਵਾਈ ਤੋਂ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਬੇਵੱਸ ਦਿਖਾਈ ਦਿੱਤਾ। ਉਪਰੋਕਤ ਸਾਰੀ ਸਥਿਤੀ ਨੂੰ ਜਾਣਨ ਤੋਂ ਬਾਅਦ ਹਾਜ਼ਰ ਆਗੂਆਂ ਨੇ ਹੋਰ ਸਾਥੀਆਂ ਨਾਲ ਗੱਲਬਾਤ ਕਰਕੇ ਫੈਸਲਾ ਕੀਤਾ ਕਿ ਉਪਰੋਕਤ ਦੱਸੇ ਸਬੰਧਤ ਏਰੀਏ ਵਿੱਚ ਪੈਂਦੇ ਇੱਟ ਭੱਠਿਆਂ ਉਪਰ 22 ਨਵੰਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ ਕਰਕੇ ਜ਼ਿਲ੍ਹਾ ਹੈਡਕੁਆਟਰ ਡਿਪਟੀ ਕਮਿਸ਼ਨਰ ਪਠਾਨਕੋਟ ਦੇ ਦਫਤਰ ਸਾਹਮਣੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਲੋੜ ਪੈਣ 'ਤੇ ਭੱਠਿਆਂ ਦਾ ਘਿਰਾਓ ਕਰਕੇ ਨਿਕਾਸੀ ਵੀ ਰੋਕੀ ਜਾਵੇਗੀ। ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਦੋਂ ਤੱਕ ਮਜ਼ਦੂਰਾਂ ਦਾ ਬਕਾਇਆ ਅਦਾ ਨਹੀਂ ਕੀਤਾ ਜਾਂਦਾ ਸਬੰਧਤ ਭੱਠਿਆਂ ਤੋਂ ਪੱਕੀਆਂ ਦੀ ਸੇਲ ਰੋਕ ਲਗਾਈ ਜਾਵੇ।

# ਰਚਨਾ ਸਿਰਜਣਾ ਪਿੱਛੇ ਕਾਰਜਸ਼ੀਲ ਵਿਚਾਰਧਾਰਾਈ ਤਾਕਤਾਂ ਦੇ ਰੋਲ ਨੂੰ ਵੀ ਉਜਾਗਰ ਕਰਨਾ ਚਾਹੀਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਅੰਮ੍ਰਿਤਸਰ- ਨਾਦ ਪ੍ਰਗਾਸੁ, ਸ੍ਰੀ ਅੰਮ੍ਰਿਤਸਰ ਦੇ ਖੋਜਾਰਥੀਆਂ/ਵਿਦਿਆਰਥੀਆਂ ਵੱਲੋਂ ਕਰਵਾਇਆ ਜਾਂਦੇ ਮਹੀਨਾਵਾਰ ਪ੍ਰੋਗਰਾਮ 'ਬਿਬੇਕ ਗੋਸ਼ਟਿ' ਦਾ ਆਯੋਜਨ ਸੰਸਥਾ ਦੇ ਮੁੱਖ ਦਫ਼ਤਰ ਵਿਖੇ ਕੀਤਾ ਗਿਆ। ਅੱਜ ਦੀ ਇਸ ਗੋਸਟਿ ਵਿਚ ਪ੍ਰਸਿੱਧ ਨਵ-ਮਾਰਕਸਵਾਦੀ ਚਿੰਤਕ ਫ੍ਰੈਡਰਿਕ ਜੇਮਸਨ ਦੀ ਪ੍ਰਮੁੱਖ ਪੁਸਤਕ 'ਦਾ ਪੋਲੀਟੀਕਲ ਅਨਕਾਂਸ਼ੀਅਸ: ਨੈਰਿਟਿਵ ਐਸ ਅ ਸੋਸ਼ਲੀ ਸਿੰਬੋਲਿਕ ਐਕਟ' 'ਤੇ ਵਿਚਾਰ ਚਰਚਾ ਕੀਤੀ ਗਈ। ਇਹ ਪੁਸਤਕ ਸਮਾਜ-ਰਾਜਨੀਤਿਕ ਅਤੇ ਮਨੋਵਿਗਿਆਨਕ ਅਧਿਐਨ ਨਾਲ ਸੰਬੰਧਤ ਹੈ, ਜਿਸ ਵਿੱਚ ਅਚੇਤਨ ਵਿਚਾਰਧਾਰਾਈ ਸ਼ਕਤੀਆਂ, ਪ੍ਰਵਚਨ-ਸਿਰਜਕ ਤਾਕਤਾਂ, ਸਨਾਤਨ ਅਤੇ ਨਵ-ਮਾਰਕਸਵਾਦ ਦੇ ਹਵਾਲੇ ਨਾਲ ਨਵ-ਪਦਾਰਥਵਾਦ ਜਿਹੇ ਗੰਭੀਰ ਸੰਕਲਪ ਨੂੰ ਦਾਰਸ਼ਨਿਕ ਪੱਧਰ 'ਤੇ ਖੋਜ ਦੇ ਰੂਪ ਪ੍ਰਸਤੁਤ ਕੀਤਾ ਗਿਆ ਹੈ। ਜੇਮਸਨ ਇਸ ਪੁਸਤਕ ਵਿਚ ਰੂਪਵਾਦ ਦੀ ਥਾਂ ਵਸਤੂਵਾਦੀ ਪੜ੍ਹਤ ਦੀ ਪ੍ਰੋੜ੍ਹਤਾ ਕਰਦਿਆਂ ਰਚਨਾ ਦੀ ਸਿਰਜਣਾ ਪਿੱਛੇ ਕਾਰਜਸ਼ੀਲ ਅਜਿਹੀ ਸ਼ਕਤੀਆਂ ਨੂੰ ਉਜਾਗਰ ਕਰਨ ਦੀ ਕੋਸ਼ਿਸ਼ ਕਰਦਾ ਹੈ ਜਿਨ੍ਹਾਂ ਬਾਰੇ ਸਮਕਾਲੀ ਚਿੰਤਨ ਅਚੇਤਨ ਹੀ ਰਹਿੰਦਾ ਹੈ। ਇਸ ਵਾਰ ਦੀ ਬਿਬੇਕ ਗੋਸਟਿ ਵਿੱਚ ਸੰਸਥਾ ਦਿੱਲੀ ਯੂਨੀਵਰਸਿਟੀ, ਨਵੀਂ ਦਿੱਲੀ ਤੋਂ ਡਾ. ਹਲਵਿੰਦਰ ਸਿੰਘ ਨੇ ਇਸ ਪੁਸਤਕ 'ਤੇ ਆਪਣਾ ਖੋਜ-ਪਰਚਾ ਪ੍ਰਸਤੁਤ ਕੀਤਾ। ਉਨ੍ਹਾਂ ਕਿਹਾ ਕਿ ਜੇਮਸਨ ਮਾਰਕਸਵਾਦੀ ਚਿੰਤਕ ਵਜੋਂ ਨਾ ਸਿਰਫ਼ ਵਿਸ਼ਵ-ਵਿਆਪੀ ਸੱਚ ਦੇ ਹਮਾਇਤੀ ਵਜੋਂ ਚਿੰਤਨ ਸੰਭਾਵਿਤ ਕਰਦਾ ਹੈ, ਸਗੋਂ ਪਦਾਰਥਵਾਦੀ ਚਿੰਤਨ ਵਿੱਚ ਮੌਲਿਕ ਖੋਜ ਪੇਸ਼ ਕਰਦਾ ਹੈ, ਜਿਸ ਵਿੱਚ ਸਮਾਜ-ਇਤਿਹਾਸੀ ਅਧਿਐਨ ਦੇ ਨਾਲ ਹੀ ਭਾਸ਼ਾਈ ਅਤੇ ਮਨੋਵਿਗਿਆਨਕ ਚਿੰਤਨ ਨੂੰ ਸ਼ਾਮਿਲ ਕਰਨ ਵੱਲ ਵਧੇਰੇ ਉਲਾਰ ਦਿਸਦਾ ਹੈ। ਹਲਵਿੰਦਰ ਸਿੰਘ ਅਨੁਸਾਰ ਜੇਮਸਨ ਜਿਹੇ ਚਿੰਤਕ ਦੀ ਪੜ੍ਹਤ ਲਈ ਪੰਜਾਬ ਦੇ ਵਿਦਿਆਰਥੀਆਂ ਨੂੰ ਜਰਮਨ ਆਦਰਸ਼ਵਾਦੀ ਦਰਸ਼ਨਧਾਰਾ ਅਤੇ ਪ੍ਰਮੁੱਖ ਮਨੋਵਿਸ਼ਲੇਸ਼ਕਾਂ ਸਿਗਮੰਡ ਫ਼ਰਾਇਡ ਅਤੇ ਯੱਕ ਲਾਕਾਂ ਦੇ ਚਿੰਤਨ ਨੂੰ ਸਮਝਣਾ ਵੀ ਜ਼ਰੂਰੀ ਹੈ। ਇਸ ਗੋਸ਼ਟੀ ਦੇ ਦੂਸਰੇ ਸੈਸ਼ਨ ਵਿੱਚ ਪ੍ਰਸ਼ਨਕਾਲ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਹੀਰਾ ਸਿੰਘ ਅਤੇ ਜਾਮੀਆ ਮਿਲੀਆ ਇਸਲਾਮੀਆ ਤੋਂ ਜਸਵਿੰਦਰ ਸਿੰਘ ਨੇ ਮੁੱਖ ਪ੍ਰਵਕਤਾ ਤੋਂ ਜੇਮਸਨ ਦੀ ਸਿਧਾਂਤਕਾਰੀ ਅਤੇ ਇਸ ਦੇ ਪੰਜਾਬੀ ਚਿੰਤਨ ਅਤੇ ਸਾਹਿਤ-ਅਧਿਐਨ ਲਈ ਸਾਰਥਕ ਹੋਣ ਸੰਬੰਧੀ ਪ੍ਰਸ਼ਨ ਅਤੇ ਪ੍ਰਤੀਕਰਮ ਪੇਸ਼ ਕੀਤੇ। ਅੱਜ ਦੀ ਇਸ ਗੋਸ਼ਟੀ ਵਿੱਚ ਜਾਮੀਆ ਮਿਲੀਆ ਇਸਲਾਮੀਆ ਤੋਂ ਖੋਜਾਰਥੀ ਜਸਵਿੰਦਰ ਸਿੰਘ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਹੀਰਾ ਸਿੰਘ, ਜਗਸੀਰ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਜਸਪ੍ਰੀਤ ਸਿੰਘ, ਕੰਵਲਪ੍ਰੀਤ ਸਿੰਘ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਤੋਂ ਲਖਵੀਰ ਸਿੰਘ ਅਤੇ ਗੁਰਚੇਤਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੰਚ ਦਾ ਸੰਚਾਲਨ ਕੰਵਲਪ੍ਰੀਤ ਸਿੰਘ ਨੇ ਕੀਤਾ। ਇਸ ਪ੍ਰੋਗਰਾਮ ਦੇ ਸੰਚਾਲਕ ਕੰਵਲਪ੍ਰੀਤ ਸਿੰਘ ਨੇ ਦੱਸਿਆ ਕਿ ਅਗਲੀ ਬਿਬੇਕ ਗੋਸ਼ਟਿ ਦਾ ਆਯੋਜਨ 15 ਦਸੰਬਰ ਨੂੰ ਕੀਤਾ ਜਾਵੇਗਾ।



# ਭੱਠਲ ਭਾਈ ਕੇ 'ਚ ਕਾਂਗਰਸ ਨੂੰ ਵੱਡਾ ਝਟਕਾ, ਟਕਸਾਲੀ ਪਰਵਾਰ ਆਪ 'ਚ ਹੋਏ ਸ਼ਾਮਲ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)- ਇਥੋਂ ਨੇੜਲੇ ਪਿੰਡ ਭੱਠਲ ਭਾਈਕੇ ਪਿੰਡ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤਰਸੇਮ ਸਿੰਘ ਫੌਜੀ ਦੀ ਪ੍ਰੇਰਨਾ ਸਦਕਾ ਐਮ.ਐਲ.ਏ ਮਨਜਿੰਦਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਅਨੇਕਾਂ ਪਰਵਾਰ ਕਾਂਗਰਸ ਅਤੇ ਅਕਾਲੀ ਦਲ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਪਿੰਡ ਦੇ 70 ਸਾਲ ਤੋਂ ਦੋ ਕਾਂਗਰਸੀ ਟਕਸਾਲੀ ਪਰਵਾਰ ਤਰਸੇਮ ਸਿੰਘ ਫੌਜੀ ਦੀ ਮਿਹਨਤ ਨਾਲ ਜੈਕਾਰਿਆਂ ਅਤੇ ਨਾਅਰਿਆਂ ਦੀ ਗੂੰਜ ਵਿੱਚ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ। ਉਨ੍ਹਾਂ ਤੋਂ ਇਲਾਵਾ ਸ਼ਾਮਲ ਹੋਣ ਵਾਲੇ ਪਰਵਾਰਾਂ ਵਿੱਚ ਦਰਸ਼ਨ ਸਿੰਘ, ਸਿਤਾਰਾ ਸਿੰਘ, ਨਿਸ਼ਾਨ ਸਿੰਘ, ਗੁਰਜੰਟ ਸਿੰਘ, ਗੁਲਜ਼ਾਰ ਸਿੰਘ, ਸੁਖਦੇਵ ਸਿੰਘ, ਲਖਬੀਰ ਸਿੰਘ, ਸੁਖਵਿੰਦਰ ਸਿੰਘ, ਗੁਰਮੀਤ ਸਿੰਘ, ਬਲਵਿੰਦਰ ਸਿੰਘ, ਜੁਗਰਾਜ ਸਿੰਘ ਅਤੇ ਰਸ਼ਪਾਲ ਸਿੰਘ ਦੇ ਪਰਵਾਰ ਸਨ। ਇਸ ਮੌਕੇ ਮੌਜੂਦਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਵੱਖ ਵੱਖ ਪਾਰਟੀਆਂ ਤੋਂ ਆਏ ਪਰਵਾਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਾਲਪੁਰਾ ਨੇ ਕਿਹਾ ਕਿ ਪਾਰਟੀ ਵਿੱਚ ਇਨ੍ਹਾਂ ਪਰਵਾਰਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਦਫਤਰ ਇੰਚਾਰਜ ਕੁਲਦੀਪ ਸਿੰਘ ਫੌਜੀ, ਅਵਤਾਰ ਸਿੰਘ ਮਠਾਰੂ, ਹਰਪਿੰਦਰ ਸਿੰਘ ਪੰਨੂ, ਜਸਬੀਰ ਸਿੰਘ ਫੌਜੀ, ਚਰਨ ਸਿੰਘ, ਹਰਪ੍ਰੀਤ ਸਿੰਘ, ਰਸਾਲ ਸਿੰਘ, ਖੁਸ਼ਹਾਲ ਸਿੰਘ, ਜਿੰਦਾ ਵਰਿਆਂ, ਗੋਪੀ ਚੋਹਲਾ, ਲਾਲੀ ਵਰਿਆਂ, ਮਾਸਟਰ ਦਰਸ਼ਨ ਸਿੰਘ, ਕੇਵਲ ਸਿੰਘ, ਕੰਵਲਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਮਿਹਨਤੀ ਵਰਕਰਾਂ ਨੂੰ ਅਹੁਦੇਦਾਰੀਆਂ ਦੇ ਕੇ ਨਿਵਾਜ ਰਿਹਾ : ਮਜੀਠੀਆ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ) -ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਆਪਣੇ ਸਿਆਸੀ ਸਲਾਹਕਾਰ ਅਤੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ਦੇ ਗ੍ਰਹਿ ਵਿਖੇ ਪੁੱਜੇ ਜਿਨ੍ਹਾ ਵੱਲੋਂ ਪਾਰਲੀਮੈਂਟ ਚੋਣਾਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਬਣ ਰਹੀਆਂ ਵੋਟਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਜੀਠੀਆ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਹਰ ਮੰਚ 'ਤੇ ਫੇਲ੍ਹ ਸਾਬਤ ਹੋਈ ਹੈ ਜਿਸ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਪੂਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਅਤੇ ਹੁਣ ਲੋਕ ਬਦਲਾਓ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਆ ਰਹੀਆਂ ਪਾਰਲੀਮੈਂਟ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ। ਇਸ ਮੌਕੇ ਮਜੀਠੀਆ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਪਿੰਡ ਪੱਧਰ ਤੱਕ ਮਜ਼ਬੂਤ ਕਰਨ ਦੇ ਮਕਸਦ ਨਾਲ ਸੁਖਵਿੰਦਰ ਸਿੰਘ ਗੋਲਡੀ ਨਾਲ ਮੀਟਿੰਗ ਵੀ ਕੀਤੀ। ਮਜੀਠੀਆ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ 'ਚ ਤਨਦੇਹੀ ਨਾਲ ਕੰਮ ਕਰਨ ਵਾਲੇ ਵਰਕਰਾਂ ਨੂੰ ਪਾਰਟੀ ਵਿਚ ਅਹਿਮ ਅਹੁਦੇਦਾਰੀਆਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ਤਨੇਲ, ਸਾਬਕਾ ਚੇਅਰਮੈਨ ਕਵਰਦੀਪ ਸਿੰਘ ਮਾਨ, ਸੋਨੀ ਤਨੇਲ ਤੇ ਹੋਰ ਆਗੂ ਵੀ ਹਾਜ਼ਰ ਸਨ।

# ਪਰਾਲੀ ਨੂੰ ਅੱਗ ਲਗਾਉਣਾ ਆਰਥਕ ਤੌਰ 'ਤੇ ਨੁਕਸਾਨਦਾਇਕ : ਡਾ. ਭੁਪਿੰਦਰ ਸਿੰਘ



ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਡੀ ਸੀ ਤਰਨ ਤਾਰਨ ਸੰਦੀਪ ਕੁਮਾਰ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਹਰਪਾਲ ਸਿੰਘ ਪੰਨੂ ਦੀ ਦੇਖ ਰੇਖ ਹੇਠ ਜ਼ਿਲ੍ਹਾ ਪ੍ਰਸ਼ਾਸਨ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਸਬੰਧੀ ਨਿਗਰਾਨੀ ਅਤੇ ਜਾਗਰੂਕ ਕਰ ਰਿਹਾ ਹੈ। ਨਿਗਰਾਨੀ ਕਰਨ ਦੌਰਾਨ ਡਾ. ਭੁਪਿੰਦਰ ਸਿੰਘ ਖੇਤੀਬਾੜੀ ਅਫਸਰ ਪੱਟੀ ਅਤੇ ਅਮਨਦੀਪ ਸਿੰਘ ਏ ਈ ਓ ਨੇ ਪਿੰਡ ਸਭਰਾਂ ਦੇ ਉਦਮੀ ਕਿਸਾਨ ਗੁਰਬਾਜ ਸਿੰਘ ਦੁਆਰਾ ਹੈਪੀ ਸੀਡਰ ਨਾਲ ਕਣਕ ਦੀ ਬਿਜਾਈ ਦਾ ਨਿਰੀਖਣ ਕਰਦਿਆਂ ਜਾਣਕਾਰੀ ਸਾਂਝੀ ਕੀਤੀ ਕਿ ਪਰਾਲੀ ਨੂੰ ਖੇਤਾਂ ਵਿਚ ਸਾੜਨ ਨਾਲ ਖੁਰਾਕੀ ਤੱਤ ਤਾਂ ਸੜਦੇ ਹੀ ਹਨ ਨਾਲ ਦੀ ਨਾਲ ਜ਼ਮੀਨ ਵਿੱਚ ਪਾਏ ਜਾਂਦੇ ਬਹੁ ਉਪਯੋਗੀ ਮਿੱਤਰ ਜੀਵਾਂ ਦਾ ਘਾਣ ਹੋ ਜਾਂਦਾ ਹੈ । ਲਗਾਏ ਲਾਂਬੂਆਂ ਨਾਲ ਪੈਦਾ ਹੋਇਆ ਧੂੰਆਂ ਮਨੁੱਖੀ ਸਿਹਤ ਲਈ ਬਹੁਤ ਨੁਕਸਾਨਦਾਇਕ ਹੁੰਦਾ ਹੈ। ਇਸ ਤਰ੍ਹਾਂ ਕਿਸਾਨ ਨੂੰ ਇਸ ਦਾ ਆਰਥਕ ਨੁਕਸਾਨ ਵੀ ਹੁੰਦਾ ਹੈ ਅਤੇ ਇਹ ਕਾਨੂੰਨੀ ਗਲਤ ਵੀ ਹੈ। ਇਸ ਮੌਕੇ ਹੈਪੀ ਸੀਡਰ ਨਾਲ 35 ਏਕੜ ਤੋਂ ਵੱਧ ਬਿਜਾਈ ਕਰਨ ਵਾਲੇ ਉੱਦਮੀ ਕਿਸਾਨ ਗੁਰਬਾਜ ਸਿੰਘ ਨੇ ਦੱਸਿਆ ਕਿ ਉਸ ਨੇ ਹਰ ਤਰ੍ਹਾਂ ਦਾ ਤਰੀਕਾ ਅਪਣਾ ਕੇ ਵੇਖ ਲਿਆ । ਮਿਲੇ ਤਜਰਬੇ ਅਨੁਸਾਰ ਉਸ ਨੇ ਵੇਖਿਆ ਹੈ ਕਿ ਹੈਪੀ ਸੀਡਰ ਨਾਲ ਜਿੱਥੇ ਬਿਜਾਈ ਆਸਾਨੀ ਨਾਲ ਹੋ ਜਾਂਦੀ ਹੈ ਉਥੇ ਖਰਚਾ ਵੀ ਬਹੁਤ ਘਟਿਆ ਹੈ। ਇਸ ਨਾਲ ਪਿਛਲੇ ਸਾਲ ਜਿੱਥੇ ਸਾਨੂੰ ਚੰਗਾ ਝਾੜ ਮਿਲਿਆ ਸੀ ਉਥੇ ਨਦੀਨ ਨਾਸ਼ਕ ਜ਼ਹਿਰਾਂ ਤੋਂ ਵੀ ਛੁਟਕਾਰਾ ਹੋਇਆ ਸੀ। ਉਹ ਜਿੱਥੇ ਆਪਣੀ ਕਣਕ ਦੀ ਬਿਜਾਈ ਹੈਪੀ ਸੀਡਰ ਨਾਲ ਕਰਦਾ ਹੈ ਉਥੇ ਉਹ ਦੂਜੇ ਕਿਸਾਨਾਂ ਨੂੰ ਵੀ ਇਸ ਦੀ ਬਿਜਾਈ ਕਿਰਾਏ 'ਤੇ ਕਰ ਦਿੰਦਾ ਹੈ। ਇਸ ਮੌਕੇ ਉੱਦਮੀ ਕਿਸਾਨ ਦੁਆਰਾ ਦਿਖਾਈ ਜਾ ਰਹੀ ਸੂਝ ਬੂਝ ਲਈ ਉਸ ਨੂੰ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ ਅਤੇ ਦੂਜੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਵਿਗਿਆਨੀਆਂ ਦੁਆਰਾ ਵਿਕਸਿਤ ਹੈਪੀ ਸੀਡਰ, ਸੁਪਰ ਸੀਡਰ ਅਤੇ ਸਰਫੇਸ ਸੀਡਰ ਨਾਲ ਪਰਾਲੀ ਵਿੱਚ ਹੀ ਕਣਕ ਦੀ ਸਿੱਧੀ ਬਿਜਾਈ ਕਰਨ। ਇਸ ਮੌਕੇ ਉੱਦਮੀ ਕਿਸਾਨ ਗੁਰਸਾਹਿਬ ਸਿੰਘ ਅਤੇ ਰਣਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਆਪਣੇ ਤਜਰਬੇ ਸਾਂਝੇ ਕੀਤੇ ।

# ਆਈ ਟੀ ਕਾਲਜ ਫਾਰ ਵਿਮਨ 'ਚ ਡਿਗਰੀ ਵੰਡ ਸਮਾਰੋਹ ਕਰਾਇਆ



ਵਲਟੋਹਾ (ਰਣਜੀਤ ਸਿੰਘ)- ਆਈ ਟੀ ਕਾਲਜ ਫਾਰ ਵਿਮਨ ਅਲਗੋਂ ਕੋਠੀ 'ਚ ਡਿਗਰੀ ਵੰਡ ਸਮਾਰੋਹ ਕਰਾਇਆ ਗਿਆ, ਜਿਸ ਵਿਚ ਡਾ. ਮਹਿਲ ਸਿੰਘ ਭੁੱਲਰ, ਪ੍ਰਿੰਸੀਪਲ ਖਾਲਸਾ ਕਾਲਜ, ਅੰਮ੍ਰਿਤਸਰ ਬਤੌਰ ਮੁੱਖ ਮਹਿਮਾਨ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ ਡਾ. ਵਿਭਾ ਚੋਪੜਾ, ਪ੍ਰੋ. ਫਿਜ਼ਿਕਸ, ਡੀ. ਏ. ਵੀ ਕਾਲਜ, ਅੰਮ੍ਰਿਤਸਰ, ਸੱਕਤਰ ਸਿੰਘ, ਅਵਤਾਰ ਸਿੰਘ ਸੰਧੂ, ਕਰਮ ਸਿੰਘ ਹੁੰਦਲ, ਸੁਖਜਿੰਦਰ ਸਿੰਘ, ਰਮਨਪ੍ਰੀਤ ਸਿੰਘ ਗਿੱਲ, ਮੇਜਰ ਸਿੰਘ (ਪਿਤਾ ਸੁਖਚੈਨ ਸਿੰਘ), ਸੁਖਵੰਤ ਸਿੰਘ ਸੰਧੂ, ਕੰਧਾਲ ਸਿੰਘ, ਵਰਿੰਦਰ ਰਾਮਪਾਲ ਬਤੌਰ ਮਹਿਮਾਨ ਹਾਜ਼ਰ ਸਨ।

ਇਸ ਮੌਕੇ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ, ਧੰਨਵਾਦੀ ਸ਼ਬਦ ਕਹੇ ਅਤੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਡਿਗਰੀ ਵੰਡ ਸਮਾਰੋਹ ਵਿਚ 100 ਦੇ ਕਰੀਬ ਵਿਦਿਆਰਥਣਾਂ ਨੂੰ ਡਿਗਰੀਆਂ ਦਿੱਤੀਆਂ ਗਈਆਂ।

ਜਗਜੀਤ ਸਿੰਘ, ਚੇਅਰਮੈਨ ਜਰਨੈਲ ਸਿੰਘ, ਹਰਪਾਲ ਸਿੰਘ, ਗੁਰਵਿੰਦਰ ਸਿੰਘ, ਸੁਮਿਤ ਚੋਪੜਾ ਨੇ ਇਸ ਸਮਾਗਮ 'ਚ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਮੈਡਮ ਬਲਜਿੰਦਰ ਕੌਰ, ਸਰਬਜੀਤ ਕੌਰ, ਹਰਜਿੰਦਰ ਕੌਰ ਰਮਨਦੀਪ ਕੌਰ, ਸੋਨਾਲੀ ਅਤੇ ਸਮੂਹ ਸਟਾਫ ਨੇ ਪ੍ਰਿੰਸੀਪਲ ਰਣਜੀਤ ਕੌਰ ਦੀ ਦੇਖ ਰੇਖ ਹੇਠ ਪ੍ਰੋਗਰਾਮ ਦਾ ਪ੍ਰਬੰਧ ਕੀਤਾ।

# ਹੁਣ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਾਂ ਬਣਾਉਣ ਵਾਸਤੇ ਫਾਰਮ 29 ਫਰਵਰੀ ਤੱਕ ਲਏ ਜਾਣਗੇ : ਜ਼ਿਲ੍ਹਾ ਚੋਣ ਅਧਿਕਾਰੀ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ) - ਜ਼ਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਵੋਟਰ ਸੂਚੀਆਂ ਦੀ ਤਿਆਰੀ ਲਈ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਕੀਤੀ ਨਵੀਂ ਸਮਾਂ ਸਾਰਣੀ ਬਾਰੇ ਦੱਸਿਆ ਕਿ ਵੋਟਰ ਸੂਚੀ ਵਿਚ ਰਜਿਸਟਰੇਸ਼ਨ ਹੁਣ 29 ਫਰਵਰੀ ਤੱਕ ਕੀਤੀ ਜਾਵੇਗੀ ਅਤੇ ਇਸ ਸਬੰਧੀ ਫਾਰਮ ਭਰ ਕੇ ਆਪਣੇ ਹਲਕੇ ਦੇ ਪਟਵਾਰੀ ਨੂੰ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾ ਦੱਸਿਆ ਕਿ ਮੁਢਲੀ ਪ੍ਰਕਾਸ਼ਿਤ ਵੋਟਰ ਸੂਚੀ ਤੇ ਦਾਅਵੇ/ਇਤਰਾਜ਼ 11 ਅਪ੍ਰੈਲ ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 3 ਮਈ 2024 ਨੂੰ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਜੋ ਵੀ ਯੋਗ ਵੋਟਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ (ਬੋਰਡ) ਲਈ ਵੋਟਰ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਵਾਉਣਾ ਚਾਹੁੰਦਾ ਹੈ ਉਹ ਫਾਰਮ ਨੰਬਰ 1 ਭਰ ਕੇ ਪੇਂਡੂ ਖੇਤਰਾਂ ਵਿੱਚ ਸਬੰਧਤ ਹਲਕਾ ਪਟਵਾਰੀ ਅਤੇ ਸ਼ਹਿਰੀ ਖੇਤਰ ਵਿੱਚ ਨਗਰ ਨਿਗਮ/ਨਗਰ ਕੌਂਸਲ ਜਾਂ ਲੋਕਲ ਅਥਾਰਟੀ ਦੇ ਕਰਮਚਾਰੀ ਜਿਨ੍ਹਾਂ ਨੂੰ ਰਿਵਾਇਜ਼ ਅਥਾਰਟੀ ਵਜੋਂ ਨਿਯੁਕਤ ਕੀਤਾ ਗਿਆ ਹੈ, ਪਾਸ ਜਮ੍ਹਾਂ ਕਰਵਾ ਸਕਦਾ ਹੈ। ਉਨ੍ਹਾ ਕਿਹਾ ਕਿ ਜਿਹੜੇ ਬਿਨੈਕਾਰ ਸਿੱਖ ਗੁਰਦੁਆਰਾ ਬੋਰਡ ਰੂਲਜ਼ 1959 ਦੇ ਰੂਲ ਨੰਬਰ 3 ਅਧੀਨ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹਨ ਉਹ ਵਿਅਕਤੀ ਹੀ ਫਾਰਮ ਨੰਬਰ 1 ਭਰ ਸਕਦੇ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਬਿਨੈਕਾਰ ਮਿਤੀ 21 ਅਕਤੂਬਰ 2023 ਨੂੰ 21 ਸਾਲ ਜਾਂ ਉਸ ਤੋਂ ਵੱਧ ਉਮਰ ਪੂਰੀ ਕਰਦਾ ਹੋਵੇ, ਬਿਨੈਕਾਰ ਆਪਣੀ ਤਾਜ਼ਾ ਸਵੈ-ਤਸਦੀਕਸ਼ੁਦਾ ਫੋਟੋ ਨਾਲ ਨੱਥੀ ਕਰੇਗਾ, ਫਾਰਮ ਨੰਬਰ 1 ਵਿੱਚ ਦਰਜ ਸਵੈ ਘੋਸ਼ਣਾ ਭਰਨੀ ਲਾਜ਼ਮੀ ਹੈ ਅਤੇ ਆਧਾਰ ਕਾਰਡ, ਵੋਟਰ ਕਾਰਡ, ਪਾਸਪੋਰਟ, ਡਰਾਈਵਿੰਗ ਲਾਇਸੰਸ, ਸਰਵਿਸ ਪਹਿਚਾਣ ਪੱਤਰ ਸਮੇਤ ਫੋਟੋਗ੍ਰਾਫ, ਬੈਂਕ ਜਾਂ ਡਾਕਘਰ ਦੀ ਪਾਸਬੁੱਕ ਸਮੇਤ ਫੋਟੋਗ੍ਰਾਫ, ਪੈਨ ਕਾਰਡ, ਸਮਾਰਟ ਕਾਰਡ, ਨੈਸ਼ਨਲ ਪਾਪੂਲੇਸ਼ਨ ਰਜਿਸਟਰਡ ਦਾ ਆਰ ਜੀ ਆਈ ਕਾਰਡ, ਮਗਨਰੇਗਾ ਜਾਬ ਕਾਰਡ, ਸਿਹਤ ਬੀਮਾ ਸਮਾਰਟ ਕਾਰਡ, ਪੈਨਸ਼ਨ ਦਸਤਾਵੇਜ਼ ਸਮੇਤ ਫੋਟੋਗ੍ਰਾਫ, ਐਮ ਪੀ, ਐਮ ਐਲ ਏ ਮੈਂਬਰ ਵਿਧਾਨ ਪ੍ਰੀਸ਼ਦ ਨੂੰ ਜਾਰੀ ਦਫ਼ਤਰੀ ਪਹਿਚਾਣ ਪੱਤਰ ਆਦਿ ਦਸਤਾਵੇਜ਼ਾਂ ਵਿੱਚੋਂ ਕੋਈ ਵੀ ਇੱਕ ਦਸਤਾਵੇਜ਼ ਨਾਲ ਨੱਥੀ ਕਰੇਗਾ।

# 7 ਦਸੰਬਰ ਤੋਂ ਸ਼ੁਰੂ ਹੋਵੇਗਾ ਪਾਈਟੈਕਸ ਮੇਲਾ : ਵਧੀਕ ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ )- ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵੱਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਹੋਣ ਵਾਲੇ ਪੰਜਾਬ ਇੰਟਰਨੈਸ਼ਨਲ ਟਰੇਡ ਐਕਸਪੋ (ਪਾਈਟੈਕਸ) ਦੇ ਮਾਧਿਅਮ ਰਾਹੀਂ ਜਿੱਥੇ ਕਈ ਦੇਸ਼ਾਂ ਵਿੱਚ ਉਦਯੋਗਿਕ ਸੰਬੰਧ ਮਜ਼ਬੂਤ ਹੋਣਗੇ ਉਥੇ ਹੀ ਉਦਯੋਗ ਜਗਤ ਦੇ ਖੇਤਰ 'ਚ ਅੰਮ੍ਰਿਤਸਰ ਦਾ ਗ੍ਰਾਫ ਵੀ ਵਧੇਗਾ। ਇਹ ਵਿਚਾਰ ਅੰਮ੍ਰਿਤਸਰ ਦੇ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵੱਲੋਂ 7 ਦਸੰਬਰ ਤੋਂ 11 ਦਸੰਬਰ ਤੱਕ ਕਰਵਾਏ ਜਾਣ ਵਾਲੇ ਪਾਈਟੈਕਸ ਮੇਲੇ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਵੱਖ-ਵੱਖ ਵਿਭਾਗਾਂ ਨਾਲ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਬੇਸ਼ੱਕ ਇਹ ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵਲੋਂ ਕਰਵਾਇਆ ਜਾਂਦਾ ਹੈ ਪਰ ਗੁਰੂ ਨਗਰੀ ਵਿੱਚ ਹੋਣ ਕਾਰਨ ਇਸ ਪ੍ਰੋਗਰਾਮ ਦੀ ਮੇਜ਼ਬਾਨੀ ਸਾਡੀ ਜ਼ਿੰਮੇਵਾਰੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਦੇ ਆਯੋਜਨ ਦਾ ਇੱਥੋਂ ਦੇ ਲੋਕਾਂ ਨੂੰ ਬਹੁਤ ਬੇਸਬਰੀ ਨਾਲ ਇੰਤਜਾਰ ਰਹਿੰਦਾ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਦੇ ਵਸਨੀਕਾਂ ਨੂੰ ਇਸ ਵਿੱਚ ਵਧ ਚੜ੍ਹ ਕੇ ਭਾਗ ਲੈਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਇਹ ਸਮੁੱਚੇ ਅੰਮ੍ਰਿਤਸਰ ਵਸਨੀਕਾਂ ਦੇ ਲਈ ਮਾਣ ਵਾਲੀ ਗੱਲ ਹੈ ਕਿ ਪਾਇਟੈਕਸ ਵਰਗੇ ਪ੍ਰੋਗਰਾਮਾਂ ਦਾ ਆਯੋਜਨ ਇੱਥੋਂ ਹੋ ਰਿਹਾ ਹੈ। ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਪੰਜਾਬ ਚੈਪਟਰ ਦੇ ਕਨਵੀਨਰ ਜੈਦੀਪ ਸਿੰਘ ਨੇ ਦੱਸਿਆ ਕਿ ਮੇਲੇ ਵਿੱਚ ਰਾਸ਼ਟਰੀ, ਅੰਤਰਰਾਸ਼ਟਰੀ ਪੱਧਰ ਦੇ ਉਦਯੋਗਾਂ ਦੇ ਇਲਾਵਾ ਪੰਜਾਬ ਸਰਕਾਰ ਦੇ ਸੰਸਥਾਵਾਂ ਪੀ ਐਸ ਆਈ ਈ ਸੀ, ਗਮਾਡਾ, ਪੰਜਾਬ ਐਗਰੋ ਇੰਡਸਟਰੀ ਕਾਰਪੋਰੇਸ਼ਨ, ਪੇਡਾ, ਮਿਲਕਫੈਡ, ਮਾਰਕਫੈਡ ਆਪਣੀ ਮੌਜੂਦਗੀ ਦਰਜ ਕਰਵਾਉਣਗੇ।

ਇਸ ਦੇ ਇਲਾਵਾ ਕੇਂਦਰ ਸਰਕਾਰ ਦੇ ਵਿਭਾਗ ਐਮ ਐਸ ਐਮ ਈ, ਨਾਬਾਰਡ, ਖਾਦੀ ਅਤੇ ਗ੍ਰਾਮੀਣ ਉਦਯੋਗ ਕਮਿਸ਼ਨ, ਆਯੂਸ਼ ਮੰਤਰਾਲੇ, ਐਨ ਐਸ ਆਈ ਸੀ, ਨੈਸ਼ਨਲ ਅਤੇ ਕਾਰਪੋਰੇਸ਼ਨ, ਨੈਸ਼ਨਲ ਜੂਟ ਬੋਰਡ, ਨੈਸ਼ਨਲ ਕਾਇਰ ਬੋਰਡ ਸਮੇਤ ਕਈ ਵਿਭਾਗ ਪਾਈਟੈਕਸ ਵਿੱਚ ਆਪਣੇ ਸਟਾਲ ਲਗਾਉਣਗੇ। ਇਸ ਮੀਟਿੰਗ ਵਿੱਚ ਜੀ.ਐਮ. ਇੰਡਸਟਰੀ ਇੰਦਰਜੀਤ ਸਿੰਘ, ਰੋਹਿਤ ਮਹਿੰਦਰੂ, ਹਰਦੀਪ ਸਿੰਘ, ਭਾਰਤੀ ਸੂਦ, ਮੋਹਿਤ ਵਾਲੀਆ, ਸੁਮਿਤ ਕੁਮਾਰ, ਜ਼ਿਲ੍ਹਾ ਸਮਾਜਿਕ ਤੇ ਸੁਰੱਖਿਆ ਅਫ਼ਸਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਸਾਨੂੰ ਫ਼ਜ਼ੂਲ ਖਰਚੀ ਕਰਨ ਤੋਂ ਸੰਕੋਚ ਕਰਨਾ ਚਾਹੀਦਾ : ਪ੍ਰਿੰਸੀਪਲ ਤਰਸਿੱਕਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦੀਵਾਲੀ ਮੌਕੇ ਲੋਕਾਂ ਵਲੋਂ ਕੀਤੀ ਗਈ ਵੱਡੇ ਪੱਧਰ 'ਤੇ ਆਤਸ਼ਬਾਜ਼ੀ ਅਤੇ ਚਲਾਏ ਪਟਾਕਿਆਂ ਕਾਰਨ ਕਰੋੜਾਂ ਰੁਪਏ ਧੂੰਆਂ ਬਣਾ ਕੇ ਹਵਾ 'ਚ ਉਡਾਏ ਗਏ ਜਿਸ ਦਾ ਕੋਈ ਫਾਇਦਾ ਨਹੀਂ ਹੋਇਆ। ਇਸ ਲਈ ਸਾਨੂੰ ਅਜਿਹੇ ਫਜ਼ੂਲ ਖਰਚੀ ਕਰਨ ਤੋਂ ਸੰਕੋਚ ਕਰਨਾ ਚਾਹੀਦਾ ਹੈ। ਇਹ ਪ੍ਰਗਟਾਵਾ ਸਮਾਜ ਸੇਵੀ ਆਗੂ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਪ੍ਰਿੰਸੀਪਲ ਤਰਸਿੱਕਾ ਨੇ ਕਿਹਾ ਕਿ ਆਤਸ਼ਬਾਜ਼ੀ 'ਤੇ ਕੀਤੀ ਗਈ ਫਜ਼ੂਲ ਖਰਚੀ ਕਾਰਨ ਜਿਥੇ ਪੈਸੇ ਦੀ ਬਰਬਾਦੀ ਹੋਈ ਹੈ ਉਥੇ ਨਾਲ ਹੀ ਵਾਤਾਵਰਣ ਪ੍ਰਦੂਸਣ 'ਚ ਵੀ ਭਾਰੀ ਵਾਧਾ ਹੋਇਆ ਹੈ ਜਿਸ ਕਾਰਨ ਵੱਖ ਵੱਖ ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਵੀ ਡਰ ਹੈ ਪਰ ਲੋਕ ਵਾਤਾਵਰਣ ਨੂੰ ਦੂਸ਼ਤ ਹੋਣ ਤੋਂ ਬਚਾਉਣ ਲਈ ਗ੍ਰੀਨ ਦੀਵਾਲੀ ਮਨਾਉਣ ਦੀ ਬਜਾਏ ਵੱਡੇ ਪੱਧਰ ਤੇ ਪਟਾਕੇ ਚਲਾ ਕੇ ਵਾਤਾਵਰਣ ਦੇ ਹੋਰ ਦੂਸ਼ਤ ਹੋਣ ਵੱਲ ਜ਼ਰਾ ਵੀ ਧਿਆਨ ਨਹੀਂ ਦਿੰਦੇ। ਉਨ੍ਹਾਂ ਕਿਹਾ ਕਿ ਸਾਡਾ ਸਭ ਦਾ ਇਹ ਫਰਜ਼ ਬਣਦਾ ਹੈ ਕਿ ਅਸੀਂ ਗਰੀਨ ਦਿਵਾਲੀ ਮਨਾਉਣ ਲਈ ਆਪ ਜਾਗਰੂਕ ਹੋਈਏ ਤੇ ਹੋਰਨਾਂ ਨੂੰ ਵੀ ਜਾਗਰੂਕ ਕਰੀਏ।

# 'ਆਰਟੀਫੀਸ਼ੀਅਲ ਇੰਟੈਲੀਜੈਂਸ ਬਨਾਮ ਮੀਡੀਆ' ਵਿਸ਼ੇ 'ਤੇ ਚਰਚਾ




ਗੁਰਦਾਸਪੁਰ (ਜਨਕ ਮਹਾਜਨ)- ਅੱਜ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਹਿਯੋਗ ਨਾਲ ਰਾਸ਼ਟਰੀ ਪ੍ਰੈੱਸ ਦਿਹਾੜਾ ਮਨਾਇਆ ਗਿਆ। ਇਸ ਮੌਕੇ 'ਆਰਟੀਫੀਸ਼ੀਅਲ ਇੰਟੈਲੀਜੈਂਸ ਬਨਾਮ ਮੀਡੀਆ' ਵਿਸ਼ੇ ਉੱਪਰ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਇੰਦਰਜੀਤ ਸਿੰਘ ਬਾਜਵਾ ਨੇ ਇਸ ਸੈਮੀਨਾਰ ਵਿੱਚ ਵੱਖ-ਵੱਖ ਮੀਡੀਆ ਅਦਾਰਿਆਂ ਤੋਂ ਪਹੁੰਚੇ ਪੱਤਰਕਾਰ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਿਸੇ ਵੀ ਲੋਕਤੰਤਰੀ ਦੇਸ਼ ਵਿੱਚ ਪ੍ਰੈੱਸ ਦਾ ਅਹਿਮ ਸਥਾਨ ਹੁੰਦਾ ਹੈ ਅਤੇ ਸਾਡੇ ਦੇਸ਼ ਵਿੱਚ ਵੀ ਪੱਤਰਕਾਰਤਾ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਮੀਡੀਆ ਦਾ ਮੁਹਾਂਦਰਾ ਵੀ ਬਦਲ ਰਿਹਾ ਹੈ ਅਤੇ ਇਸ ਖੇਤਰ ਵਿੱਚ ਨਿੱਤ ਨਵੀਆਂ ਤਕਨੀਕਾਂ ਸ਼ਾਮਲ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੁਣ 'ਆਰਟੀਫੀਸ਼ੀਅਲ ਇੰਟੈਲੀਜੈਂਸ' ਦੇ ਆਉਣ ਨਾਲ ਮੀਡੀਆ ਦੇ ਖੇਤਰ ਵਿੱਚ ਵੀ ਕਈ ਨਵੀਆਂ ਤਬਦੀਲੀਆਂ ਦੇਖਣ ਨੂੰ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਚਨਾ ਤਕਨਾਲੋਜੀ ਦੇ ਇਸ ਯੁੱਗ ਵਿੱਚ ਪੱਤਰਕਾਰ ਭਾਈਚਾਰੇ ਨੂੰ ਆਪਣੀ ਭਰੋਸੇਯੋਗਤਾ ਨੂੰ ਕਾਇਮ ਰੱਖਣਾ ਚਣੌਤੀਪੂਰਨ ਤੇ ਬੇਹੱਦ ਜ਼ਰੂਰੀ ਹੈ। ਇਸ ਮੌਕੇ ਸੀਨੀਅਰ ਪੱਤਰਕਾਰ ਵਿਨੋਦ ਗੁਪਤਾ ਨੇ ਪ੍ਰੈੱਸ ਕੌਂਸਲ ਦੀ ਸਥਾਪਨਾ, ਪੱਤਰਕਾਰਤਾ ਦੇ ਨਿਯਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਕਰੀਬ 4 ਦਹਾਕਿਆਂ ਤੋਂ ਉਹ ਪੱਤਰਕਾਰਤਾ ਦੇ ਖੇਤਰ ਨਾਲ ਜੁੜੇ ਹੋਏ ਹਨ ਅਤੇ ਇਸ ਦੌਰਾਨ ਉਨ੍ਹਾਂ ਨੇ ਇਸ ਖੇਤਰ ਵਿੱਚ ਕਈ ਉਤਾਰ-ਚੜ੍ਹਾਅ ਤੇ ਤਬਦੀਲੀ ਦੇਖੀ ਹੈ। ਇਸ ਮੌਕੇ ਉਨ੍ਹਾਂ ਨਵੇਂ ਪੱਤਰਕਾਰਾਂ ਨਾਲ ਪੱਤਰਕਾਰਤਾ ਦੇ ਆਪਣੇ ਤਜਰਬੇ ਤੇ ਕਈ ਗੁਰ ਵੀ ਸਾਂਝੇ ਕੀਤੇ। ਇਸ ਮੌਕੇ ਪੱਤਰਕਾਰ ਸੰਜੀਵ ਸਰਪਾਲ ਨੇ 'ਆਰਟੀਫੀਸ਼ੀਅਲ ਇੰਟੈਲੀਜੈਂਸ' ਬਾਰੇ ਆਪਣੇ ਖੋਜ ਭਰਪੂਰ ਵਿਚਾਰ ਸਾਂਝੇ ਕੀਤੇ। ਪੱਤਰਕਾਰ ਬਿਸ਼ੰਬਰ ਬਿੱਟੂ ਨੇ ਇਲੈਕਟਰਨਿਕਸ ਮੀਡੀਆ ਨਾਲ ਸਬੰਧਤ ਚਣੌਤੀਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਇਲਾਵਾ ਪੱਤਰਕਾਰ ਰਵੀਬਖਸ਼ ਸਿੰਘ ਅਰਸ਼ੀ, ਜਨਕ ਮਹਾਜਨ, ਮੰਨਣ ਸੈਣੀ, ਅਵਤਾਰ ਸਿੰਘ, ਬਾਲ ਕ੍ਰਿਸ਼ਨ ਕਾਲੀਆ, ਸੁਨੀਲ ਥਾਨੇਵਾਲੀਆ, ਦੀਪਕ ਕਾਲੀਆ, ਹਰਦੀਪ ਸਿੰਘ, ਨਿਖਲ ਕੁਮਾਰ, ਗੁਰਪ੍ਰਤਾਪ ਸਿੰਘ ਨੇ ਵੀ ਪੱਤਰਕਾਰਤਾ ਫੀਲਡ ਵਿੱਚ ਦਰਪੇਸ਼ ਚਣੌਤੀਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਸੈਮੀਨਾਰ ਦੌਰਾਨ ਗੁਰਦਾਸਪੁਰ ਵਿਖੇ ਪ੍ਰੈੱਸ ਕਲੱਬ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਸੈਮੀਨਾਰ ਦੌਰਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਦੋ ਮਿੰਟ ਦਾ ਮੋਨ ਵੀ ਧਾਰਨ ਕੀਤਾ ਗਿਆ। ਇਸ ਮੌਕੇ ਦਿਕਸ਼ਾਂਤ ਗੁਪਤਾ ਮਨੀ, ਰੋਹਿਤ ਮਹਾਜਨ, ਰਵੀ ਕੁਮਾਰ, ਬਲਜੀਤ ਸਿੰਘ ਲੰਬ, ਗੁਰਪ੍ਰੀਤ ਪਾਲ, ਦਵਿੰਦਰ ਸਿੰਘ, ਕਮਲਜੀਤ ਸਿੰਘ, ਅਸ਼ੋਕ ਕੁਮਾਰ, ਹਰੀਸ਼ ਕੁਮਾਰ, ਸ਼ਿਵਾ, ਵਿਜੇ ਸ਼ਰਮਾਂ, ਐੱਨ.ਕੇ ਸ਼ਰਮਾਂ, ਦੀਪਕ ਸੈਣੀ, ਰਾਹੁਲ, ਨਰੇਸ਼ ਕਾਲੀਆ, ਸੰਦੀਪ ਸਿੰਘ, ਪ੍ਰਿੰਸ ਅਜ਼ਾਦ, ਜਗਜੀਤ ਸਿੰਘ, ਸਤਨਾਮ ਸਿੰਘ ਪ੍ਰੀਤ, ਪਵਨ ਤਰੇਹਨ, ਸਰਵਣ ਸਿੰਘ, ਲੋਕ ਸੰਪਰਕ ਦਫ਼ਤਰ ਤੋਂ ਅਜਮੇਰ ਸਿੰਘ ਵੀ ਮੌਜੂਦ ਸਨ।

# ਐਂਟੀ ਪਾਲਿਊਸ਼ਨ ਆਰਗੇਨਾਈਜ਼ੇਸ਼ਨ ਵੱਲੋਂ ਸੈਮੀਨਾਰ ਆਯੋਜਿਤ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਵਧ ਰਹੇ ਹਵਾ, ਆਵਾਜ਼ ਅਤੇ ਪਾਣੀ ਦੇ ਉੱਪਰ ਐਂਟੀ ਪਾਲਿਊਸ਼ਨ ਆਰਗੇਨਾਈਜ਼ੇਸ਼ਨ ਵੱਲੋਂ ਵੈਸਟ ਗੇਟ ਆਈਲੈਟਸ ਸੈਂਟਰ, ਜੰਡਿਆਲਾ ਰੋਡ ਤਰਨਤਾਰਨ ਵਿਖੇ ਸੈਮੀਨਾਰ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸੈਂਟਰ ਦੇ ਮੈਨੇਜਿੰਗ ਡਾਇਰੈਕਟਰ ਰਣਜੀਤ ਸਿੰਘ ਦੀ ਅਗਵਾਈ ਹੇਠ ਆਈਲੈੱਟਸ ਕਰਨ ਵਾਲੇ ਵਿਦਿਆਰਥੀਆ ਅਤੇ ਸਟਾਫ ਨੇ ਹਿੱਸਾ ਲਿਆ। ਇਸ ਮੌਕੇ ਸੰਬੋਧਨ ਕਰਦਿਆਂ ਐਂਟੀ ਪਾਲਿਊਸ਼ਨ ਆਰਗੇਨਾਈਜ਼ੇਸ਼ਨ, ਪੰਜਾਬ ਦੇ ਪ੍ਰਧਾਨ ਐਡਵੋਕੇਟ ਆਦੇਸ਼ ਅਗਨੀਹੋਤਰੀ ਨੇ ਵੱਧ ਰਹੇ ਪ੍ਰਦੂਸ਼ਣ 'ਤੇ ਚਿੰਤਾ ਜ਼ਾਹਿਰ ਕਰਦੇ ਹੋਏ ਦੱਸਿਆ ਕਿ ਭਾਰਤ ਸਭ ਤੋਂ ਵੱਧ ਪ੍ਰਦੂਸ਼ਣ ਵਾਲਾ ਦੇਸ਼ ਬਣਦਾ ਜਾ ਰਿਹਾ ਹੈ, ਜਿਸ ਵਿੱਚ ਅਸੀਂ ਸਾਰੇ ਪ੍ਰਦੂਸ਼ਣ ਵਧਾਉਣ ਵਿੱਚ ਯੋਗਦਾਨ ਪਾ ਰਹੇ ਹਾਂ। ਦਿੱਲੀ ਸ਼ਹਿਰ ਸਾਰੀ ਦੁਨੀਆ ਨਾਲੋਂ ਵਧੇਰੇ ਪ੍ਰਦੂਸ਼ਿਤ ਸ਼ਹਿਰ ਹੋ ਚੁੱਕਾ ਹੈ। ਸੁਪਰੀਮ ਕੋਰਟ ਨੇ ਵੀ ਇਸ ਉੱਪਰ ਚਿੰਤਾ ਜ਼ਾਹਿਰ ਕੀਤੀ ਹੈ ਅਤੇ ਕਿਹਾ ਕਿ ਅਸੀਂ ਪ੍ਰਦੂਸ਼ਣ ਕਰਕੇ ਆਦਮੀ ਮਰਨ ਲਈ ਮਜਬੂਰ ਨਹੀਂ ਕਰ ਸਕਦੇ। ਉਨ੍ਹਾਂ ਨੇ ਜ਼ਿੰਮੇਵਾਰੀ ਤੈਅ ਕਰਦਿਆ ਕਿਹਾ ਕਿ ਸਰਕਾਰਾਂ ਇਸ ਨੂੰ ਕੰਟਰੋਲ ਕਰਨ। ਸੈਮੀਨਾਰ ਉਪਰੰਤ ਆਈਲੈਟਸ ਸੈਂਟਰ ਦੇ ਐਮ. ਡੀ. ਰਣਜੀਤ ਸਿੰਘ ਨੇ ਐਡਵੋਕੇਟ ਆਦੇਸ਼ ਅਗਨੀਹੋਤਰੀ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

# ਚੀਫ਼ ਖ਼ਾਲਸਾ ਦੀਵਾਨ ਨਰਸਿੰਗ ਕਾਲਜ 'ਚ ਅਰਦਾਸ ਸਮਾਗਮ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਚੀਫ਼ ਖ਼ਾਲਸਾ ਦੀਵਾਨ ਦੀ ਸਰਪ੍ਰਸਤੀ ਹੇਠ ਚੱਲ ਰਹੇ ਸੀ.ਕੇ.ਡੀ ਇੰਟਰਨੈਸ਼ਨਲ ਨਰਸਿੰਗ ਕਾਲਜ ਵਿਖੇ ਅਰਦਾਸ ਸਮਾਗਮ ਆਯੋਜਿਤ ਕਰਦਿਆਂ ਸਮਾਗਮ ਦਾ ਆਰੰਭ ਸ੍ਰੀ ਸਹਿਜ ਪਾਠ ਦੇ ਭੋਗ ਨਾਲ ਕੀਤਾ ਗਿਆ। ਪ੍ਰਿੰਸੀਪਲ ਦਰਸ਼ਨ ਕੌਰ ਸੋਹੀ ਦੀ ਅਗਵਾਈ ਹੇਠ ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਨਵੇਂ ਸੈਸ਼ਨ ਦੀ ਆਰੰਭਤਾ ਅਤੇ ਅਖੀਰਲੇ ਸਾਲ ਦੇ ਵਿਦਿਆਰਥੀਆਂ ਦੇ ਸਲਾਨਾ ਇਮਤਿਹਾਨਾਂ ਤੋਂ ਪਹਿਲਾਂ ਵਿਦਿਆਰਥੀਆਂ ਦੀ ਕਾਮਯਾਬੀ ਲਈ ਗੁਰੂ ਮਹਾਰਾਜ ਅੱਗੇ ਅਰਦਾਸ ਕੀਤੀ ਗਈ।

ਇਸ ਮੌਕੇ ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਵਿਦਿਆਰਥੀਆਂ ਨੇ ਸ਼ਰਧਾ ਭਾਵਨਾ ਨਾਲ ਕੀਰਤਨ ਸਰਵਣ ਕੀਤਾ ਅਤੇ ਪੂਰੇ ਉਤਸ਼ਾਹ ਨਾਲ ਲੰਗਰ ਅਤੇ ਜੋੜਿਆਂ ਦੀ ਸੇਵਾ ਸੰਭਾਲੀ। ਕਾਲਜ ਦੇ ਚੇਅਰਮੈਨ ਡਾ.ਐਸ.ਐਸ.ਵਾਲੀਆ, ਮੈਂਬਰ ਇੰਚਾਰਜ ਡਾ.ਅਮਰਜੀਤ ਸਿੰਘ ਸੱਚਦੇਵਾ ਅਤੇ ਡਾ.ਅਮਰਜੀਤ ਸਿੰਘ ਨਾਗਪਾਲ ਨੇ ਉਚੇਚੇ ਤੌਰ 'ਤੇ ਹਾਜ਼ਰੀ ਭਰਦਿਆਂ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਚੰਗੇ ਨੰਬਰ ਲੈ ਕੇ ਸਫਲਤਾਵਾਂ ਦੀਆਂ ਸਿਖਰਾਂ ਤੇ ਪੁੱਜਣ ਲਈ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਵਾਇਸ ਪ੍ਰਿੰਸੀਪਲ ਡਾ.ਹਰਲੀਨ ਕੌਰ, ਡਾ. ਜਸ਼ਨਦੀਪ ਕੌਰ, ਯਸ਼ਪ੍ਰੀਤ ਕੌਰ, ਮਨਵਿੰਦਰ ਕੌਰ ਅਤੇ ਕਾਲਜ ਦੇ ਸਾਰੇ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਵਲੋਂ ਹਾਜ਼ਰੀਆਂ ਭਰੀਆਂ ਗਈਆਂ।

# ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸ਼ਵ ਕ੍ਰਿਕਟ ਕੱਪ ਦਾ ਸੈਮੀਫਾਈਨਲ ਮੈਚ ਦਿਖਾਇਆ



ਗੁਰਦਾਸਪੁਰ, (ਜਨਕ ਮਹਾਜਨ) - ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਪਰਾਲੇ ਤਹਿਤ ਬੀਤੀ ਸ਼ਾਮ ਸਰਕਾਰੀ ਕਾਲਜ ਗੁਰਦਾਸਪੁਰ ਦੇ ਸਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਭਾਰਤ-ਨਿਊਜ਼ੀਲੈਂਡ ਦਰਮਿਆਨ ਕ੍ਰਿਕਟ ਵਿਸ਼ਵ ਕੱਪ ਦੇ ਸੈਮੀਫਾਈਨਲ ਮੈਚ ਨੂੰ ਵੱਡੀ ਸਕਰੀਨ ਲਗਾ ਕੇ ਲਾਈਵ ਦਿਖਾਇਆ ਗਿਆ। ਖਿਡਾਰੀਆਂ, ਨੌਜਵਾਨਾਂ ਦੇ ਨਾਲ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਇਸ ਮੈਚ ਨੂੰ ਸਟੇਡੀਅਮ ਵਿੱਚ ਵੱਡੀ ਸਕਰੀਨ 'ਤੇ ਲਾਈਵ ਦੇਖਿਆ ਅਤੇ ਮੈਚ ਦਾ ਪੂਰਾ ਅਨੰਦ ਮਾਣਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੀ ਮੈਚ ਦੇਖਣ ਲਈ ਸਟੇਡੀਅਮ ਵਿੱਚ ਪਹੁੰਚੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਸਕਰੀਨ ਲਗਾਉਣ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਖੇਡਾਂ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਜਿਸ ਦੇ ਫਲਸਰੂਪ ਚੰਗੇ ਨਤੀਜੇ ਵੀ ਸਾਹਮਣੇ ਆ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਦੇ ਨਾਲ ਖੇਡ ਗਤੀਵਿਧੀਆਂ ਵਿੱਚ ਵੀ ਭਾਗ ਲੈਣ। ਇ ਮੌਕੇ ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਿਡਾਰੀਆਂ ਨੂੰ ਕ੍ਰਿਕਟ ਦੀ ਕਿੱਟ ਵੀ ਦਿੱਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 19 ਨਵੰਬਰ ਨੂੰ ਕ੍ਰਿਕਟ ਵਿਸ਼ਵ ਕੱਪ ਦਾ ਫਾਈਨਲ ਮੈਚ ਵੀ ਸਟੇਡੀਅਮ ਵਿੱਚ ਵੱਡੀ ਸਕਰੀਨ ਉੱਪਰ ਦਿਖਾਇਆ ਜਾਵੇਗਾ। ਉਨ੍ਹਾਂ ਜ਼ਿਲ੍ਹੇ ਦੇ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਫਾਈਨਲ ਮੈਚ ਨੂੰ ਦੇਖਣ ਲਈ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਜ਼ਰੂਰ ਪਹੁੰਚਣ।

# ਈ ਟੀ ਓ ਨੇ ਧਰਦਿਉ ਵਿਖੇ ਨਵੇਂ ਪੁਲ ਦੀ ਉਸਾਰੀ ਸ਼ੁਰੂ ਕਰਵਾਈ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ) -ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਅੱਜ ਧਰਦਿਉ ਤੋਂ ਗੁਰਦੁਆਰਾ ਬਾਗ ਸਾਹਿਬ ਨੂੰ ਜਾਂਦੀ ਸੜਕ ਉਤੇ ਪੈਂਦੀ ਡਰੇਨ ਦੇ ਪੁਲ ਦੀ ਉਸਾਰੀ ਦਾ ਨੀਂਹ ਪੱਥਰ ਰੱਖਦੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਸ਼ਹਿਰਾਂ ਜਾਂ ਜੀ ਟੀ ਰੋਡ ਨਾਲ ਜੋੜਦੀਆਂ ਸਾਰੀਆਂ ਲਿੰਕ ਸੜਕਾਂ ਨੂੰ ਪਹਿਲ ਦੇ ਅਧਾਰ ਉਤੇ ਬਣਾ ਰਹੀ ਹੈ ਤਾਂ ਜੋ ਸਾਡੇ ਲੋਕਾਂ ਨੂੰ ਆਪਣੇ ਕੰਮਕਾਰ ਲਈ ਕਿਧਰੇ ਵੀ ਆਉਣਾ ਜਾਣਾ ਅਸਾਨ ਹੋ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲਿੰਕ ਸੜਕਾਂ ਨੂੰ ਚੌੜੇ ਕਰਨ ਦਾ ਜੋ ਸੁਪਨਾ ਲਿਆ ਗਿਆ ਹੈ, ਉਸ ਉਤੇ ਵੀ ਕੰਮ ਜਾਰੀ ਹੈ ਅਤੇ ਪੜਾਅ ਵਾਰ ਇਸ ਕੰਮ ਨੂੰ ਪੂਰਾ ਕੀਤਾ ਜਾਵੇਗਾ। ਪੁਲ ਦਾ ਨੀਂਹ ਪੱਥਰ ਰੱਖਦੇ ਉਨ੍ਹਾਂ ਦੱਸਿਆ ਕਿ ਇਹ ਪੁਲ ਜੋ ਕਿ ਬਹੁਤ ਪੁਰਾਣਾ ਤੇ ਤੰਗ ਹੋ ਚੁੱਕਿਆ ਸੀ, ਨੂੰ ਲੋਕਾਂ ਦੀ ਮੰਗ ਅਨੁਸਾਰ ਨਵਾਂ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲਾਂ ਪੁਲ 3.30 ਮੀਟਰ ਚੌੜਾ ਸੀ ਅਤੇ ਹੁਣ ਨਵਾਂ ਪੁਲ ਇਸ ਤੋਂ ਦੁੱਗਣਾ ਭਾਵ 6.30 ਮੀਟਰ ਚੌੜਾ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਛੇਤੀ ਹੀ ਇਸ ਨੂੰ ਮੁਕੰਮਲ ਕਰ ਲਿਆ ਜਾਵੇਗਾ।

ਇਸ ਪੁਲ ਦੀ ਉਸਾਰੀ ਨਾਲ ਧਰਦਿਉ, ਨੰਗਲੀ, ਦਾਉਦ, ਰਜਧਾਨ, ਪੱਲ੍ਹਾ, ਬੁੱਟਰ ਸਿਵੀਆਂ ਅਤੇ ਹੋਰ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿਚ ਵੱਡੀ ਰਾਹਤ ਮਿਲੇਗੀ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਗੁਰਵਿੰਦਰ ਸਿੰਘ, ਸਰਪੰਚ ਰਾਣਾ ਸ਼ਾਹ, ਸਰਪੰਚ ਸੋਨੀ, ਸੁਖਦੇਵ ਸਿੰਘ, ਅਜੇ ਗਾਂਧੀ, ਗੁਰਜਿੰਦਰ ਸਿੰਘ, ਬਲਜੀਤ ਕੌਰ ਅਤੇ ਹੋਰ ਮੁਹਤਬਰ ਹਾਜ਼ਰ ਸਨ।

# ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਸਿੱਖਿਆ ਮੰਤਰੀ ਵਿਰੁੱਧ ਰੋਸ ਪ੍ਰਦਰਸ਼ਨ 9 ਦਸੰਬਰ ਨੂੰ



**ਜਲੰਧਰ ( ਰਾਜੇਸ਼ ਥਾਪਾ)** ਸਾਂਝਾ ਅਧਿਆਪਕ ਮੋਰਚਾ ਪੰਜਾਬ ਦੀ ਸੂਬਾ ਕਮੇਟੀ ਮੀਟਿੰਗ ਹਰਵਿੰਦਰ ਸਿੰਘ ਬਿਲਗਾ ਦੀ ਪ੍ਰਧਾਨਗੀ ਹੇਠ ਹੋਈ। ਜਿਸ 'ਚ ਮੋਰਚੇ ਦੇ ਕਨਵੀਨਰ ਅਤੇ ਕੋ-ਕਨਵੀਨਰ ਸੁਰਿੰਦਰ ਕੁਮਾਰ ਪੁਆਰੀ, ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੰਬੋਜ, ਬਾਜ ਸਿੰਘ ਖਹਿਰਾ, ਸੁਖਰਾਜ ਸਿੰਘ ਕਾਹਲੋਂ, ਸੁਖਚਰਨ ਕੁਮਾਰ, ਹਰਿੰਦਰਜੀਤ ਸਿੰਘ ਜਸਪਾਲ, ਹਰਜੀਤ ਸਿੰਘ ਜੁਨੇਜਾ, ਨਰੰਜਣਜੋਤ ਸਿੰਘ ਆਦਿ ਹਾਜ਼ਰ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੋਰਚੇ ਦੇ ਕੋ-ਆਰਡੀਨੇਟਰ ਕੁਲਦੀਪ ਸਿੰਘ ਦੌੜਕਾ ਨੇ ਦੱਸਿਆ ਕਿ ਮੀਟਿੰਗ 'ਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਤੋਂ ਸਰਟੀਫਿਕੇਟ ਅਤੇ ਪ੍ਰੈਕਟੀਕਲ ਫੀਸਾਂ ਵਸੂਲਣ ਦੀ ਨਿਖੇਧੀ ਕੀਤੀ ਗਈ। ਬੋਰਡ ਨਾਲ ਸੰਬੰਧਤ ਮਸਲੇ ਅਤੇ ਅਧਿਆਪਕਾਂ ਨਾਲ ਸਬੰਧਿਤ ਮਸਲੇ ਹੱਲ ਨਾ ਕਰਨ ਤੇ 9 ਦਸੰਬਰ ਨੂੰ ਸਿੱਖਿਆ ਮੰਤਰੀ ਵਿਰੁੱਧ ਰੋਸ ਪ੍ਰਦਰਸਨ ਕਰਨ ਦਾ ਐਲਾਨ ਕੀਤਾ ਗਿਆ।

ਸਾਂਝੇ ਅਧਿਆਪਕ ਮੋਰਚੇ ਵੱਲੋਂ ਰਾਸਟਰੀ ਸਿੱਖਿਆ ਨੀਤੀ ਰੱਦ ਕਰਨ, ਕੱਚੇ ਅਧਿਆਪਕਾਂ ਨੂੰ ਪੂਰੇ ਤਨਖਾਹ ਸਕੇਲ 'ਚ ਪੱਕੇ ਕਰਨ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ 'ਚ ਸ਼ਿਫਟ ਕਰਨ, 228 ਪੀ ਟੀ ਆਈਜ਼ ਸਮੇਤ ਹਰ ਵਰਗ ਦੀਆਂ ਖਤਮ ਕੀਤੀਆਂ ਪੋਸਟਾਂ ਬਹਾਲ ਕਰਨ, ਖਾਲੀ ਅਸਾਮੀਆਂ ਪੂਰੇ ਤਨਖਾਹ ਸਕੇਲ 'ਚ ਭਰਨ, ਪੁਰਾਣੀ ਪੈਨਸਨ ਸਕੀਮ ਬਹਾਲ ਕਰਨ, ਹਰ ਵਰਗ ਦੀਆਂ ਪ੍ਰਮੋਸ਼ਨਾਂ ਸਾਲ 'ਚ ਦੋ ਵਾਰ ਕਰਨ, ਪੰਜਵੇਂ ਤਨਖਾਹ ਕਮਿਸਨ ਵੱਲੋਂ ਸਿਫਾਰਸ ਕੀਤੀ ਅਤੇ 2011 ਤੋਂ ਲਾਗੂ ਉਚੇਰੀ ਗਰੇਡ ਪੇਅ ਬਹਾਲ ਕਰਨ ਸਮੇਤ ਅਧਿਆਪਕਾਂ ਦੀਆਂ ਭਖਦੀਆਂ ਮੰਗਾਂ ਸਬੰਧੀ ਸਿੱਖਿਆ ਮੰਤਰੀ ਦੇ ਨਾਂਹ ਪੱਖੀ ਰਵੱਈਏ ਵਿਰੁੱਧ ਸਮੁੱਚੇ ਪੰਜਾਬ 'ਚ ਲਾਮਬੰਦੀ ਕੀਤੀ ਜਾਵੇਗੀ। ਇਸ ਸਮੇਂ ਤੀਰਥ ਸਿੰਘ ਬਾਸੀ, ਗੁਰਬਿੰਦਰ ਸਿੰਘ ਸਸਕੌਰ, ਮੰਗਤ ਸਿੰਘ, ਨਵਪ੍ਰੀਤ ਬੱਲੀ, ਜੁਝਾਰ ਸਿੰਘ, ਰਾਮ ਭਗਤ, ਪ੍ਰਸਾਂਤ, ਕਰਮ ਕੁਮਾਰ, ਗੁਰਦੀਪ ਸਿੰਘ ਬਾਜਵਾ, ਕਮਲਦੀਪ ਸਿੰਘ ਬਜੂਹਾ, ਕੰਵਲਜੀਤ ਸਿੰਘ ਸੰਗੋਵਾਲ, ਕੁਲਵਿੰਦਰ ਸਿੰਘ, ਰਾਜੀਵ ਗੁਪਤਾ, ਅਜੈਪਾਲ ਸਿੰਘ, ਅਨਿਲ ਕੁਮਾਰ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਗੁਰਮੀਤ ਸਿੰਘ, ਅਸਵਨੀ ਕੁਮਾਰ, ਵਿਨੈ ਕੁਮਾਰ ਆਦਿ ਹਾਜ਼ਰ ਸਨ।

# ਬਾਬਾ ਵਿਸ਼ਵਕਰਮਾ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਮਹਿਤਪੁਰ (ਰਾਜਾ)**- ਬੀਤੇ ਦਿਨੀ ਮਹਿਤਪੁਰ ਵਿਖੇ ਕਿਰਤ ਦੇ ਦੇਵਤਾ ਬਾਬਾ ਵਿਸ਼ਵਕਰਮਾ ਜੀ ਦਾ ਪ੍ਰਕਾਸ਼ ਦਿਹਾੜਾ ਬੜੇ ਹੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਵਿਸ਼ਵਕਰਮਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਮੌਕੇ ਸਭ ਤੋਂ ਪਹਿਲਾਂ ਸਵੇਰੇ 7 ਵਜੇ ਹਵਨ ਕਰਵਾਇਆ ਗਿਆ। 10 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਦਾ ਆਰੰਭ ਕੀਤਾ ਗਿਆ, ਉਪਰੰਤ ਇੰਟਰਨੈਸ਼ਨਲ ਪੰਥਕ ਢਾਡੀ ਜੱਥਾ ਅਵਤਾਰ ਸਿੰਘ ਬਾਸੀ ਬੀੜ ਬੰਸੀਆਂ ਵਾਲਿਆਂ ਵੱਲੋਂ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਡਾਕਟਰ ਅਮਰਜੀਤ ਸਿੰਘ ਥਿੰਦ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾਕਟਰ ਅਮਰਜੀਤ ਸਿੰਘ ਥਿੰਦ ਅਤੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਹਲਕਾ ਵਿਧਾਇਕ ਨੇ ਸਾਂਝੇ ਤੌਰ 'ਤੇ ਕਿਰਤੀਆਂ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ। ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਮਹਿੰਦਰ ਪਾਲ ਸਿੰਘ ਟੁਰਨਾ, ਸਤਪਾਲ ਸਿੰਘ ਜੌਹਲ, ਕੁਲਦੀਪ ਸਿੰਘ ਦੇਵਗਣ, ਰਜਿੰਦਰ ਵਰਮਾ, ਬਲਵਿੰਦਰ ਸਿੰਘ ਕਾਹਲੋਂ, ਗੁਰਦੀਪ ਸਿੰਘ ਕਲਸੀ, ਪ੍ਰਸ਼ੋਤਮ ਲਾਲ, ਗੁਰਚਰਨ ਸਿੰਘ ਰਾਣਾ, ਧਰਮਿੰਦਰ ਕੁਮਾਰ, ਹਰਵਿੰਦਰ ਸਿੰਘ ਮਠਾੜੂ, ਭੁਪਿੰਦਰ ਸਿੰਘ ਘੁੰਮਣ, ਗੁਰਵਿੰਦਰ ਸਿੰਘ ਜੱਜ, ਬਲਵਿੰਦਰ ਕਲਸੀ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਆਏ ਹੋਏ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਹਿਯੋਗੀ ਸੱਜਣਾਂ ਦਾ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸਿਵਲ ਸਰਜਨ ਦਫ਼ਤਰ 'ਚ ਮੁਲਾਜ਼ਮਾਂ ਦੀ ਕਲਮ ਛੋੜ ਹੜਤਾਲ ਜਾਰੀ



**ਮੋਹਾਲੀ, (ਗੁਰਜੀਤ ਬਿੱਲਾ)** ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਸਥਾਨਕ ਸਿਵਲ ਸਰਜਨ ਦਫ਼ਤਰ ਅਤੇ ਜ਼ਿਲ੍ਹਾ ਸਿਹਤ ਵਿਭਾਗ ਅਧੀਨ ਵੱਖ-ਵੱਖ ਦਫ਼ਤਰਾਂ 'ਚ ਮੁਲਾਜ਼ਮਾਂ ਦੀ 'ਕਲਮ-ਛੋੜ' ਹੜਤਾਲ ਜਾਰੀ ਹੈ। ਇਸ ਸੰਬੰਧ 'ਚ ਜਾਣਕਾਰੀ ਦਿੰਦਿਆਂ ਮੁਲਾਜ਼ਮ ਆਗੂ ਦਿਲਬਾਗ਼ ਸਿੰਘ ਤੇ ਦਵਿੰਦਰ ਸਿੰਘ ਨੇ ਦਸਿਆ ਕਿ ਪੰਜਾਬ ਸਰਕਾਰ ਨੇ ਦੀਵਾਲੀ ਮੌਕੇ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਨਹੀਂ ਕੀਤੀ ਜਿਸ ਕਾਰਨ ਮੁਲਾਜ਼ਮਾਂ ਅੰਦਰ ਡਾਢਾ ਰੋਸ ਤੇ ਗੁੱਸਾ ਹੈ। ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਬਹਾਲੀ, ਬੰਦ ਕੀਤੇ ਗਏ ਵੱਖ-ਵੱਖ ਭੱਤੇ ਮੁੜ ਚਾਲੂ ਕਰਵਾਉਣ ਸਮੇਤ ਹੋਰ ਕਈ ਮੰਗਾਂ ਕਾਫ਼ੀ ਸਮੇਂ ਤੋਂ ਲਟਕ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੰਚ ਦੇ ਸੱਦੇ ਮੁਤਾਬਕ ਸਮੂਹ ਮੁਲਾਜ਼ਮ 20 ਨਵੰਬਰ ਤਕ ਹੜਤਾਲ 'ਤੇ ਹਨ। ਜੇ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਮੰਚ ਦੇ ਫ਼ੈਸਲੇ ਮੁਤਾਬਕ ਅਗਲੇਰੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਇਹ ਜਾਇਜ਼ ਮੰਗ ਤੁਰੰਤ ਪ੍ਰਵਾਨ ਕਰਨੀਆਂ ਚਾਹੀਦੀਆਂ ਹਨ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਪਿਛਲੇ ਸਮੇਂ ਤੱਕ ਹਰ ਦੀਵਾਲੀ ਮੌਕੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਂਦੀਆਂ ਸਨ, ਪਰ ਮੌਜੂਦਾ ਸਰਕਾਰ ਨੇ ਮੁਲਾਜ਼ਮਾਂ ਨੂੰ ਬਿਲਕੁੱਲ ਹੀ ਅਣਗੌਲਿਆ ਕਰਦਿਆਂ ਕਿਸ਼ਤ ਜਾਰੀ ਨਹੀਂ ਕੀਤੀ ਹਾਲਾਂਕਿ ਕੇਂਦਰ ਸਰਕਾਰ ਨੇ ਕਿਸ਼ਤਾਂ ਜਾਰੀ ਕਰਨ ਦਾ ਐਲਾਨ ਦੀਵਾਲੀ ਤੋਂ ਕਈ ਦਿਨ ਪਹਿਲਾਂ ਹੀ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਉਹ ਦਫ਼ਤਰਾਂ 'ਚ ਕੰਮ ਕਰਵਾਉਣ ਲਈ ਆਉਣ ਵਾਲੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਦੇ ਹਨ ਪਰ ਉਨ੍ਹਾਂ ਦੀ ਪ੍ਰੇਸ਼ਾਨੀ ਪਿੱਛੇ ਮੁਲਾਜ਼ਮ ਨਹੀਂ ਸਗੋਂ ਸਰਕਾਰ ਦੀਆਂ ਨੀਤੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵੀ ਸਾਡੀਆਂ ਮੰਗਾਂ ਪ੍ਰਤੀ ਹਮਦਰਦੀ ਪ੍ਰਗਟ ਕਰਦਿਆਂ ਸਾਨੂੰ ਸਹਿਯੋਗ ਦੇਣਾ ਚਾਹੀਦਾ ਹੈ।

## ਜਨਮ ਦਿਨ ਮੁਬਾਰਕ



ਭਾਵਨਾ ਸ਼ਰਮਾ, ਧੂਰੀ



ਸੀਰਤ ਕੌਰ



ਪ੍ਰਨੀਤ ਕੌਰ, ਪਿੰਡ ਖੋਜਕੀਪੁਰ, ਜਲੰਧਰ



ਰਾਜਵੀਰ ਸਿੰਘ, ਫਤਹਿਗੜ੍ਹ ਸਾਹਿਬ

## ਵਰ੍ਹੇਗੰਢ ਮੁਬਾਰਕ



ਸੁਰਿੰਦਰਪਾਲ ਸਿੰਘ ਗੋਗਾ (ਅਮਰੀਕਾ) ਅਤੇ ਹਰਜੀਤ ਕੌਰ ਵਾਸੀ ਮੋਰਿੰਡਾ ਨੇ ਆਪਣੇ ਵਿਆਹ ਦੀ 31ਵੀਂ ਵਰ੍ਹੇਗੰਢ ਮਨਾਈ।

# ਕੌਮੀ ਪ੍ਰੈੱਸ ਦਿਵਸ ਮੌਕੇ ਪੱਤਰਕਾਰਾਂ ਨੇ ਪੱਤਰਕਾਰੀ ਦੇ ਡਿਗ ਰਹੇ ਮਿਆਰ 'ਤੇ ਚਿੰਤਾ ਪ੍ਰਗਟਾਈ

**ਬਹਿਰਾਮ (ਅਵਤਾਰ ਕਲੇਰ)** ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਕੌਮੀ ਪ੍ਰੈਸ ਦਿਵਸ 'ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਅਜੋਕੇ ਦੌਰ ਦੀ ਪੱਤਰਕਾਰੀ ਵਿਸ਼ੇ 'ਤੇ ਚੰਡੀਗੜ੍ਹ ਦੇ ਸੈਕਟਰ 28 ਵਿਖੇ ਸਥਿਤ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਵਿਖੇ ਗੋਲ ਮੇਜ ਚਰਚਾ ਕਰਵਾਈ ਗਈ। ਇਸ ਮੌਕੇ ਸਮੂਹ ਬੁਲਾਰਿਆਂ ਨੇ ਪੱਤਰਕਾਰੀ ਦੇ ਖੇਤਰ 'ਚ ਆਏ ਨਿਘਾਰ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਜੋਕੇ ਸਮੇਂ 'ਚ ਪੱਤਰਕਾਰੀ ਦੀ ਦਸ਼ਾ ਤੇ ਦਿਸ਼ਾ ਬਦਲ ਗਈ ਹੈ। ਪੱਤਰਕਾਰ ਸਮਾਜਿਕ ਜ਼ਿੰਮੇਵਾਰੀ ਤੋਂ ਪਿੱਛੇ ਹੱਟ ਕੇ ਵਪਾਰਕ ਹਿੱਤਾਂ ਨੂੰ ਪਹਿਲ ਦੇਣ ਲੱਗੇ ਹਨ ਜੋ ਕਿ ਸਮਾਜ ਲਈ ਵੱਡੀ ਚਿੰਤਾ ਦੀ ਗੱਲ ਹੈ। ਬੁਲਾਰਿਆਂ ਨੇ ਕਿਹਾ ਕਿ ਮੌਜੂਦਾ ਦੌਰ 'ਚ ਲੋਕ ਹਿੱਤ ਦੀ ਖਬਰ ਅਖਬਾਰਾਂ ਅਤੇ ਟੈਲੀਵਿਜਨ 'ਚੋਂ ਗਾਇਬ ਹੁੰਦੀ ਜਾ ਰਹੀ ਹੈ। ਇਸ ਮੌਕੇ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਧਾਲੀਵਾਲ ਨੇ ਆਪਣੇ ਪੱਤਰਕਾਰੀ ਸਫਰ ਦਾ ਤਜਰਬਾ ਸਾਂਝਾ ਕਰਦਿਆਂ ਦੱਸਿਆ ਕਿ ਜਦੋਂ ਉਹਨਾਂ ਨੇ ਪੱਤਰਕਾਰੀ ਸ਼ੁਰੂ ਕੀਤੀ ਸੀ ਉਦੋਂ ਇੱਕ ਪੇਜ਼ 'ਤੇ ਖਬਰ ਲਿਖ ਕੇ ਕਿਸੇ ਮਾਧਿਅਮ ਰਾਹੀਂ ਸਬੰਧਿਤ ਅਦਾਰੇ ਨੂੰ ਭੇਜਣ ਲਈ ਵੱਡੀ ਮੁਸ਼ਕਲ ਸਾਹਮਣੇ ਆਉਂਦੀ ਸੀ, ਜਦਕਿ ਹੁਣ ਕਿਤੇ ਵੀ ਬੈਠਾ ਪੱਤਰਕਾਰ ਕੋਈ ਵੀ ਖਬਰ ਮਿੰਟਾਂ ਸਕਿੰਟਾਂ 'ਚ ਦੇਸ਼ ਵਿਦੇਸ਼ ਨਸਰ ਕਰ ਦਿੰਦਾ ਹੈ। ਜੀ ਸੀ ਭਾਰਦਵਾਜ ਨੇ ਪੰਜਾਬੀ ਸੂਬੇ ਅਤੇ ਐਮਰਜੈਂਸੀ ਦੌਰ ਦੀ ਪੱਤਰਕਾਰਤਾ ਦੀ ਗੱਲ ਕੀਤੀ। ਉਹਨਾਂ ਕਿਹਾ ਕਿ ਪੱਤਰਕਾਰ ਸਮਾਜਿਕ ਜ਼ਿੰਮੇਵਾਰੀ ਤੋਂ ਭੱਜਦੇ ਜਾ ਰਹੇ ਹਨ। ਸੀਨੀਅਰ ਪੱਤਰਕਾਰ ਤਰਲੋਚਨ ਸਿੰਘ ਨੇ ਕਿਹਾ ਕਿ ਹੁਣ ਪੱਤਰਕਾਰਾਂ ਨੂੰ ਵਧੇਰੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਨ੍ਹਾਂ ਮੁਸ਼ਕਲਾਂ ਦਾ ਹੱਲ ਲੱਭਣ ਲਈ ਮਿਲ ਬੈਠ ਕੇ ਮੰਥਨ ਕਰਨ ਦੀ ਲੋੜ 'ਤੇ ਜੋਰ ਦਿੱਤਾ। ਪ੍ਰੀਤਮ ਸਿੰਘ ਰੁਪਾਲ ਨੇ ਕਿਹਾ ਕਿ ਪੂਰੇ ਦੇਸ਼ 'ਚ ਪੱਤਰਕਾਰੀ ਦਾ ਦੌਰ ਪੱਤਰਕਾਰੀ ਦੇ ਖੇਤਰ 'ਚ ਨਿਘਾਰ ਆਇਆ ਹੈ ਅਖਬਾਰਾਂ ਰੇਡੀਓ ਤੇ ਟੈਲੀਵਿਜਨਾਂ 'ਚ ਪਹਿਲਾਂ ਵਾਲਾ ਪ੍ਰਭਾਵ ਨਹੀਂ ਦਿਖ ਰਿਹਾ। ਯੂਨੀਅਨ ਦੇ ਜਨਰਲ ਸਕੱਤਰ ਬਿੰਦੂ ਸਿੰਘ ਨੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਇੱਕ ਝੰਡੇ ਹੇਠਾਂ ਇਕੱਠੇ ਹੋ ਕੇ ਸਾਂਝੀ ਲੜਾਈ ਲੜਨ ਦਾ ਸੱਦਾ ਦਿੱਤਾ। ਇਸ ਮੌਕੇ ਰਾਜਵਿੰਦਰ ਸਿੰਘ ਰਾਹੀ, ਪ੍ਰੋਫੈਸਰ ਸ਼ਾਮ ਸਿੰਘ, ਮੇਜਰ ਸਿੰਘ, ਅਜੈਬ ਸਿੰਘ ਔਜਲਾ, ਸੁਰਜੀਤ ਸੱਤੀ, ਪ੍ਰਭਾਤ ਭੱਟੀ, ਰਮਨ ਸ਼ਰਮਾ, ਹਰਦੀਪ ਕੌਰ, ਬਿੰਦੂ ਸਿੰਘ ਨੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਸਮੂਹ ਪੱਤਰਕਾਰਾਂ ਨੂੰ ਇੱਕ ਜੁੱਟਤਾ ਨਾਲ ਪੱਤਰਕਾਰੀ ਦੇ ਹੱਕ 'ਚ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਪ੍ਰੋਫੈਸਰ ਖੁਸ਼ਹਾਲ ਸਿੰਘ, ਪਵਿੱਤਰ ਸਿੰਘ, ਗੁਰਿੰਦਰ ਸਿੰਘ, ਦੀਪਕ ਸਿੰਘ, ਜੀ ਪੀ ਐਸ ਤਰੇਹਨ ਤੇ ਹੋਰ ਹਾਜ਼ਰ ਸਨ।

# ਸੂਫੀਆਨਾ ਪੰਜਾਬੀ ਗਾਇਕਾ ਕੌਰ ਗਿੱਲ ਦਾ ਗੀਤ 'ਚੂੜਾ' ਹੋਇਆ ਰਿਲੀਜ਼

**ਮੋਹਲੀ (ਗੁਰਜੀਤ ਬਿੱਲਾ ) :** ਪੰਜਾਬੀ ਵਿਰਸੇ, ਸੱਭਿਆਚਾਰ ਅਤੇ ਸੂਫੀ ਗਾਇਕੀ ਨੂੰ ਪ੍ਰਫੁਲਿਤ ਕਰਨ ਦੀ ਚੇਟਕ ਲਾਈ ਉਭਰਦੀ ਗਾਇਕਾ ਕੌਰ ਗਿੱਲ ਦਾ ਪਲੇਠਾ ਗੀਤ 'ਚੂੜਾ' ਇੱਥੇ ਮੋਹਾਲੀ ਪ੍ਰੈੱਸ ਕਲੱਬ ਵਿਖੇ ਰਿਲੀਜ਼ ਕੀਤਾ ਗਿਆ। ਪ੍ਰੈਸ ਕਾਨਫਰੰਸ ਦੌਰਾਨ 'ਸੈਪ ਐਂਟਰਟੇਮੈਂਟ ਅਤੇ ਪੰਜਾਬੀ ਯੂ.ਕੇ. ਰਿਕਾਰਡਜ' ਦੇ ਬੈਨਰ ਹੇਠ ਇਹ ਗੀਤ ਰਿਲੀਜ਼ ਕਰਦਿਆਂ ਕੰਪਨੀ ਦੇ ਮਾਲਕ ਅਤੇ ਪ੍ਰੋਡਿਊਸਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਉਹਨਾਂ ਦਾ ਮੁੱਖ ਮਕਸਦ ਨਵੀਂ ਪੀੜੀ ਨੂੰ ਅੱਗੇ ਲਿਆਉਣਾ ਹੈ। ਉਹਨਾਂ ਕਿਹਾ ਕਿ ਜਿਨ੍ਹਾਂ ਹੋਣਹਾਰ ਅਤੇ ਉਭਰਦੇ ਗਾਇਕਾ ਨੂੰ ਆਰਥਿਕ ਤੰਗੀ ਅਤੇ ਹੋਰ ਕਾਰਨਾਂ ਕਰਕੇ ਅੱਗੇ ਆਉਣ ਦਾ ਮੌਕਾ ਨਹੀਂ ਮਿਲਦਾ, ਅਸੀਂ ਉਹਨਾਂ ਦੀ ਬਾਂਹ ਫੜ ਕੇ ਬਿਹਤਰ ਭਵਿੱਖ ਪ੍ਰਦਾਨ ਕਰਨਾ ਚਾਹੁੰਦੇ ਹਾਂ। ਉਹਨਾਂ ਦੱਸਿਆ ਕਿ ਇਸ ਗੀਤ ਦਾ ਮਿਊਜ਼ਿਕ ਵਿਨੋਦ ਰੱਤੀ 'ਦੇਸੀ ਹੇਕ' ਨੇ ਦਿੱਤਾ ਹੈ ਅਤੇ ਗੀਤ ਦੀ ਵੀਡੀਓਗ੍ਰਾਫੀ ਮਨਜੀਤ ਥਿੰਦ ਫਿਲਮਜ਼ ਵੱਲੋਂ ਕੀਤੀ ਗਈ ਹੈ, ਜਦਕਿ ਇਹ ਗੀਤ ਮਾਡਲ ਵਿੱਕ ਚੀਮਾ ਅਤੇ ਮੁਗਧਾ ਆਹਲੂਵਾਲੀਆ 'ਤੇ ਫਿਲਮਾਇਆ ਗਿਆ ਹੈ। ਇਸ ਮੌਕੇ ਗੀਤਕਾਰ ਅਤੇ ਗਾਇਕਾ ਕੌਰ ਗਿੱਲ ਨੇ ਦੱਸਿਆ ਕਿ ਹਰੇਕ ਲੜਕੀ ਦਾ ਚੂੜਾ ਪਾਉਣਾ ਇੱਕ ਸੁਪਨਾ ਹੁੰਦਾ ਹੈ ਅਤੇ ਇਸੇ ਮਕਸਦ ਨੂੰ ਲੈ ਕੇ ਮੈਂ ਇਸ ਗੀਤ ਦੀ ਚੋਣ ਕੀਤੀ ਹੈ। ਉਹਨਾਂ ਦੱਸਿਆ ਕਿ ਉਹ ਗਰੀਬ ਪਰਵਾਰ ਦੀ ਧੀ ਹੈ ਅਤੇ ਪ੍ਰੋਡਿਊਸਰ ਪ੍ਰਿਤਪਾਲ ਸਿੰਘ ਮੇਰੇ ਲਈ ਰੱਬ ਬਣ ਕੇ ਬਹੁੜੇ ਹਨ, ਜਿਨ੍ਹਾਂ ਨੇ ਮੈਨੂੰ ਪੰਜਾਬੀ ਸਭਿਆਚਾਰਕ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਮੈਂ ਇਸ ਲਈ ਉਹਨਾਂ ਦੀ ਸਦਾ ਹੀ ਰਿਣੀ ਰਹਾਂਗੀ। ਗਿੱਲ ਨੇ ਅੱਗੇ ਦੱਸਿਆ ਕਿ ਉਸ ਨੂੰ ਬਚਪਨ ਤੋਂ ਹੀ ਗਾਇਕੀ ਦੀ ਚੇਟਕ ਸੀ ਪਰ ਗਰੀਬੀ ਕਾਰਨ ਉਸ ਨੂੰ ਅੱਗੇ ਵਧਣ ਦਾ ਅਵਸਰ ਪ੍ਰਾਪਤ ਨਹੀਂ ਹੋਇਆ। ਉਸ ਦਾ ਕਹਿਣਾ ਹੈ ਕਿ ਗਾਇਕੀ ਦੇ ਨਾਲ ਨਾਲ ਉਸ ਨੂੰ ਸੂਫੀਆਨਾ ਗਾਇਕੀ ਦਾ ਵੀ ਸ਼ੌਕ ਪੈਦਾ ਹੋਇਆ, ਜਿਸ ਲਈ ਉਹ ਕਾਫੀ ਰਿਆਜ਼ ਵੀ ਕਰਦੀ ਹੈ। ਉਸਨੇ ਨੌਜਵਾਨ ਅਤੇ ਉਭਰਦੇ ਗਾਇਕਾ ਨੂੰ ਅਪੀਲ ਕੀਤੀ ਕਿ ਉਹ ਆਪਣੀ ਮਿਹਨਤ ਕਰਨਾ ਨਾ ਛੱਡਣ, ਰੱਬ ਇੱਕ ਨਾ ਇੱਕ ਦਿਨ ਤੁਹਾਡੀ ਮਿਹਨਤ ਦਾ ਫਲ ਜ਼ਰੂਰ ਬਖਸ਼ਦਾ ਹੈ।



# ਸਰਕਾਰੀ ਪ੍ਰਾਇਮਰੀ/ਮਿਡਲ ਸਕੂਲ ਮਾਣੇਮਾਜਰਾ ਵਿਖੇ ਕਰਵਾਇਆ ਬਾਲ ਮੇਲਾ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ):** ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੀਆਂ ਨਿਰਦੇਸ਼ਾਂ ਅਨੁਸਾਰ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਵਿੰਦਰਪਾਲ ਸਿੰਘ ਬੇਦੀ ਦੀ ਅਗਵਾਈ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਮਾਣੇਮਾਜਰਾ ਵਿਖੇ ਇੱਕ ਬਾਲ ਮੇਲੇ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਬੱਚਿਆਂ ਵੱਲੋਂ ਹੁਣ ਤੱਕ ਕੀਤੀ ਗਈ ਆਪਣੀ ਕਾਰਗੁਜਾਰੀ ਨੂੰ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਸਾਂਝਾ ਕੀਤਾ ਗਿਆ। ਸਕੂਲ ਮੁੱਖ ਅਧਿਆਪਕ ਹਰਭਜਨ ਸਿੰਘ ਨੇ ਦੱਸਿਆ ਕਿ ਇਹ ਬਾਲ ਮੇਲਾ ਹਰ ਸਾਲ 14 ਨਵੰਬਰ ਨੂੰ ਸਕੂਲਾਂ ਵਿੱਚ ਮਨਾਇਆ ਜਾਂਦਾ ਹੈ। ਇਸ ਦੌਰਾਨ ਪ੍ਰੀ-ਪ੍ਰਾਇਮਰੀ ਜਮਾਤ ਵਿੱਚ ਨਵੇਂ ਬੱਚਿਆਂ ਦਾ ਦਾਖਲਾ ਕੀਤਾ ਜਾਂਦਾ ਹੈ। ਇਸ ਦੌਰਾਨ ਪਿੰਡ ਵਾਸੀਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲ ਵਿੱਚ ਦਾਖਲ ਕਰਾਉਣ ਲਈ ਪ੍ਰੇਰਿਤ ਕੀਤਾ ਗਿਆ। ਮਿਡਲ ਸਕੂਲ ਮੁੱਖੀ ਸ੍ਰੀਮਤੀ ਨਿਸ਼ਾ ਗਰਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਮਿਲਦੀਆਂ ਮੁਫਤ ਸਹੂਲਤਾਂ ਜਿਵੇਂ ਵਰਦੀ,ਦੁਪਹਿਰ ਦਾ ਖਾਣਾ,ਵਜੀਫਾ,ਸਮੇਂ ਸਮੇਂ ਤੇ ਮੈਡੀਕਲ ਚੈੱਕਅਪ,ਈ ਕੰਟੈਂਟ ਰਾਹੀਂ ਕਰਵਾਈ ਜਾ ਰਹੀ ਪੜ੍ਹਾਈ ਬਾਰੇ ਦੱਸਿਆ ਗਿਆ। ਇਸ ਮੌਕੇ ਅਧਿਆਪਕ ਰਾਜਵੀਰ ਸਿੰਘ ਚੌਂਤਾ,ਸੰਗੀਤਾ ਰਾਣੀ,ਹਰਪਾਲ ਕੌਰ,ਗੁਰਜਿੰਦਰ ਕੌਰ,ਸਤਵਿੰਦਰ ਕੌਰ,ਕਸ਼ਿਸ਼,ਸੁਖਦੀਪ ਕੌਰ, ਜਸ਼ਨਪ੍ਰੀਤ ਕੌਰ,ਰਮਨਪ੍ਰੀਤ ਕੌਰ,ਸੁਪਿੰਦਰ ਕੌਰ ਆਦਿ ਹਾਜਰ ਸਨ।

# ਅਮਰ ਸੋਢੀ ਬਣੇ ਕੁਰਪੱਸ਼ਨ ਕੰਟਰੋਲ ਆਰਗੇਨਾਈਜੇਸ਼ਨ ਪੰਜਾਬ ਦੇ ਸੈਕਟਰੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿਛਲੇ ਲੰਮੇ ਸਮੇਂ ਤੋਂ ਸ਼ਹਿਰ ਅਤੇ ਇਲਾਕੇ ਨੂੰ ਤੰਦਰੁਸਤੀ ਪ੍ਰਦਾਨ ਕਰਨ ਦੇ ਮਕਸਦ ਨਾਲ ਆਪਣੀ ਜਿੰਮ ਚਲਾ ਰਹੇ ਅਮਰ ਸੋਢੀ ਨੂੰ ਕੁਰੱਪਸਨ ਕੰਟਰੋਲ ਆਰਗੇਨਾਈਜੇਸ਼ਨ ਪੰਜਾਬ ਦਾ ਸੈਕਟਰੀ ਥਾਪਿਆ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅਮਰ ਸੋਢੀ ਨੇ ਦੱਸਿਆ ਕਿ ਸੰਸਥਾ ਦੇ ਰਾਸ਼ਟਰੀ ਪ੍ਰਧਾਨ ਆਕਾਸ ਚੌਹਾਨ ਦੀ ਅਗਵਾਈ ਵਿੱਚ ਪੰਜਾਬ ਪ੍ਰਧਾਨ ਡਾਕਟਰ ਹਰਦਿਆਲ ਸਿੰਘ ਪੰਨੂ ਵੱਲੋਂ ਉਹਨਾਂ ਨੂੰ ਇਹ ਸੇਵਾ ਸੌਂਪੀ ਗਈ ਉਹਨਾਂ ਦੱਸਿਆ ਕਿ ਸੰਸਥਾ ਵੱਲੋਂ ਸਮਾਜ ਦੀ ਬਿਹਤਰੀ ਲਈ ਵੱਡੇ ਪੱਧਰ 'ਤੇ ਕਾਰਜ ਕੀਤੇ ਜਾ ਰਹੇ ਹਨ, ਜਿਸ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਇਸ ਸੰਸਥਾ 'ਚ ਸੇਵਾ ਕਰਨ ਦਾ ਮਨ ਬਣਾਇਆ। ਅਮਰ ਸੋਢੀ ਨੇ ਕਿਹਾ ਕਿ ਸਮਾਜ 'ਚ ਪਨਪ ਰਹੀਆਂ ਕੁਰੀਤੀਆਂ ਨੂੰ ਖਤਮ ਕਰਨ ਦੇ ਲਈ ਅਸੀਂ ਸਾਰਿਆਂ ਨਾਲ ਰਲ ਕੇ ਕੰਮ ਕਰਾਂਗੇ ਅਤੇ ਭ੍ਰਿਸ਼ਟਾਚਾਰ ਖਿਲਾਫ ਲੜਾਈ ਕਰਕੇ ਨਸ਼ਿਆਂ ਖਿਲਾਫ ਲਹਿਰ ਚਲਾ ਕੇ ਨੌਜਵਾਨ ਪੀੜੀ ਨੂੰ ਬਚਾਉਣ ਲਈ ਉਪਰਾਲੇ ਕੀਤੇ ਜਾਣਗੇ। ਉਹਨਾਂ ਸੰਸਥਾ ਦੇ ਸਮੁੱਚੇ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਵਿਚ ਜੋ ਵਿਸ਼ਵਾਸ਼ ਪ੍ਰਗਟਾਇਆ ਗਿਆ ਮੈਂ ਉਸ 'ਤੇ ਪੂਰਾ ਉਤਰ ਕੇ ਸਮਾਜ ਦੀ ਸੇਵਾ ਲਈ ਹਰ ਸਮੇਂ ਹਾਜ਼ਰ ਰਹਾਂਗਾ।

# ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿਖੇ ਬਾਲ ਦਿਵਸ ਮਨਾਇਆ



**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਕਰਤਾਰਪੁਰ ਵਿਖੇ ਬਾਲ ਦਿਵਸ ਮਨਾਇਆ ਗਿਆ। ਬਾਲ ਦਿਵਸ ਪੰਡਿਤ ਜਵਾਹਰ ਲਾਲ ਨਹਿਰੂ ਦੀ ਜਯੰਤੀ 'ਤੇ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਅਧਿਆਪਕਾਂ ਦੁਆਰਾ ਵਿਸ਼ੇਸ਼ ਸਭਾ ਨਾਲ ਕੀਤੀ ਗਈ।

ਅਧਿਆਪਕ ਰੁਪਿੰਦਰ ਕੌਰ ਨੇ ਪੰਡਿਤ ਜਵਾਹਰ ਲਾਲ ਨਹਿਰੂ ਦੇ ਬਾਰੇ ਵਿੱਚ ਪ੍ਰੇਣਾਦਾਇਕ ਭਾਸ਼ਣ ਦਿੱਤਾ। ਪ੍ਰਿੰਸੀਪਲ ਕੰਵਲਜੀਤ ਕੌਰ ਨੇ ਪੰਡਿਤ ਨਹਿਰੂ ਦੀ ਜੀਵਨੀ ਬਾਰੇ ਚਾਨਣਾ ਪਾਇਆ। ਵਿਦਿਆਰਥੀਆ ਨੇ ਸਮਾਗਮ ਵਿੱਚ ਸੰਸਕ੍ਰਿਤ ਪ੍ਰੋਗਰਾਮ ਕਰਕੇ ਸਾਰਿਆਂ ਦਾ ਮੰਨ ਮੋਹ ਲਿਆ। ਵਿਦਿਆਰਥੀਆਂ ਨੂੰ ਬਿਸਕੁੱਟ ਅਤੇ ਮਠਿਆਈ ਵੰਡੀ ਗਈ। ਇਸ ਮੌਕੇ ਚੇਅਰਪਰਸਨ ਸੁਰਿੰਦਰ ਕੌਰ,ਡਾ. ਚਰਨ ਸਿੰਘ,ਡਾ. ਪਿਆਰਾ ਸਿੰਘ,ਕਮੇਟੀ ਮੇਂਬਰ ਸਤਨਾਮ ਸਿੰਘ,ਪ੍ਰਿੰਸੀਪਲ ਕੰਵਲਜੀਤ ਕੌਰ, ਮਮਤਾ ਸ਼ਰਮਾ, ਮਨਦੀਪ ਕੌਰ, ਪਲਵਿੰਦਰ ਕੌਰ, ਰੁਪਿੰਦਰ ਕੌਰ,ਗੁਰਪ੍ਰੀਤ ਕੌਰ,ਕਾਮਿਆ,ਦਿਵਾਸ਼ੂ ਸੇਠ,ਗੁਰਜੀਤ ਕੌਰ,ਰਣਜੀਤ ਕੌਰ,ਮਿਸ ਗਗਨ,ਪੂਜਾ, ਨੇਹਾ,ਸਰਬਜੀਤ ਕੌਰ,ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਭਾਜਪਾ ਆਗੂਆਂ ਨੂੰ ਪੰਜਾਬ ਦੀ ਕੋਈ ਚਿੰਤਾ ਨਹੀਂ : ਅਹਿਬਾਬ ਗਰੇਵਾਲ



**ਚੰਡੀਗੜ੍ਹ (ਗੁਰਜੀਤ ਬਿੱਲਾ )**- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਆਮ ਆਦਮੀ ਪਾਰਟੀ (ਆਪ) ਨੇ ਕਿਹਾ ਕਿ ਸੁਨੀਲ ਜਾਖੜ ਅਤੇ ਭਾਜਪਾ ਨੇਤਾਵਾਂ ਨੂੰ ਪੰਜਾਬ ਦੀ ਕੋਈ ਚਿੰਤਾ ਨਹੀਂ ਹੈ। ਇਹ ਲੋਕ ਪੰਜਾਬੀਆਂ ਨੂੰ ਮੂਰਖ ਬਣਾਉਣ ਲਈ ਮਗਰਮੱਛ ਦੇ ਹੰਝੂ ਵਹਾ ਰਹੇ ਹਨ। ਪਰ ਹੁਣ ਪੰਜਾਬ ਦੇ ਲੋਕ ਇਨ੍ਹਾਂ ਦੇ ਜਾਲ ਵਿੱਚ ਫਸਣ ਵਾਲੇ ਨਹੀਂ ਹਨ। ਵੀਰਵਾਰ ਨੂੰ ਪਾਰਟੀ ਹੈੱਡਕੁਆਰਟਰ ਤੋਂ ਜਾਰੀ ਇੱਕ ਬਿਆਨ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਅਹਿਬਾਬ ਗਰੇਵਾਲ ਨੇ ਸਵਾਲ ਕੀਤਾ ਕਿ ਜੇਕਰ ਸੁਨੀਲ ਜਾਖੜ ਅਤੇ ਭਾਜਪਾ ਆਗੂ ਪੰਜਾਬ ਪ੍ਰਤੀ ਇੰਨੇ ਫਿਕਰਮੰਦ ਹਨ ਤਾਂ ਜਦੋਂ ਕੇਂਦਰ ਸਰਕਾਰ ਨੇ ਪੰਜਾਬ ਦੇ ਐਨ.ਐਚ.ਐਮ ਫੰਡ, ਪੇਂਡੂ ਵਿਕਾਸ ਫੰਡ ਅਤੇ ਐਮਰਜੈਂਸੀ ਫੰਡ ਰੋਕੇ ਤਾਂ ਉਹ ਚੁੱਪ ਕਿਉਂ ਰਹੇ? ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਦੇ ਕਰੀਬ 9000 ਕਰੋੜ ਰੁਪਏ ਦੇ ਕੇਂਦਰੀ ਫੰਡ ਰੋਕ ਲਏ ਹਨ, ਪਰ ਪੰਜਾਬ ਭਾਜਪਾ ਦੇ ਆਗੂਆਂ ਨੇ ਇਸ ਵਿਰੁੱਧ ਕੁਝ ਨਹੀਂ ਕਿਹਾ। ਕੇਂਦਰ ਵਿੱਚ 9 ਸਾਲਾਂ ਤੋਂ ਭਾਜਪਾ ਦੀ ਸਰਕਾਰ ਹੈ ਪਰ ਅੱਜ ਤੱਕ ਕਿਸੇ ਵੀ ਭਾਜਪਾ ਆਗੂ ਨੇ ਮੋਦੀ ਸਰਕਾਰ ਤੋਂ ਪੰਜਾਬ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕਿਉਂ ਨਹੀਂ ਕੀਤੀ? ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕਾਂ ਨੇ ਇਕ ਵਾਰ ਵੀ ਕੇਂਦਰ ਸਰਕਾਰ ਦੇ ਸਾਹਮਣੇ ਪੰਜਾਬ ਲਈ ਆਵਾਜ ਨਹੀਂ ਉਠਾਈ। ਸਿਆਸਤ ਵਿੱਚ ਬਣੇ ਰਹਿਣ ਲਈ ਇਹ ਲੋਕ ਮਗਰਮੱਛ ਦੇ ਹੰਝੂ ਵਹਾਉਂਦੇ ਰਹਿੰਦੇ ਹਨ। ਗਰੇਵਾਲ ਨੇ ਕਿਹਾ ਕਿ ਜੇਕਰ ਸੁਨੀਲ ਜਾਖੜ ਨੂੰ ਸੱਚਮੁੱਚ ਹੀ ਪੰਜਾਬ ਦੀ ਚਿੰਤਾ ਹੈ ਤਾਂ ਉਹ ਪ੍ਰਧਾਨ ਮੰਤਰੀ ਮੋਦੀ ਤੋਂ ਪੰਜਾਬ ਦਾ ਬਕਾਇਆ ਪੈਸਾ ਤੁਰੰਤ ਜਾਰੀ ਕਰਨ ਅਤੇ ਪੰਜਾਬ ਦੀ ਆਰਥਿਕ ਹਾਲਤ ਸੁਧਾਰਨ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕਰਨ।

# ਕਿਸਾਨ ਕਮੇਟੀ ਦੋਆਬਾ ਪੰਜਾਬ ਵੱਲੋਂ 26 ਤੋਂ 28 ਤੱਕ 72 ਘੰਟੇ ਧਰਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਜਨਰਲ ਸਕੱਤਰ ਹਰਬੰਸ ਸਿੰਘ ਸੰਘਾ ਨੇ ਪ੍ਰੈੱਸ ਦੇ ਨਾਂਅ ਇੱਕ ਬਿਆਨ ਜਾਰੀ ਕਰਦੇ ਹੋਏ ਕਿਹਾ ਕੀ ਕੇਂਦਰ ਸਰਕਾਰ ਨੇ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਸਮੇਂ ਜਿਹੜੇ ਵਾਹਦੇ ਸੰਘਰਸ਼ ਸ਼ੀਲ ਕਿਸਾਨਾਂ ਨਾਲ ਕੀਤੇ ਸਨ ਉਹ ਅੱਜ ਤੱਕ ਪੂਰੇ ਨਹੀਂ ਕੀਤੇ। ਜਿਵੇਂ ਕੀ ਜਿਹੜੇ ਕਿਸਾਨਾਂ 'ਤੇ ਝੂਠੇ ਕੇਸ ਪਾਏ ਸਨ ਅਜੇ ਤੱਕ ਵਾਪਸ ਨਹੀਂ ਲਏ, ਆਈ ਸੀ 2+50% ਫਾਰਮੂਲੇ ਅਨੁਸਾਰ ਫਸਲਾਂ ਦੀ ਐਮ ਐਸ ਪੀ ਸੰਬੰਧੀ ਕਾਨੂੰਨ ਅਜੇ ਤੱਕ ਨਹੀਂ ਬਣਾਇਆ ਆਦਿ ਮੰਗਾਂ ਮਨਵਾਉਣ ਲਈ ਭਾਰਤ ਦੇ ਸਾਰੇ ਸੂਬਿਆਂ ਦੀਆਂ ਰਾਜਧਾਨੀਆਂ ਵਿੱਚ ਗਵਰਨਰ ਹਾਊਸਾਂ ਅੱਗੇ 72 ਘੰਟਿਆਂ ਦਾ ਧਰਨਾ 26, 27, 28 ਨੰਵਬਰ ਨੂੰ ਦਿੱਤਾ ਜਾ ਰਿਹਾ ਹੈ। ਇਸੇ ਸੰਬੰਧ 'ਚ ਚੰਡੀਗੜ੍ਹ 'ਚ ਵੀ ਧਰਨਾ ਦਿੱਤਾ ਜਾ ਰਿਹਾ ਹੈ। ਐਸ ਕੇ ਐਮ ਨਾਲ ਸੰਬਧਤ ਸਾਰੀਆਂ ਜਥੇਬੰਦੀਆਂ ਵੱਲੋਂ ਇਸ 'ਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਕਿਸਾਨ ਕਮੇਟੀ ਦੋਆਬਾ ਵੱਲੋਂ ਜ਼ੋਰ ਸ਼ੋਰ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸਾਰੇ ਕਿਸਾਨਾਂ ਨੂੰ ਅਪੀਲ ਹੈ ਕਿ ਆਪਣੇ ਸਾਧਨਾਂ ਰਾਹੀਂ ਤਿੰਨ ਦਿਨਾਂ ਦਾ ਪ੍ਰਬੰਧ ਕਰ ਕੇ ਚੰਡੀਗੜ੍ਹ ਸਮੇਂ ਸਿਰ ਪੰਹੁਚਣ। ਇਸ ਧਰਨੇ 'ਚ ਪੰਜਾਬ ਸਰਕਾਰ ਨਾਲ ਸੰਬਧਤ ਮੰਗਾਂ ਲਈ ਵੀ ਦਬਾਅ ਬਣਾਇਆ ਜਾਵੇਗਾ।

# ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ 'ਤੇ ਸੁਸਾਇਟੀ ਵੱਲੋਂ ਭੂੰਗਾ ਵਿਖੇ ਸਮਾਗਮ



**ਅੱਡਾ ਸਰਾਂ (ਜਸਵੀਰ ਕਾਜਲ)** ਕਰਤਾਰ ਸਿੰਘ ਸਰਾਭੀ ਦੇ ਸ਼ਹੀਦੀ ਦਿਨ 'ਤੇ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਵੱਲੋਂ ਪਿੰਡ ਭੂੰਗਾ ਵਿਖੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਭਾਸ਼ਣ ਕਵਿਤਾ ਆਦਿ ਰਾਹੀਂ ਕਰਤਾਰ ਸਿੰਘ ਸਰਾਭਾ ਦੇ ਜੋਸ਼ੀਲੇ ਜੀਵਨ, ਫਲਸਫੇ ਅਤੇ ਕੁਰਬਾਨੀ ਭਰੇ ਜਜਬੇ ਸਬੰਧੀ ਜਾਣਕਾਰੀ ਦਿੱਤੀ ਗਈ। ਇਨ੍ਹਾਂ ਨੂੰ 16 ਨਵੰਬਰ 1915 ਨੂੰ ਲਾਹੌਰ ਵਿਖੇ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ ਗਿਆ। ਇਸ ਮੌਕੇ ਬੁਲਾਰਿਆਂ ਨੇ ਨੌਜਵਾਨਾਂ ਨੂੰ ਸਰਾਭਾ ਦੀ ਸੋਚ 'ਤੇ ਪਹਿਰਾ ਦੇਣ ਦੀ ਅਪੀਲ ਕੀਤੀ ਤਾਂ ਜੋ ਸਾਡੇ ਸ਼ਹੀਦਾਂ ਦੀਆਂ ਅਣਗਿਣਤ ਕੁਰਬਾਨੀਆਂ ਸਦਕਾ ਮਿਲੀ ਅਜਾਦੀ ਨੂੰ ਬਰਕਰਾਰ ਰੱਖਿਆ ਜਾ ਸਕੇ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਨੇ ਕਿਹਾ ਕਿ ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ, ਗੱਲਾਂ ਕਰਨੀਆਂ ਢੇਰ ਸੁਖਲੀਆਂ ਨੇ, ਜਿਨ੍ਹਾਂ ਦੇਾਂ ਸੇਵਾ ਵਿੱਚ ਪੈਰ ਪਾਇਆ, ਉਨ੍ਹਾਂ ਲੱਖ ਮੁਸੀਬਤਾਂ ਝੱਲੀਆਂ ਨੇ ਦੀਆਂ ਲਾਇਨਾ ਗੁਣ ਗੁਣਾਉਣ ਵਾਲੇ ਛੋਟੀ ਉਮਰ ਦੇ ਹਥਿਆਰ ਬੰਦ ਬਗਾਵਤ ਦੇ ਹਰ ਕਰਤਾਰ ਸਿੰਘ ਸਰਾਭਾ ਸਾਡੇ ਮਾਰਗ ਦਰਸ਼ਕ ਹਨ। ਅਜੋਕੇ ਸਮੇਂ ਅੰਦਰ ਇਨਕਲਾਬ ਲਈ ਨੌਜਵਾਨਾਂ ਨੂੰ ਸ਼ਹੀਦਾ ਦੇ ਮਾਰਗ 'ਤੇ ਚੱਲਣ ਦੀ ਲੋੜ ਹੈ ਕਿਉਂਕਿ ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਹ ਜਿਆਦਾ ਦੇਰ ਜਿਊਂਦੀਆਂ ਨਹੀਂ ਰਹਿੰਦੀਆਂ। ਇਸ ਮੌਕੇ ਰਾਜ ਕੁਮਾਰੀ ਪ੍ਰਧਾਨ ਵਿਲੇਜ ਡਿਵੈਲਪਮੈਂਟ ਸੁਸਾਇਟੀ ਪਿੰਡ ਸਹਿਜੇਵਾਲ ਨੇ ਸ਼ਹੀਦਾ ਦੀ ਸੋਚ ਮੁਤਾਬਕ ਬਰਾਬਰਤਾ ਵਾਲੇ ਸਮਾਜ ਲਈ ਨੌਜਵਾਨ ਵਰਗ ਨੂੰ ਅੱਗੇ ਆਉਣ ਦੀ ਅਪੀਲ ਕੀਤੀ। ਇਸ ਮੌਕੇ ਡਾ: ਲਖਵੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਅੰਦਰ ਵੱਧ ਰਹੇ ਨਸ਼ੇ ਅਤੇ ਸਮਾਜਿਕ ਬੁਰਾਈਆਂ ਖਤਮ ਕਰਨ ਲਈ:ਕਰਤਾਰ ਸਿੰਘ ਸਰਾਭਾ ਦੀ ਸੋਚ ਨੂੰ ਅਪਨਾਉਣ ਚਾਹੀਦਾ ਹੈ। ਇਸ ਮੌਕੇ ਸੁਮਨਾ ਦੇਵੀ ਸੀ.ਈ.ਓ ਹਿਮਾਲਿਆ ਐਫ. ਪੀ. ਓ. ਮਨੀਸ਼ਾਂ ਸੀ.ਈ.ਓ. ਸ਼ਿਵਾਲਿਕ ਐਫ.ਪੀ.ਓ. ਆਦਿ ਨੇ ਸੰਬੋਧਨ ਕਰਦਿਆਂ ਕਰਤਾਰ ਸਿੰਘ ਸਰਾਭਾ ਦੇ ਪਾਏ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਭਾਰਤ ਭੂਸ਼ਣ, ਜਸਵੀਰ ਕੌਰ ਆਦਿ ਹਾਜਰ ਸਨ।

# ਪੁਲਸ ਵੱਲੋਂ ਨਸ਼ਾ ਸਮੱਗਲਰ ਤੇ ਲੁੱਟਾਂ ਖੋਹਾਂ ਕਰਨ ਵਾਲੇ ਗ੍ਰਿਫਤਾਰ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਇੰਸਪੈਕਟਰ ਉਂਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਕੁਲਵੰਤ ਸਿੰਘ ਡੀ ਐਸ ਪੀ ਟਾਡਾ ਦੀ ਅਗਵਾਹੀ 'ਚ ਥਾਣਾ ਟਾਂਡਾ ਦੇ ਅਧੀਨ ਆਉਂਦੇ ਏਰੀਆ 'ਚ ਨਸ਼ਾ ਸਪਲਾਈ ਕਰਨ ਵਾਲਿਆਂ ਨੂੰ ਗ੍ਰਿਫਤਾਰ ਕਰਨ ਲਈ ਲਈ ਸੋਰਸ ਲਗਾ ਕੇ ਉਪਰਾਲੇ ਕੀਤੇ ਜਾ ਰਹੇ ਹਨ। ਏ ਐਸ ਆਈ ਮਨਿੰਦਰ ਕੌਰ ਸਮੇਤ ਪੁਲਸ ਪਾਰਟੀ ਵੱਲੋਂ ਬਿੱਕਰ ਸਿੰਘ ਉਰਫ ਗਾਰੀ ਪੁੱਤਰ ਸਰਬਜੀਤ ਸਿੰਘ ਵਾਸੀ ਹਰਸੀ ਪਿੰਡ ਥਾਣਾ ਟਾਂਡਾ ਨੂੰ ਕਾਬੂ ਕਰਕੇ ਉਸ ਪਾਸੋਂ 210 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ਅਤੇ ਉਸ ਦੀ ਸਾਥਣ ਜੋਤੀ ਪਤਨੀ ਰਾਜਨ ਵਾਸੀ ਅਹਿਆਪੁਰ ਥਾਣਾ ਟਾਡਾ ਨੂੰ ਗ੍ਰਿਫਤਾਰ ਕੀਤਾ। ਇਸੇ ਤਰ੍ਹਾ ਏ ਐਸ ਆਈ ਦਰਸ਼ਨ ਸਿੰਘ ਸਮੇਤ ਪੁਲਸ ਪਾਰਟੀ ਨੇ ਜਤਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਦਾਤਾ ਟਾਂਡਾ ਥਾਣਾ ਪਾਸੋਂ ਖੋਹ ਕਰਨ ਵਾਲੇ ਲਵਜੀਤ ਸਿੰਘ ਪੁੱਤਰ ਲਖਵੀਰ ਸਿੰਘ ਵਾਸੀ ਦਾਤਾ, ਗੁਰਪ੍ਰੀਤ ਸਿੰਘ ਪੁੱਤਰ ਅਨੋਖ ਸਿੰਘ ਵਾਸੀ ਦਾਤਾ ਥਾਣਾ ਟਾਂਡਾ ਨੂੰ ਕਾਬੂ ਕਰਕੇ ਉਸ ਪਾਸੋਂ ਇਕ ਈ ਰਿਕਸ਼ਾ, ਕ੍ਰਿਪਾਨ, ਡੰਡਾ ਬਰਾਮਦ ਕਰਕੇ ਟਾਂਡਾ ਪੁਲਸ ਨੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਦਲਿਤ ਮਜ਼ਦੂਰ ਦੀ ਜ਼ਮੀਨ 'ਚੋਂ ਚੋਰੀ ਮਾਇਨਿੰਗ ਸੰਬੰਧੀ ਪ੍ਰਸ਼ਾਸਨ ਕਾਰਵਾਈ ਤੋਂ ਕਰ ਰਿਹਾ ਆਨਾਕਾਨੀ : ਘੁੱਗਸ਼ੋਰ



**ਕਰਤਾਰਪੁਰ (ਹਰਮੇਸ਼ ਦੱਤ )** ਨੇੜਲੇ ਪਿੰਡ ਘੁੱਗਸ਼ੋਰ ਦੇ ਦਲਿਤ ਮਜਦੂਰ ਦਲਵੀਰ ਸਿੰਘ ਪੁੱਤਰ ਸੁਰਾਜ ਦੀ ਪਿੰਡ ਲੱਖਣ ਕਲਾਂ ਜਿਲ੍ਹਾ ਕਪੂਰਥਲਾ ਵਿਖੇ ਮਾਲਕੀ ਜਮੀਨ 'ਚੋਂ ਧੱਕੇ ਨਾਲ ਚੋਰੀ 10-10,12-12 ਫੁੱਟ ਮਿੱਟੀ ਪੁੱਟ ਕੇ ਉਸਦੀ ਜਮੀਨ ਬਰਬਾਦ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮਾਮਲਾ 7 ਨਵੰਬਰ ਨੂੰ ਲਿਖਤੀ ਰੂਪ ਵਿੱਚ ਡੀਸੀ, ਐੱਸ ਐੱਸ ਪੀ, ਮਾਇਨਿੰਗ ਵਿਭਾਗ ਕਪੂਰਥਲਾ ਅਤੇ ਹੋਰ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਅੱਜ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਜਿਸ ਕਾਰਨ ਪੀੜਤ ਪਰਵਾਰ ਗੁੱਸੇ ਨਾਲ ਭਰਾ ਪੀਤਾ ਪਿਆ ਹੈ। ਪੀੜਤ ਦਲਿਤ ਮਜਦੂਰ ਦਲਵੀਰ ਸਿੰਘ ਨੇ ਦੱਸਿਆ ਕਿ ਉਸਦੀ ਕਰੀਬ ਢਾਈ ਕਨਾਲ ਮਾਲਕੀ ਜਮੀਨ ਪਿੰਡ ਲੱਖਣ ਕਲਾਂ ਵਿਖੇ ਮੌਜੂਦ ਹੈ। 5 ਨਵੰਬਰ ਨੂੰ ਗੁਜਰਾਤ ਨਾਲ ਸੰਬੰਧਿਤ ਐੱਮ ਕੇ ਸੀ ਕੰਪਨੀ ਦੇ ਪ੍ਰਬੰਧਕ, ਮੁਲਾਜਮ ਉਸਦੀ ਇਸ ਜਮੀਨ 'ਚੋਂ ਜੇਸੀਬੀ ਮਸ਼ੀਨਾਂ ਤੇ ਟਿੱਪਰਾਂ ਰਾਹੀਂ ਖੁਦਾਈ ਕਰਨ ਲੱਗੇ ਤਾਂ ਪਤਾ ਲੱਗਣ 'ਤੇ ਉਸਨੇ ਪਰਵਾਰ ਸਮੇਤ ਉਹਨਾਂ ਨੂੰ ਰੋਕ ਦਿੱਤਾ ਪ੍ਰੰਤੂ 5-6 ਨਵੰਬਰ ਦੀ ਦੇਰ ਰਾਤ ਚੋਰੀਂ ਕੰਪਨੀ ਦੇ ਪ੍ਰਬੰਧਕਾਂ ਤੇ ਮੁਲਾਜਮਾਂ ਨੇ ਧੱਕੇਸ਼ਾਹੀ ਕਰਦੇ ਹੋਏ ਉਸਦੀ ਜਮੀਨ 'ਚੋਂ 10-10,12-12 ਫੁੱਟ ਮਿੱਟੀ ਪੁੱਟ ਕੇ ਉਸਦੀ ਜਮੀਨ ਬਰਬਾਦ ਕਰ ਦਿੱਤੀ। ਅਗਲੇ ਦਿਨ ਜਦੋਂ ਉਸਨੇ ਵੇਖਿਆ ਤਾਂ ਉਹ ਪੂਰੀ ਤਰ੍ਹਾਂ ਤਣਾਅ ਵਿੱਚ ਆ ਗਿਆ ਅਤੇ ਗਮ ਵਿੱਚ ਉਸਨੇ ਦਾਰੂ ਦਾ ਸੇਵਨ ਕਰ ਲਿਆ ਦੇਰ ਸ਼ਾਮ ਉਹ ਸਰਾਬੀ ਹਾਲਤ ਵਿੱਚ ਸੀ ਤਾਂ ਉਕਤ ਕੰਪਨੀ ਦੇ ਮੁਲਾਜਮ ਗੁਰਚਰਨ ਸਿੰਘ ਭੁੱਲਰ ਅਤੇ ਰਣਜੀਤ ਸਿੰਘ ਆਏ ਅਤੇ ਧੋਖੇ ਨਾਲ ਡਰਾ ਧਮਕਾ ਕੇ ਉਸ ਪਾਸੋਂ ਖਾਲੀ ਪੇਪਰ ਉੱਪਰ ਦਸਤਖਤ ਕਰਵਾ ਲਏ। ਅਗਲੇ ਦਿਨ 7 ਨਵੰਬਰ ਨੂੰ ਉਸ ਨੇ ਲਿਖਤੀ ਤੌਰ ਉੱਤੇ ਡੀਸੀ, ਐੱਸ ਐੱਸ ਪੀ ਕਪੂਰਥਲਾ, ਮਾਇਨਿੰਗ ਵਿਭਾਗ ਅਤੇ ਹੋਰ ਸਰਕਾਰੇ ਦਰਬਾਰੇ ਦਰਖਾਸਤ ਦੇ ਕੇ ਉਸਦੀ ਮਰਜੀ ਦੇ ਉਲਟ ਚੋਰੀ ਉਸਦੀ ਜਮੀਨ 'ਚੋਂ ਮਿੱਟੀ ਪੁੱਟਣ ਵਾਲੀ ਉਕਤ ਕੰਪਨੀ ਪ੍ਰਬੰਧਕਾਂ ਤੇ ਮੁਲਾਜਮਾਂ ਖਿਲਾਫ ਕਾਰਵਾਈ ਕਰਨ ਅਤੇ ਉਸਦੇ ਨੁਕਸਾਨ ਦੀ ਭਰਪਾਈ ਕਰਵਾਉਣ ਦੀ ਬੇਨਤੀ ਕੀਤੀ। ਉਸ ਦਿਨ ਤੋਂ ਉਹ ਦਫਤਰਾਂ ਦੇ ਚੱਕਰ ਕੱਟ ਰਿਹਾ ਪ੍ਰੰਤੂ ਪ੍ਰਸ਼ਾਸਨਿਕ ਅਧਿਕਾਰੀ ਕਾਰਵਾਈ ਕਰਨ ਦੀ ਥਾਂ ਮਾਮਲੇ ਨੂੰ ਰਫਾ ਦਫਾ ਕਰਨ ਦੇ ਰਾਹ ਪਿਆ ਹੋਇਆ ਹੈ। ਮਿਤੀ 14 ਨਵੰਬਰ ਨੂੰ ਉਕਤ ਕੰਪਨੀ ਵਲੋਂ ਸਬੂਤ ਮਿਟਾਉਣ ਲਈ ਜੇਸੀਬੀ ਮਸ਼ੀਨ ਉਸਦੀ ਜਮੀਨ ਵਿੱਚ ਭੇਜ ਕੇ ਜਮੀਨ ਪੱਧਰੀ ਕਰਨ ਦਾ ਯਤਨ ਕੀਤਾ ਗਿਆ ਤਾਂ ਮੌਕੇ ਸਿਰ ਪੁੱਜ ਕੇ ਉਸਨੇ ਮਸ਼ੀਨ ਚਾਲਕ ਨੂੰ ਵਰਜਿਆ ਤਾਂ ਉਹ ਮੌਕੇ ਤੋਂ ਮਸ਼ੀਨ ਲੈ ਕੇ ਦੌੜਨ ਲੱਗਾ ਤਾਂ ਪਿੰਡ ਵਾਸੀਆਂ ਦੀ ਮਦਦ ਨਾਲ ਚਾਲਕ ਨੂੰ ਮਸ਼ੀਨ ਸਮੇਤ ਫੜ ਕੇ ਕਈ ਘੰਟੇ ਦੀ ਮੁਸ਼ੱਕਤ ਉਪਰੰਤ ਥਾਣਾ ਸਦਰ ਕਪੂਰਥਲਾ ਪੁਲਸ ਪਾਰਟੀ ਹਵਾਲੇ ਕੀਤਾ। ਸਿਵਲ ਤੇ ਪੁਲਸ ਪ੍ਰਸ਼ਾਸਨ ਨਿਆਂ ਦਿਵਾਉਣ ਲਈ ਤਿਆਰ ਨਹੀਂ। ਇਸ ਮੌਕੇ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਦੋਸ ਲਗਾਇਆ ਕਿ ਜੰਮੂ ਕੱਟੜਾ ਹਾਈਵੇਅ ਬਣਾਉਣ ਲਈ ਗੁਜਰਾਤ ਨਾਲ ਸਬੰਧਤ ਉਕਤ ਕੰਪਨੀ ਦੇ ਪ੍ਰਬੰਧਕ ਲੱਗੇ ਹੋਏ ਹਨ । ਜਿਹਨਾਂ ਲੋਕਾਂ ਨੂੰ ਇਸ ਹਾਈਵੇਅ ਉੱਪਰ ਪੈਰ ਧਰਨ ਦੀ ਆਗਿਆ ਨਹੀਂ ਮਿਲਣੀ ਉਹਨਾਂ ਲੋਕਾਂ ਦੀ ਕਾਨੂੰਨ ਦੀਆਂ ਅੱਖਾਂ ਵਿੱਚ ਘੱਟਾ ਪਾ ਕੇ ਇਸ ਕੰਪਨੀ ਵਲੋਂ ਗੈਰ ਕਾਨੂੰਨੀ ਮਾਇਨਿੰਗ ਕੀਤੀ ਜਾ ਰਹੀ ਹੈ। ਸਰਕਾਰੇ ਦਰਬਾਰੇ ਪਹੁੰਚ ਕਾਰਨ ਇਸ ਕੰਪਨੀ ਸਮੇਤ ਕਈ ਧਿਰਾਂ ਵਲੋਂ ਪਿੰਡ ਲੱਖਣ ਕਲਾਂ ਜ਼ਿਲ੍ਹਾ ਕਪੂਰਥਲਾ ਵਿਖੇ ਵੱਡੀ ਪੱਧਰ ਉੱਤੇ ਗੈਰ-ਕਨੂੰਨੀ ਮਾਇਨਿੰਗ ਕੀਤੀ ਜਾ ਰਹੀ ਹੈ। ਸਬੂਤਾਂ ਸਮੇਤ ਮਾਮਲਾ ਡੀਸੀ ਕਪੂਰਥਲਾ ਦੇ ਧਿਆਨ ਵਿੱਚ ਜਥੇਬੰਦੀ ਵੱਲੋਂ ਵਾਰ ਵਾਰ ਹਰ ਰੋਜ ਲਿਆਉਣ 'ਤੇ ਉਹਨਾਂ ਕੰਮ ਬੰਦ ਕਰਵਾਉਣ ਸੰਬੰਧੀ ਹੁਕਮ ਕਰਨ ਦਾ ਕਿਹਾ ਪ੍ਰੰਤੂ ਉਹਨਾਂ ਦੇ ਹੁਕਮ ਕੋਈ ਵੀ ਮੰਨਣ ਲਈ ਤਿਆਰ ਨਹੀਂ। ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਦਿਨ ਰਾਤ ਅੱਜ ਤੱਕ ਮਾਇਨਿੰਗ ਜੋਰਾਂ ਸੋਰਾਂ ਨਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੇ ਜੇਕਰ ਕਿੱਧਰੇ ਘਰੇਲੂ ਲੋੜ ਲਈ ਇੱਕ ਟਰਾਲੀ ਵੀ ਮਿੱਟੀ ਪੁੱਟ ਕੇ ਵਰਤੋਂ ਕੀਤੀ ਤਾਂ ਝੱਟ ਹੀ ਉਸਨੂੰ ਕੰਨ ਤੋਂ ਫੜ ਕੇ ਹਵਾਲਾਤ ਵਿੱਚ ਡੱਕ ਦਿੱਤਾ ਜਾਂਦਾ ਪ੍ਰੰਤੂ ਪਿੰਡ ਲੱਖਣ ਕਲਾਂ ਵਿਖੇ ਦਰਜਨਾਂ ਏਕੜ ਜਮੀਨ ਅਤੇ ਦਲਿਤ ਮਜਦੂਰ ਦਲਵੀਰ ਸਿੰਘ ਦੇ ਮਾਮਲੇ ਵਿੱਚ ਪ੍ਰਸਾਸਨਿਕ ਅਧਿਕਾਰੀਆਂ ਦੀਆਂ ਅੱਖਾਂ ਟੀਰ ਹੋਣ ਕਰਕੇ ਕਾਨੂੰਨ ਆਪਣਾ ਕੰਮ ਕਰਨ ਤੋਂ ਕੰਨੀ ਕਤਰਾ ਰਿਹਾ ਅਤੇ ਮਾਮਲੇ ਉੱਪਰ ਮਿੱਟੀ ਪਾਉਣ ਦੇ ਰਾਹ ਪਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਨਜਾਇਜ ਮਾਇਨਿੰਗ ਖਤਮ ਕਰਨ ਦੀਆਂ ਟਾਹਰਾਂ ਮਾਰਨ ਵਾਲ ਗਾਰੰਟੀਆਂ ਵਾਲੀ ਸਰਕਾਰ ਦੇ ਰਾਜ ਵਿੱਚ ਦਿਨ ਰਾਤ ਕੰਪਨੀ ਮਾਇਨਿੰਗ ਕਰ ਰਹੀਆਂ ਹਨ। ਸਰਕਾਰ ਅਤੇ ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖ ਰਿਹਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਦਲਵੀਰ ਸਿੰਘ ਦੇ ਮਸਲੇ ਵਿੱਚ ਐੱਸ ਸੀ, ਐੱਸ ਟੀ ਐਕਟ ਅਤੇ ਗੈਰ ਕਾਨੂੰਨੀ ਮਾਇਨਿੰਗ ਸੰਬੰਧੀ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਮਲ ਵਿੱਚ ਨਾ ਲਿਆਂਦੀ ਅਤੇ ਪੀੜਤ ਪਰਵਾਰ ਦੇ ਹੋਏ ਨੁਕਸਾਨ ਦੀ ਭਰਪਾਈ ਨਾ ਕਰਵਾਈ ਤਾਂ ਜਥੇਬੰਦੀ ਪੀੜਤ ਪਰਵਾਰ ਨੂੰ ਨਿਆਂ ਦਿਵਾਉਣ ਲਈ ਸੰਘਰਸ਼ ਦਾ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਵੇਗੀ।